ਸ਼ਨੀਵਾਰ, 31 ਜਨਵਰੀ, 2026
18 ਮਾਘ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 241

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • SATURDAY, 31 JANUARY, 2026
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ   Regd. No : L-4/Pb-JL-0023/2024-26, (R.N.I.)-00068/57   E-mail : nawanzamana@gmail.com   www.nawanzamana.in   ਸਫ਼ੇ : 12

# ਸੁਪਰੀਮ ਕੋਰਟ ਟਰੇਡ ਯੂਨੀਅਨਾਂ ਖਿਲਾਫ ਟਿੱਪਣੀਆਂ ਵਾਪਸ ਲਵੇ : ਅਮਰਜੀਤ ਕੌਰ

**ਲੁਧਿਆਣਾ (ਐੱਮ ਐੱਸ ਭਾਟੀਆ)**

ਆਲ ਇੰਡੀਆ ਟਰੇਡ ਯੂਨੀਅਨ ਕਾਂਗਰਸ (ਏਟਕ) ਦੇ ਕੌਮੀ ਜਨਰਲ ਸਕੱਤਰ ਅਮਰਜੀਤ ਕੌਰ ਨੇ ਕਿਹਾ ਕਿ ਏਟਕ ਉਦਯੋਗਿਕ ਠਹਿਰਾਅ ਲਈ ਹਮਲਾਵਰ ਟਰੇਡ ਯੂਨੀਅਨਵਾਦ ਨੂੰ ਜ਼ਿੰਮੇਵਾਰ ਠਹਿਰਾਉਣ ਵਾਲੀ ਸੁਪਰੀਮ ਕੋਰਟ ਦੀ ਆਲੋਚਨਾ ਨੂੰ ਪੂਰੀ ਤਰ੍ਹਾਂ ਰੱਦ ਕਰਦੀ ਹੈ ਅਤੇ ਇਸ 'ਤੇ ਸਖਤ ਇਤਰਾਜ਼ ਜ਼ਾਹਰ ਕਰਦੀ ਹੈ। ਇਹ ਟਿੱਪਣੀ ਨਿਆਂਇਕ ਸੋਚ ਦੇ ਵਰਗ ਅਧਾਰਤ ਸੁਭਾਅ ਨੂੰ ਉਜਾਗਰ ਕਰਦੀ ਹੈ, ਜੋ ਸੰਵਿਧਾਨ ਵਿੱਚ ਦਰਜ ਸਮਾਜਵਾਦੀ ਲੋਕਤੰਤਰ ਦੇ ਆਦਰਸ਼ਾਂ ਦੇ ਵਿਰੁੱਧ ਹੈ। ਏਟਕ ਮਾਣਯੋਗ ਸੁਪਰੀਮ ਕੋਰਟ ਤੋਂ ਮੰਗ ਕਰਦੀ ਹੈ ਕਿ ਇਹ ਟਿੱਪਣੀਆਂ ਵਾਪਸ ਲਈਆਂ ਜਾਣ।

ਸੁਪਰੀਮ ਕੋਰਟ ਦੇ ਚੀਫ ਜਸਟਿਸ ਸੂਰੀਆ ਕਾਂਤ ਅਤੇ ਜਸਟਿਸ ਜੋਇਮਾਲਿਆ ਬਾਗਚੀ ਦੀ ਬੈਂਚ ਨੇ 'ਪੈਨ ਥੋਜ਼ਿਲਰਗਲ ਸੰਗਮ ਅਤੇ ਹੋਰ ਟਰੇਡ ਯੂਨੀਅਨਾਂ' ਵੱਲੋਂ ਦਾਖਲ ਜਨਹਿਤ ਪਟੀਸ਼ਨ ਦੀ ਸੁਣਵਾਈ ਦੌਰਾਨ ਵੀਰਵਾਰ ਕਿਹਾ ਕਿ ਝੰਡਾ ਢੋਣ ਵਾਲੀਆਂ ਟਰੇਡ ਯੂਨੀਅਨਾਂ ਦੀ ਜ਼ਬਰਦਸਤ ਆਗੂ ਸ਼ੈਲੀ ਅਤੇ ਕੰਮ ਵਿਰੋਧੀ ਸੱਭਿਆਚਾਰ ਕਾਰਨ ਦੇਸ਼ ਵਿੱਚ ਕਈ ਉਦਯੋਗਿਕ ਇਕਾਈਆਂ ਬੰਦ ਹੋਈਆਂ ਹਨ। ਅਮਰਜੀਤ ਕੌਰ ਨੇ ਕਿਹਾ ਕਿ ਸੁਪਰੀਮ ਕੋਰਟ ਦੀਆਂ ਇਹ ਟਿੱਪਣੀਆਂ ਅਤੇ ਨਾਲ ਹੀ ਘਰੇਲੂ ਮਜ਼ਦੂਰਾਂ ਲਈ ਘੱਟੋ-ਘੱਟ ਮਜ਼ਦੂਰੀ ਦੀ ਮੰਗ ਸੰਬੰਧੀ ਅਰਜ਼ੀ ਸੁਣਨ ਤੋਂ ਇਨਕਾਰ ਕਰਨਾ ਬਹੁਤ ਹੀ ਚਿੰਤਾਜਨਕ, ਗਹਿਰਾ ਪ੍ਰੇਸ਼ਾਨ ਕਰਨ ਵਾਲਾ ਅਤੇ ਸਮਾਜਿਕ ਨਿਆਂ, ਸਮਾਨਤਾ ਅਤੇ ਮਿਹਨਤ ਦੀ ਗਰਿਮਾ ਦੇ ਸੰਵਿਧਾਨਕ ਦਿਸ਼ਾ ਨਿਰਦੇਸ਼ਾਂ ਨਾਲ ਮੇਲ ਨਹੀਂ ਖਾਂਦਾ। ਏਟਕ ਦਾ ਮੱਤ ਹੈ ਕਿ ਅਜਿਹੇ ਬੇਸੋਚੇ ਬਿਆਨ ਮਜ਼ਦੂਰਾਂ ਦੇ ਸੰਘਰਸ਼ਾਂ ਨੂੰ ਨਜਾਇਜ਼ ਠਹਿਰਾਉਣ ਅਤੇ ਟਰੇਡ ਯੂਨੀਅਨਾਂ ਦੀ ਲੋਕਤੰਤਰਿਕ ਭੂਮਿਕਾ ਨੂੰ ਕਮਜ਼ੋਰ ਕਰਨ ਦਾ ਖ਼ਤਰਾ ਪੈਦਾ ਕਰਦੇ ਹਨ। ਇਹ ਬਿਆਨ ਅਣਜਾਣੇ ਵਿੱਚ ਉਹਨਾਂ ਕਹਾਣੀਆਂ ਨੂੰ ਦੁਹਰਾਉਂਦੇ ਹਨ, ਜੋ ਇਤਿਹਾਸਕ ਤੌਰ 'ਤੇ ਮਜ਼ਦੂਰ ਹੱਕਾਂ ਨੂੰ ਕਮਜ਼ੋਰ ਕਰਨ ਅਤੇ ਸਾਂਝੇ ਸੰਘਰਸ਼ ਨੂੰ ਦਬਾਉਣ ਲਈ ਵਰਤੀਆਂ ਗਈਆਂ ਹਨ।

ਉਨ੍ਹਾ ਕਿਹਾ ਕਿ ਟਰੇਡ ਯੂਨੀਅਨਾਂ ਆਰਥਿਕ ਵਿਕਾਸ ਲਈ ਰੁਕਾਵਟ ਨਹੀਂ, ਸਗੋਂ ਸੰਵਿਧਾਨ ਦੁਆਰਾ ਮਾਨਤਾ ਪ੍ਰਾਪਤ ਲੋਕਤੰਤਰਿਕ ਸੰਸਥਾਵਾਂ ਹਨ, ਜੋ ਮਜ਼ਦੂਰਾਂ ਦੇ ਮਾਣ-ਸਨਮਾਨ, ਜੀਵਿਕਾ ਅਤੇ ਅਧਿਕਾਰਾਂ ਦੀ ਰੱਖਿਆ ਕਰਦੀਆਂ ਹਨ। ਯੂਨੀਅਨ ਬਣਾਉਣ ਦਾ ਅਧਿਕਾਰ ਸੰਵਿਧਾਨ ਦੀ ਧਾਰਾ 19 (1) ਹੇਠ ਮੂਲ ਅਧਿਕਾਰ ਹੈ ਅਤੇ ਸਾਂਝੀ ਗੱਲਬਾਤ (ਕੁਲੈਕਟਿਵ ਬਾਰਗੇਨਿੰਗ) ਰਾਹੀਂ ਅੰਤਰਰਾਸ਼ਟਰੀ ਤੌਰ 'ਤੇ ਮਾਨਤਾ ਪ੍ਰਾਪਤ ਲੇਬਰ ਅਧਿਕਾਰ ਹੈ। ਟਰੇਡ ਯੂਨੀਅਨ ਗਤੀਵਿਧੀਆਂ ਨੂੰ ਉਦਯੋਗਿਕ ਠਹਿਰਾਅ ਦਾ ਕਾਰਨ ਦੱਸਣਾ ਆਰਥਿਕ ਹਕੀਕਤਾਂ ਦੀ ਗਲਤ ਸਮਝ ਹੈ ਅਤੇ ਕਾਰਪੋਰੇਟ-ਹਮਾਇਤੀ ਨੀਤੀਆਂ ਦੇ ਵਿਨਾਸ਼ਕਾਰੀ ਪ੍ਰਭਾਵਾਂ ਨੂੰ ਨਜ਼ਰਅੰਦਾਜ਼ ਕਰਦਾ ਹੈ, ਜਿਨ੍ਹਾਂ ਨਾਲ ਬੇਲਗਾਮ ਕਾਰਪੋਰੇਟ ਕੇਂਦਰੀਕਰਨ ਵਧਿਆ ਹੈ।



ਏਟਕ ਘਰੇਲੂ ਮਜ਼ਦੂਰਾਂ ਲਈ ਘੱਟੋ-ਘੱਟ ਮਜ਼ਦੂਰੀ ਨੂੰ ਮਾਨਤਾ ਨਾ ਦੇਣ 'ਤੇ ਖਾਸ ਤੌਰ 'ਤੇ ਪਰੇਸ਼ਾਨ ਹੈ। ਘਰੇਲੂ ਮਜ਼ਦੂਰ ਜ਼ਿਆਦਾਤਰ ਗੈਰ-ਸੰਗਠਿਤ, ਸਮਾਜਕ ਤੌਰ 'ਤੇ ਹਾਸ਼ੀਏ 'ਤੇ ਰਹਿੰਦੇ ਹਨ ਅਤੇ ਵੱਡੀ ਗਿਣਤੀ ਵਿੱਚ ਔਰਤਾਂ ਹਨ। ਸੁਪਰੀਮ ਕੋਰਟ ਵੱਲੋਂ ਸੰਵਿਧਾਨ ਦੀ ਧਾਰਾ 14, 15, 16 ਅਤੇ 21 ਦੀ ਆਤਮਾ ਨੂੰ ਨਜ਼ਰਅੰਦਾਜ਼ ਕਰਨਾ ਅਤੇ ਸਮਾਜਕ-ਆਰਥਿਕ ਅਸਮਾਨਤਾਵਾਂ ਨੂੰ ਦੂਰ ਕਰਨ ਦੇ ਸੰਵਿਧਾਨਕ ਰਸਤੇ ਰੱਦ ਕਰਨਾ ਗੰਭੀਰ ਚਿੰਤਾ ਦਾ ਵਿਸ਼ਾ ਹੈ।

ਇਹ ਟਿੱਪਣੀ ਅਜਿਹੇ ਸਮੇਂ ਆਈ ਹੈ, ਜਦੋਂ ਸਰਕਾਰ ਮਜ਼ਦੂਰ ਵਰਗ ਅਤੇ ਉਨ੍ਹਾਂ ਦੇ ਲੋਕਤੰਤਰਿਕ ਅਧਿਕਾਰਾਂ 'ਤੇ ਹਮਲੇ ਤੇਜ਼ ਕਰ ਰਹੀ ਹੈ। ਇਹ 12 ਫਰਵਰੀ ਨੂੰ ਹੋਣ ਵਾਲੀ ਦੇਸ਼ਵਿਆਪੀ ਆਮ ਹੜਤਾਲ ਦੇ ਪਿਛੋਕੜ ਵਿੱਚ ਆਈ ਹੈ, ਜਦੋਂ ਮਜ਼ਦੂਰ ਅਤੇ ਕਿਸਾਨ ਮਿਲ ਕੇ ਲੇਬਰ ਕੋਡਾਂ, ਮਨਰੇਗਾ ਦੀ ਥਾਂ ਵੀ ਬੀ ਜੀ ਰਾਮ ਜੀ ਯੋਜਨਾ, ਬੀਮਾ ਖੇਤਰ ਵਿੱਚ 100% ਐੱਫ ਡੀ ਆਈ, ਨਿੱਜੀਕਰਨ ਨੀਤੀਆਂ, ਬਿਜਲੀ ਸੋਧ ਬਿੱਲ 2025, ਬੀਜ ਬਿੱਲ ਅਤੇ ਸ਼ਾਂਤੀ ਬਿੱਲ ਵਰਗੇ ਮਜ਼ਦੂਰ-ਵਿਰੋਧੀ ਕਾਨੂੰਨਾਂ ਖਿਲਾਫ਼ ਦੇਸ਼ਵਿਆਪੀ ਵਿਰੋਧ ਦਰਜ ਕਰਨਗੇ। ਇਹ ਨੀਤੀਆਂ ਮਜ਼ਦੂਰ ਸੁਰੱਖਿਆ ਨੂੰ ਖਤਮ ਕਰਦੀਆਂ ਹਨ, ਸਾਂਝੀ ਗੱਲਬਾਤ ਨੂੰ ਕਮਜ਼ੋਰ ਕਰਦੀਆਂ ਹਨ, ਲੋਕਤੰਤਰਿਕ ਅਧਿਕਾਰਾਂ ਨੂੰ ਮਿਟਾਉਂਦੀਆਂ ਹਨ ਅਤੇ ਰਾਸ਼ਟਰੀ ਦੌਲਤ ਨੂੰ ਕਾਰਪੋਰੇਟ ਲੁੱਟ ਲਈ ਸੌਂਪਦੀਆਂ ਹਨ।

ਉਨ੍ਹਾ ਕਿਹਾ ਕਿ ਦੁੱਖਦਾਇਕ ਹੈ ਕਿ ਸੁਪਰੀਮ ਕੋਰਟ ਇਨ੍ਹਾਂ ਨੀਤੀਆਂ 'ਤੇ ਚੁੱਪ ਰਹਿੰਦੀ ਹੋਈ ਉਨ੍ਹਾਂ ਟਰੇਡ ਯੂਨੀਅਨਾਂ ਨੂੰ ਨਿਸ਼ਾਨਾ ਬਣਾ ਰਹੀ ਹੈ, ਜੋ ਇਸ ਹਮਲੇ ਦਾ ਵਿਰੋਧ ਕਰ ਰਹੀਆਂ ਹਨ। ਮਜ਼ਦੂਰਾਂ ਦੇ ਜਾਇਜ਼ ਸੰਘਰਸ਼ਾਂ ਨੂੰ ਦੋਸ਼ੀ ਠਹਿਰਾਉਣ ਵਾਲੀਆਂ ਇਹ ਟਿੱਪਣੀਆਂ ਹਕੀਕਤ ਵਿੱਚ ਮਜ਼ਦੂਰ-ਵਿਰੋਧੀ ਤਾਕਤਾਂ ਨਾਲ ਖੜ੍ਹੀਆਂ ਦਿਖਾਈ ਦਿੰਦੀਆਂ ਹਨ ਅਤੇ ਮਜ਼ਦੂਰਾਂ ਅਤੇ ਲੋਕਾਂ ਖਿਲਾਫ਼ ਚੱਲ ਰਹੇ ਵਰਗ ਅਧਾਰਤ ਹਮਲੇ ਨੂੰ ਨਿਆਂਇਕ ਜਾਇਜ਼ਤਾ ਦੇਣ ਦਾ ਖ਼ਤਰਾ ਪੈਦਾ ਕਰਦੀਆਂ ਹਨ।

ਇਹ ਵੀ ਗੰਭੀਰ ਚਿੰਤਾ ਦਾ ਵਿਸ਼ਾ ਹੈ ਕਿ ਸੁਪਰੀਮ ਕੋਰਟ ਦੀਆਂ ਟਿੱਪਣੀਆਂ ਆਜ਼ਾਦੀ ਅੰਦੋਲਨ ਦੌਰਾਨ ਬ੍ਰਿਟਿਸ਼ ਬਸਤੀਵਾਦੀ ਸ਼ਾਸਨ ਖ਼ਿਲਾਫ਼ ਟਰੇਡ ਯੂਨੀਅਨਾਂ ਦੇ ਇਤਿਹਾਸਕ ਯੋਗਦਾਨ ਅਤੇ ਆਜ਼ਾਦੀ ਤੋਂ ਬਾਅਦ ਦੇਸ਼-ਨਿਰਮਾਣ ਵਿੱਚ ਉਨ੍ਹਾਂ ਦੀ ਭੂਮਿਕਾ ਨੂੰ ਪੂਰੀ ਤਰ੍ਹਾਂ ਨਜ਼ਰਅੰਦਾਜ਼ ਕਰਦੀਆਂ ਹਨ। ਟਰੇਡ ਯੂਨੀਅਨਾਂ ਨੇ ਮਜ਼ਦੂਰ ਅਧਿਕਾਰਾਂ, ਸਰਕਾਰੀ ਖੇਤਰ ਦੇ ਨਿਰਮਾਣ, ਉਦਯੋਗਿਕ ਵਿਕਾਸ ਅਤੇ ਲੋਕਤੰਤਰ, ਧਰਮ ਨਿਰਪੱਖਤਾ, ਸੰਘੀ ਢਾਂਚੇ ਅਤੇ ਨਾਗਰਿਕ ਅਜ਼ਾਦੀਆਂ ਦੀ ਰੱਖਿਆ ਵਿੱਚ ਕੇਂਦਰੀ ਭੂਮਿਕਾ ਨਿਭਾਈ ਹੈ। ਟਰੇਡ ਯੂਨੀਅਨਵਾਦ ਨੂੰ ਤਰੱਕੀ ਵਿੱਚ ਰੁਕਾਵਟ ਦੱਸਣਾ ਇਸ ਵਿਰਾਸਤ ਨੂੰ ਮਿਟਾਉਣ ਦੇ ਬਰਾਬਰ ਹੈ। ਨਿਆਂਪਾਲਿਕਾ ਵਰਗੇ ਉਚ ਸੰਵਿਧਾਨਕ ਅਹੁਦੇ ਤੋਂ ਅਜਿਹੀ ਸੰਕੀਰਨ ਅਤੇ ਇਤਿਹਾਸ-ਰਹਿਤ ਸੋਚ ਬਹੁਤ ਹੀ ਅਫਸੋਸਜਨਕ ਹੈ।ਟਰੇਡ ਯੂਨੀਅਨਾਂ ਨੂੰ ਨਿਸ਼ਾਨਾ ਬਣਾਉਣ ਦੀ ਥਾਂ ਸੁਪਰੀਮ ਕੋਰਟ ਨੂੰ ਉਹਨਾਂ ਲੇਬਰ ਕੋਡਾਂ ਅਤੇ ਨੀਤੀਆਂ 'ਤੇ ਟਿੱਪਣੀ ਕਰਨੀ ਚਾਹੀਦੀ ਸੀ, ਜੋ ਪ੍ਰਣਾਲੀਬੱਧ ਢੰਗ

• ਬਾਕੀ ਸਫਾ 2 'ਤੇ

## ਭਗਵੰਤ ਮਾਨ ਨੇ ਮਿਸ਼ਨ 'ਰੰਗਲਾ ਪੰਜਾਬ' ਤਹਿਤ ਵਿਦਿਆਰਥੀਆਂ ਨੂੰ ਚੈੱਕ ਵੰਡੇ

**ਜਲੰਧਰ (ਸੁਰਿੰਦਰ ਕੁਮਾਰ, ਰਾਜੇਸ਼ ਥਾਪਾ ਸ਼ੈਲੀ ਐਲਬਰਟ, ਇਕਬਾਲ ਸਿੰਘ ਉੱਭੀ)**-ਜਲੰਧਰ ਦੇ ਪੀ ਏ ਪੀ ਗਰਾਊਂਡ ਵਿਖੇ ਅਨੁਸੂਚਿਤ ਜਾਤੀ (ਐੱਸ ਸੀ) ਵਰਗ ਦੇ 2.7 ਲੱਖ ਤੋਂ ਵੱਧ ਵਿਦਿਆਰਥੀਆਂ ਨੂੰ ਵਜ਼ੀਫਾ ਵੰਡਣ ਦੀ ਸ਼ੁਰੂਆਤ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ 'ਰੰਗਲਾ ਪੰਜਾਬ' ਮਿਸ਼ਨ ਤਹਿਤ 271 ਕਰੋੜ ਰੁਪਏ ਦਾ ਪੋਸਟ-ਮੈਟ੍ਰਿਕ ਵਜ਼ੀਫਾ ਆਪਣੇ ਬੱਚਿਆਂ ਦੇ ਭਵਿੱਖ ਨੂੰ ਬਿਹਤਰ ਬਣਾਉਣ ਪ੍ਰਤੀ ਸਰਕਾਰ ਦੀਆਂ ਤਰਜੀਹਾਂ ਸਪੱਸ਼ਟ ਕਰਦਾ ਹੈ।ਉਨ੍ਹਾਂ ਕਿਹਾ ਕਿ ਇਕ ਪਾਸੇ ਕਾਂਗਰਸ, ਅਕਾਲੀ ਅਤੇ ਭਾਜਪਾ ਸੱਤਾ ਵਿੱਚ ਹੁੰਦਿਆਂ ਆਪਣੇ ਪਰਵਾਰਾਂ ਦੇ ਹਿੱਤ ਪਾਲਦੇ ਰਹੇ, ਜਦਕਿ ਦੂਜੇ ਪਾਸੇ ਆਮ ਆਦਮੀ ਪਾਰਟੀ ਸਿਰਫ ਪੰਜਾਬ ਦੇ ਨੌਜਵਾਨਾਂ ਦੇ ਭਵਿੱਖ ਨੂੰ ਸੁਰੱਖਿਅਤ ਬਣਾਉਣ 'ਤੇ ਧਿਆਨ ਦੇ ਰਹੀ ਹੈ।ਸਾਲ 2020-21 ਦੇ ਮੁਕਾਬਲੇ ਲਾਭਪਾਤਰੀਆਂ ਦੀ ਗਿਣਤੀਆਂ ਵਿੱਚ 35 ਫੀਸਦੀ ਦਾ ਵਾਧਾ ਹੋਣ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਵਾਧਾ ਸਰਕਾਰ ਦੇ ਸਿੱਖਿਆ ਸੁਧਾਰਾਂ ਦੀ ਗਵਾਹੀ ਭਰਦਾ ਹੈ।ਉਨ੍ਹਾਂ ਕਿਹਾ ਕਿ ਵਜ਼ੀਫਾ ਸਿਰਫ ਵਿੱਤੀ ਇਮਦਾਦ ਨਹੀਂ ਹੈ ਸਗੋਂ ਸਵੈ-ਨਿਰਭਰਤਾ ਦਾ ਵਸੀਲਾ ਹੈ।ਭਗਵੰਤ ਸਿੰਘ ਮਾਨ ਨੇ ਕਿਹਾ, ਜਲੰਧਰ ਦੇ ਪੀ.ਏ.ਪੀ. ਗਰਾਊਂਡ ਵਿਖੇ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਨੂੰ ਵਜ਼ੀਫਾ ਵੰਡਿਆ ਗਿਆ, ਜਿਸ ਨਾਲ ਸੂਬਾ ਭਰ ਦੇ 2.7 ਲੱਖ ਤੋਂ ਵੱਧ ਬੱਚਿਆਂ ਨੂੰ ਵਜ਼ੀਫਾ ਵੰਡਣ ਦੀ ਸ਼ੁਰੂਆਤ ਹੋਈ। ਮੁੱਖ ਮੰਤਰੀ ਨੇ ਸਟੇਜ ਤੋਂ ਸੰਤ ਰਾਮ ਉਦਾਸੀ ਦੀ ਕਵਿਤਾ,



• ਬਾਕੀ ਸਫਾ 2 'ਤੇ

## ਸਾਢੇ 51 ਕਿੱਲੋ ਹੈਰੋਇਨ ਫੜੀ

**ਅੰਮ੍ਰਿਤਸਰ (ਮਨੋਜ ਕੁਮਾਰ, ਸ਼ਸ਼ਪਾਲ ਸਿੰਘ)**-ਦਿਹਾਤੀ ਪੁਲਸ ਨੇ ਨਸ਼ਾ ਤਸਕਰੀ ਦੇ ਕੌਮਾਂਤਰੀ ਨੈੱਟਵਰਕ ਦਾ ਪਰਦਾ ਫਾਸ਼ ਕਰਦੇ ਹੋਏ 51.5 ਕਿੱਲੋ ਹੈਰੋਇਨ ਬਰਾਮਦ ਕੀਤੀ ਹੈ। ਇਹ ਸਫਲਤਾ 43 ਕਿੱਲੋ ਹੈਰੋਇਨ ਦੀ ਬਰਾਮਦਗੀ ਤੋਂ ਮਹਿਜ਼ ਇੱਕ ਦਿਨ ਬਾਅਦ ਮਿਲੀ ਹੈ।

ਪੁਲਸ ਨੇ ਇਸ ਮਾਮਲੇ ਵਿੱਚ ਸੁਖਰਾਜ ਸਿੰਘ ਅਤੇ ਅੰਮ੍ਰਿਤਪਾਲ ਸਿੰਘ ਨੂੰ ਗ੍ਰਿਫਤਾਰ ਕੀਤਾ ਹੈ। ਘਰਿੰਡਾ ਪੁਲਸ ਨੇ ਪਹਿਲਾਂ ਇਨ੍ਹਾਂ ਤੋਂ 1 ਕਿੱਲੋ ਹੈਰੋਇਨ ਫੜੀ ਸੀ, ਪਰ ਸਖਤੀ ਨਾਲ ਕੀਤੀ ਪੁੱਛਗਿੱਛ ਤੋਂ ਬਾਅਦ 103 ਪੈਕੇਟਾਂ ਵਿੱਚ ਲੁਕੋ ਕੇ ਰੱਖੀ ਬਾਕੀ ਦੀ ਵੱਡੀ ਖੇਪ ਵੀ ਬਰਾਮਦ ਕਰ ਲਈ ਗਈ। ਡੀ ਜੀ ਪੀ ਗੌਰਵ ਯਾਦਵ ਨੇ ਦੱਸਿਆ ਕਿ ਮੁਲਜ਼ਮ ਸਿੱਧੇ ਤੌਰ 'ਤੇ ਪਾਕਿਸਤਾਨੀ ਹੈਂਡਲਰਾਂ ਦੇ ਸੰਪਰਕ ਵਿੱਚ ਸਨ।

## ਲਖਬੀਰ ਸਿੰਘ ਨਿਜ਼ਾਮਪੁਰ ਅੰਮ੍ਰਿਤਸਰ ਦੇਹਾਤੀ ਦੇ ਮੁੜ ਜ਼ਿਲ੍ਹਾ ਸਕੱਤਰ ਬਣੇ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**

ਭਾਰਤੀ ਕਮਿਊਨਿਸਟ ਪਾਰਟੀ ਅੰਮ੍ਰਿਤਸਰ (ਦੇਹਾਤੀ) ਦਾ ਜ਼ਿਲ੍ਹਾ ਜਥੇਬੰਦਕ ਅਜਲਾਸ ਸੂਬਾ ਨਿਗਰਾਨ ਹਰਦੇਵ ਸਿੰਘ ਅਰਸ਼ੀ ਸਾਬਕਾ ਐੱਮ ਐੱਲ ਏ ਅਤੇ ਪ੍ਰਿਥੀਪਾਲ ਸਿੰਘ ਮਾੜੀਮੇਘਾ ਦੀ ਅਗਵਾਈ ਹੇਠ ਪਿੰਡ ਖਜਾਲਾ ਵਿਖੇ ਗੁਰਭੇਜ ਸਿੰਘ ਯਾਦਗਾਰੀ ਹਾਲ ਅੰਦਰ ਕੀਤਾ ਗਿਆ। ਬਲਵਿੰਦਰ ਸਿੰਘ ਦੁਧਾਲਾ, ਗੁਰਮੁਖ ਸਿੰਘ ਸ਼ੇਰਗਿੱਲ, ਨਿੰਦਰ ਸਿੰਘ ਸੈਦੋਲੇਹਲ, ਗੁਰਦੀਪ ਸਿੰਘ ਗੁਰੂਵਾਲੀ, ਅਜਮਤ ਮਸੀਹ ਅਤੇ ਸ਼ਰਨਜੀਤ ਕੌਰ 'ਤੇ ਅਧਾਰਤ ਪ੍ਰਧਾਨਗੀ ਮੰਡਲ ਹੇਠ ਅਜਲਾਸ ਦੀ ਸ਼ੁਰੂਆਤ ਕੀਤੀ ਗਈ।




ਸਭ ਤੋਂ ਪਹਿਲਾਂ ਬਜ਼ੁਰਗ ਕਮਿਊਨਿਸਟ ਆਗੂ ਪਿਆਰਾ ਸਿੰਘ ਧਾਰੜ ਨੇ ਝੰਡਾ ਲਹਿਰਾਇਆ। ਅਜਲਾਸ ਵਿੱਚ ਸਾਰੇ ਜ਼ਿਲ੍ਹੇ ਵਿੱਚੋਂ ਚੁਣੇ ਹੋਏ 150 ਡੈਲੀਗੇਟਾਂ ਨੇ ਹਿੱਸਾ ਲਿਆ। ਅਜਲਾਸ ਦਾ ਉਦਘਾਟਨ ਕਰਦਿਆਂ ਸੂਬਾ ਨਿਗਰਾਨ ਪ੍ਰਿਥੀਪਾਲ ਸਿੰਘ ਮਾੜੀਮੇਘਾ ਨੇ ਕਿਹਾ ਕਿ ਇਸ ਜ਼ਿਲ੍ਹੇ 'ਤੇ ਕਮਿਊਨਿਸਟ ਪਾਰਟੀ ਨੂੰ ਖਾਸ ਤੌਰ 'ਤੇ ਮਾਣ ਰਿਹਾ ਹੈ,

• ਬਾਕੀ ਸਫਾ 2 'ਤੇ



# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਬਾਲ ਮਜ਼ਦੂਰੀ ਖਿਲਾਫ ਜਾਗਰੂਕਤਾ ਰੈਲੀ




**ਮੋਗਾ (ਇਕਬਾਲ ਸਿੰਘ ਖਹਿਰਾ)**-ਮੈਂਬਰ ਸਕੱਤਰ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐੱਸ ਏ ਐੱਸ ਨਗਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਬਾਲ ਮਜ਼ਦੂਰੀ ਖਿਲਾਫ ਪੂਰੇ ਪੰਜਾਬ ਵਿੱਚ 26 ਜਨਵਰੀ ਤੋਂ ਮਾਰਚ 2026 ਤੱਕ ਪੈਨ-ਇੰਡੀਆ ਰੈਸਕਿਊ ਐਂਡ ਰੀਹੈਬਲੀਟੇਸ਼ਨ ਕੰਪੇਨ ਫਾਰ ਇਰੈਡੀਕੇਸ਼ਨ ਆਫ ਚਾਈਲਡ ਐਂਡ ਐਡੋਲੈਸੈਂਟ ਲੇਬਰ ਦੇ ਨਾਮ ਹੇਠ ਮੁਹਿੰਮ ਚਲਾਈ ਜਾ ਰਹੀ ਹੈ।ਇਸ ਮੁਹਿੰਮ ਤਹਿਤ ਮਿਸ ਨੀਲਮ ਅਰੋੜਾ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮੋਗਾ ਦੀ ਅਗਵਾਈ ਹੇਠ ਮਿਸ ਕਿਰਨ ਜਯੋਤੀ ਸੀ.ਜੇ.ਐੱਮ.-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮੋਗਾ ਵੱਲੋਂ ਲੇਬਰ ਵਿਭਾਗ, ਪੁਲਸ ਵਿਭਾਗ ਤੇ ਚਾਈਲਡ ਵੈੱਲਫੇਅਰ ਕਮੇਟੀ, ਬਾਲ ਮਜ਼ਦੂਰੀ ਸਬੰਧੀ ਬਣਾਈ ਗਈ ਟਾਸਕ ਫੋਰਸ ਦੇ ਮੈਂਬਰਾਂ ਦੇ ਸਹਿਯੋਗ ਨਾਲ ਨੇਚਰ ਪਾਰਕ ਮੋਗਾ ਤੋਂ ਲੈ ਕੇ ਰੇਲਵੇ ਸਟੇਸ਼ਨ ਮੋਗਾ ਤੱਕ ਚਾਈਲਡ ਲੇਬਰ ਖਿਲਾਫ ਜਾਗਰੂਕਤਾ ਰੈਲੀ ਕੱਢ ਕੇ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ।ਇਸ ਵਿੱਚ ਜਸਦੀਪ ਸਿੰਘ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ, ਰਜੇਸ਼ ਪੁਰੀ ਚੇਅਰਮੈਨ ਬਾਲ ਭਲਾਈ ਕਮੇਟੀ, ਰਾਜਿੰਦਰ ਸਿੰਘ ਲੇਬਰ ਇੰਸਪੈਕਟਰ, ਏਕਮਜੀਤ ਸਿੰਘ ਮੈਡੀਕਲ ਅਫਸਰ, ਹਰਜਿੰਦਰ ਸਿੰਘ ਏ.ਐੱਸ.ਆਈ., ਹਰਮੇਲ ਸਿੰਘ ਏ.ਐੱਸ.ਆਈ, ਗੁਰਮੁੱਖ ਸਿੰਘ, ਬਲਕਰਨ ਸਿੰਘ ਆਦਿ ਹਾਜ਼ਰ ਸਨ।ਪੈਨਲ ਵਕੀਲ ਤੇ ਪੈਰਾ ਲੀਗਲ ਵਲੰਟੀਅਰਾਂ ਤੋਂ ਇਲਾਵਾ ਬਾਲ ਮਜ਼ਦੂਰੀ ਖਾਤਮੇ ਸਬੰਧੀ ਬਣਾਈ ਗਈ ਟਾਸਕ ਫੋਰਸ ਦੇ ਮੈਂਬਰਾਂ ਵੱਲੋਂ ਭਾਗ ਲਿਆ ਗਿਆ।ਇਸ ਸਮੇਂ ਮਿਸ ਕਿਰਨ ਜਯੋਤੀ ਸੀ.ਜੇ.ਐੱਮ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮੋਗਾ ਵੱਲੋਂ ਇੱਕ ਜਾਗਰੂਕਤਾ ਪ੍ਰੋਗਰਾਮ ਕੀਤਾ ਗਿਆ, ਜਿਸ ਤਹਿਤ ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਦਾ ਮੁੱਖ ਮਕਸਦ ਚਾਈਲਡ ਲੇਬਰ ਨੂੰ ਰੋਕਣਾ ਤੇ ਬੱਚਿਆਂ ਦੇ ਉੱਜਵਲ ਭਵਿੱਖ ਲਈ ਉਨ੍ਹਾਂ ਨੂੰ ਸਹੀ ਸੇਧ ਦੇਣਾ ਹੈ।ਇਸ ਤੋਂ ਇਲਾਵਾ ਟਾਸਕ ਫੋਰਸ ਵੱਲੋਂ ਰੇਲਵੇ ਰੋਡ 'ਤੇ ਰੇਡ ਵੀ ਕੀਤੀ ਗਈ।

# ਮੋਬਾਇਲ ਵੈਨ ਰਾਹੀਂ ਲਗਾਇਆ ਗਿਆ ਮੈਡੀਕਲ ਕੈਂਪ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸੰਤ ਸ਼੍ਰੋਮਣੀ ਇੱਛਾਪੂਰਤੀ ਸ੍ਰੀ ਬਾਲਾ ਜੀ ਚੈਰੀਟੇਬਲ ਟਰੱਸਟ ਤੇ ਸ੍ਰੀ ਸੰਗਮੇਸ਼ਵਰ ਮਹਾਂਦੇਵ ਅਰੁਣਾਏ ਚੈਰੀਟੇਬਲ ਸੋਸਾਇਟੀ ਸੁਨਾਮ ਵੱਲੋਂ ਮੋਬਾਈਲ ਹਸਪਤਾਲ ਵੈਨ ਰਾਹੀਂ ਮੈਡੀਕਲ ਕੈਂਪ ਲਗਾਇਆ ਗਿਆ।ਜਾਣਕਾਰੀ ਦਿੰਦਿਆਂ ਸ੍ਰੀ ਬਾਲਾ ਜੀ ਟਰੱਸਟ ਦੇ ਮੈਂਬਰ ਗੌਰਵ ਜਨਾਲੀਆ ਨੇ ਦੱਸਿਆ ਕਿ ਗਣਤੰਤਰ ਦਿਵਸ ਦੇ ਸ਼ੁਭ ਮੌਕੇ 'ਤੇ ਮੋਬਾਈਲ ਹਸਪਤਾਲ ਵੈਨ ਰਾਹੀਂ ਲੌਂਗੋਵਾਲ ਵਿਖੇ 107ਵਾਂ ਮੈਡੀਕਲ ਚੈੱਕਅਪ ਕੈਂਪ ਲਗਾਇਆ ਗਿਆ।ਇਹ ਕੈਂਪ ਸਮਾਜ ਸੇਵਾ ਨੂੰ ਸਮਰਪਤ ਡਾਕਟਰ ਪ੍ਰਭਜੋਤ ਸਿੰਘ ਢਿੱਲੋਂ ਦੀ ਦੇਖ-ਰੇਖ ਹੇਠ ਲਗਾਇਆ ਗਿਆ।ਡਾ. ਢਿੱਲੋਂ ਨੇ ਦੱਸਿਆ ਕਿ ਬੇਮੌਸਮੀ ਬਾਰਸ਼ ਤੇ ਗੜੇਮਾਰੀ ਕਾਰਨ ਬਿਮਾਰੀਆਂ ਤੇਜ਼ੀ ਨਾਲ ਵੱਧ ਰਹੀਆਂ ਹਨ।ਇਸ ਕਾਰਨ ਖੰਘ, ਜ਼ੁਕਾਮ, ਬੁਖਾਰ ਤੇ ਸਰੀਰ ਵਿੱਚ ਦਰਦ ਦੀਆਂ ਸ਼ਿਕਾਇਤਾਂ ਆ ਰਹੀਆਂ ਹਨ।ਲੋਕਾਂ ਨੂੰ ਗਰਮ ਕੱਪੜੇ ਪਾ ਕੇ ਹੀ ਬਾਹਰ ਨਿਕਲਣਾ ਚਾਹੀਦਾ ਹੈ। ਮੋਟਰਸਾਈਕਲ, ਸਕੂਟਰ ਚਲਾਉਂਦੇ ਸਮੇਂ ਟੋਪੀ ਤੇ ਮਾਸਕ ਦੀ ਵਰਤੋਂ ਜ਼ਰੂਰ ਕਰਨੀ ਚਾਹੀਦੀ ਹੈ। ਜਨਾਲੀਆ ਨੇ ਦੱਸਿਆ ਕਿ ਕੈਂਪ ਦੌਰਾਨ ਸ੍ਰੀ ਬਾਲਾ ਜੀ ਟਰੱਸਟ ਵੱਲੋਂ ਬਲੱਡ ਪ੍ਰੈਸ਼ਰ, ਪਲਸ ਤੇ ਬੁਖਾਰ ਆਦਿ ਦੀ ਜਾਂਚ ਕੀਤੀ ਗਈ ਤੇ ਮੁਫ਼ਤ ਦਵਾਈਆਂ ਵੰਡੀਆਂ ਗਈਆਂ।ਇਸ ਮੌਕੇ ਡਾ. ਪ੍ਰਭਜੋਤ ਸਿੰਘ ਢਿੱਲੋਂ, ਆਰੀਅਨ ਗਰਗ, ਚਕਸ਼ੂ ਗੋਇਲ, ਡਾ. ਨਰਿੰਦਰ ਗਰਗ ਆਦਿ ਹਾਜ਼ਰ ਸਨ।

# ਮਯੰਕ ਫਾਊਂਡੇਸ਼ਨ ਵੱਲੋਂ ਸੜਕ ਸੁਰੱਖਿਆ ਜਾਗਰੂਕਤਾ ਪ੍ਰੋਗਰਾਮ ਜਾਰੀ




**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਰਾਸ਼ਟਰੀ ਸੜਕ ਸੁਰੱਖਿਆ ਮਹੀਨੇ ਦੇ ਸਬੰਧ ਵਿੱਚ ਮਯੰਕ ਫਾਊਂਡੇਸ਼ਨ ਵੱਲੋਂ ਫ਼ਿਰੋਜ਼ਪੁਰ ਵਿੱਚ ਲਗਾਤਾਰ ਜਾਗਰੂਕਤਾ ਮੁਹਿੰਮਾਂ ਚਲਾਈਆਂ ਜਾ ਰਹੀਆਂ ਹਨ। ਇਸੇ ਤਹਿਤ ਫਾਊਂਡੇਸ਼ਨ ਵੱਲੋਂ ਸੈਨਾ ਦੇ ਪਰਿਵਾਰਾਂ ਤੇ ਸਕੂਲੀ ਵਿਦਿਆਰਥੀਆਂ ਲਈ ਵਿਸ਼ੇਸ਼ ਪ੍ਰੋਗਰਾਮ ਉਲੀਕੇ ਗਏ। ਸ਼ਹੀਦ ਭਗਤ ਸਿੰਘ ਐਨਕਲੇਵ ਵਿਖੇ ਇਕ ਸਮਾਗਮ ਵਿੱਚ ਲਗਭਗ 250 ਫੌਜੀ ਪਰਿਵਾਰਾਂ ਨੇ ਹਿੱਸਾ ਲਿਆ। ਫਾਊਂਡੇਸ਼ਨ ਦੇ ਅਹੁਦੇਦਾਰਾਂ ਨੇ ਪੀਪੀਟੀ ਰਾਹੀਂ ਟਰੈਫ਼ਿਕ ਚਿੰਨ੍ਹਾਂ ਦੀ ਮਹੱਤਤਾ ਸਮਝਾਈ ਤੇ ਵਿਦੇਸ਼ੀ ਸੜਕ ਸੁਰੱਖਿਆ ਮਾਡਲਾਂ ਬਾਰੇ ਅਨੁਭਵ ਸਾਂਝੇ ਕੀਤੇ। ਦੀਪਕ ਸ਼ਰਮਾ ਤੇ ਲਖਵੀਰ ਸਿੰਘ ਨੇ ਸੜਕੀ ਹਾਦਸਿਆਂ ਦੇ ਅੰਕੜਿਆਂ 'ਤੇ ਚਰਚਾ ਕਰਦਿਆਂ ਲੋਕਾਂ ਨੂੰ ਆਪਣੀਆਂ ਗ਼ਲਤੀਆਂ ਸੁਧਾਰਨ ਦੀ ਅਪੀਲ ਕੀਤੀ। ਇਸ ਮੌਕੇ ਫੌਜੀ ਪਰਿਵਾਰਾਂ ਨੇ ਨਿਯਮਾਂ ਦੀ ਪਾਲਣਾ ਕਰਨ ਦਾ ਸੰਕਲਪ ਲਿਆ। ਇਸੇ ਲੜੀ ਤਹਿਤ ਡੀ. ਸੀ. ਮਾਡਲ ਸੀਨੀਅਰ ਸੈਕੰਡਰੀ ਸਕੂਲ ਵਿੱਚ ਕ੍ਰਾਂਤੀ ਕਲਾ ਮੰਚ ਦੇ ਸਹਿਯੋਗ ਨਾਲ ਇਕ ਪ੍ਰਭਾਵਸ਼ਾਲੀ ਨੁੱਕੜ ਨਾਟਕ ਖੇਡਿਆ ਗਿਆ। ਨਾਟਕ ਰਾਹੀਂ ਕਲਾਕਾਰਾਂ ਨੇ ਕਿਹਾ ਕਿ ਹੈਲਮਟ ਤੇ ਸੀਟ ਬੈਲਟ ਦੀ ਲਾਜ਼ਮੀ ਵਰਤੋਂ, ਵਾਹਨ ਚਲਾਉਂਦੇ ਸਮੇਂ ਮੋਬਾਇਲ ਦੀ ਵਰਤੋਂ ਨਾ ਕਰਨਾ, ਤੇਜ਼ ਰਫ਼ਤਾਰ ਦੇ ਖ਼ਤਰੇ। ਫਾਊਂਡੇਸ਼ਨ ਦੇ ਸਕੱਤਰ ਰਾਜੀਵ ਸੇਤੀਆ ਨੇ ਕਿਹਾ ਕਿ ਪਿਛਲੇ 8 ਸਾਲਾਂ ਤੋਂ ਸੰਸਥਾ ਦਾ ਇਕੋ-ਇਕ ਉਦੇਸ਼ ਸੜਕ ਹਾਦਸਿਆਂ ਵਿੱਚ ਕਮੀ ਲਿਆ ਕੇ ਕੀਮਤੀ ਜਾਨਾਂ ਬਚਾਉਣਾ ਹੈ। ਸਕੂਲ ਪ੍ਰਬੰਧਕਾਂ ਨੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।

# ਉੱਘੇ ਸਮਾਜ ਸੇਵੀ ਪੰਡਤ ਕਾਲਾ ਮੂਲੇਪੁਰ ਨੂੰ ਕੀਤਾ ਸਨਮਾਨਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸਮਾਜ ਸੇਵਾ ਦੇ ਖੇਤਰ ਵਿੱਚ 60 ਲੋੜਵੰਦ ਲੜਕੀਆਂ ਦੇ ਵਿਆਹ ਤੇ ਕੋਚਿੰਗ ਇੰਸਟੀਚਿਊਟ ਰਾਹੀਂ ਅਨੇਕਾਂ ਲੋੜਵੰਦ ਵਿਦਿਆਰਥੀਆਂ ਨੂੰ ਵਿੱਦਿਆ ਦੇ ਕੇ ਨੌਕਰੀਆਂ 'ਤੇ ਲੱਗਣ ਲਈ ਮਾਰਗ ਦਰਸ਼ਨ ਕਰਨ ਵਾਲੇ ਮੂਲੇਪਰ ਦੇ ਵਸਨੀਕ ਪੰਡਤ ਨਰਿੰਦਰ ਕੁਮਾਰ ਕਾਲਾ ਨੂੰ ਮਿਸ਼ਨ ਲਾਲੀ ਤੇ ਹਰਿਆਲੀ ਗਰੁੱਪ ਵੱਲੋਂ ਦਫਤਰ ਪੁੱਜਣ ਮੌਕੇ ਲੋਈ ਤੇ ਸੰਤ ਈਸ਼ਰ ਸਿੰਘ ਜੀ ਰਾੜਾ ਸਾਹਿਬ ਵਾਲਿਆਂ ਦੀ ਫੋਟੋ ਵਾਲੇ ਸਨਮਾਨ ਚਿੰਨ੍ਹ ਨਾਲ ਸਨਮਾਨਤ ਕੀਤਾ ਗਿਆ।ਇਹ ਸਨਮਾਨ ਮਿਸ਼ਨਰੀ ਆਗੂ ਜਥੇਦਾਰ ਕਰਨ ਸਿੰਘ ਜੌਲੀ, ਮਾਸਟਰ ਮੋਟੀਵੇਟਰ ਹਰਦੀਪ ਸਿੰਘ ਸਨੌਰ, ਯੂਥ ਆਗੂ ਹਰਮੀਤ ਸਿੰਘ ਬਡੂੰਗਰ, ਯੂਨੀਅਨ ਆਗੂ ਧਰਮਪਾਲ ਲੋਟ, ਭਾਈ ਜਰਨੈਲ ਸਿੰਘ ਝੰਡੀ, ਗੁਰਪ੍ਰੀਤ ਸਿੰਘ ਲਲੀਨਾ, ਨਸੀਬ ਸਿੰਘ ਝੰਡੀ, ਦੀਪਕ ਕੁਮਾਰ ਤੇ ਰੋਹਿਤ ਕੁਮਾਰ ਸਨੌਰ ਨੇ ਸਾਂਝੇ ਰੂਪ ਵਿੱਚ ਕੀਤਾ। ਸਨਮਾਨ ਕਰਨ ਉਪਰੰਤ ਹਰਦੀਪ ਸਿੰਘ ਸਨੌਰ ਨੇ ਦੱਸਿਆ ਕਿ ਪੰਡਤ ਨਰਿੰਦਰ ਕੁਮਾਰ ਨੇ ਵਿੱਦਿਆ ਦੇ ਦਾਨ ਵਿੱਚ ਵਡਮੁੱਲਾ ਯੋਗਦਾਨ ਪਾਇਆ ਹੈ।ਲੜਕੀਆਂ ਦੇ ਵਿਆਹ ਮੌਕੇ ਘਰੇਲੂ ਸਾਮਾਨ ਦੇਣ ਦੇ ਨਾਲ-ਨਾਲ ਮੈਡੀਕਲ ਚੈੱਕਅਪ ਕੈਂਪ ਤੇ ਖੂਨਦਾਨ ਕੈਂਪ ਲਗਵਾਉਣ ਦਾ ਉਪਰਾਲਾ ਵੀ ਸ਼ਲਾਘਾਯੋਗ ਹੈ।ਸਨਮਾਨ ਪ੍ਰਾਪਤ ਕਰਨ ਉਪਰੰਤ ਕਰਨ ਪੰਡਤ ਨਰਿੰਦਰ ਕੁਮਾਰ ਕਾਲਾ ਨੇ ਸੰਸਥਾ ਆਗੂਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਜਲਦ ਹੀ ਉਹ ਸਰਹਿੰਦ ਵਿਖੇ ਮਨੁੱਖਤਾ ਦੇ ਭਲੇ ਲਈ ਮਿਸ਼ਨ ਲਾਲੀ ਤੇ ਹਰਿਆਲੀ ਤਹਿਤ ਖੂਨਦਾਨ ਕੈਂਪ ਲਗਾਇਆ ਜਾਵੇਗਾ।

# ਨਗਰ ਕੌਂਸਲ ਦੇ ਨੀਰੂ ਸ਼ਰਮਾ ਕਾਰਜਕਾਰੀ ਪ੍ਰਧਾਨ ਤੇ ਜਸਦੀਪ ਖੰਨਾ ਮੀਤ ਪ੍ਰਧਾਨ ਨਿਯੁਕਤ



**ਨਾਭਾ (ਵਰਿੰਦਰ ਵਰਮਾ)**-ਨਗਰ ਕੌਂਸਲ ਨਾਭਾ ਵਿਖੇ ਸੀਨੀਅਰ ਮੀਤ ਪ੍ਰਧਾਨ ਤੇ ਮੀਤ ਪ੍ਰਧਾਨ ਦੀ ਚੋਣ ਕਰਵਾਈ ਗਈ।ਇਹ ਚੋਣ ਕਨਵੀਨਰ ਏਡੀਸੀ ਪਟਿਆਲਾ ਇਸਮਤ ਵਿਜੇ ਸਿੰਘ ਦੀ ਦੇਖ ਰੇਖ ਵਿੱਚ ਹੋਈ।ਇਸ ਮੌਕੇ ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਦੀ ਅਗਵਾਈ ਵਿੱਚ ਕੌਂਸਲਰਾਂ ਵੱਲੋਂ ਸਹਿਮਤੀ ਨਾਲ ਕੌਂਸਲਰ ਨੀਰੂ ਸ਼ਰਮਾ ਨੂੰ ਕਾਰਜਕਾਰੀ ਪ੍ਰਧਾਨ ਤੇ ਕੌਂਸਲਰ ਜਸਦੀਪ ਸਿੰਘ ਖੰਨਾ ਨੂੰ ਮੀਤ ਪ੍ਰਧਾਨ ਚੁਣ ਲਿਆ ਗਿਆ।ਇਸ ਮੌਕੇ ਨਵ-ਨਿਯੁਕਤ ਕਾਰਜਕਾਰੀ ਪ੍ਰਧਾਨ ਨੀਰੂ ਸ਼ਰਮਾ ਤੇ ਮੀਤ ਪ੍ਰਧਾਨ ਜਸਦੀਪ ਸਿੰਘ ਖੰਨਾ ਨੇ ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਮਿਲੀ ਜ਼ਿੰਮੇਵਾਰੀ ਨੂੰ ਇਮਾਨਦਾਰੀ, ਤਨਦੇਹੀ ਤੇ ਲਗਨ ਨਾਲ ਨਿਭਾਵਾਂਗੇ।ਉਨ੍ਹਾਂ ਕਿਹਾ ਕਿ ਬਿਨਾਂ ਭੇਦ-ਭਾਵ ਤੋਂ ਹਰੇਕ ਵਾਰਡ ਵਾਸੀਆਂ ਦਾ ਕੰਮ ਪਹਿਲ ਦੇ ਅਧਾਰ 'ਤੇ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਮੁੱਖ ਟੀਚਾ ਸ਼ਹਿਰ ਨੂੰ ਸੁੰਦਰ ਬਣਾਉਣਾ ਹੈ।ਇਸ ਮੌਕੇ ਵਿਧਾਇਕ ਦੇਵ ਮਾਨ ਨੇ ਨਵ-ਨਿਯੁਕਤ ਪ੍ਰਧਾਨਾਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਸ਼ਹਿਰ ਵਿੱਚ ਕੀਤੇ ਜਾ ਰਹੇ ਵਿਕਾਸ ਦੇ ਕੰਮਾਂ ਬਾਰੇ ਕਿਹਾ ਕਿ ਸ਼ਹਿਰ ਵਿੱਚ ਸੀਵਰੇਜ ਦੀ ਸਮੱਸਿਆ ਉੱਪਰ ਵੀ ਕੰਮ ਕੀਤਾ ਜਾ ਰਿਹਾ ਹੈ।ਇਸ ਤੋਂ ਇਲਾਵਾ ਪਾਰਕਾਂ ਵਿੱਚ ਜਿਮ ਵੀ ਸਥਾਪਤ ਕੀਤੇ ਜਾ ਰਹੇ ਹਨ।ਇਸ ਮੌਕੇ ਵਿਧਾਇਕ ਦੇਵ ਮਾਨ ਨੇ ਨਵ-ਨਿਯੁਕਤ ਪ੍ਰਧਾਨਾਂ ਨੂੰ ਸਿਰੋਪਾ ਪਾ ਕੇ ਸਨਮਾਨਤ ਕੀਤਾ ਤੇ ਮੂੰਹ ਮਿੱਠਾ ਕਰਵਾਇਆ।

# ਬਾਬਾ ਬੁੱਲ੍ਹੇ ਸ਼ਾਹ ਦੀ ਸੋਚ 'ਤੇ ਹੱਲੇ ਨੂੰ ਲੋਕ ਤਾਕਤ ਹੀ ਠੱਲ੍ਹ ਪਾ ਸਕਦੀ : ਡਾ. ਸਵਰਾਜਬੀਰ



**ਜਲੰਧਰ (ਗਿਆਨ ਸੈਦਪੁਰੀ)**
ਪੰਜਾਬੀ ਦੇ ਵਿਦਵਾਨ ਸੂਫ਼ੀ ਕਵੀ ਬਾਬਾ ਬੁੱਲ੍ਹੇ ਸ਼ਾਹ ਦੀ ਮਸੂਰੀ (ਉਤਰਾਖੰਡ) 'ਚ ਬਣੀ ਮਜ਼ਾਰ ਫ਼ਿਰਕੂ ਤੱਤਾਂ ਵੱਲੋਂ ਤੋੜੇ ਜਾਣ ਖ਼ਿਲਾਫ਼ ਆਵਾਜ਼ ਬੁਲੰਦ ਕਰਦੇ ਹੋਏ ਸ਼ੁੱਕਰਵਾਰ ਦੇਸ਼ ਭਗਤ ਯਾਦਗਾਰ ਕਮੇਟੀ ਦੇ ਸੱਦੇ 'ਤੇ ਸਥਾਨਕ ਦੇਸ਼ ਭਗਤ ਯਾਦਗਾਰ ਹਾਲ ਵਿਖੇ ਤੁਰੰਤ ਪ੍ਰਤੀਕਿਰਿਆ ਵਜੋਂ ਕਨਵੈਨਸ਼ਨ ਕੀਤੀ ਗਈ। ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਕੁਲਵੰਤ ਸਿੰਘ ਸੰਧੂ, ਜਨਰਲ ਸਕੱਤਰ ਗੁਰਮੀਤ ਸਿੰਘ, ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ, ਕਮੇਟੀ ਮੈਂਬਰ ਅਜਮੇਰ ਸਿੰਘ ਅਤੇ ਮੰਗਤ ਰਾਮ ਪਾਸਲਾ ਦੀ ਪ੍ਰਧਾਨਗੀ 'ਚ ਹੋਈ ਕਨਵੈਨਸ਼ਨ ਦਾ ਆਗਾਜ਼ ਗਾਇਕ ਕਲਾਕਾਰ ਧਰਮਿੰਦਰ ਮਸਾਣੀ, ਮਾਨਵਤਾ ਕਲਾ ਮੰਚ ਦੇ ਕਲਾਕਾਰ ਨਰਗਿਸ ਅਤੇ ਕੁਲਵੰਤ ਕੌਰ ਨਗਰ ਦੁਆਰਾ ਕ੍ਰਮਵਾਰ ਬਾਬਾ ਬੁੱਲ੍ਹੇ ਸ਼ਾਹ, ਤ੍ਰੈਲੋਚਨ ਲੋਚੀ ਅਤੇ ਕੁਲਵੰਤ ਕੌਰ ਦੀ ਕਲਮ ਤੋਂ ਲਿਖੇ ਬੋਲਾਂ ਨਾਲ ਹੋਇਆ। ਕਮੇਟੀ ਦੇ ਜਨਰਲ ਸਕੱਤਰ ਗੁਰਮੀਤ ਸਿੰਘ ਨੇ ਕਨਵੈਨਸ਼ਨ ਦੇ ਆਰੰਭਕ ਸ਼ਬਦ ਸਾਂਝੇ ਕਰਦਿਆਂ ਕਿਹਾ ਕਿ ਦੇਸ਼ ਭਗਤ ਯਾਦਗਾਰ ਕਮੇਟੀ ਬਾਬਾ ਬੁੱਲ੍ਹੇ ਸ਼ਾਹ ਦੀ ਮਜ਼ਾਰ 'ਤੇ ਹੋਏ ਹਮਲੇ ਪਿੱਛੇ ਛੁਪੇ ਮੰਤਵਾਂ ਨੂੰ ਸਮਝਦੀ ਹੈ, ਇਸ ਕਰਕੇ ਹੀ ਅਸੀਂ ਤੁਰੰਤ ਪੈਰ ਇਹ ਕਨਵੈਨਸ਼ਨ ਕੀਤੀ ਹੈ, ਇਸ ਨੂੰ ਭਰਵਾਂ ਹੁੰਗਾਰਾ ਦੇਣ ਲਈ ਤੁਹਾਡੇ ਤਹਿ ਦਿਲੋਂ ਧੰਨਵਾਦੀ ਹਾਂ।

ਇਸ ਮੌਕੇ ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਡਾ. ਸਵਰਾਜਬੀਰ ਨੂੰ ਬਾਬਾ ਬੁੱਲ੍ਹੇ ਸ਼ਾਹ ਦੀ ਤਸਵੀਰ ਲੱਗਾ ਸਨਮਾਨ ਚਿੰਨ੍ਹ ਭੇਟ ਕੀਤਾ ਗਿਆ। ਕਨਵੈਨਸ਼ਨ 'ਚ ਮੁੱਖ ਵਕਤਾ ਡਾ. ਸਵਰਾਜਬੀਰ ਨੇ ਕਿਹਾ ਕਿ ਬਾਬਾ ਬੁੱਲ੍ਹੇ ਸ਼ਾਹ ਨੂੰ ਹਮਲੇ ਦਾ ਨਿਸ਼ਾਨਾ ਬਣਾਉਣਾ ਅਸਲ 'ਚ ਧਰਮ ਨਿਰਪੱਖਤਾ, ਮਾਨਵਤਾਵਾਦੀ, ਸਹਿਣਸ਼ੀਲਤਾ ਭਰੀ ਸੋਚ ਉਪਰ ਹੱਲਾ ਹੈ। ਉਹਨਾ ਕਿਹਾ ਕਿ ਬਾਬਾ ਬੁੱਲ੍ਹੇ ਨੇ ਹਰ ਧਰਮ ਦੇ ਫ਼ਿਰਕੂ ਧਾਰਮਿਕ ਕੱਟੜਪੰਥੀ ਤੱਤਾਂ ਉੱਪਰ ਚੋਟ ਕੀਤੀ ਸੀ। ਅੱਜ ਜਿਹੜੀਆਂ ਤਾਕਤਾਂ ਸਮਾਜ ਅੰਦਰ ਫੁੱਟ, ਵੰਡੀਆਂ ਪਾਉਣ, ਨਫ਼ਰਤ ਦੇ ਬੀਜਾਂ ਦਾ ਛੱਟਾ ਦੇ ਕੇ ਆਪਣੇ ਫ਼ਿਰਕੂ ਅਜੰਡੇ ਨੂੰ ਲਾਗੂ ਕਰਕੇ ਆਪਣੇ ਸੋੜੇ ਰਾਜਨੀਤਕ ਮੰਤਵਾਂ ਦੀ ਪੂਰਤੀ ਕਰਨਾ ਚਾਹੁੰਦੀਆਂ ਨੇ, ਉਹਨਾਂ ਦੇ ਚਿਹਰੇ ਮਨਸੂਬੇ ਚਕਨਾਚੂਰ ਕਰਨ ਲਈ ਸਮੂਹ ਧਰਮ-ਨਿਰਪੱਖ, ਲੋਕ-ਪੱਖੀ, ਮਿਹਨਤਕਸ਼ ਲੋਕਾਂ ਦੀਆਂ ਸੰਸਥਾਵਾਂ ਨੂੰ ਨਿਰੰਤਰ ਸੰਗਰਾਮ ਕਰਨ ਲਈ ਅੱਗੇ ਆਉਣ ਦੀ ਲੋੜ ਹੈ। ਚਿੰਤਨ, ਚੇਤਨਾ, ਏਕਤਾ ਸਾਂਝ ਅਤੇ ਸੰਘਰਸ਼ ਅੱਜ ਦੇ ਸਮੇਂ ਦੀ ਮੁੱਖ ਲੋੜ ਹੈ।

ਦੇਸ਼ ਭਗਤ ਯਾਦਗਾਰ ਕਮੇਟੀ ਦੇ ਮੈਂਬਰ ਮੰਗਤ ਰਾਮ ਪਾਸਲਾ ਨੇ ਕਿਹਾ ਕਿ ਸਭਨਾਂ ਨੂੰ ਆਪਸੀ ਮਤਭੇਦ ਲਾਂਭੇ ਰੱਖਦਿਆਂ ਮੁਲਕ 'ਤੇ ਚੜ੍ਹੀ ਆ ਰਹੀ ਫ਼ਿਰਕੂ ਫਾਸ਼ੀ ਹੱਲੇ ਦੀ ਹਨੇਰੀ, ਜਿਸ ਦੇ ਜ਼ੋਰ 'ਤੇ ਭਾਜਪਾ ਹਕੂਮਤ ਆਪਣੇ ਰਾਜ ਤਖ਼ਤ ਨੂੰ ਬਹੁਤ ਸ਼ਾਤਰਾਨਾ ਅੰਦਾਜ਼ 'ਚ ਪੱਕਿਆਂ ਕਰਨ ਜਾ ਰਹੀ ਹੈ, ਇਸ ਨੂੰ ਹਾਰ ਦੇਣ ਲਈ ਇਸ ਖ਼ਿਲਾਫ਼ ਇੱਕਜੁੱਟ ਵਿਸ਼ਾਲ ਜਨਤਕ ਲਹਿਰ ਖੜ੍ਹੀ ਕਰਨ ਦੀ ਲੋੜ ਹੈ।

ਕਮੇਟੀ ਦੇ ਪ੍ਰਧਾਨ ਕੁਲਵੰਤ ਸਿੰਘ ਸੰਧੂ ਨੇ ਸਮਾਗਮ ਦਾ ਤੱਤ ਨਿਚੋੜ ਸਾਂਝਾ ਕਰਦਿਆਂ ਕਿਹਾ ਕਿ ਲੋਕ ਸ਼ਕਤੀ ਹੀ ਹਰ ਤਰ੍ਹਾਂ ਦੀਆਂ ਲੋਕ ਵਿਰੋਧੀ ਤਾਕਤਾਂ ਦੀਆਂ ਲੋਕ-ਮਾਰੂ ਨੀਤੀਆਂ ਨੂੰ ਅੱਗੇ ਹੋ ਕੇ ਠੱਲ੍ਹਣ ਦੀ ਸਮਰੱਥਾ ਰੱਖਦੀ ਹੈ। ਉਹਨਾ ਕਿਹਾ ਕਿ ਦਿੱਲੀ ਕਿਸਾਨ ਮੋਰਚਾ ਵਰਗੀਆਂ ਸਰਗਰਮੀਆਂ ਗਵਾਹ ਹਨ। ਇਸ ਲਈ ਜੋ ਤਾਕਤਾਂ ਵੱਖ-ਵੱਖ ਹੱਥਕੰਡੇ ਵਰਤ ਕੇ ਸਮਾਜ ਅੰਦਰ ਬਾਬਾ ਬੁੱਲ੍ਹੇ ਸ਼ਾਹ ਦੀ ਸੋਚ 'ਤੇ ਹੱਲੇ ਬੋਲ ਰਹੀਆਂ ਹਨ, ਉਹਨਾਂ ਦੇ ਮਨਸੂਬਿਆਂ ਨੂੰ ਭਾਂਜ ਦੇਣ ਲਈ ਧੁਰ ਹੇਠਾਂ ਤੱਕ ਜਨਤਕ ਲਹਿਰ ਉਸਾਰਨ ਦੀ ਲੋੜ ਹੈ। ਮੰਚ ਤੋਂ ਰੱਖੇ ਮਤਿਆਂ 'ਚ ਮੰਗ ਕੀਤੀ ਗਈ ਕਿ ਬਾਬਾ ਬੁੱਲ੍ਹੇ ਸ਼ਾਹ ਦੀ ਮਜ਼ਾਰ ਤੋੜਨ ਅਤੇ ਕਸ਼ਮੀਰੀ ਨੌਜਵਾਨ ਤਾਬਿਸ ਅਹਿਮਦ ਦੀ ਦੇਹਰਾਦੂਨ ਵਿਖੇ ਸਿਰ ਵਿੱਚ ਰਾਡਾਂ ਮਾਰ ਕੇ ਵਹਿਸ਼ਿਆਨਾ ਕੁੱਟਮਾਰ ਕਰਨ ਦੀਆਂ ਜ਼ਿੰਮੇਵਾਰੀਆਂ ਓਟਣ ਵਾਲੇ ਤੱਤਾਂ ਖ਼ਿਲਾਫ਼ ਕਾਰਵਾਈ ਕੀਤੀ ਜਾਵੇ। ਮੁਲਕ 'ਚ ਸਭਨੀ ਥਾਈਂ ਹੋ ਰਹੀਆਂ ਫ਼ਿਰਕੂ ਨਫ਼ਰਤ ਨਾਲ ਭਰੀਆਂ ਕਾਰਵਾਈਆਂ ਬੰਦ ਕੀਤੀਆਂ ਜਾਣ। ਆਦਿਵਾਸੀ ਖੇਤਰਾਂ 'ਚ ਝੂਠੇ ਪੁਲਸ ਮੁਕਾਬਲਿਆਂ ਦੇ ਬੋਲੇ ਹੱਲੇ ਬੰਦ ਕੀਤੇ ਜਾਣ। ਬਿਨਾਂ ਮੁਕੱਦਮਾ ਚਲਾਏ ਅਤੇ ਸਜ਼ਾਵਾਂ ਪੂਰੀਆਂ ਕਰ ਚੁੱਕੇ ਕੈਦੀਆਂ ਨੂੰ ਬਿਨਾਂ ਸ਼ਰਤ ਰਿਹਾਅ ਕੀਤਾ ਜਾਏ। ਲੋਕਾਂ ਖ਼ਿਲਾਫ਼ ਛੇੜੀ ਬਹੁ-ਕੌਮੀ ਕਾਰਪੋਰੇਟ ਧਾਵੇ ਦੀ ਜੰਗ ਬੰਦ ਕੀਤੀ ਜਾਵੇ। ਇਹਨਾਂ ਮਤਿਆਂ ਨੂੰ ਕਨਵੈਨਸ਼ਨ 'ਚ ਹਾਜ਼ਰ ਲੋਕਾਂ ਨੇ ਦੋਵੇਂ ਹੱਥ ਖੜ੍ਹੇ ਕਰਕੇ ਪ੍ਰਵਾਨਗੀ ਦਿੱਤੀ। ਕਨਵੈਨਸ਼ਨ 'ਚ ਜਮਹੂਰੀ ਅਧਿਕਾਰ ਸਭਾ, ਤਰਕਸ਼ੀਲ ਸੁਸਾਇਟੀ ਪੰਜਾਬ, ਦਿਹਾਤੀ ਮਜ਼ਦੂਰ ਸਭਾ, ਪੰਜਾਬ ਖੇਤ ਮਜ਼ਦੂਰ ਯੂਨੀਅਨ, ਪੇਂਡੂ ਮਜ਼ਦੂਰ ਯੂਨੀਅਨ, ਪਲਸ ਮੰਚ, ਪੰਜਾਬ ਸਟੂਡੈਂਟਸ ਯੂਨੀਅਨ, ਨੌਜਵਾਨ ਭਾਰਤ ਸਭਾ, ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ), ਇਸਤਰੀ ਜਾਗਰਿਤੀ ਮੰਚ, ਡੈਮੋਕਰੇਟਿਕ ਲਾਇਰਜ਼ ਐਸੋਸੀਏਸ਼ਨ, ਓਪਰੇਸ਼ਨ ਗ੍ਰੀਨ ਹੰਟ ਵਿਰੋਧੀ ਜਮਹੂਰੀ ਫਰੰਟ, ਤਰਕਸ਼ੀਲ ਸੁਸਾਇਟੀ ਕੈਨੇਡਾ ਦੇ ਆਗੂ, ਸੰਪਾਦਕ ਸੁਰਖ਼ ਲੀਹ, ਇਨਕਲਾਬੀ ਸਾਡਾ ਰਾਹ ਦੇ ਸੰਚਾਲਕ ਕੁਲਵਿੰਦਰ ਵੜੈਚ, ਨਾਵਲਕਾਰ ਬਲਬੀਰ ਪਰਵਾਨਾ, ਭੈਣੀ ਸਾਹਿਬ ਮੈਗਜ਼ੀਨ ਸਤਿਯੁਗ ਦੇ ਸੰਪਾਦਕ ਗੁਰਲਾਲ ਸਿੰਘ ਅਤੇ ਰੰਗਕਰਮੀ ਡਾ. ਸਾਹਿਬ ਸਿੰਘ ਸਮੇਤ ਬਹੁਤ ਸਾਰੀਆਂ ਸਾਹਿਤਕ, ਜਮਹੂਰੀ ਅਤੇ ਲੋਕ-ਪੱਖੀ ਸ਼ਖ਼ਸੀਅਤਾਂ ਅਤੇ ਜਨਤਕ-ਜਮਹੂਰੀ ਕਾਰਕੁਨ ਹਾਜ਼ਰ ਸਨ। ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਕਮੇਟੀ ਤਰਫ਼ੋਂ ਬੱਬਰ ਅਕਾਲੀ ਸ਼ਹਾਦਤ ਸ਼ਤਾਬਦੀ ਮੁਹਿੰਮ ਸ਼ੁਰੂ ਕਰਨ ਲਈ 27 ਫਰਵਰੀ ਨੂੰ ਦੇਸ਼ ਭਗਤ ਯਾਦਗਾਰ ਹਾਲ ਅੰਦਰ ਹੋ ਰਹੇ ਸਮਾਗਮ ਵਿੱਚ ਸਭ ਨੂੰ ਹੁੰਮ-ਹੁਮਾ ਕੇ ਪੁੱਜਣ ਦੀ ਅਪੀਲ ਕੀਤੀ।

# ਬਲਤੇਜ ਪੰਨੂ ਨੇ ਬਾਠ ਪਰਵਾਰ ਦੇ ਵਿਆਹ 'ਚ ਸੁਖਬੀਰ ਤੇ ਧਾਮੀ ਦੀ ਮੌਜੂਦਗੀ 'ਤੇ ਚੁੱਕੇ ਸਵਾਲ




**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**-ਆਮ ਆਦਮੀ ਪਾਰਟੀ ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਕਿਹਾ ਹੈ ਕਿ ਮਾਨ ਸਰਕਾਰ ਨੇ 'ਗੈਂਗਸਟਰਾਂ 'ਤੇ ਵਾਰ' ਮੁਹਿੰਮ ਤਹਿਤ ਗੈਂਗਸਟਰਾਂ ਵਿਰੁੱਧ ਬਿਨਾਂ ਕਿਸੇ ਸਮਝੌਤੇ ਦੇ ਨਿਰੰਤਰ ਕਾਰਵਾਈ ਸ਼ੁਰੂ ਕੀਤੀ ਹੋਈ ਹੈ ਅਤੇ ਇਸ ਦੇ ਸਪੱਸ਼ਟ ਨਤੀਜੇ ਜ਼ਮੀਨੀ ਪੱਧਰ 'ਤੇ ਦਿਖਾਈ ਦੇ ਰਹੇ ਹਨ।ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪੰਨੂ ਨੇ ਕਿਹਾ ਕਿ ਸੂਬੇ ਭਰ ਵਿੱਚ ਮਾਰੇ ਗਏ ਛਾਪਿਆਂ ਦੌਰਾਨ ਹੁਣ ਤੱਕ 3,520 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ, 1,599 ਨੂੰ ਅਹਿਤਿਆਤ ਵਜੋਂ ਨਜ਼ਰਬੰਦ ਕੀਤਾ ਗਿਆ ਹੈ ਅਤੇ 104 ਨਾਜਾਇਜ਼ ਹਥਿਆਰ ਬਰਾਮਦ ਕੀਤੇ ਗਏ ਹਨ।ਪੰਨੂ ਨੇ ਕਿਹਾ ਕਿ ਜਿੱਥੇ ਪੰਜਾਬ ਸਰਕਾਰ ਸੰਗਠਿਤ ਅਪਰਾਧਾਂ ਵਿਰੁੱਧ ਸਖ਼ਤੀ ਨਾਲ ਕੰਮ ਕਰ ਰਹੀ ਹੈ, ਉੱਥੇ ਅਕਾਲੀ ਦਲ ਬਾਦਲ ਦੇ ਆਗੂ ਗੈਂਗਸਟਰ ਪਰਿਵਾਰਾਂ ਨਾਲ ਖੁੱਲ੍ਹੇਆਮ ਮਿਲ ਕੇ ਇਸ ਤੋਂ ਉਲਟ ਕੰਮ ਕਰ ਰਹੇ ਹਨ।ਪੰਨੂ ਨੇ ਕਿਹਾ ਕਿ ਇਹ ਹੈਰਾਨੀਜਨਕ ਹੈ ਕਿ ਸੁਖਬੀਰ ਸਿੰਘ ਬਾਦਲ, ਜਿਨ੍ਹਾਂ ਨੇ ਹਾਲ ਹੀ ਵਿੱਚ ਪੰਜਾਬ ਪੁਲਸ ਦੇ ਅਧਿਕਾਰੀਆਂ ਨੂੰ ਧਮਕੀਆਂ ਦਿੱਤੀਆਂ ਸਨ, ਹੁਣ ਗੈਂਗਸਟਰਾਂ ਵਿਰੁੱਧ ਕਾਰਵਾਈ ਕਰਨ ਦਾ ਦਾਅਵਾ ਕਰ ਰਹੇ ਹਨ।ਪੰਨੂ ਨੇ ਕਿਹਾ ਕਿ ਹੁਣ ਸੱਚਾਈ ਇੱਕ ਗੈਂਗਸਟਰ ਦੇ ਪਰਿਵਾਰਕ ਮੈਂਬਰ ਦੇ ਹਾਲ ਹੀ ਵਿੱਚ ਹੋਏ ਵਿਆਹ ਦੀਆਂ ਤਸਵੀਰਾਂ ਰਾਹੀਂ ਸਾਹਮਣੇ ਆ ਗਈ ਹੈ, ਜੋ ਕਿ ਖੁਦ ਸ਼ਾਮਲ ਹੋਣ ਵਾਲਿਆਂ ਨੇ ਸੋਸ਼ਲ ਮੀਡੀਆ 'ਤੇ ਸਾਂਝੀਆਂ ਕੀਤੀਆਂ ਹਨ।ਅੰਮ੍ਰਿਤਸਰ ਵਿੱਚ ਅੰਮ੍ਰਿਤਪਾਲ ਸਿੰਘ ਬਾਠ ਦੀ ਭੈਣ ਦੇ ਵਿਆਹ ਸਮਾਗਮ ਵਿੱਚ ਸੁਖਬੀਰ ਸਿੰਘ ਬਾਦਲ, ਵਿਰਸਾ ਸਿੰਘ ਵਲਟੋਹਾ, ਗਨੀਵ ਕੌਰ ਮਜੀਠੀਆ, ਰਵਿੰਦਰ ਸਿੰਘ ਬ੍ਰਹਮਪੁਰਾ ਅਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਦੀ ਸ਼ਮੂਲੀਅਤ ਵਾਲੀਆਂ ਤਸਵੀਰਾਂ ਦਿਖਾਈਆਂ।ਉਨ੍ਹਾਂ ਕਿਹਾ ਕਿ ਇਹ ਤਸਵੀਰਾਂ ਅਕਾਲੀ ਦਲ ਬਾਦਲ ਦੀਆਂ ਨੀਅਤਾਂ ਅਤੇ ਤਰਜੀਹਾਂ 'ਤੇ ਗੰਭੀਰ ਸਵਾਲ ਖੜ੍ਹੇ ਕਰਦੀਆਂ ਹਨ।ਸ਼੍ਰੋਮਣੀ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਦੀ ਭੂਮਿਕਾ 'ਤੇ ਸਵਾਲ ਚੁੱਕਦਿਆਂ ਪੰਨੂ ਨੇ ਪੁੱਛਿਆ ਕਿ ਕੀ ਉਹ ਇੱਕ ਧਾਰਮਿਕ ਸੰਸਥਾ ਦੇ ਮੁਖੀ ਵਜੋਂ ਸਮਾਗਮ ਵਿੱਚ ਗਏ ਸਨ ਜਾਂ ਬਾਦਲ ਪਰਿਵਾਰ ਦੇ ਵਫ਼ਾਦਾਰ ਵਜੋਂ? ਪੰਨੂ ਨੇ ਕਿਹਾ ਕਿ ਜੇਕਰ ਉਹ ਬਾਦਲ ਸਮਰਥਕ ਵਜੋਂ ਗਏ ਸਨ, ਤਾਂ ਲੋਕ ਸਮਝ ਜਾਣਗੇ। ਪਰ ਜੇਕਰ ਉਹ ਸ਼੍ਰੋਮਣੀ ਕਮੇਟੀ ਪ੍ਰਧਾਨ ਵਜੋਂ ਗਏ ਸਨ, ਤਾਂ ਇਹ ਬਹੁਤ ਹੀ ਇਤਰਾਜ਼ਯੋਗ ਹੈ। ਉਨ੍ਹਾਂ ਅੱਗੇ ਕਿਹਾ ਕਿ ਧਾਰਮਿਕ ਸੰਸਥਾਵਾਂ ਨੂੰ ਅਪਰਾਧ ਅਤੇ ਫਿਰੌਤੀ ਨਾਲ ਜੁੜੇ ਵਿਅਕਤੀਆਂ ਤੋਂ ਨੈਤਿਕ ਦੂਰੀ ਬਣਾ ਕੇ ਰੱਖਣੀ ਚਾਹੀਦੀ ਹੈ।

# 48 ਘੰਟੇ 'ਚ ਅਦਾਇਗੀ ਸਮੇਤ ਐਮ ਐਸ ਪੀ 'ਤੇ ਸਾਰੀਆਂ ਫਸਲਾਂ ਦੀ ਕਰ ਰਹੇ ਹਾਂ ਖਰੀਦ : ਸੈਣੀ



**ਚੰਡੀਗੜ੍ਹ (ਕ੍ਰਿਸ਼ਨ ਗਰਗ)**
ਹਰਿਆਣਾ ਦੇ ਮੁੱਖ ਮੰਤਰੀ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਹੈ ਕਿ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦੀ ਅਗਵਾਈ ਅਤੇ ਮਾਰਗਦਰਸ਼ਨ ਹੇਠ ਬਿਨਾਂ ਰੁਕੇ ਹਰਿਆਣਾ ਸਰਕਾਰ 2047 ਤੱਕ ਵਿਕਸਿਤ ਭਾਰਤ-ਵਿਕਸਿਤ ਹਰਿਆਣਾ ਦੇ ਵਿਜਨ ਨੂੰ ਸਾਕਾਰ ਕਰਨ ਲਈ ਪੂਰੀ ਲਗਨ ਨਾਲ ਕੰਮ ਕਰ ਰਹੀ ਹੈ।ਮੁੱਖ ਮੰਤਰੀ ਸ਼ੁੱਕਰਵਾਰ ਨੂੰ ਚੰਡੀਗੜ੍ਹ ਵਿੱਚ ਆਯੋਜਿਤ ਇੱਕ ਪ੍ਰੋਗਰਾਮ ਵਿੱਚ ਬੋਲ ਰਹੇ ਸਨ। ਪਿਛਲੀ ਵਿਧਾਨ ਸਭਾ ਚੋਣਾਂ ਦਾ ਜਿਕਰ ਕਰਦੇ ਹੋਏ, ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਬੀ ਜੇ ਪੀ ਨੇ ਆਪਣੇ ਸੰਕਲਪ ਪੱਤਰ ਵਿੱਚ ਹਰਿਆਣਾ ਦੇ ਲੋਕਾਂ ਨਾਲ 217 ਵਾਅਦੇ ਕੀਤੇ ਸਨ।ਇੰਨ੍ਹਾਂ ਵਿੱਚੋਂ 54 ਵਾਅਦੇ ਪਹਿਲਾਂ ਹੀ ਪੂਰੇ ਹੋ ਚੁੱਕੇ ਹਨ, ਜਦੋਂ ਕਿ ਬਾਕੀ ਵਾਅਦਿਆਂ 'ਤੇ ਤੇਜੀ ਨਾਲ ਕੰਮ ਚੱਲ ਰਿਹਾ ਹੈ। ਇਸ ਦੇ ਉਲਟ, ਗੁਆਂਢੀ ਸੂਬਾ ਪੰਜਾਬ ਅਤੇ ਹਿਮਾਚਲ ਪ੍ਰਦੇਸ਼ ਵਿੱਚ, ਆਮ ਆਦਮੀ ਪਾਰਟੀ ਅਤੇ ਕਾਂਗਰਸ ਵੱਲੋਂ ਆਪਣੇ ਚੋਣਾਵੀ ਐਲਾਨਾਂ ਵਿੱਚ ਕੀਤੇ ਗਏ ਵਾਅਦੇ ਜਿਆਦਾਤਰ ਕਾਗਜ਼ਾਂ 'ਤੇ ਹੀ ਰਹਿ ਗਏ ਹਨ।ਹਰਿਆਣਾ ਸਰਕਾਰ ਦੀਆਂ ਉਪਲਬਧੀਆਂ ਦਾ ਜਿਕਰ ਕਰਦੇ ਹੋਏ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਰਿਆਣਾ ਦੇਸ਼ ਦਾ ਇੱਕਲੌਤਾ ਸੂਬਾ ਹੈ ਜਿੱਥੇ ਸਾਰੀਆਂ ਫਸਲਾਂ ਦੀ ਖਰੀਦ ਘੱਟੋ ਘੱਟ ਸਹਾਇਕ ਮੁੱਲ (ਐਮ ਐਸ ਪੀ) 'ਤੇ ਕੀਤੀ ਜਾਂਦੀ ਹੈ ਅਤੇ ਭੁਗਤਾਨ 48 ਘੰਟੇ ਦੇ ਅੰਦਰ ਸਿੱਧੇ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਜਮਾਂ ਕੀਤਾ ਜਾਂਦਾ ਹੈ। ਉਨ੍ਹਾਂ ਨੇ ਕਿਹਾ ਕਿ ਇਸ ਨਾਲ ਸਰਕਾਰ 'ਤੇ ਕਿਸਾਨਾਂ ਦਾ ਭਰੋਸਾ ਵਧਿਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਨੇ 1.80 ਲੱਖ ਰੁਪਏ ਤੋਂ ਘੱਟ ਸਾਲਾਨਾ ਆਮਦਨ ਵਾਲੇ ਪਰਿਵਾਰਾਂ ਨੂੰ 500 ਰੁਪਏ ਵਿੱਚ ਐਲ ਪੀ ਜੀ ਸਿਲੰਡਰ ਦੇਣ ਦਾ ਵਾਅਦਾ ਵੀ ਪੂਰਾ ਕੀਤਾ ਹੈ, ਜਿਸ ਨਾਲ ਪੂਰੇ ਸੂਬੇ ਵਿੱਚ ਲਗਭਗ 15 ਲੱਖ ਮਹਿਲਾਵਾਂ ਨੂੰ ਲਾਭ ਹੋਇਆ ਹੈ।

## ਸਫਾ 1 ਦੇ ਬਾਕੀ...

### ਭਗਵੰਤ ਮਾਨ ਨੇ ਮਿਸ਼ਨ...

'ਮਘਦਾ ਰਹੀਂ ਵੇ ਸੂਰਜਾ ਕੰਮੀਆਂ ਦੇ ਵਿਹੜੇ' ਵੀ ਸਾਂਝੀ ਕੀਤੀ। ਉਨ੍ਹਾਂ ਕਿਹਾ, ਇਹ ਕਵਿਤਾ ਮੇਰੇ ਦਿਲ ਦੇ ਬਹੁਤ ਨੇੜੇ ਹੈ ਅਤੇ ਲੋਕਾਂ ਨੂੰ ਸਦਾ ਸਖ਼ਤ ਮਿਹਨਤ ਕਰਨ ਵਿੱਚ ਵਿਸ਼ਵਾਸ ਕਰਨ ਲਈ ਪ੍ਰੇਰਿਤ ਕਰਦੀ ਹੈ। ਇਹ ਯੋਜਨਾ 2.50 ਲੱਖ ਤੋਂ ਘੱਟ ਸਾਲਾਨਾ ਆਮਦਨ ਵਾਲੇ ਪਰਵਾਰਾਂ ਲਈ ਹੈ ਅਤੇ ਇਸ ਨੂੰ ਪੰਜਾਬ ਭਰ ਵਿੱਚ ਪੂਰੀ ਪਾਰਦਰਸ਼ਤਾ ਨਾਲ ਲਾਗੂ ਕੀਤਾ ਜਾ ਰਿਹਾ ਹੈ।ਇਸ ਮੌਕੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਅਤੇ ਮਹਿੰਦਰ ਭਗਤ, ਲੋਕ ਸਭਾ ਮੈਂਬਰ ਰਾਜ ਕੁਮਾਰ ਚੱਬੇਵਾਲ, ਰਾਜ ਸਭਾ ਮੈਂਬਰ ਸੰਤ ਬਾਬਾ ਬਲਬੀਰ ਸਿੰਘ ਸੀਚੇਵਾਲ, ਵਿਧਾਇਕ ਬਲਕਾਰ ਸਿੰਘ, ਪੰਜਾਬ ਰਾਜ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਦੇ ਚੇਅਰਮੈਨ ਪਵਨ ਟੀਨੂੰ, ਪੰਜਾਬ ਰਾਜ ਸਫ਼ਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ ਚੰਦਨ ਗਰੇਵਾਲ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ।

### ਸੁਪਰੀਮ ਕੋਰਟ ਟਰੇਡ...

ਨਾਲ ਮਜ਼ਦੂਰਾਂ ਦੇ ਅਧਿਕਾਰਾਂ ਨੂੰ ਕਮਜ਼ੋਰ ਕਰ ਰਹੀਆਂ ਹਨ ਅਤੇ ਦੌਲਤ ਨੂੰ ਕੁਝ ਹੱਥਾਂ ਵਿੱਚ ਕੇਂਦਰਤ ਕਰ ਰਹੀਆਂ ਹਨ।ਭਾਰਤੀ ਸੰਵਿਧਾਨ ਨਿਆਂਪਾਲਿਕਾ ਨੂੰ ਸੰਵਿਧਾਨ ਦਾ ਰੱਖਿਆਕਰਤਾ ਮੰਨਦਾ ਹੈ, ਜਿਸ 'ਤੇ ਸਮਾਜ ਦੇ ਸਭ ਤੋਂ ਕਮਜ਼ੋਰ ਵਰਗਾਂ ਦੇ ਅਧਿਕਾਰਾਂ ਦੀ ਰੱਖਿਆ ਕਰਨ ਦੀ ਖ਼ਾਸ ਜ਼ਿੰਮੇਵਾਰੀ ਹੈ। ਟਰੇਡ ਯੂਨੀਅਨ ਅਧਿਕਾਰਾਂ ਦੀ ਬੇਤੁਕੀ ਆਲੋਚਨਾ ਜਾਂ ਗੈਰ-ਸੰਗਠਿਤ ਮਜ਼ਦੂਰਾਂ ਦੇ ਬਾਈਕਾਟ ਨੂੰ ਸਾਧਾਰਨ ਬਣਾਉਣ ਵਾਲੀਆਂ ਟਿੱਪਣੀਆਂ ਸੰਵਿਧਾਨਕ ਲੋਕਤੰਤਰ ਨੂੰ ਕਮਜ਼ੋਰ ਕਰਦੀਆਂ ਹਨ।ਏਟਕ ਨੇ ਮੰਗ ਕੀਤੀ ਕਿ ਸੁਪਰੀਮ ਕੋਰਟ ਉਦਯੋਗਿਕ ਠਹਿਰਾਅ ਲਈ ਟਰੇਡ ਯੂਨੀਅਨਵਾਦ ਨੂੰ ਜ਼ਿੰਮੇਵਾਰ ਠਹਿਰਾਉਣ ਵਾਲੀਆਂ ਟਿੱਪਣੀਆਂ ਵਾਪਸ ਲਵੇ ਅਤੇ ਘਰੇਲੂ ਮਜ਼ਦੂਰਾਂ ਲਈ ਘੱਟੋ-ਘੱਟ ਮਜ਼ਦੂਰੀ ਦੀ ਜਾਇਜ਼ ਮੰਗ 'ਤੇ ਆਪਣੇ ਰੁਖ 'ਤੇ ਮੁੜ ਵਿਚਾਰ ਕਰੇ। ਏਟਕ ਸਪੱਸ਼ਟ ਕਰਦੀ ਹੈ ਕਿ ਇਸ ਟਿੱਪਣੀ ਖ਼ਿਲਾਫ਼ ਗੁੱਸਾ ਪੂਰੇ ਦੇਸ਼ ਵਿੱਚ ਫੈਲੇਗਾ ਅਤੇ 12 ਫਰਵਰੀ ਦੀ ਦੇਸ਼ਵਿਆਪੀ ਆਮ ਹੜਤਾਲ ਵਿੱਚ ਪੂਰੀ ਤਾਕਤ ਨਾਲ ਪ੍ਰਗਟ ਹੋਵੇਗਾ।ਏਟਕ ਟਰੇਡ ਯੂਨੀਅਨਾਂ ਦੇ ਸੰਵਿਧਾਨਕ ਅਧਿਕਾਰਾਂ ਦੀ ਰੱਖਿਆ ਲਈ ਪੂਰੀ ਦ੍ਰਿੜਤਾ ਨਾਲ ਵਚਨਬੱਧ ਹੈ।

### ਲਖਬੀਰ ਸਿੰਘ ਨਿਜ਼ਾਮਪੁਰ...

ਕਿਉਂਕਿ ਕਮਿਊਨਿਸਟ ਲਹਿਰ ਦੇ ਉੱਘੇ ਆਗੂ ਬਾਬਾ ਸੋਹਣ ਸਿੰਘ ਭਕਨਾ ਅਤੇ ਸੋਹਣ ਸਿੰਘ ਜੋਸ਼ ਕਮਿਊਨਿਸਟ ਲਹਿਰ ਦੇ ਉਹਨਾਂ ਬਾਨੀਆਂ ਵਿੱਚੋਂ ਸਨ, ਜਿਨ੍ਹਾਂ ਇਸ ਦੇਸ਼ ਅੰਦਰ ਕਮਿਊਨਿਸਟ ਪਾਰਟੀ ਦੀ ਸਥਾਪਨਾ ਅਤੇ ਦੇਸ਼ ਦੀ ਆਜ਼ਾਦੀ ਦੇ ਘੋਲ ਅੰਦਰ ਉਘਾ ਯੋਗਦਾਨ ਪਾਇਆ। ਖਾਸ ਕਰਕੇ ਇਹ ਇਲਾਕਾ, ਜਿਥੇ ਅਜਲਾਸ ਕਰ ਰਹੇ ਹਾਂ, ਕਿਸੇ ਸਮੇਂ ਉਘੇ ਕਮਿਊਨਿਸਟ ਆਗੂ ਕਾਮਰੇਡ ਮੱਖਣ ਸਿੰਘ ਤਰਸਿੱਕਾ, ਜੋ ਕਿ ਪੰਜਾਬ ਅਸੰਬਲੀ ਦੇ ਮੈਂਬਰ ਬਣੇ, ਦੀਆਂ ਸਰਗਰਮੀਆਂ ਦਾ ਗੜ੍ਹ ਰਿਹਾ ਹੈ। ਅੱਜ ਫਿਰ ਮੌਜੂਦਾ ਸਮੇਂ 'ਚ ਕਮਿਊਨਿਸਟ ਲਹਿਰ ਨੂੰ ਮਜ਼ਬੂਤ ਕਰਨ ਦੀ ਵੱਡੀ ਚੁਣੌਤੀ ਹੈ। ਅਜਲਾਸ ਅੰਦਰ ਸਭ ਤੋਂ ਪਹਿਲਾਂ ਡੈਲੀਗੇਟ ਸਾਥੀਆਂ ਨੇ ਪਿਛਲੇ ਤਿੰਨ ਸਾਲਾਂ ਅੰਦਰ ਵਿਛੜੇ ਕਮਿਊਨਿਸਟ ਆਗੂਆਂ ਅਤੇ ਪਹਿਲਗਾਮ ਅੰਦਰ ਮਾਰੇ ਗਏ ਨਿਰਦੋਸ਼ ਲੋਕਾਂ ਨੂੰ ਸ਼ਰਧਾਜਲੀ ਭੇਟ ਕੀਤੀ। ਉਪਰੰਤ ਜ਼ਿਲ੍ਹਾ ਸਕੱਤਰ ਲਖਬੀਰ ਸਿੰਘ ਨਿਜ਼ਾਮਪੁਰ ਨੇ ਪਿਛਲੇ ਤਿੰਨ ਸਾਲ ਦੀਆਂ ਸਰਗਰਮੀਆਂ ਤੇ ਜਥੇਬੰਦਕ ਕਾਰਜਾਂ ਦੀ ਰਿਪੋਰਟ ਪੇਸ਼ ਕੀਤੀ, ਜਿਸ 'ਤੇ ਹਾਜ਼ਰ ਡੈਲੀਗੇਟਾਂ ਨੇ ਬਹਿਸ ਕਰਕੇ ਰਿਪੋਰਟ ਨੂੰ ਕੁਝ ਵਾਧਿਆਂ ਸਮੇਤ ਸਰਬਸੰਮਤੀ ਨਾਲ ਪਾਸ ਕੀਤਾ।ਅਜਲਾਸ ਨੂੰ ਸੰਬੋਧਨ ਕਰਦਿਆਂ ਹਰਦੇਵ ਅਰਸ਼ੀ ਨੇ ਕਮਿਊਨਿਸਟ ਲਹਿਰ ਦੇ ਸ਼ਾਨਾਮੱਤੇ ਇਤਿਹਾਸ ਦੇ ਸਬੰਧ ਵਿੱਚ ਕਮਿਊਨਿਸਟ ਪਾਰਟੀ ਦੀ 100 ਵੀਂ ਵਰ੍ਹੇਗੰਢ ਮੌਕੇ ਕੀਤੇ ਜਾ ਰਹੇ ਦੇਸ਼ ਭਰ ਅੰਦਰ ਸਮਾਗਮਾਂ ਦੀ ਜਾਣਕਾਰੀ ਸਾਂਝੀ ਕੀਤੀ। ਪੰਜਾਬ ਪਾਰਟੀ ਵੱਲੋਂ ਕਰਵਾਈ ਗਈ 25 ਵੀਂ ਆਲ ਇੰਡੀਆ ਕਾਂਗਰਸ ਬਾਰੇ ਬੋਲਦਿਆਂ ਉਹਨਾ ਹਾਜ਼ਰ ਡੈਲੀਗੇਟਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਤੁਹਾਡੇ ਸਾਰਿਆਂ ਦੇ ਸਹਿਯੋਗ ਸਦਕਾ ਹੀ ਇਹ ਕਾਂਗਰਸ ਯਾਦਗਾਰੀ ਹੋ ਨਿੱਬੜੀ ਹੈ। ਇਸੇ ਤਰ੍ਹਾਂ ਅੱਜ ਜਿਸ ਤਰਾਂ ਕੇਂਦਰ ਵਿੱਚ ਰਾਜ ਕਰਦੀ ਪਾਰਟੀ ਭਾਜਪਾ ਅਤੇ ਉਸ ਦੇ ਪਿੱਛੇ ਆਰ ਐੱਸ ਐੱਸ ਦੇਸ਼ ਦੇ ਜਮਹੂਰੀ ਪ੍ਰਬੰਧ ਨੂੰ ਖਤਰਾ ਬਣ ਕੇ ਖੜੇ ਹਨ, ਉਹਨਾਂ ਖਿਲਾਫ ਅਤੇ ਸਰਕਾਰ ਦੀਆਂ ਲੋਕ-ਮਾਰੂ ਨੀਤੀਆਂ ਖਿਲਾਫ ਲਾਮਬੰਦ ਹੋਣ ਦਾ ਸੱਦਾ ਦਿੱਤਾ। ਉਨ੍ਹਾ ਕੇਂਦਰ ਸਰਕਾਰ ਦੇ ਬਿਜਲੀ ਐਕਟ ਅਤੇ ਬੀਜ ਐਕਟ 2025 ਦੇ ਵਿਰੁੱਧ ਮਨਰੇਗਾ ਕਨੂੰਨ ਦੇ ਮੁਢਲੇ ਸਵਰੂਪ ਨੂੰ ਬਹਾਲ ਕਰਨ ਅਤੇ ਚਾਰ ਲੇਬਰ ਕੋਡਾਂ ਨੂੰ ਵਾਪਸ ਕਰਵਾਉਣ ਲਈ ਕੇਂਦਰ ਦੀਆਂ ਟਰੇਡ ਯੂਨੀਅਨ, ਮੁਲਾਜ਼ਮ ਫੈਡਰੇਸ਼ਨਾਂ ਅਤੇ ਸੰਯੁਕਤ ਕਿਸਾਨ ਮੋਰਚੇ ਵੱਲੋਂ 12 ਫਰਵਰੀ ਨੂੰ ਇੱਕ ਦਿਨਾ ਹੜਤਾਲ ਨੂੰ ਕਾਮਯਾਬ ਕਰਨ ਲਈ ਆਮ ਲੋਕਾਂ ਨੂੰ ਲਾਮਬੰਦ ਕਰਕੇ ਹਿੱਸਾ ਲੈਣ ਦੀ ਅਪੀਲ ਕੀਤੀ।

ਅਖੀਰ ਵਿੱਚ ਹਾਜ਼ਰ ਡੈਲੀਗੇਟਾਂ ਨੇ ਆਉਣ ਵਾਲੇ ਸਮੇਂ ਲਈ 43 ਮੈਂਬਰੀ ਜ਼ਿਲ੍ਹਾ ਕੌਂਸਲ ਅਤੇ ਸੂਬਾ ਕਾਨਫਰੰਸ ਵਾਸਤੇ 12 ਡੈਲੀਗੇਟਾਂ ਦੀ ਚੋਣ ਨੂੰ ਪ੍ਰਵਾਨਗੀ ਦਿੱਤੀ।ਕੌਂਸਲ ਨੇ ਦੁਬਾਰਾ ਲਖਬੀਰ ਸਿੰਘ ਨਿਜ਼ਾਮਪੁਰ ਨੂੰ ਜ਼ਿਲ੍ਹਾ ਸਕੱਤਰ ਚੁਣ ਲਿਆ। ਇਨਕਲਾਬੀ ਨਾਅਰਿਆਂ ਦੇ ਜੋਸ਼ ਨਾਲ ਕਾਨਫਰੰਸ ਮੁਕੰਮਲ ਹੋਈ।

# ਕਾਮਰੇਡ ਅਨੰਤਸੁੱਬਾ ਰਾਓ ਦਾ ਸਦੀਵੀ ਵਿਛੋੜਾ ਕਿਰਤੀਆਂ ਦੀ ਲਹਿਰ ਲਈ ਵੱਡਾ ਘਾਟਾ : ਮੋਤੀ, ਚਾਹਲ



**ਮੋਗਾ (ਇਕਬਾਲ ਸਿੰਘ ਖਹਿਰਾ)**-ਕਰਨਾਟਕ ਰਾਜ ਤੇ ਦੇਸ਼ ਭਰ ਦੇ ਉੱਘੇ ਟਰੇਡ ਯੂਨੀਅਨ ਕੌਮੀ ਨੇਤਾ ਕਾਮਰੇਡ ਐੱਚ. ਵੀ. ਅਨੰਤਸੁੱਬਾ ਰਾਓ ਬੀਤੇ ਕੱਲ੍ਹ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦੇ ਦਿਹਾਂਤ 'ਤੇ ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਦੇ ਸੂਬਾ ਪ੍ਰਧਾਨ ਦੀਦਾਰ ਸਿੰਘ ਮੰਡ ਤੇ ਜਨਰਲ ਸਕੱਤਰ ਗੁਰਜੰਟ ਸਿੰਘ ਕੋਕਰੀ, ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਦੇ ਸੂਬਾਈ ਚੇਅਰਮੈਨ ਕਾਮਰੇਡ ਗੁਰਦੀਪ ਸਿੰਘ ਮੋਤੀ, ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ, ਵਰਕਿੰਗ ਚੇਅਰਮੈਨ ਅਵਤਾਰ ਸਿੰਘ ਗਗੜਾ, ਸੀਨੀਅਰ ਮੀਤ ਪ੍ਰਧਾਨ ਜਗਤਾਰ ਸਿੰਘ ਭੁੰਗਰਨੀ, ਜਨਰਲ ਸਕੱਤਰ ਪ੍ਰੇਮ ਚਾਵਲਾ, ਮੁੱਖ ਜਥੇਬੰਦਕ ਸਕੱਤਰ ਅਵਤਾਰ ਸਿੰਘ ਤਾਰੀ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਹੈ ਕਿ ਉਨ੍ਹਾਂ ਦਾ ਦੇਹਾਂਤ ਹੋ ਜਾਣ ਕਾਰਨ ਨਾ ਸਿਰਫ਼ ਪਰਿਵਾਰ ਲਈ, ਬਲਕਿ ਦੇਸ਼ ਦੇ ਟਰਾਂਸਪੋਰਟ ਕਾਮਿਆਂ ਲਈ ਤੇ ਦੇਸ਼ ਦੀ ਸਮੁੱਚੇ ਕਿਰਤੀਆਂ ਦੀ ਲਹਿਰ ਲਈ ਵੀ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ, ਜਿਸ ਨੂੰ ਕਦੇ ਵੀ ਪੂਰਿਆਂ ਨਹੀਂ ਜਾ ਸਕਦਾ।ਇਸ ਦੇ ਨਾਲ ਹੀ ਆਲ ਇੰਡੀਆ ਟਰੇਡ ਯੂਨੀਅਨ ਕਾਂਗਰਸ (ਏਟਕ), ਨੈਸ਼ਨਲ ਫੈਡਰੇਸ਼ਨ ਆਫ ਇੰਡੀਅਨ ਰੋਡ ਟ੍ਰਾਂਸਪੋਰਟ ਵਰਕਰਜ਼ (ਐੱਨ ਐੱਫ ਆਈ ਆਰ ਪੀ ਡਬਲਯੂ) ਤੇ ਕਮਿਊਨਿਸਟ ਪਾਰਟੀ ਆਫ ਇੰਡੀਆ (ਸੀ ਪੀ ਆਈ) ਲਈ ਵੀ ਇੱਕ ਬਹੁਤ ਵੱਡਾ ਘਾਟਾ ਹੈ।ਇਸ ਸਮੇਂ ਉਹ ਕਰਨਾਟਕ ਸਟੇਟ ਰੋਡ ਟਰਾਂਸਪੋਰਟ ਵਰਕਰਜ਼ ਫੈਡਰੇਸ਼ਨ ਤੇ ਐੱਨ ਐਫ ਆਈ ਆਰ ਪੀ ਡਬਲਯੂ ਸੰਗਠਨ ਦੇ ਆਨਰੇਰੀ ਪ੍ਰਧਾਨ ਸਨ।ਉਨ੍ਹਾਂ ਆਪਣੇ ਜੀਵਨ ਦੌਰਾਨ ਟਰਾਂਸਪੋਰਟ ਮੁਲਾਜ਼ਮਾਂ ਦੀ ਭਲਾਈ ਲਈ ਹਰ ਪ੍ਰਕਾਰ ਦੇ ਸੰਘਰਸ਼ਾਂ ਵਿੱਚ ਬਹੁਤ ਵੱਡਾ ਯੋਗਦਾਨ ਪਾਇਆ।ਆਗੂਆਂ ਨੇ ਕਿਹਾ ਕਿ ਉਨ੍ਹਾਂ ਨੂੰ ਸਾਦਗੀ, ਕੁਰਬਾਨੀ ਤੇ ਸੰਘਰਸ਼ਾਂ ਵਿੱਚ ਪਾਏ ਗਏ ਮਹੱਤਵਪੂਰਨ ਯੋਗਦਾਨ ਲਈ ਹਮੇਸ਼ਾ ਯਾਦ ਰੱਖਿਆ ਜਾਵੇਗਾ।

# ਅੱਜ-ਨਾਮਾ

ਪੁੱਜ ਰਹੀ ਵੇਖ ਕੇ ਚੋਣ ਨਜ਼ਦੀਕ ਅਗਲੀ,
ਲੱਗੇ ਕਈਆਂ ਨੂੰ ਚੜ੍ਹਨ ਫਿਰ ਚਾਅ ਬੇਲੀ।
ਖ਼ੁਸ਼ ਨੇ ਜਿਨ੍ਹਾਂ ਨੂੰ ਲਈ ਕੰਮ ਸਰਗਰਮੀਆਂ ਦੇ,
ਬਣਿਆ ਈ ਮੁੱਛਾਂ ਦਾ ਰਿਹਾ ਸੁਭਾਅ ਬੇਲੀ।
ਸੌਦਾ ਟਿਕਟ ਲਈ ਕਰਨ-ਕਰਾਉਣ ਵਾਲੇ,
ਨਿਰਖਣ ਲੱਗ ਪਏ ਸੁਣੇ ਹਨ ਭਾਅ ਬੇਲੀ।
ਅੱਖੀਂ ਘੱਟਾ ਫਿਰ ਲੋਕਾਂ ਦੇ ਕਿਵੇਂ ਪਾਉਣਾ,
ਆਗੂ ਰੁੱਝੇ ਪਏ ਸੋਚਣ ਫਿਰ ਦਾਅ ਬੇਲੀ।
ਗਿਰਝਾਂ ਘੁੰਮਣਗੀਆਂ ਲੋਕਾਂ ਦੇ ਸਿਰ ਉੱਤੇ,
ਜਾਪਦਾ ਉਨ੍ਹਾਂ ਨੂੰ ਕੱਖ ਨਹੀਂ ਫਿਕਰ ਬੇਲੀ।
ਲੋਕਤੰਤਰ ਵਿੱਚ ਹਸਤੀ ਤਾਂ ਸਿਰਫ ਆਗੂ,
ਰਸਮੀ ਹੁੰਦਾ ਈ ਵੋਟਰ ਦਾ ਜ਼ਿਕਰ ਬੇਲੀ।

-ਤੀਸ ਮਾਰ ਖਾਂ

# ਪ੍ਰੇਮਿਕਾ ਨੂੰ ਮਿਲਣ ਗਏ ਪ੍ਰੇਮੀ ਦੀ ਕੁੱਟਮਾਰ, ਇਲਾਜ ਦੌਰਾਨ ਮੌਤ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਪਿੰਡ ਹਿੰਮਤਪੁਰਾ ਵਿਖੇ ਇੱਕ ਨੌਜਵਾਨ ਦੀ ਉਸ ਸਮੇਂ ਕੁੱਟਮਾਰ ਕਰਕੇ ਹੱਤਿਆ ਕਰ ਦਿੱਤੀ ਗਈ ਜਦ ਉਹ ਆਪਣੀ ਪ੍ਰੇਮਿਕਾ ਨੂੰ ਮਿਲਣ ਲਈ ਰਾਤ ਸਮੇਂ ਉਨ੍ਹਾਂ ਦੇ ਘਰ ਗਿਆ ਸੀ। ਪ੍ਰੇਮਿਕਾ ਦੇ ਪਿਤਾ ਅਤੇ ਉਸ ਦੇ ਦੋਸਤ ਨੇ ਉਸ ਨੌਜਵਾਨ ਦੀ ਕੁੱਟਮਾਰ ਕੀਤੀ ਜਿਸ ਦੀ ਬਾਅਦ 'ਚ ਇਲਾਜ ਦੌਰਾਨ ਮੌਤ ਹੋ ਗਈ। ਮਾਮਲੇ ਦੀ ਜਾਂਚ ਕਰ ਰਹੇ ਥਾਣਾ ਨਿਹਾਲ ਸਿੰਘ ਵਾਲਾ ਦੇ ਮੁੱਖ ਅਫਸਰ ਪੂਰਨ ਸਿੰਘ ਨੇ ਦੱਸਿਆਂ ਕਿ ਕਰਨੈਲ ਸਿੰਘ ਪੁੱਤਰ ਮਹਿੰਗਾ ਸਿੰਘ ਵਾਸੀ ਹਿੰਮਤਪੁਰਾ ਨੇ ਬਿਆਨ ਲਿਖਾਇਆ ਉਸ ਦਾ ਲੜਕਾ ਜਿਸ ਦਾ ਨਾਂਅ ਰੇਸ਼ਮ ਸਿੰਘ ਹੈ ਜਿਸ ਦੇ ਆਪਣੇ ਹੀ ਪਿੰਡ ਹਿੰਮਤਪੁਰਾ ਦੀ ਲੜਕੀ ਨਾਲ ਪ੍ਰੇਮ ਸੰਬੰਧ ਸਨ।ਜਿਸ ਨੂੰ ਮਿਲਣ ਲਈ ਉਸ ਦੇ ਘਰ ਆਉਂਦਾ ਜਾਂਦਾ ਰਹਿੰਦਾ ਸੀ। ਕੱਲ ਵੀ ਉਸ ਨੂੰ ਮਿਲਣ ਲਈ ਉਸ ਦੇ ਘਰ ਕਰੀਬ ਰਾਤ ਕਰੀਬ 7:30 ਤੇ ਗਿਆ ਸੀ ਜਿਸ ਬਾਰੇ ਲੜਕੀ ਦੇ ਘਰਦਿਆਂ ਨੂੰ ਪਤਾ ਲੱਗ ਗਿਆ ਤਾਂ ਲੜਕੀ ਦੇ ਪਿਤਾ ਬੇਅੰਤ ਸਿੰਘ ਤੇ ਇਸ ਦੇ ਦੋਸਤ ਪਰਮਜੀਤ ਸਿੰਘ ਨੇ ਲੜਕੇ ਦੀ ਬਹੁਤ ਕੁੱਟਮਾਰ ਕੀਤੀ ਜਿਸ ਨੂੰ ਸਿਵਲ ਹਸਪਤਾਲ ਮੋਗਾ ਵਿਖੇ ਦਾਖਲ ਕਰਵਾਇਆ ਗਿਆ।ਜਿਸ ਦੀ ਇਲਾਜ ਦੌਰਾਨ ਮੌਤ ਹੋ ਗਈ ਹੈ। ਥਾਣੇਦਾਰ ਪੂਰਨ ਸਿੰਘ ਨੇ ਦੱਸਿਆਂ ਕਿ ਲੜਕੇ ਦੇ ਪਿਤਾ ਕਰਨੈਲ ਸਿੰਘ ਦੇ ਬਿਆਨਾਂ ਤੇ ਕਥਿਤ ਦੋਸ਼ੀ ਰੇਸ਼ਮ ਸਿੰਘ ਤੇ ਪਰਮਜੀਤ ਸਿੰਘ ਭਗਤ ਦੇ ਖਿਲਾਫ ਮਾਮਲਾ ਦਰਜ ਕੀਤਾ ਗਿਆਂ।ਘਟਨਾਂ ਦਾ ਪਤਾ ਲੱਗਦਿਆਂ ਹੀ ਡੀ ਐੱਸ ਪੀ ਨਿਹਾਲ ਸਿੰਘ ਵਾਲਾ ਅਨਬਰ ਅਲੀ, ਐੱਸ ਐੱਚ ਓ ਪੂਰਨ ਸਿੰਘ, ਚੌਕੀ ਇੰਚਾਰਜ ਜਸਵੰਤ ਸਿੰਘ ਸਰਾ, ਰੀਡਰ ਸਰਬਨ ਸਿੰਘ ਮੌਕੇ 'ਤੇ ਪਹੁੰਚ ਗਏ।

# ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਨਗਰ ਕੀਰਤਨ ਸਜਾਇਆ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿਨੀ ਗਰਗ)**-ਸ੍ਰੀ ਗੁਰੂ ਰਵਿਦਾਸ ਸਭਾ ਧੂਰੀ ਪਿੰਡ ਵੱਲੋਂ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਸ਼ਹਿਰ ਦੀਆਂ ਵੱਖ ਵੱਖ ਗੁਰੂ ਘਰਾਂ ਦੀਆਂ ਪ੍ਰਬੰਧਕ ਕਮੇਟੀਆਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਅਲੌਕਿਕ ਨਗਰ ਕੀਰਤਨ ਸਜਾਇਆ ਗਿਆ, ਜੋ ਧੂਰੀ ਪਿੰਡ ਤੋਂ ਸ਼ੁਰੂ ਹੋ ਕੇ ਐੱਸ ਡੀ ਸਕੂਲ ਰੋਡ, ਭਲਵਾਨ ਵਾਲਾ ਅੱਡਾ, ਪੰਚਾਇਤੀ ਗੁਰਦੁਆਰਾ, ਰੇਲਵੇ ਰੋਡ, ਸਦਰ ਬਜ਼ਾਰ, ਕੱਕੜਵਾਲ ਚੌਕ, ਸੰਗਰੂਰ ਬਾਈਪਾਸ ਰੋਡ, ਸਿਨੇਮਾ ਰੋਡ ਤੋਂ ਕ੍ਰਾਂਤੀ ਚੌਕ ਹੁੰਦਾ ਹੋਇਆ ਵਾਪਸ ਗੁਰੂ ਘਰ ਵਿਖੇ ਸੰਪੰਨ ਹੋਇਆ।ਨਗਰ ਕੀਰਤਨ ਦਾ ਥਾਂ-ਥਾਂ ਸੰਗਤਾਂ ਵੱਲੋਂ ਭਰਵਾਂ ਤੇ ਨਿੱਘਾ ਸਵਾਗਤ ਕਰਦਿਆਂ ਲੰਗਰ ਲਗਾਏ ਗਏ।ਨਗਰ ਕੀਰਤਨ ਦੌਰਾਨ ਰਾਗੀ ਸਿੰਘਾਂ ਤੇ ਢਾਡੀ ਸਿੰਘਾਂ ਨੇ ਗੁਰ ਇਤਿਹਾਸ ਦਾ ਵਰਨਣ ਕੀਤਾ।ਇਸ ਮੌਕੇ ਜੰਗ ਸਿੰਘ, ਬਲਵਿੰਦਰ ਸਿੰਘ ਕਾਲਾ, ਧਰਮਪਾਲ ਪਾਲੀ, ਜਗਜੀਤ ਸਿੰਘ ਤੇ ਗੁਰਪਾਲ ਸਿੰਘ ਆਦਿ ਹਾਜ਼ਰ ਸਨ।

# ਮਾਡਰਨ ਕਾਲਜ ਬੀਰ ਕਲਾਂ ਦਾ ਨਤੀਜਾ ਸ਼ਾਨਦਾਰ



**ਚੀਮਾ ਮੰਡੀ (ਰਵਿੰਦਰ ਚੀਮਾ)**-ਮਾਡਰਨ ਕਾਲਜ ਬੀਰ ਕਲਾਂ ਦਾ ਪੰਜਾਬੀ ਯੂਨੀਵਰਸਿਟੀ ਵੱਲੋਂ ਐਲਾਨ ਕੀਤੇ ਗਏ ਬੀ ਸੀ ਏ ਭਾਗ ਪਹਿਲਾ ਸਮੈਸਟਰ ਦੂਜਾ ਦਾ ਨਤੀਜਾ ਸ਼ਾਨਦਾਰ ਰਿਹਾ।ਸਹਾਇਕ ਪ੍ਰੋਫੈਸਰ ਗੁਰਪ੍ਰੀਤ ਕੌਰ ਨੇ ਦੱਸਿਆ ਕਿ ਤਾਨਿਸ਼ ਕੌਰ ਨੇ 600 ਅੰਕਾਂ ਵਿੱਚੋਂ 477 ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਹਰਮਨਪ੍ਰੀਤ ਕੌਰ ਨੇ 600 ਅੰਕਾਂ ਵਿੱਚੋਂ 463 ਅੰਕ ਪ੍ਰਾਪਤ ਕਰਕੇ ਦੂਸਰਾ ਸਥਾਨ, ਰੁਪਿੰਦਰ ਸ਼ਰਮਾ ਨੇ 600 ਅੰਕਾਂ ਵਿੱਚੋਂ 461 ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ।ਕਾਲਜ ਦੇ ਚੇਅਰਮੈਨ ਡਾਕਟਰ ਰਵਿੰਦਰ ਬਾਂਸਲ ਤੇ ਪ੍ਰਿੰਸੀਪਲ ਡਾਕਟਰ ਵੀ. ਕੇ. ਰਾਏ ਨੇ ਚੰਗੇ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸ਼ੁੱਭ-ਕਾਮਨਾਵਾਂ ਦਿੱਤੀਆਂ। ਉਨ੍ਹਾਂ ਵਿਦਿਆਰਥੀਆਂ ਨੂੰ ਸਿੱਖਿਆ 'ਚ ਹੋਰ ਬੁਲੰਦੀਆਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਸਮੂਹ ਸਟਾਫ ਤੇ ਕਾਲਜ ਦੇ ਵਿਦਿਆਰਥੀ ਵੀ ਹਾਜ਼ਰ ਸਨ।

# ਫਤਿਹ ਗਰੁੱਪ ਦੇ ਐੱਨ ਐੱਸ ਐੱਸ ਵਿਭਾਗ ਵੱਲੋਂ ਪ੍ਰੇਰਣਾਦਾਇਕ ਸੈਮੀਨਾਰ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਫਤਿਹ ਗਰੁੱਪ ਆਫ ਇੰਸਟੀਚਿਊਸ਼ਨਜ਼ ਰਾਮਪੁਰਾ ਫੂਲ ਦੇ ਕੌਮੀ ਸੇਵਾ ਯੋਜਨਾ (ਐੱਨ ਐੱਸ ਐੱਸ) ਵਿਭਾਗ ਵੱਲੋਂ ਇੱਕ ਪ੍ਰੇਰਣਾਦਾਇਕ ਸੈਮੀਨਾਰ ਕੀਤਾ ਗਿਆ, ਜਿਸ ਵਿੱਚ ਸਹਿਜ ਪਾਠ ਸੇਵਾ ਸੋਸਾਇਟੀ ਦੇ ਮੁੱਖ ਸੇਵਾਦਾਰ ਭਾਈ ਸਤਨਾਮ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜ਼ਿੰਦਗੀ ਵਿੱਚ ਚੰਗੀ ਸ਼ਖ਼ਸੀਅਤ ਬਣਨ ਤੇ ਲੋਕ ਸੇਵਕ ਬਣਨ ਲਈ ਸਿੱਖਿਆ ਪ੍ਰਾਪਤ ਕਰਨਾ ਬੇਹੱਦ ਲਾਜ਼ਮੀ ਹੈ।ਉਨ੍ਹਾਂ ਕਿਹਾ ਕਿ ਅਜੋਕੀ ਨੌਜਵਾਨੀ ਦਾ ਪੂਰਨ ਸਿੱਖਿਅਤ ਹੋਣਾ ਸਮੇਂ ਦੀ ਵੱਡੀ ਲੋੜ ਹੈ, ਕਿਉਂਕਿ ਸਿੱਖਿਆ ਜੀਵਨ ਜਾਂਚ ਦਾ ਉਹ ਸਾਧਨ ਹੈ, ਜੋ ਮਨੁੱਖੀ ਸ਼ਖ਼ਸੀਅਤ ਵਿੱਚ ਨਿਖਾਰ ਲਿਆਉਂਦੀ ਹੈ।ਭਾਈ ਸਤਨਾਮ ਸਿੰਘ ਨੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਅੱਜ ਦੇ ਨੌਜਵਾਨ ਸੋਸ਼ਲ ਮੀਡੀਆ ਵਿੱਚ ਜ਼ਿਆਦਾ ਜਕੜੇ ਜਾ ਰਹੇ ਹਨ ਤੇ ਚੰਗੀ ਸਿੱਖਿਆ ਦੀ ਘਾਟ ਕਾਰਨ ਨਸ਼ਿਆਂ ਦੀ ਦਲਦਲ ਵਿੱਚ ਫਸਦੇ ਜਾ ਰਹੇ ਹਨ।ਸਾਂਝੇ ਪਰਿਵਾਰਾਂ ਦੇ ਟੁੱਟਣ ਨਾਲ ਨੌਜਵਾਨੀ ਇਕੱਲੇਪਣ ਦਾ ਸ਼ਿਕਾਰ ਹੋ ਰਹੀ ਹੈ ਤੇ ਕਿਰਤ ਕਰਨ ਦਾ ਫਲਸਫਾ ਵੀ ਵਿਸਰਦਾ ਜਾ ਰਿਹਾ ਹੈ।ਇਸ ਲਈ ਹਰੇਕ ਵਿਅਕਤੀ ਲਈ ਗੁਰਬਾਣੀ ਪੜ੍ਹਨਾ, ਸੁਣਨਾ ਤੇ ਜੀਵਨ ਵਿੱਚ ਅਮਲ ਕਰਨਾ ਅਤਿ ਜ਼ਰੂਰੀ ਬਣ ਗਿਆ ਹੈ।ਇਸ ਮੌਕੇ ਉਨ੍ਹਾਂ ਮਹਾਨ ਸ਼ਖ਼ਸੀਅਤਾਂ ਡਾ. ਸਾਹਿਬ ਸਿੰਘ, ਡਾ. ਦਲਜੀਤ ਸਿੰਘ ਤੇ ਭਗਤ ਪੂਰਨ ਸਿੰਘ ਦੇ ਜੀਵਨ ਤੋਂ ਪ੍ਰੇਰਣਾ ਲੈਣ ਦੀ ਅਪੀਲ ਕੀਤੀ ਤੇ ਗੁਰਮਤਿ ਸਾਹਿਤ ਵੰਡਿਆ।ਸਮਾਗਮ ਦੌਰਾਨ ਪ੍ਰਿੰਸੀਪਲ ਬਘੇਲ ਸਿੰਘ ਨੇ ਮੁੱਖ ਮਹਿਮਾਨ ਨੂੰ ਜੀ ਆਇਆਂ ਆਖਿਆ ਤੇ ਸੰਸਥਾ ਵੱਲੋਂ ਉਨ੍ਹਾਂ ਨੂੰ ਸਨਮਾਨਤ ਕੀਤਾ ਗਿਆ।ਸੰਸਥਾ ਚੇਅਰਮੈਨ ਸ੍ਰੀ ਐੱਸ. ਐੱਸ. ਚੱਠਾ ਨੇ ਕਿਹਾ ਕਿ ਸੰਸਥਾ ਵੱਲੋਂ ਅਜਿਹੇ ਸੈਮੀਨਾਰ ਕਰਵਾਉਣ ਦਾ ਮੁੱਖ ਮੰਤਵ ਵਿਦਿਆਰਥੀਆਂ ਨੂੰ ਨੈਤਿਕ ਮੁੱਲਾਂ, ਕਿਰਤ ਤੇ ਸਮਾਜ ਸੇਵਾ ਵੱਲ ਪ੍ਰੇਰਿਤ ਕਰਨਾ ਹੈ ਤਾਂ ਜੋ ਉਹ ਦੇਸ਼ ਤੇ ਸਮਾਜ ਦੇ ਜ਼ਿੰਮੇਵਾਰ ਨਾਗਰਿਕ ਬਣ ਸਕਣ।ਇਸ ਮੌਕੇ ਐਜੂਕੇਸ਼ਨ ਵਿਭਾਗ ਦੀ ਮੁਖੀ ਪ੍ਰੋਫੈਸਰ ਸੰਦੀਪ ਕੌਰ, ਆਰਟਸ ਤੇ ਸੋਸ਼ਲ ਐਕਟੀਵਿਟੀ ਮੁਖੀ ਕੁਮਾਰੀ ਸੈਲਜਾ, ਪ੍ਰੋਫੈਸਰ ਜਸਪ੍ਰੀਤ ਕੌਰ, ਰੌਬਿਨ ਮੰਗਲਾ ਤੇ ਵਰਿੰਦਰ ਕੌਰ ਸਮੇਤ ਹੋਰ ਸਟਾਫ ਮੈਂਬਰ ਹਾਜ਼ਰ ਸਨ।



ਸ੍ਰੀ ਗੁਰੂ ਰਵਿਦਾਸ ਜੀ ਦੇ 649ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਪਿੰਡ ਮਾਛੀਕੇ ਵਿਖੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਕਰਵਾਏ ਗਏ ਨਗਰ ਕੀਰਤਨ ਦਾ ਇੱਕ ਦ੍ਰਿਸ਼। (ਤਸਵੀਰ ਤੇ ਵੇਰਵਾ : ਲਵਲੀ ਮਾਛੀਕੇ)

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਸੂਬਾ ਸਰਕਾਰ ਦੀ ਮਾਲਕੀ ਵਾਲੀ ਜ਼ਮੀਨ ਦੇ ਕਾਸ਼ਤਕਾਰਾਂ ਵੱਲੋਂ ਪੰਜਾਬ ਸਰਕਾਰ ਦਾ ਧੰਨਵਾਦ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਪਿਛਲੇ ਦਿਨੀਂ ਕਿਸਾਨ ਮਜ਼ਦੂਰ ਯੂਨੀਅਨ ਪੰਜਾਬ ਦਾ ਵਫਦ ਜੋਗਿੰਦਰ ਸਿੰਘ ਖੰਨਾ ਚਮਾਰਾਂ ਦੀ ਪ੍ਰਧਾਨਗੀ ਹੇਠ ਸਾਬਕਾ ਮੰਤਰੀ ਤੇ ਮੌਜੂਦਾ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੂੰ ਹੜ੍ਹ



ਪੀੜਤ ਰਾਵੀ ਪਾਰ ਰਕਬੇ ਸਬੰਧੀ ਮਿਲਿਆ ਸੀ, ਜਿਸ ਵਿੱਚ ਮੁੱਖ ਮੰਗ ਪਿੰਡ ਪਰਾਣਾ ਵਾਹਲਾ, ਗੋਲਾ ਢੋਲਾ, ਲੱਲੂਵਾਲ ਰਸੂਲਪੁਰ, ਮਨਸੂਰ, ਗੁਰ ਚੱਕ, ਰੱਤੜ ਛੱਤੜ ਅਤੇ ਘਣੀਆ ਕੇ ਬੇਟ ਆਦਿ ਪਿੰਡਾਂ ਦੀ ਸੂਬਾ ਸਰਕਾਰ ਦੀ ਮਾਲਕੀ ਜ਼ਮੀਨ 'ਤੇ ਕਾਸ਼ਤਕਾਰ ਰਹੇ ਕਿਸਾਨਾਂ ਨੂੰ ਖਰਾਬੇ ਦੀ ਰਕਮ ਨਾ ਮਿਲਣ ਸਬੰਧੀ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੂੰ ਜਾਣੂ ਕਰਵਾਇਆ ਗਿਆ ਸੀ।ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਤਹਿਸੀਲਦਾਰ ਡੇਰਾ ਬਾਬਾ ਨਾਨਕ ਅਤੇ ਡੀਸੀ ਗੁਰਦਾਸਪੁਰ ਨਾਲ ਗੱਲਬਾਤ ਕਰਕੇ ਕਿਸਾਨਾਂ ਨੂੰ ਖਰਾਬਾ ਮਿਲਣ ਦਾ ਭਰੋਸਾ ਦਿੱਤਾ ਗਿਆ।ਉਸੇ ਤਹਿਤ ਹੀ ਕਿਸਾਨ ਮਜ਼ਦੂਰ ਯੂਨੀਅਨ ਪੰਜਾਬ ਦੇ ਆਗੂਆਂ ਵੱਲੋਂ ਐੱਸਡੀਐੱਮ ਡੇਰਾ ਬਾਬਾ ਨਾਨਕ ਡਾ. ਅਦਿੱਤਿਆ ਸ਼ਰਮਾ ਵਿਸ਼ੇਸ਼ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਐੱਸਡੀਐੱਮ ਡੇਰਾ ਬਾਬਾ ਨਾਨਕ ਕਿਹਾ ਕਿ ਕਿਸਾਨਾਂ ਦੇ ਇਸ ਮਸਲੇ ਸਬੰਧੀ ਡੀ ਸੀ ਗੁਰਦਾਸਪੁਰ ਨਾਲ ਗੱਲਬਾਤ ਹੋਈ ਹੈ ਤੇ ਡੀਸੀ ਵੱਲੋਂ ਸਰਹੱਦੀ ਇਲਾਕੇ ਦੇ ਕਿਸਾਨਾਂ ਨੂੰ ਜਲਦ ਯੋਗ ਮੁਆਵਜ਼ਾ ਦੇਣ ਦਾ ਭਰੋਸਾ ਦਿੱਤਾ ਗਿਆ।ਇਸ ਮੌਕੇ ਸਮੂਹ ਕਿਸਾਨਾਂ ਵੱਲੋਂ ਪੰਜਾਬ ਸਰਕਾਰ ਡੀਸੀ ਗੁਰਦਾਸਪੁਰ ਅਤੇ ਐੱਸਡੀਐੱਮ ਡੇਰਾ ਬਾਬਾ ਨਾਨਕ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਜੋਗਿੰਦਰ ਸਿੰਘ ਖੰਨਾ ਚਮਾਰਾ, ਸਤਬੀਰ ਸਿੰਘ ਲਾਲੀ ਖੋਦੇਬੇਟ, ਸਰਬਜੀਤ ਸਿੰਘ ਤਲਵੰਡੀ ਹਿੰਦੂਆਂ, ਗੁਰਮੀਤ ਸਿੰਘ ਮੇਘਾ, ਅਵਤਾਰ ਸਿੰਘ ਸਿੰਘਪੁਰਾ, ਹਰਪਾਲ ਸਿੰਘ ਕੋਟਮੌਲਵੀ, ਸਵਿੰਦਰ ਸਿੰਘ ਕੋਟਮੌਲਵੀ, ਨਰਿੰਦਰ ਸਿੰਘ ਸਰਪੰਚ ਤਲਵੰਡੀ ਹਿੰਦੂਆਂ, ਸ਼ੇਰ ਸਿੰਘ ਖਾਸਾਵਾਲੀ, ਗੁਰਮੁਖ ਸਿੰਘ ਗੁਰਚੱਕ, ਅਮਰਜੀਤ ਸਿੰਘ ਧਰਮਕੋਟ ਰੰਧਾਵਾ, ਦਲੇਰ ਸਿੰਘ ਰੱਤੜ-ਛੱਤੜ ਹਰਜੀਤ ਸਿੰਘ ਠੇਠਰਕੇ, ਤਰਸੇਮ ਸਿੰਘ ਧਰਮਕੋਟ, ਸਵਿੰਦਰ ਸਿੰਘ ਫੱਤੂਪੁਰ, ਬਲਰਾਜ ਸਿੰਘ ਗੁਰਚੱਕ, ਜਸਵਿੰਦਰ ਸਿੰਘ ਧਰਮਕੋਟ ਰੰਧਾਵਾ, ਪਲਵਿੰਦਰ ਸਿੰਘ ਧਰਮਕੋਟ ਰੰਧਾਵਾ, ਸਰਦੂਲ ਸਿੰਘ ਗੁਰਚੱਕ, ਅਮਰਜੀਤ ਸਿੰਘ ਡੇਰਾ ਬਾਬਾ ਨਾਨਕ, ਅਨੋਖ ਸਿੰਘ, ਪਰਮਜੀਤ ਸਿੰਘ, ਬਲਦੇਵ ਸਿੰਘ ਧਰਮਕੋਟ, ਅਮਰਜੀਤ ਸਿੰਘ ਝੰਗੀ ਅਤੇ ਹੋਰ ਕਿਸਾਨ ਆਗੂ ਹਾਜ਼ਰ ਸਨ।

# ਕਾਮਰੇਡ ਕੁਲਵਿੰਦਰ ਸਿੰਘ ਵਲਟੋਹਾ ਦੀ 19ਵੀਂ ਬਰਸੀ 'ਤੇ ਸ਼ਰਧਾਂਜਲੀ ਭੇਟ

**ਵਲਟੋਹਾ (ਰਣਜੀਤ ਸਿੰਘ ਵਲਟੋਹਾ)**- ਕਾਮਰੇਡ ਕੁਲਵਿੰਦਰ ਸਿੰਘ ਵਲਟੋਹਾ ਦੀ 19ਵੀਂ ਬਰਸੀ ਉਨ੍ਹਾਂ ਦੇ ਪਿੰਡ ਵਲਟੋਹਾ ਵਿਖੇ ਭਾਰਤੀ ਕਮਿਊਨਿਸਟ ਪਾਰਟੀ ਅਤੇ ਪਰਿਵਾਰ ਵੱਲੋਂ ਮਨਾਈ ਗਈ ਜਿੱਥੇ ਵਿੱਛੜ ਚੁੱਕੇ ਆਗੂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ। ਸਮਾਗਮ ਦੀ ਪ੍ਰਧਾਨਗੀ ਕਾਬਲ ਸਿੰਘ ਆਸਲ ਲਾਲ ਸਿੰਘ ਵਲਟੋਹਾ ਅਤੇ ਦਲੀਪ

**● ਨੌਜਵਾਨ ਸਮਾਜ ਬਦਲਣ ਲਈ ਸੰਘਰਸ਼ਸ਼ੀਲ ਹੋਣ : ਹਰਭਜਨ ਸਿੰਘ**

ਸਿੰਘ ਲਾਖਣਾ ਨੇ ਕੀਤੀ। ਮੰਚ ਸੰਚਾਲਨ ਦੀ ਜ਼ਿੰਮੇਵਾਰੀ ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਪੂਰਨ ਸਿੰਘ ਮਾੜੀਮੇਘਾ ਨੇ ਨਿਭਾਈ।ਬਰਸੀ ਮੌਕੇ ਸਰਬ ਭਾਰਤ ਨੌਜਵਾਨ ਸਭਾ ਵੱਲੋਂ ਨੌਜਵਾਨਾਂ ਦਾ ਵਿਸ਼ੇਸ਼ ਸਕੂਲ ਵੀ ਲਗਾਇਆ ਗਿਆ।ਮੁੱਖ ਬੁਲਾਰੇ ਅਤੇ ਪਾਰਟੀ ਦੇ ਸੀਨੀਅਰ ਆਗੂ ਕਾਮਰੇਡ ਹਰਭਜਨ ਸਿੰਘ ਨੇ ਬੋਲਦਿਆਂ ਕਿਹਾ ਕਿ ਅੱਜ ਕਾਰਪੋਰੇਟ ਜਗਤ ਵੱਲੋਂ ਸਮੇਂ ਦੀਆਂ ਸਰਕਾਰਾਂ ਰਾਹੀਂ ਮਿਹਨਤਕਸ਼ ਜਨਤਾ ਦਾ ਖੂਨ ਚੂਸਿਆ ਜਾ ਰਿਹਾ ਹੈ।ਬੇਰੁਜ਼ਗਾਰੀ, ਮਹਿੰਗਾਈ ਤੇ ਭ੍ਰਿਸ਼ਟਾਚਾਰ ਨਾਲ ਆਮ ਮਿਹਨਤਕਸ਼ ਜਨਤਾ ਪੀੜਤ ਹੈ।ਜਵਾਨੀ ਨੂੰ ਨਸ਼ਿਆਂ ਲੁੱਟਾਂ-ਖੋਹਾਂ ਡਾਕਿਆਂ ਫਰੌਤੀਆਂ ਦੇ ਰਾਹ ਪਾਇਆ ਜਾ ਰਿਹਾ ਹੈ।ਇਸ ਕਰਕੇ ਸਰਵ ਭਾਰਤ ਨੌਜਵਾਨ ਸਭਾ ਦਾ ਝੰਡਾ ਚੁੱਕ ਕੇ ਨੌਜਵਾਨ ਮਜ਼ਦੂਰਾਂ ਕਿਸਾਨਾਂ ਦੇ ਹੱਕ ਲੈਣ ਲਈ ਸੰਘਰਸ਼ਸ਼ੀਲ ਹੋਣ। ਸੰਬੋਧਨ







ਕਰਦਿਆਂ ਕਾਮਰੇਡ ਬਲਕਾਰ ਸਿੰਘ ਵਲਟੋਹਾ ਜ਼ਿਲ੍ਹਾ ਮੀਤ ਸਕੱਤਰ ਭਾਰਤੀ ਕਮਿਊਨਿਸਟ ਪਾਰਟੀ ਨੇ ਕਿਹਾ ਕਿ ਅਜੋਕੇ ਦੌਰ ਵਿੱਚ ਜਦੋਂ ਕਿ ਦੇਸ਼ ਫਾਸ਼ੀਵਾਦ ਵਾਲੇ ਪਾਸੇ ਵਧ ਰਿਹਾ ਹੈ, ਮੀਡੀਆ ਦੀ ਜ਼ੁਬਾਨ ਬੰਦੀ ਹੋ ਰਹੀ ਹੈ,ਨੌਜਵਾਨ ਤੇ ਕਿਸਾਨ ਆਤਮ ਹੱਤਿਆ ਕਰ ਰਹੇ ਹਨ।ਬੇਰੁਜ਼ਗਾਰੀ ਅਤੇ ਮਹਿੰਗਾਈ ਹੱਦਾਂ ਬੰਨੇ ਟੱਪ ਚੁੱਕੀ ਹੈ।ਉਨ੍ਹਾਂ ਨੌਜਵਾਨਾਂ ਨੂੰ ਜਥੇਬੰਦ ਹੋ ਕੇ ਆਪਣੇ ਹੱਕਾਂ ਖਾਤਰ ਲੜਨ ਦੀ ਅਪੀਲ ਕੀਤੀ।ਕੁੱਲ ਹਿੰਦ ਕਿਸਾਨ ਸਭਾ ਸੂਬਾਈ ਵਰਕਿੰਗ ਪ੍ਰਧਾਨ ਮਹਾਂਬੀਰ ਸਿੰਘ ਪੱਟੀ ਅਤੇ ਬਲਾਕ ਪ੍ਰਧਾਨ ਰਣਜੀਤ ਸਿੰਘ ਬਹਾਦਰ ਨਗਰ ਆੜ੍ਹਤੀਆ ਐਸੋਸੀਏਸ਼ਨ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਕੁਲਬੀਰ ਸਿੰਘ ਕਸੇਲ, ਏਟਕ ਪੰਜਾਬ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਗੰਡੀਵਿੰਡ, ਪੰਜਾਬ ਇਸਤਰੀ ਸਭਾ ਪ੍ਰਧਾਨ ਰਜਿੰਦਰ ਪਾਲ ਕੌਰ ਅਤੇ ਸਰਪ੍ਰਸਤ ਨਰਿੰਦਰ ਪਾਲ ਕੌਰ, ਕਿਸਾਨ ਸਭਾ ਦੇ ਆਗੂ ਗੁਰਦਿਆਲ ਸਿੰਘ ਵਰਨਾਲਾ, ਸਰਬ ਭਾਰਤ ਨੌਜਵਾਨ ਸਭਾ ਜ਼ਿਲ੍ਹਾ ਪ੍ਰਧਾਨ ਰਸਾਲ ਸਿੰਘ ਭਿੱਖੀਵਿੰਡ ਅਤੇ ਜ਼ਿਲ੍ਹਾ ਸਕੱਤਰ ਵਿਸ਼ਾਲਦੀਪ ਸਿੰਘ ਵਲਟੋਹਾ ਨੇ ਸੰਬੋਧਨ ਕਰਦਿਆਂ ਵਿਛੜ ਚੁੱਕੇ ਆਗੂ ਨੂੰ ਸ਼ਰਧਾਂਜਲੀ ਭੇਟ ਕੀਤੀ। ਭਾਰਤੀ ਕਮਿਊਨਿਸਟ ਪਾਰਟੀ ਬਲਾਕ ਵਲਟੋਹਾ ਦੇ ਸਕੱਤਰ ਕਾਮਰੇਡ ਕਿਰਨਜੀਤ ਕੌਰ ਵਲਟੋਹਾ ਵੱਲੋਂ ਆਏ ਹੋਏ ਸਭਨਾਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਜੋਗਿੰਦਰ ਸਿੰਘ ਵਲਟੋਹਾ, ਮੇਜਰ ਸਿੰਘ, ਜੋਧ ਸਿੰਘ ਵਾਲਾ, ਜਸਵੰਤ ਸਿੰਘ ਸੂਰਵਿੰਡ, ਸੁਖਦੇਵ ਸਿੰਘ ਕਾਲਾ, ਪਾਲ ਸਿੰਘ ਮੋਤਾ ਸਿੰਘ ਸੋਹਲ, ਟਹਿਲ ਸਿੰਘ ਲੱਧੂ, ਰਣਜੀਤ ਸਿੰਘ ਕੋਟਲੀ, ਗੁਰਪ੍ਰੀਤ ਸਿੰਘ ਕੋਟਲੀ, ਸੁਖਦੇਵ ਸਿੰਘ ਮਨਾਵਾਂ, ਅਨੂਪ ਸਿੰਘ ਖੇਮਕਰਨ, ਸਲਵਿੰਦਰ ਸਿੰਘ ਵਲਟੋਹਾ, ਰਮੇਸ਼ ਕੁਮਾਰ, ਲਾਲ ਮਸੀਹ ਚੀਮਾ, ਬਲਦੇਵ ਸਿੰਘ ਅਮਰਕੋਟ, ਗੁਰਪ੍ਰਤਾਪ ਸਿੰਘ, ਗੁਰਵੇਲ ਸਿੰਘ ਗੁਰਲਾਲ ਸਿੰਘ, ਕੁਲਬੀਰ ਸਿੰਘ ਹੀਰਾ ਸਿੰਘ, ਗੁਰਸੇਵਕ ਸਿੰਘ, ਪ੍ਰਭਜੀਤ ਸਿੰਘ ਦਿਲਜੀਤ ਸਿੰਘ, ਅਮਰੀਕ ਸਿੰਘ ਗੁਰੂ ਸਾਹਿਬ ਸਿੰਘ ਜਿੰਦਰ ਗੁਰਨਾਮ ਸਿੰਘ ਬਲਜੀਤ ਸਿੰਘ ਵਲਟੋਹਾ, ਹੀਰਾ ਸਿੰਘ ਕਲੰਜਰ, ਅਵਤਾਰ ਸਿੰਘ ਘਰਿਆਲੀ, ਬਲਦੇਵ ਸਿੰਘ ਰਾਜੋਕੇ, ਰਵਿੰਦਰ ਸਿੰਘ, ਜਗਦੀਪ ਸਿੰਘ, ਜੋਗਿੰਦਰ ਸਿੰਘ ਰਾਜੋਕੇ ਆਦਿ ਹਾਜ਼ਰ ਸਨ।

## ਯੋਗਾ ਮੁਕਾਬਲੇ 'ਚ ਆਰ ਡੀ ਖੋਸਲਾ ਸਕੂਲ ਦੇ ਵਿਦਿਆਰਥੀ ਅੱਵਲ



**ਬਟਾਲਾ (ਡਾ. ਮਲਵਿੰਦਰ ਸਿੰਘ)**- ਫਾਈਵ ਸਟਾਰ ਯੋਗਾਸਣ ਸਪੋਰਟਸ ਫੈਡਰੇਸ਼ਨ ਇੰਡੀਆ ਨੇ ਲੁਧਿਆਣਾ ਵਿੱਚ ਇੱਕ ਸ਼ਾਨਦਾਰ ਯੋਗਾ ਮੁਕਾਬਲਾ ਆਯੋਜਿਤ ਕੀਤਾ। ਇਸ ਮੁਕਾਬਲੇ ਵਿੱਚ ਦੇਸ਼ ਭਰ ਦੇ ਭਾਗੀਦਾਰਾਂ ਨੇ ਹਿੱਸਾ ਲਿਆ। ਆਰ.ਡੀ. ਖੋਸਲਾ ਡੀ.ਏ.ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ, ਬਟਾਲਾ ਦੇ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਨੇ ਆਪਣੇ ਸ਼ਾਨਦਾਰ ਯੋਗਾ ਹੁਨਰ, ਸੰਤੁਲਨ ਅਤੇ ਅਨੁਸ਼ਾਸਨ ਦਾ ਪ੍ਰਦਰਸ਼ਨ ਕੀਤਾ।ਗੁਰਲੀਨ ਨੇ ਇਸ ਮੁਕਾਬਲੇ ਵਿੱਚ ਰਾਸ਼ਟਰੀ ਪੱਧਰ 'ਤੇ ਪਹਿਲਾ ਇਨਾਮ ਜਿੱਤਿਆ, ਜਦੋਂ ਕਿ ਅਸ਼ਮੀਨ ਕੌਰ ਨੇ ਅੱਧੇ ਘੰਟੇ ਤੱਕ ਲਗਾਤਾਰ ਗਰਵ ਆਸਣ ਕਰਕੇ ਵਿਸ਼ਵ ਰਿਕਾਰਡ ਬਣਾਇਆ ਤੇ ਮੁਕਾਬਲੇ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। ਰਾਜਵੀਰ ਕੌਰ, ਅਮਾਇਰਾ ਅਤੇ ਨਿਸ਼ਾਂਤ ਵੀ ਇਸ ਮੁਕਾਬਲੇ ਵਿੱਚ ਜੇਤੂ ਰਹੇ।ਮੁਕਾਬਲੇ ਦੌਰਾਨ, ਵਿਦਿਆਰਥੀਆਂ ਨੇ ਸ਼ੁੱਧਤਾ ਅਤੇ ਤਾਲਮੇਲ ਨਾਲ ਮੁਸ਼ਕਲ ਯੋਗਾ ਆਸਣ ਕੀਤੇ, ਜਿਸ ਦੀ ਜੱਜਾਂ ਅਤੇ ਦਰਸ਼ਕਾਂ ਦੁਆਰਾ ਬਹੁਤ ਪ੍ਰਸ਼ੰਸਾ ਕੀਤੀ ਗਈ। ਇਸ ਪ੍ਰਭਾਵਸ਼ਾਲੀ ਪ੍ਰਦਰਸ਼ਨ ਦੇ ਨਾਲ ਸਕੂਲ ਦੇ ਬੱਚਿਆਂ ਨੇ ਇੱਕ ਵਿਸ਼ਵ ਰਿਕਾਰਡ ਵੀ ਬਣਾਇਆ, ਜੋ ਕਿ ਸਕੂਲ ਲਈ ਮਾਣ ਵਾਲੀ ਗੱਲ ਹੈ।ਸਕੂਲ ਦੇ ਚੇਅਰਮੈਨ ਸ੍ਰੀ ਅਰਵਿੰਦ ਖੋਸਲਾ, ਪ੍ਰਧਾਨ ਸ੍ਰੀ ਅਜੇ ਖੋਸਲਾ ਅਤੇ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਜੇਤੂ ਵਿਦਿਆਰਥੀਆਂ, ਮਾਪਿਆਂ ਅਤੇ ਕੋਚਾਂ ਸ਼੍ਰੀਮਤੀ ਊਸ਼ਾ ਕਿਰਨ ਅਤੇ ਸ਼੍ਰੀ ਵਿਨੈ ਪੁਸ਼ਕਰਨਾ ਨੂੰ ਦਿਲੋਂ ਵਧਾਈਆਂ ਅਤੇ ਸ਼ੁਭਕਾਮਨਾਵਾਂ ਦਿੱਤੀਆਂ।

## ਸਰਕਾਰੀ ਸਕੂਲਾਂ ਅੰਦਰ ਮਿਲਣ ਵਾਲੀਆਂ ਸਹੂਲਤਾਂ ਦਾ ਲਾਭ ਉਠਾਉਣ ਮਾਪੇ : ਕਰਮਜੀਤ ਰਿੰਟੂ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸਿੱਖਿਆ ਵਿਭਾਗ ਪੰਜਾਬ ਵੱਲੋਂ ਨਵੇਂ ਸੈਸ਼ਨ ਲਈ ਸ਼ੁਰੂ ਹੋਈ ਦਾਖ਼ਲਾ ਮੁਹਿੰਮ ਤਹਿਤ ਅੱਜ ਦੂਸਰੇ ਦਿਨ ਵੱਖ-ਵੱਖ ਖੇਤਰਾਂ 'ਚ ਜਾਣ ਵਾਲੀ ਜਾਗਰੂਕਤਾ ਵੈਨ ਨੂੰ ਅੰਮ੍ਰਿਤਸਰ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਕਰਮਜੀਤ ਸਿੰਘ ਰਿੰਟੂ ਵੱਲੋਂ ਸਰਕਾਰੀ ਐਲੀਮੈਂਟਰੀ ਸਕੂਲ ਫੈਜ਼ਪੁਰਾ ਤੋਂ ਹਰੀ ਝੰਡੀ ਵਿਖਾ ਕੇ ਰਵਾਨਾ ਕੀਤਾ ਗਿਆ। ਇਸ ਸਬੰਧੀ ਜ਼ਿਲ੍ਹਾ ਸਿੱਖਿਆ ਅਫ਼ਸਰ ਕੰਵਲਜੀਤ ਸਿੰਘ ਸੰਧੂ, ਜ਼ਿਲ੍ਹਾ ਸਿੱਖਿਆ ਅਫ਼ਸਰ ਰਾਜੇਸ਼ ਸ਼ਰਮਾ ਅਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਇੰਦੂ ਬਾਲਾ ਮੰਗੋਤਰਾ ਦੀ ਦੇਖ-ਰੇਖ ਹੋਏ ਸਮਾਗਮ 'ਚ ਬੋਲਦਿਆਂ ਚੇਅਰਮੈਨ ਕਰਮਜੀਤ ਸਿੰਘ ਰਿੰਟੂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਮਿਸਾਲੀ ਕੰਮ ਕਰਾਉਣ ਸਦਕਾ ਜਿੱਥੇ ਸਰਕਾਰੀ ਸਕੂਲਾਂ ਦੀਆਂ ਇਮਾਰਤਾਂ ਦੀ ਦਿੱਖ 'ਚ ਵੱਡੇ ਪੱਧਰ ਤੇ ਬਦਲਾਅ ਆਇਆ ਹੈ ਉੱਥੇ ਹੀ ਵਿਦਿਆਰਥੀਆਂ ਨੂੰ ਹਰ ਪੱਖੋਂ ਸਮੇਂ ਦੇ ਹਾਣੀ ਬਣਾਉਣ ਲਈ ਸਿੱਖਣ-ਸਿਖਾਉਣ ਦੀਆਂ ਵੱਖ-ਵੱਖ ਆਧੁਨਿਕ ਤਕਨੀਕਾਂ ਦੀ ਵਰਤੋਂ ਅਮਲ 'ਚ ਲਿਆਂਦੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਾਨੂੰ ਸਭ ਨੂੰ ਆਪਣੇ ਬੱਚੇ ਸਰਕਾਰੀ ਸਕੂਲਾਂ 'ਚ ਦਾਖ਼ਲ ਕਰਵਾਉਣੇ ਚਾਹੀਦੇ ਹਨ ਕਿਉਂਕਿ ਇਨ੍ਹਾਂ ਸਕੂਲਾਂ 'ਚ ਨਿੱਜੀ ਸਕੂਲਾਂ ਨਾਲੋਂ ਵੱਧ ਮਿਆਰੀ ਤੇ ਮੁਫ਼ਤ ਸਿੱਖਿਆ ਮੁਹੱਈਆ ਕਰਵਾਈ ਜਾ ਰਹੀ ਹੈ। ਇਸ ਮੌਕੇ ਉਪਰੋਕਤ ਤੋਂ ਇਲਾਵਾ ਡਾਇਟ ਪ੍ਰਿੰਸੀਪਲ ਸੁਖਦੇਵ ਸਿੰਘ, ਬਲਾਕ ਸਿੱਖਿਆ ਅਫ਼ਸਰ ਬਲਜੀਤ ਸਿੰਘ, ਪ੍ਰਿੰਸੀਪਲ ਅਨੂ ਬੇਦੀ, ਡੀ. ਆਰ. ਸੀ. ਵਿਜੇ ਕੁਮਾਰ, ਮਨੀਸ਼ ਕੁਮਾਰ ਮੇਘ, ਸੰਦੀਪ ਸਿਆਲ, ਰਜਿੰਦਰ ਸਿੰਘ, ਮੀਡੀਆ ਕੋਆਰਡੀਨੇਟਰ ਪਰਮਿੰਦਰ ਸੰਧੂ, ਮੀਡੀਆ ਇੰਚਾਰਜ ਮਨਪ੍ਰੀਤ ਸੰਧੂ, ਬਲਜੀਤ ਸਿੰਘ ਮੱਲੀ, ਸੀ. ਐੱਚ. ਟੀ. ਮੋਨਿਕਾ ਰਾਣਾ, ਰਵਿੰਦਰ ਰੰਧਾਵਾ, ਦੀਪਿਕਾ ਦੀਨ, ਸੁਰੇਸ਼ ਕੁਮਾਰ ਖੁੱਲਰ, ਐੱਚ. ਟੀ. ਹਰਦਿਆਲ ਸਿੰਘ ਫ਼ੈਜ਼ਪੁਰਾ, ਯਾਦਵਿੰਦਰ ਸਿੰਘ ਯਾਦੂ, ਗੁਰਲਾਲ ਸਿੰਘ, ਰਵਿੰਦਰ ਸ਼ਰਮਾ, ਅਵਤਾਰ ਸਿੰਘ, ਮਲਕੀਅਤ ਸਿੰਘ ਵੱਲ੍ਹਾ, ਜੋਗਾ ਸਿੰਘ, ਕਰਨਜੀਤ ਸਿੰਘ, ਰਾਹੁਲ ਸ਼ਰਮਾ, ਕੁਲਦੀਪ ਅਰੋੜਾ, ਸਤਨਾਮ ਸਿੰਘ, ਰਜਿੰਦਰ ਰੰਧਾਵਾ, ਧੰਤਾ ਦੇਵੀ, ਜਗਦੀਪ ਕੌਰ ਮਾਨ, ਸ਼ਿਖਾ, ਅਮਨਦੀਪ ਕੌਰ, ਰਾਜਵਿੰਦਰ ਕੌਰ ਆਦਿ ਤੋਂ ਵੱਡੀ ਗਿਣਤੀ ਵਿਚ ਵਿਦਿਆਰਥੀ ਮੌਜੂਦ ਵੀ ਮੌਜੂਦ ਸਨ।

## ਲੱਭਿਆ ਬੈਗ ਮਾਲਕ ਨੂੰ ਕੀਤਾ ਵਾਪਸ



**ਗੁਰਦਾਸਪੁਰ (ਜਨਕ ਮਹਾਜਨ)**- ਇਮਾਨਦਾਰੀ ਅਜੇ ਜ਼ਿੰਦਾ ਹੈ, ਦੀ ਮਿਸਾਲ ਸੁਲੇਮਾਨ ਨਾਂਅ ਦੇ ਵਿਅਕਤੀ ਨੇ ਇਕ ਲੱਭਿਆ ਬੈਗ ਮਾਲਕ ਨੂੰ ਵਾਪਸ ਕਰਕੇ ਕਾਇਮ ਕੀਤੀ ਹੈ। ਜਾਣਕਾਰੀ ਅਨੁਸਾਰ ਸਥਾਨਕ ਜੇਲ੍ਹ ਰੋਡ ਗੁਰਦਾਸਪੁਰ ਵਿਖੇ ਗੁਲਸ਼ਨ ਸੈਣੀ ਦਾ ਬੈਗ ਜਿਸ ਵਿੱਚ ਬਹੁਤ ਹੀ ਕੀਮਤੀ ਸਮਾਨ ਸੀ, ਗੁੰਮ ਹੋ ਗਿਆ ਸੀ। ਜੋ ਏ ਡੀ ਸੀ ਵਿਕਾਸ ਵਿਖੇ ਐਡੀਟਰ ਵਜੋਂ ਤੈਨਾਤ ਸੁਲੇਮਾਨ ਮਿਲਿਆ। ਉਸ ਨੇ ਬੈਗ ਵੇਖਿਆ ਅਤੇ ਆਧਾਰ ਕਾਰਡ ਤੋਂ ਨਿਆਮਤਾ ਪਿੰਡ ਦਾ ਪਤਾ ਲੱਗਾ ਤਾਂ ਉਸ ਨੇ ਤੁਰੰਤ ਬੌਬੀ ਨਿਆਮਤਾ ਨੂੰ ਜੋ ਕਿ ਪੂਰੇ ਸਮਾਜ ਵਿੱਚ ਇੱਕ ਸਮਾਜ ਸੇਵਕ ਵਲੋਂ ਜਾਣਿਆ ਜਾਂਦਾ ਹੈ, ਨੂੰ ਫੋਨ ਕੀਤਾ ਤੇ ਬੈਗ ਮਿਲਣ ਬਾਰੇ ਦੱਸਿਆ। ਬੌਬੀ ਤੁਰੰਤ ਗੁਲਸ਼ਨ ਸੈਣੀ ਭੈਣ ਨੂੰ ਨਾਲ ਲੈ ਕੇ ਏ ਡੀ ਸੀ ਦਫਤਰ ਗੁਰਦਾਸਪੁਰ ਪੁੱਜਿਆ ਜਿੱਥੇ ਸੁਲੇਮਾਨ ਨੇ ਆਪਣੀ ਇਮਾਨਦਾਰੀ ਦਿਖਾਉਂਦੇ ਹੋਏ ਗੁਲਸ਼ਨ ਭੈਣ ਨੂੰ ਆਪਣੇ ਸਟਾਫ ਦੀ ਹਾਜ਼ਰੀ ਵਿੱਚ ਬੈਗ ਸਪੁੱਰਦ ਕੀਤਾ। ਭੈਣ ਗੁਲਸ਼ਨ ਨੇ ਸੁਲੇਮਾਨ ਦਾ ਧੰਨਵਾਦ ਕੀਤਾ।

## ਗੁਰੂ ਹਰਿਗੋਬਿੰਦ ਸੀਨੀਅਰ ਸੈਕੰਡਰੀ ਸਕੂਲ 'ਚ ਅਰਦਾਸ ਦਿਵਸ ਤੇ ਇਨਾਮ ਵੰਡ ਸਮਾਰੋਹ ਆਯੋਜਿਤ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)** ਸ੍ਰੀ ਗੁਰੂ ਹਰਗੋਬਿੰਦ ਸੀਨੀਅਰ ਸੈਕੰਡਰੀ ਸਕੂਲ ਸੈਦੋਲੇਹਲ ਖੁਜਾਲਾ 'ਚ ਸਾਲਾਨਾ ਅਰਦਾਸ ਦਿਵਸ ਅਤੇ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ, ਜਿਸ ਵਿੱਚ ਪ੍ਰਿੰਸੀਪਲ ਦੀਪਕ ਕੁਮਾਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ, ਜਿਨ੍ਹਾਂ ਨੇ ਵੱਖ-ਵੱਖ ਖੇਤਰਾਂ 'ਚ ਮੱਲਾਂ ਮਾਰਨ ਵਾਲੇ ਬੱਚਿਆਂ ਨੂੰ ਇਨਾਮ ਵੰਡੇ। ਸਮਾਗਮ 'ਚ ਪਹਿਲਾਂ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਗਏ। ਸੰਤ ਬਾਬਾ ਗੁਰਭੇਜ ਸਿੰਘ ਖੁਜਾਲਾ ਵਾਲਿਆਂ ਨੇ ਸੰਗਤਾਂ ਨੂੰ ਗੁਰੂ ਜੱਸ ਰਾਹੀਂ ਨਿਹਾਲ ਕੀਤਾ ਅਤੇ ਸਕੂਲ ਦੇ ਬੱਚਿਆਂ ਵੱਲੋਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਤੇ ਧਾਰਮਿਕ ਕਵਿਤਾਵਾਂ ਪੇਸ਼ ਕੀਤੀਆਂ ਗਈਆਂ।ਪ੍ਰਿੰਸੀਪਲ ਦੀਪਕ ਕੁਮਾਰ ਨੇ ਸਕੂਲ ਦੇ ਪ੍ਰਬੰਧਕਾਂ ਨੂੰ ਇਸ ਗੱਲ ਦੀ ਵਧਾਈ ਦਿੱਤੀ ਜਿਨ੍ਹਾਂ ਨੇ ਆਪਣੇ ਸਕੂਲ ਦੇ ਬੱਚਿਆਂ ਨੂੰ ਸਿੱਖੀ ਪਹਿਰਾਵੇ ਦੇ ਨਾਲ ਜੋੜ ਕੇ ਰੱਖਿਆ ਹੋਇਆ ਹੈ।ਉਨ੍ਹਾਂ ਕਿਹਾ ਕਿ ਬੱਚੇ ਦੇ ਉਜਵਲ ਭਵਿੱਖ ਲਈ ਮਾਵਾਂ ਦਾ ਬਹੁਤ ਵੱਡਾ ਯੋਗਦਾਨ ਹੁੰਦਾ ਹੈ।ਮਾਂ ਹੀ ਬੱਚੇ ਨੂੰ ਚੰਗੇ ਗੁਣ ਦੇ ਸਕਦੀ ਹੈ।ਇਸ ਲਈ ਮਾਵਾਂ ਨੂੰ ਬੱਚਿਆਂ ਵੱਲ ਜ਼ਰੂਰ ਧਿਆਨ ਦੇਣਾ ਚਾਹੀਦਾ ਹੈ।ਆਏ ਹੋਏ ਮਹਿਮਾਨ ਅਤੇ ਹੋਰ ਪਤਵੰਤਿਆਂ ਨੂੰ ਸਕੂਲ ਦੇ ਡਾਇਰੈਕਟਰ ਡਾ. ਇੰਦਰਜੀਤ ਸਿੰਘ



ਗੁਮਟਾਲਾ ਵੱਲੋਂ ਆਇਆਂ ਕਿਹਾ ਗਿਆ।ਇਸ ਮੌਕੇ ਸਾਬਕਾ ਸਰਪੰਚ ਪਲਵਿੰਦਰ ਸਿੰਘ ਖੁਜਾਲਾ, ਸਰਪੰਚ ਸਰਬਜੀਤ ਸਿੰਘ ਸਾਧਪੁਰ, ਸੁਖਵਿੰਦਰ ਸਿੰਘ ਸਾਬਕਾ ਸਰਪੰਚ ਸੈਦੋਲੇਹਲ, ਡਾ. ਸੁਖਵਿੰਦਰ ਸਿੰਘ ਤਰਸਿੱਕਾ, ਪ੍ਰਿੰਸੀਪਲ ਬਲਵਿੰਦਰ ਕੌਰ ਗੁਮਟਾਲਾ, ਅਮਰਜੋਤ ਸਿੰਘ ਗੁਮਟਾਲਾ, ਸਾਬਕਾ ਸਰਪੰਚ ਬਲਵਿੰਦਰ ਸਿੰਘ ਖੁਜਾਲਾ, ਗੁਰਸਰਨ ਸਿੰਘ ਖੁਜਾਲਾ ਆਦਿ ਆਗੂ ਵੀ ਹਾਜ਼ਰ ਸਨ ।

## ਮੰਡਲ ਪ੍ਰਧਾਨ ਸ਼ੈਪੀ ਸੋਹਲ ਵੱਲੋਂ ਸਾਹੋਵਾਲ ਮੰਡਲ ਦੀ ਭਾਜਪਾ ਟੀਮ ਦਾ ਗਠਨ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**- ਭਾਜਪਾ ਹਾਈਕਮਾਂਡ ਅਤੇ ਭਾਜਪਾ ਸੂਬਾ ਕਾਰਜਕਾਰੀ ਪ੍ਰਧਾਨ ਸ਼੍ਰੀ ਅਸ਼ਵਨੀ ਸ਼ਰਮਾ ਦੇ ਦਿਸ਼ਾ ਨਿਰਦੇਸ਼ ਅਨੁਸਾਰ ਗੁਰਦਾਸਪੁਰ ਭਾਜਪਾ ਜ਼ਿਲਾ ਇੰਚਾਰਜ ਸ਼੍ਰੀ ਸੂਰਜ ਭਾਰਦਵਾਜ, ਜ਼ਿਲ੍ਹਾ ਪ੍ਰਧਾਨ ਸ: ਬਘੇਲ ਸਿੰਘ ਬਾਹੀਆਂ ਦੀ ਅਗੁਵਾਈ ਹੇਠ ਅਤੇ ਦੀਨਾਨਗਰ ਵਿਧਾਨ ਸਭਾ ਹਲਕਾ ਇੰਚਾਰਜ ਸ਼੍ਰੀਮਤੀ ਰੇਨੂੰ ਕਸ਼ਯਪ ਦੇ



ਨਾਲ ਵਿਚਾਰ ਵਟਾਂਦਰਾ ਕਰਨ ਤੋਂ ਬਾਅਦ ਸਾਹੋਵਾਲ ਮੰਡਲ ਤੋਂ ਪ੍ਰਧਾਨ ਸ਼ੈਪੀ ਸੋਹਲ ਨੇ ਸਾਹੋਵਾਲ ਮੰਡਲ ਤੋਂ ਟੀਮ ਦਾ ਗਠਨ ਕੀਤਾ ਗਿਆ । ਇਸ ਮੌਕੇ ਸ਼ੈਪੀ ਸੋਹਲ ਨੇ ਪੰਜਾਬ ਦੀ ਭਾਜਪਾ ਲੀਡਰਸ਼ਿਪ ਅਤੇ ਭਾਜਪਾ ਹਾਈ ਕਮਾਂਡ ਦਾ ਧੰਨਵਾਦ ਕੀਤਾ। ਉਹਨਾਂ ਕਿਹਾ ਕਿ ਭਾਜਪਾ ਦੀ ਲੀਡਰਸ਼ਿਪ ਵੱਲੋਂ ਜੋ ਜਿੰਮੇਵਾਰੀ ਸੌਂਪੀ ਗਈ ਹੈ ਇਸ ਜਿੰਮੇਵਾਰੀ ਨੂੰ ਪੂਰੀ ਧਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਵਾਂਗਾ।

## ਸਰਕਾਰੀ ਸਕੂਲਾਂ 'ਚ ਦਾਖ਼ਲਾ ਵਧਾਉਣ ਲਈ ਵਿਸ਼ੇਸ਼ ਦਾਖਲਾ ਪ੍ਰਚਾਰ ਵੈਨ ਮੁਹਿੰਮ ਦਾ ਆਗਾਜ਼

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਸਰਕਾਰੀ ਸਕੂਲਾਂ ਵਿੱਚ ਨਵੇਂ ਵਿਦਿਅਕ ਸੈਸ਼ਨ ਦੌਰਾਨ ਦਾਖ਼ਲਾ ਵਧਾਉਣ ਅਤੇ ਮਾਪਿਆਂ ਨੂੰ ਜਾਗਰੂਕ ਕਰਨ ਦੇ ਮਕਸਦ ਨਾਲ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰ./ਐਲੀ.) ਸਤਿਨਾਮ ਸਿੰਘ ਬਾਠ ਦੀ ਯੋਗ ਰਹਿਨੁਮਾਈ ਹੇਠ ਹਰਜਿੰਦਰ ਸਿੰਘ ਟੌਂਗ ਵੱਲੋਂ ਉਚੇਚੇ ਤੌਰ 'ਤੇ ਪਹੁੰਚ ਕੇ ਸਰਕਾਰੀ ਐਲੀਮੈਂਟਰੀ ਸਕੂਲ ਮੀਆਂਵਿੰਡ ਤੋਂ ਇੱਕ ਵਿਸ਼ੇਸ਼ 'ਦਾਖ਼ਲਾ ਪ੍ਰਚਾਰ ਵੈਨ' ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ।ਇਸ ਮੌਕੇ ਉਨ੍ਹਾਂ ਨਾਲ ਬੀਪੀਈਓ ਖਡੂਰ ਸਾਹਿਬ ਸ੍ਰ ਦਿਲਬਾਗ ਸਿੰਘ, ਡੀਆਰਸੀ ਅਨੂਪ ਸਿੰਘ ਮੈਣੀ, ਪ੍ਰਿੰਸੀਪਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੀਆਂਵਿੰਡ ਬਰਿੰਦਰਜੀਤ ਸਿੰਘ, ਪ੍ਰਿੰਸੀਪਲ ਗੁਰਦੀਪ ਸਿੰਘ ਸਕੂਲ ਆਫ ਐਮੀਨੈਂਸ ਖਡੂਰ ਸਾਹਿਬ, ਸੀਐੱਚਟੀ ਖੁਸ਼ਪ੍ਰੀਤ ਸਿੰਘ, ਸੀਐੱਚਟੀ ਸੁਖਦੇਵ ਸਿੰਘ, ਸੀਅਐਚਟੀ ਸੁਖਚੈਨ ਸਿੰਘ, ਸੀਐੱਚਟੀ ਸੁਖਵਿੰਦਰ ਸਿੰਘ ਧਾਮੀ, ਬੀਆਰਸੀ ਮਨਦੀਪ ਸਿੰਘ, ਸੀਐੱਚਟੀ ਜਗਦੀਸ਼ ਕੌਰ, ਸੀਐੱਚਟੀ ਅਰੁਣਦੀਪ ਕੌਰ, ਹੈੱਡ ਟੀਚਰ ਰਣਜੀਤ ਕੌਰ, ਮੀਡੀਆ ਇੰਚਾਰਜ ਪ੍ਰੇਮ ਸਿੰਘ ਅਤੇ ਦਿਨੇਸ਼ ਸ਼ਰਮਾ, ਗੁਰਵਿੰਦਰ ਸਿੰਘ ਚਹਿਲ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸਕੂਲ ਮੁਖੀ ਸਹਿਬਾਨ ਅਤੇ ਵਿਦਿਆਰਥੀ ਹਾਜ਼ਰ ਸਨ।ਡੀਈਓ ਸਤਿਨਾਮ



ਸਿੰਘ ਬਾਠ ਨੇ ਦੱਸਿਆ ਕਿ ਇਹ ਦਾਖਲਾ ਪ੍ਰਚਾਰ ਵੈਨ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਜਾ ਕੇ ਲੋਕਾਂ ਨੂੰ ਸਰਕਾਰੀ ਸਕੂਲਾਂ ਵਿੱਚ ਮਿਲ ਰਹੀਆਂ ਆਧੁਨਿਕ ਸਹੂਲਤਾਂ, ਮਿਆਰੀ ਸਿੱਖਿਆ ਅਤੇ ਸਰਕਾਰ ਵੱਲੋਂ ਦਿੱਤੀਆਂ ਜਾਂਦੀਆਂ ਰਿਆਇਤਾਂ ਬਾਰੇ ਜਾਣੂ ਕਰਵਾਏਗੀ।ਉਨ੍ਹਾਂ ਕਿਹਾ ਕਿ ਵਿਭਾਗ ਦਾ ਮੁੱਖ ਟੀਚਾ ਵੱਧ ਤੋਂ ਵੱਧ ਬੱਚਿਆਂ ਨੂੰ ਸਰਕਾਰੀ ਸਕੂਲਾਂ ਨਾਲ ਜੋੜਨਾ ਹੈ।ਮੀਆਂਵਿੰਡ ਤੋਂ ਚੱਲ ਕੇ ਇਹ ਵੈਨ ਇਤਿਹਾਸਕ ਨਗਰ ਖਡੂਰ ਸਾਹਿਬ, ਨਾਗੋਕੇ ਤੋਂ ਬਾਅਦ ਗੋਇੰਦਵਾਲ ਸਾਹਿਬ ਪੁੱਜੀ। ਜਿੱਥੇ ਚੇਅਰਮੈਨ ਮਾਰਕੀਟ ਕਮੇਟੀ ਨੌਸ਼ਿਹਰਾ ਪੰਨੂਆਂ ਅਤੇ ਜ਼ਿਲ੍ਹਾ ਇੰਚਾਰਜ਼ ਸਿੱਖਿਆ ਕ੍ਰਾਂਤੀ ਹਰਜੀਤ ਸਿੰਘ ਸੰਧੂ, ਹਰਪ੍ਰੀਤ ਸਿੰਘ ਚੇਅਰਮੈਨ ਮਾਰਕੀਟ ਕਮੇਟੀ, ਹੈਰੀ ਗਿੱਲ ਹਲਕਾ ਕੋਆਰਡੀਨੇਟਰ ਸਿੱਖਿਆ ਕ੍ਰਾਂਤੀ, ਬਲਵਿੰਦਰ ਸਿੰਘ ਗਿੱਲ ਹਲਕਾ ਕੋਆਰਡੀਨੇਟਰ ਸਿੱਖਿਆ ਕ੍ਰਾਂਤੀ, ਨਿਰਮਲ ਸਿੰਘ ਸਰਪੰਚ ਗੋਇੰਦਵਾਲ ਸਾਹਿਬ, ਸਕੂਲ ਆਫ ਐਮੀਨੈਂਸ ਇੰਚਾਰਜ ਮੈਡਮ ਪ੍ਰਵੀਨ ਕੌਰ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ।ਉਪਰੰਤ ਇਸ ਵੈਨ ਦੀ ਵਾਗਡੋਰ ਬਲਾਕ ਐਲੀਮੈਂਟਰੀ ਸਿੱਖਿਆ ਅਫ਼ਸਰ ਚੋਹਲਾ ਸਾਹਿਬ ਕੁਲਵਿੰਦਰ ਸਿੰਘ ਨੇ ਸੰਭਾਲੀ ਅਤੇ ਇਹ ਵੈਨ ਫਤਿਹਾਬਾਦ, ਭਰੋਵਾਲ, ਵੇਈਂਪੂਈਂ, ਢੋਟੀਆਂ, ਜਾਮਾਰਾਏ, ਸਰਹਾਲੀ ਨੌਸ਼ਹਿਰਾ, ਸੇਰੋਂ ਪਿੰਡਾਂ ਵਿੱਚੋਂ ਹੁੰਦੀ ਹੋਈ ਰਸੂਲਪੁਰ ਪਹੁੰਚੀ।ਇਸ ਮੁਹਿੰਮ ਦੌਰਾਨ ਵੱਖ-ਵੱਖ ਸਕੂਲਾਂ ਦੇ ਮੁਖੀ, ਸੈਂਟਰ ਹੈੱਡ ਟੀਚਰ, ਬਲਾਕ ਐਲੀਮੈਂਟਰੀ ਸਿੱਖਿਆ ਅਫ਼ਸਰ ਅਤੇ ਵੱਡੀ ਗਿਣਤੀ ਵਿੱਚ ਅਧਿਆਪਕ ਅਤੇ ਵਿਦਿਆਰਥੀ ਹਾਜ਼ਰ ਸਨ।

## ਪੈਨਸ਼ਨਰਜ਼ ਜੁਆਇੰਟ ਫ਼ਰੰਟ ਵੱਲੋਂ ਸੰਘਰਸ਼ ਤਿੱਖਾ ਕਰਨ ਦਾ ਐਲਾਨ

**ਗੁਰਦਾਸਪੁਰ, (ਜਨਕ ਮਹਾਜਨ)**- ਪੈਨਸ਼ਨਰ ਜੁਆਇੰਟ ਫ਼ਰੰਟ ਆਪਣੀਆਂ ਮੰਗਾਂ ਪੰਜਾਬ ਸਰਕਾਰ ਕੋਲੋਂ ਮਨਵਾਉਣ ਲਈ ਪੰਜਾਬ ਸਰਕਾਰ ਖ਼ਿਲਾਫ਼ ਤਿੱਖੇ ਸੰਘਰਸ਼ ਦਾ ਐਲਾਨ ਕਰ ਦਿੱਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪੈਨਸ਼ਨਰਜ਼ ਐਸੋਸੀਏਸ਼ਨ ਸਰਕਲ ਗੁਰਦਾਸਪੁਰ ਦੇ ਸਰਕਲ ਸਕੱਤਰ ਤੇ ਟੀਐੱਸਯੂ ਦੇ ਸਾਬਕਾ ਵਿਤ ਸਕੱਤਰ ਪੰਜਾਬ ਸੁਰਿੰਦਰ ਪੱਪੂ ਨੇ ਦੱਸਿਆ ਕਿ ਪੰਜਾਬ ਸਰਕਾਰ ਤਕਰੀਬਨ 4 ਸਾਲ ਦਾ



ਸਮਾਂ ਬਿਤਾ ਚੁੱਕੀ ਹੈ ਪਰੰਤੂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਲੰਮੇਂ ਸਮੇਂ ਤੋਂ ਪੈਂਡਿੰਗ ਮੰਗਾਂ ਨੂੰ ਲਾਗੂ ਨਹੀਂ ਕਰ ਰਹੀ ਜਿਸ ਕਰਕੇ ਪੈਨਸ਼ਨਰਾਂ ਅਤੇ ਮੁਲਾਜ਼ਮਾਂ ਅੰਦਰ ਪੰਜਾਬ ਸਰਕਾਰ ਖ਼ਿਲਾਫ਼ ਭਾਰੀ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪੈਨਸ਼ਨਰਾਂ ਤੇ ਮੁਲਾਜ਼ਮਾਂ ਦਾ 16 ਫ਼ੀਸਦੀ ਡੀ.ਏ., ਉਸ ਦਾ ਬਕਾਇਆ ਏਰੀਅਰ, ਛੇਵੇਂ ਪੇ-ਕਮਿਸ਼ਨ ਦੀਆਂ ਸਿਫਾਰਸ਼ਾਂ, 2.59 ਫੈਕਟਰ ਨਾਲ ਪੈਨਸ਼ਨ ਸੋਧ ਕੇ ਦੇਣਾ, ਪੰਜਾਬ ਸਰਕਾਰ ਅਧੀਨ ਕੰਮ ਕਰਦੇ ਬੋਰਡਾਂ, ਕਾਰਪੋਰੇਸ਼ਨਾਂ ਦੇ ਪੈਨਸ਼ਨਰਾਂ ਨੂੰ ਬਕਾਏ ਕਿਸ਼ਤਾਂ ਨਾਲ ਦੇਣ ਦੀ ਬਜਾਏ ਬਕਾਏ ਯਕਮੁਸ਼ਤ ਦੇਣਾ, ਮੈਡੀਕਲ ਭੱਤਾ 1000 ਕਰਨਾ ਵਰਗੀਆਂ ਮੰਗਾਂ ਦੀ ਪ੍ਰਾਪਤੀ ਲਈ 13 ਫਰਵਰੀ ਨੂੰ ਡਿਪਟੀ ਕਮਿਸ਼ਨਰ ਰਾਹੀਂ ਮੰਗ ਪੱਤਰ ਵਿੱਤ ਮੰਤਰੀ ਅਤੇ ਮੁੱਖ ਮੰਤਰੀ ਪੰਜਾਬ ਨੂੰ ਭੇਜੇ ਜਾਣਗੇ। ਮਾਰਚ ਦੇ ਸ਼ੁਰੂ ਵਿੱਚ ਬਜਟ ਸੈਸ਼ਨ ਤੋਂ ਇੱਕ ਹਫਤਾ ਪਹਿਲਾਂ ਸੰਗਰੂਰ ਵਿਖੇ ਪੰਜਾਬ ਸਰਕਾਰ ਖਿਲਾਫ ਰੈਲੀ ਅਤੇ ਰੋਸ ਮਾਰਚ ਕੀਤਾ ਜਾਵੇਗਾ ਜਿਸ ਵਿੱਚ ਪੈਨਸ਼ਨਰ ਸ਼ਾਮਿਲ ਹੋ ਕੇ ਪੰਜਾਬ ਸਰਕਾਰ ਖਿਲਾਫ ਆਪਣੇ ਗੁੱਸੇ ਦਾ ਪ੍ਰਗਟਾਵਾ ਕਰਨਗੇ। ਜੇਕਰ ਪੰਜਾਬ ਸਰਕਾਰ ਨੇ ਪੈਨਸ਼ਨਰਾਂ ਦੀਆਂ ਮੰਗਾਂ ਲਾਗੂ ਨਾ ਕੀਤੀਆਂ ਤਾਂ ਇਸ ਤੋਂ ਬਾਅਦ ਸੰਘਰਸ਼ ਨੂੰ ਹੋਰ ਤੇਜ਼ ਕਰਨ ਦਾ ਐਲਾਨ ਕੀਤਾ ਜਾਵੇਗਾ ਜਿਸ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

## ਇੰਟੈਲੀਜੈਂਸ ਅਫਸਰ ਇੰਸਪੈਕਟਰ ਕੁਲਵਿੰਦਰ ਸਿੰਘ ਦਾ ਵਿਸ਼ੇਸ਼ ਸਨਮਾਨ



**ਧਾਰੀਵਾਲ, (ਮਨਦੀਪ ਵਿੱਕੀ)**- ਇੰਟੈਲੀਜੈਂਸ ਅਫਸਰ ਇੰਸਪੈਕਟਰ ਕੁਲਵਿੰਦਰ ਸਿੰਘ ਨੂੰ ਖੁਫ਼ੀਆ ਵਿਭਾਗ ਵਿੱਚ ਆਪਣੀ ਡਿਊਟੀ ਪੂਰੀ ਲਗਨ, ਮਿਹਨਤ ਅਤੇ ਇਮਾਨਦਾਰੀ ਨਾਲ ਨਿਭਾਉਣ ਅਤੇ ਬਿਹਤਰੀਨ ਸੇਵਾਵਾਂ ਬਦਲੇ 77ਵੇਂ ਗਣਤੰਤਰ ਦਿਵਸ ਮੌਕੇ ਰਾਜੀਵ ਗਾਂਧੀ ਸਟੇਡੀਅਮ ਬਟਾਲਾ ਵਿਖੇ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਐੱਸਡੀਐੱਮ ਬਟਾਲਾ ਗੁਰਮੰਦਰ ਸਿੰਘ (ਪੀਸੀਐੱਸ) ਵੱਲੋਂ ਇੰਸਪੈਕਟਰ ਕੁਲਵਿੰਦਰ ਸਿੰਘ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਹ ਸਨਮਾਨ ਮਿਲਣ 'ਤੇ ਖੁਫ਼ੀਆ ਵਿਭਾਗ ਕਾਦੀਆਂ ਦੇ ਇੰਚਾਰਜ ਇੰਟੈਲੀਜੈਂਸ ਅਫਸਰ ਇੰਸਪੈਕਟਰ ਕੁਲਵਿੰਦਰ ਸਿੰਘ ਨੂੰ ਸੱਜਣਾਂ ਮਿੱਤਰਾਂ ਅਤੇ ਹੋਰ ਪਤਵੰਤਿਆਂ ਨੇ ਵਧਾਈਆਂ ਦਿੱਤੀਆਂ।

## ਸੰਤੁਲਨ ਵਿਗੜਨ ਕਾਰਨ ਟਰੱਕ ਖੇਤਾਂ 'ਚ ਜਾ ਵੜਿਆ

**ਗੁਰਦਾਸਪੁਰ (ਜਨਕ ਮਹਾਜਨ)**- ਗੁਰਦਾਸਪੁਰ ਤੋਂ ਪੰਡੋਰੀ ਰੋਡ 'ਤੇ ਪਿੰਡ ਭੰਗਵਾ ਨੇੜੇ ਕਣਕ ਨਾਲ ਭਰੇ ਟਰੱਕ ਸੰਤੁਲਨ ਵਿਗੜਨ ਕਾਰਨ ਖੇਤਾਂ ਵਿਚ ਪਲਟਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਟਰੱਕ ਨੇ ਬਿਜਲੀ ਬੋਰਡ ਦਾ ਟਰਾਂਸਫਾਰਮਰ ਵੀ ਆਪਣੀ ਲਪੇਟ ਵਿਚ ਲੈ ਲਿਆ।



ਇਸ ਹਾਦਸੇ ਵਿਚ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਪਰ ਮਾਲੀ ਨੁਕਸਾਨ ਕਾਫ਼ੀ ਹੋਇਆ ਹੈ। ਪਿੰਡਾਂ ਦੇ ਲੋਕਾਂ ਨੇ ਦੱਸਿਆ ਕਿ ਟਰੱਕ ਜੋ ਗੁਰਦਾਸਪੁਰ ਦੇ ਗੁਦਾਮਾਂ ਤੋਂ ਕਣਕ ਭਰ ਕੇ ਰਾਤ ਵੇਲੇ ਡਰਾਈਵਰ ਪਿੰਡ ਭੰਗਵਾ ਨੂੰ ਲਿਜਾ ਰਿਹਾ ਸੀ ਕਿ ਸੰਤੁਲਨ ਵਿਗੜਨ ਨਾਲ ਬਿਜਲੀ ਦੇ ਟਰਾਂਸਫਾਰਮਰ ਨੂੰ ਆਪਣੀ ਲਪੇਟ ਵਿਚ ਲੈਣ ਤੋਂ ਬਾਅਦ ਇਹ ਖੇਤਾਂ ਵਿਚ ਪਲਟ ਗਿਆ। ਉਨ੍ਹਾਂ ਦੱਸਿਆ ਕਿ ਟਰੱਕ ਪਲਟਣ 'ਤੇ ਬਿਜਲੀ ਦਾ ਟਰਾਂਸਫਾਰਮਰ ਟੁੱਟ ਭੱਜ ਜਾਣ ਨਾਲ ਇਲਾਕੇ ਦੀ ਬਿਜਲੀ ਬੰਦ ਹੋ ਗਈ ਹੈ ਜਿਸ ਕਰਕੇ ਲੋਕਾਂ ਨੂੰ ਕਾਫ਼ੀ ਮੁਸ਼ਕਿਲ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

## ਨੂੰਨ ਬਰਕਤ ਵੱਲੋਂ ਜ਼ਿਲਾ ਪੱਧਰੀ ਸਕਿੱਲ ਮੁਕਾਬਲੇ 'ਚ ਅੱਵਲ ਸਥਾਨ ਹਾਸਲ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਜ਼ਿਲ੍ਹਾ ਗੁਰਦਾਸਪੁਰ ਵਿੱਚ ਐੱਨਐੱਸਕਿਊਐੱਫ ਤਹਿਤ ਕਰਵਾਏ ਗਏ ਜ਼ਿਲ੍ਹਾ ਪੱਧਰੀ ਸਕਿੱਲ ਮੁਕਾਬਲੇ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੂੰਨ ਬਰਕਤ ਨੇ ਉੱਤਮ ਪ੍ਰਦਰਸ਼ਨ ਕਰਦਿਆਂ ਜ਼ਿਲ੍ਹੇ ਵਿੱਚੋਂ ਪਹਿਲਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਇਹ ਮੁਕਾਬਲਾ ਸਕੂਲ ਆਫ ਐਮੀਨੈਂਸ, ਗੁਰਦਾਸਪੁਰ ਵਿਖੇ ਆਯੋਜਿਤ ਕੀਤਾ ਗਿਆ।ਇਸ ਮੁਕਾਬਲੇ ਵਿੱਚ ਜ਼ਿਲ੍ਹੇ ਦੇ ਕੁੱਲ 20 ਸਕੂਲਾਂ ਨੇ ਭਾਗ ਲਿਆ, ਜਿੱਥੇ ਵੱਖ-ਵੱਖ ਟਰੇਡਾਂ ਦੇ ਵਿਦਿਆਰਥੀਆਂ ਵੱਲੋਂ ਆਪਣੇ ਤਕਨੀਕੀ ਅਤੇ ਨਵੀਨ ਪ੍ਰੋਜੈਕਟ ਪੇਸ਼ ਕੀਤੇ ਗਏ। ਇਲੈਕਟ੍ਰਾਨਿਕਸ ਟਰੇਡ ਅਧੀਨ ਮੈਡਮ ਸਿਮਰਨਜੀਤ ਕੌਰ ਦੀ ਅਗਵਾਈ ਹੇਠ ਤਿਆਰ ਕੀਤਾ ਗਿਆ ਪ੍ਰੋਜੈਕਟ ਸੋਲਰ ਏਆਈ ਸਮਾਰਟ ਸਿਟੀ ਜੱਜਾਂ ਦੀ ਪਰਖ 'ਤੇ ਖਰਾ ਉਤਰਿਆ ਅਤੇ ਪਹਿਲੀ ਪੁਜ਼ੀਸ਼ਨ ਹਾਸਲ ਕੀਤੀ।ਇਸ ਪ੍ਰੋਜੈਕਟ ਵਿੱਚ 12ਵੀਂ ਜਮਾਤ ਦੇ ਵਿਦਿਆਰਥੀ ਮਹਕਪ੍ਰੀਤ ਕੌਰ ਅਤੇ ਸੁਖਮਨਪ੍ਰੀਤ ਸਿੰਘ ਦੀ ਮਹੱਤਵਪੂਰਨ ਭੂਮਿਕਾ ਰਹੀ।ਸਕੂਲ ਦੀ ਮੁਖੀ ਮੈਡਮ ਵਰਿੰਦਰਜੀਤ ਕੌਰ ਨੇ ਕਿਹਾ ਕਿ ਇਹ ਸਫਲਤਾ ਪੂਰੇ ਸਕੂਲ ਸਟਾਫ ਲਈ ਮਾਣ ਅਤੇ ਖੁਸ਼ੀ ਦੀ ਗੱਲ ਹੈ।ਮੈਡਮ ਸਿਮਰਨਜੀਤ ਕੌਰ ਅਤੇ ਵਿਦਿਆਰਥੀਆਂ ਦੀ ਲਗਨ ਨੇ ਇਹ ਉਪਲਬਧੀ ਸੰਭਵ ਬਣਾਈ।ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਮੈਡਮ ਪਰਮਜੀਤ ਕੌਰ ਅਤੇ ਜ਼ਿਲ੍ਹਾ ਕੋਆਰਡੀਨੇਟਰ ਪ੍ਰਦੀਪ ਅਰੋੜਾ ਵੀ ਮੌਜੂਦ ਸਨ।

## ਅਸ਼ੀਰਵਾਦ ਸਕੀਮ ਹੁਣ ਸਿਰਫ਼ ਸੇਵਾ ਕੇਂਦਰਾਂ ਰਾਹੀਂ ਲਾਗੂ ਹੋਵੇਗੀ : ਡਿਪਟੀ ਕਮਿਸ਼ਨਰ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਗਰੀਬ, ਪੱਛੜੇ ਅਤੇ ਹਾਸ਼ੀਏ 'ਤੇ ਖੜ੍ਹੇ ਵਰਗਾਂ ਦੀ ਭਲਾਈ ਲਈ ਲਗਾਤਾਰ ਲੋਕ-ਹਿਤੈਸ਼ੀ ਫੈਸਲੇ ਲਏ ਜਾ ਰਹੇ ਹਨ।ਇਸੇ ਦਿਸ਼ਾ ਵਿੱਚ ਅਸ਼ੀਰਵਾਦ ਸਕੀਮ ਨੂੰ ਹੋਰ ਪਾਰਦਰਸ਼ੀ, ਸੁਚਾਰੂ ਅਤੇ ਲੋਕ-ਮਿੱਤਰ ਬਣਾਉਣ ਲਈ ਇੱਕ ਮਹੱਤਵਪੂਰਨ ਕਦਮ ਚੁੱਕਿਆ ਗਿਆ ਹੈ।ਡਿਪਟੀ ਕਮਿਸ਼ਨਰ ਤਰਨ ਤਾਰਨ ਸ਼੍ਰੀ ਰਾਹੁਲ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਅਸ਼ੀਰਵਾਦ ਆਨਲਾਈਨ ਪੋਰਟਲ ਨੂੰ ਸੇਵਾ ਕੇਂਦਰਾਂ ਨਾਲ ਸਾਂਝੇ ਤੌਰ 'ਤੇ ਜੋੜ ਕੇ ਅਧਿਕਾਰਕ ਤੌਰ 'ਤੇ ਸ਼ੁਰੂ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਹੁਣ ਤੋਂ ਅਸ਼ੀਰਵਾਦ ਸਕੀਮ ਅਧੀਨ ਲਾਭ ਪ੍ਰਾਪਤ ਕਰਨ ਲਈ ਅਰਜ਼ੀਆਂ ਸਿਰਫ਼ ਸੇਵਾ ਕੇਂਦਰਾਂ ਰਾਹੀਂ ਹੀ ਦਾਖ਼ਲ ਕੀਤੀਆਂ ਜਾ ਸਕਣਗੀਆਂ, ਜਿਸ ਨਾਲ ਸਕੀਮ ਦੀ ਕਾਰਗੁਜ਼ਾਰੀ ਹੋਰ ਪ੍ਰਭਾਵਸ਼ਾਲੀ ਅਤੇ ਜਵਾਬਦੇਹ ਬਣੇਗੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਦ੍ਰਿੜ ਵਚਨਬੱਧਤਾ ਹੈ ਕਿ ਸਰਕਾਰੀ ਭਲਾਈ ਸਕੀਮਾਂ ਦਾ ਹਰ ਇੱਕ ਰੁਪਇਆ ਪੂਰੀ ਇਮਾਨਦਾਰੀ ਅਤੇ ਪਾਰਦਰਸ਼ਤਾ ਨਾਲ ਹੱਕਦਾਰ ਲਾਭਪਾਤਰੀ ਤੱਕ ਪਹੁੰਚੇ। ਉਨ੍ਹਾਂ ਕਿਹਾ ਕਿ ਅਸ਼ੀਰਵਾਦ ਸਕੀਮ ਪੰਜਾਬ ਸਰਕਾਰ ਦੀ ਇੱਕ ਪ੍ਰਮੁੱਖ ਭਲਾਈ ਯੋਜਨਾ ਹੈ।ਇਸ ਸਕੀਮ ਅਧੀਨ ਅਨੁਸੂਚਿਤ ਜਾਤੀਆਂ, ਈਸਾਈ ਭਾਈਚਾਰੇ, ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਅਤੇ ਹਰ ਜਾਤੀ ਦੀ ਵਿਧਵਾਵਾਂ ਦੀਆਂ ਧੀਆਂ ਅਤੇ ਅਨੁਸੂਚਿਤ ਜਾਤੀ ਦੀਆਂ ਵਿਧਵਾਵਾਂ ਅਤੇ ਤਲਾਕਸ਼ੁਦਾ ਔਰਤਾਂ ਦੇ ਵਿਆਹ ਸਮੇਂ 51,000 ਦੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾਂਦੀ ਹੈ।ਉਨ੍ਹਾਂ ਕਿਹਾ ਕਿ ਇਸ ਸਕੀਮ ਨੂੰ ਆਨਲਾਈਨ ਕਰਨ ਦੇ ਬਾਵਜੂਦ ਨਿੱਜੀ ਸਾਇਬਰ ਕੈਫ਼ਿਆਂ ਵੱਲੋਂ ਵੱਧ ਫੀਸ ਲੈਣ ਸੰਬੰਧੀ ਸ਼ਿਕਾਇਤਾਂ ਮਿਲਦੀਆਂ ਰਹੀਆਂ।ਇਨ੍ਹਾਂ ਸਭ ਗੱਲਾਂ ਨੂੰ ਧਿਆਨ ਵਿੱਚ ਰੱਖਦ ਹੋਏ ਪੰਜਾਬ ਸਰਕਾਰ ਨੇ ਹੁਣ ਅਸ਼ੀਰਵਾਦ ਪੋਰਟਲ ਨੂੰ ਸੇਵਾ ਕੇਂਦਰਾਂ ਨਾਲ ਜੋੜ ਦਿੱਤਾ ਹੈ।



## ਵਿਧਾਇਕ ਈਟੀਓ ਨੇ ਹਲਕਾ ਜੰਡਿਆਲਾ ਗੁਰੂ ਦੇ ਸੀਐੱਸਸੀ ਸੈਂਟਰਾਂ ਦਾ ਕੀਤਾ ਦੌਰਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਕੈਬਨਿਟ ਮੰਤਰੀ ਅਤੇ ਹਲਕੇ ਦੇ ਵਿਧਾਇਕ ਸ. ਹਰਭਜਨ ਸਿੰਘ ਈਟੀਓ ਨੇ ਜੰਡਿਆਲਾ ਗੁਰੂ ਹਲਕੇ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕਰਕੇ ਕਾਮਨ ਸਰਵਿਸ ਸੈਂਟਰਾਂ (ਸੀਐਸਸੀ) ਵਿਖੇ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ 10 ਲੱਖ ਰੁਪਏ ਤੱਕ ਦੇ ਮੁਫ਼ਤ ਅਤੇ ਨਕਦੀ ਰਹਿਤ ਇਲਾਜ ਕਾਰਡ ਬਣਾਉਣ ਦੀ ਪ੍ਰਕਿਰਿਆ ਦੀ ਸ਼ੁਰੂਆਤ ਕੀਤੀ। ਇਨ੍ਹਾਂ ਵਿੱਚ ਫਤਿਹਪੁਰ ਰਾਜਪੂਤਾਂ, ਤਾਰਾਗੜ੍ਹ, ਕੋਟਲਾ ਬਥੂਨਗੜ੍ਹ, ਮਹਿਸਮਪੁਰ ਕਲਾਂ ਅਤੇ ਮਹਿਤਾ ਚੌਕ ਪਿੰਡਾਂ ਦੇ ਸੀਐੱਸਸੀ ਸੈਂਟਰ ਸ਼ਾਮਿਲ ਹਨ। ਸ. ਹਰਭਜਨ ਸਿੰਘ ਈਟੀਓ ਨੇ ਵਿਭਾਗ ਦੇ ਕਰਮਚਾਰੀਆਂ ਨਾਲ ਮਿਲਕੇ ਲੋਕਾਂ ਦੇ ਕਾਰਡ ਬਣਾਏ। ਇਸ ਬਾਰੇ ਗੱਲਬਾਤ ਕਰਦਿਆਂ ਮੰਤਰੀ ਨੇ ਦੱਸਿਆ ਕਿ ਇਨ੍ਹਾਂ ਸੀਐਸਸੀ ਸੈਂਟਰਾਂ 'ਚ ਕਾਰਡ ਬਣਾਉਣ ਲਈ ਕੋਈ ਰਜਿਸਟ੍ਰੇਸ਼ਨ ਫੀਸ ਨਹੀਂ ਹੈ। ਸਾਰੇ ਪਰਿਵਾਰਿਕ ਮੈਂਬਰ ਇਕੱਠੇ ਆ ਕੇ ਆਪਣੇ ਆਧਾਰ ਕਾਰਡ ਅਤੇ ਵੋਟਰ ਕਾਰਡ ਨਾਲ ਇਹ ਕਾਰਡ ਬਣਵਾ ਸਕਦੇ ਹਨ। 18 ਸਾਲ ਤੋਂ ਵੱਧ ਉਮਰ ਦੇ ਲੋਕ ਜੋ ਇਸ ਯੋਜਨਾ ਦਾ ਲਾਭ ਲੈਣਾ ਚਾਹੁੰਦੇ ਹਨ, ਉਨ੍ਹਾਂ ਨੂੰ ਆਪਣਾ ਆਧਾਰ ਕਾਰਡ ਅਤੇ ਵੋਟਰ ਆਈਡੀ ਕਾਰਡ ਲਿਆਉਣਾ ਪਵੇਗਾ। ਇਸ ਤੋਂ ਇਲਾਵਾ, 18 ਸਾਲ ਤੋਂ ਘੱਟ ਉਮਰ ਦੇ ਲੋਕਾਂ ਨੂੰ ਆਧਾਰ ਕਾਰਡ ਅਤੇ ਜਨਮ ਸਰਟੀਫਿਕੇਟ ਦੀ ਜ਼ਰੂਰਤ ਹੋਵੇਗੀ। ਨਾਲ ਹੀ, ਇਸ ਕਾਰਡ ਦੀ ਮਦਦ ਨਾਲ ਦਿਲ ਦੀ ਬਿਮਾਰੀ, ਕੈਂਸਰ, ਗੁਰਦੇ ਅਤੇ ਜਿਗਰ ਦੀਆਂ ਬਿਮਾਰੀਆਂ, ਗੰਭੀਰ ਦੁਰਘਟਨਾ ਵਿੱਚ ਸੱਟਾਂ, ਵੱਡੀਆਂ ਸਰਜਰੀਆਂ ਅਤੇ ਲੰਬੇ ਸਮੇਂ ਲਈ ਹਸਪਤਾਲ 'ਚ ਭਰਤੀ ਹੋਣ ਨਾਲ ਸੰਬੰਧਿਤ ਖ਼ਰਚੇ ਸ਼ਾਮਿਲ ਹਨ। ਇਸ ਨਾਲ ਕਿਸੇ ਵੀ ਜਾਤ ਨਾਲ, ਕਿਸੇ ਵੀ ਕੁਨਬੇ ਦੇ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਤੇ ਵਿੱਤੀ ਬੋਝ ਕਾਫ਼ੀ ਘੱਟ ਜਾਵੇਗਾ। ਉਨ੍ਹਾਂ ਨੇ ਅੱਗੇ ਜਾਣਕਾਰੀ ਦਿੰਦੇ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਇੱਕ ਇਤਿਹਾਸਿਕ ਸਿਹਤ ਬੀਮਾ ਸਕੀਮ ਹੈ, ਜੋ ਪੰਜਾਬ ਸਰਕਾਰ ਵੱਲੋਂ ਸੂਚੀਬੱਧ ਸਰਕਾਰੀ ਅਤੇ ਨਿੱਜੀ ਹਸਪਤਾਲਾਂ ਰਾਹੀਂ ਸੂਬੇ ਭਰ ਦੇ ਪਰਿਵਾਰਾਂ ਨੂੰ ਮੁਫ਼ਤ ਅਤੇ ਨਕਦੀ ਰਹਿਤ ਇਲਾਜ ਪ੍ਰਦਾਨ ਕਰਨ ਲਈ ਸ਼ੁਰੂ ਕੀਤੀ ਗਈ ਹੈ। ਇਸ ਯੋਜਨਾ ਤਹਿਤ 10 ਲੱਖ ਤੱਕ ਦੇ ਇਲਾਜ ਦੇ ਸਾਰੇ ਖਰਚੇ ਸਿੱਧੇ ਤੌਰ 'ਤੇ ਹਸਪਤਾਲਾਂ ਅਤੇ ਬੀਮਾ ਏਜੰਸੀ ਦਰਮਿਆਨ ਨਿਪਟਾਏ ਜਾਣਗੇ, ਜਿਸ ਨਾਲ ਮਰੀਜ਼ਾਂ ਨੂੰ ਆਪਣੀ ਜੇਬ ਵਿੱਚੋਂ ਕੋਈ ਰਕਮ ਨਹੀਂ ਦੇਣੀ ਪਵੇਗੀ।

## ਨਗਰ ਨਿਗਮ ਅੰਮ੍ਰਿਤਸਰ ਨੇ ਬੜੇ ਜ਼ੋਰ-ਸ਼ੋਰ ਨਾਲ ਚਲਾਈ ਨਜਾਇਜ਼ ਕਬਜ਼ੇ ਹਟਾਊ ਮੁਹਿੰਮ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**- ਸ਼ਹਿਰ ਵਿੱਚ ਸੁਚਾਰੂ ਟ੍ਰੈਫਿਕ ਪ੍ਰਬੰਧ, ਜਨ ਸੁਵਿਧਾ ਅਤੇ ਸਫ਼ਾਈ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਨਗਰ ਨਿਗਮ ਅੰਮ੍ਰਿਤਸਰ ਵੱਲੋਂ ਲੋਹਾਰਕਾ ਰੋਡ ਤੋਂ ਮੀਰਕਟ ਚੌਕ, ਬਟਾਲਾ ਰੋਡ (ਮੁੱਲੀਗੰਜ ਇਲਾਕਾ) ਤੱਕ ਵਿਸ਼ਾਲ ਪੱਧਰ 'ਤੇ ਨਜਾਇਜ ਕਬਜ਼ੇ ਹਟਾਉ ਮੁਹਿੰਮ ਚਲਾਈ ਗਈ। ਇਹ ਕਾਰਵਾਈ ਨਗਰ ਨਿਗਮ ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਅਤੇ ਸਕੱਤਰ ਸੁਸ਼ਾਂਤ ਭਾਟੀਆ ਦੇ ਨਿਰਦੇਸ਼ਾਂ ਅਧੀਨ ਕੀਤੀ ਗਈ। ਇਸ ਮੁਹਿੰਮ ਦਾ ਮਕਸਦ ਸੜਕਾਂ, ਫੁੱਟਪਾਥਾਂ ਅਤੇ ਸਰਕਾਰੀ ਥਾਵਾਂ 'ਤੇ ਹੋਏ ਗੈਰ-ਕਾਨੂੰਨੀ ਕਬਜ਼ੇ ਹਟਾ ਕੇ ਟ੍ਰੈਫਿਕ ਜਾਮ ਦੀ ਸਮੱਸਿਆ ਘਟਾਉਣਾ, ਪੈਦਲ ਯਾਤਰੀਆਂ ਦੀ ਸੁਰੱਖਿਆ ਯਕੀਨੀ ਬਣਾਉਣਾ ਅਤੇ ਸ਼ਹਿਰ ਦੀ ਸਫ਼ਾਈ ਬਰਕਰਾਰ ਰੱਖਣਾ ਸੀ। ਇਸ ਦੌਰਾਨ ਇੰਸਪੈਕਟਰ ਅਮਨ ਸ਼ਰਮਾ ਦੀ ਅਗਵਾਈ ਹੇਠ ਨਗਰ ਨਿਗਮ ਦੀਆਂ ਟੀਮਾਂ ਵੱਲੋਂ ਦੁਕਾਨਾਂ ਦੇ ਗੈਰਕਾਨੂੰਨੀ ਵਿਸਥਾਰ, ਅਸਥਾਈ ਢਾਂਚੇ, ਸੜਕਾਂ ਉੱਤੇ ਰੱਖਿਆ ਸਾਮਾਨ ਅਤੇ ਹੋਰ ਰੁਕਾਵਟਾਂ ਹਟਾਈਆਂ ਗਈਆਂ। ਆਵਾਜਾਈ ਵਿੱਚ ਰੁਕਾਵਟ ਬਣ ਰਹੇ ਕਬਜ਼ਿਆਂ ਨੂੰ ਹਟਾ ਕੇ ਸੜਕਾਂ ਅਤੇ ਫੁੱਟਪਾਥਾਂ ਦੀ ਮੂਲ ਚੌੜਾਈ ਬਹਾਲ ਕੀਤੀ ਗਈ। ਅਧਿਕਾਰੀਆਂ ਵੱਲੋਂ ਦੁਕਾਨਦਾਰਾਂ ਅਤੇ ਵਪਾਰੀਆਂ ਨੂੰ ਆਪਣਾ ਕਾਰੋਬਾਰ ਨਿਰਧਾਰਤ ਹੱਦਾਂ ਵਿੱਚ ਹੀ ਕਰਨ ਅਤੇ ਸਰਕਾਰੀ ਥਾਵਾਂ 'ਤੇ ਕਬਜ਼ਾ ਨਾ ਕਰਨ ਲਈ ਜਾਗਰੂਕ ਕੀਤਾ ਗਿਆ। ਨਾਲ ਹੀ ਵਪਾਰਕ ਸਥਾਨਾਂ ਦੇ ਬਾਹਰ ਸਫ਼ਾਈ ਬਣਾਈ ਰੱਖਣ ਅਤੇ ਸਿੰਗਲ ਯੂਜ਼ ਪਲਾਸਟਿਕ ਦੀ ਵਰਤੋਂ ਨਾ ਕਰਨ ਦੇ ਸਪੱਸ਼ਟ ਨਿਰਦੇਸ਼ ਦਿੱਤੇ ਗਏ, ਜੋ ਸਵੱਛ ਭਾਰਤ ਮਿਸ਼ਨ ਅਤੇ ਵਾਤਾਵਰਣੀ ਮਾਪਦੰਡਾਂ ਦੇ ਅਨੁਕੂਲ ਹਨ। ਨਗਰ ਨਿਗਮ ਅਧਿਕਾਰੀਆਂ ਨੇ ਦੁਹਰਾਇਆ ਕਿ ਇਸ ਤਰ੍ਹਾਂ ਦੀਆਂ ਮੁਹਿੰਮਾਂ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਨਿਯਮਤ ਤੌਰ 'ਤੇ ਜਾਰੀ ਰਹਿਣਗੀਆਂ ਤਾਂ ਜੋ ਨਗਰ ਨਿਗਮ ਦੇ ਨਿਯਮਾਂ ਦੀ ਪਾਲਣਾ ਯਕੀਨੀ ਬਣਾਈ ਜਾ ਸਕੇ ਅਤੇ ਅੰਮ੍ਰਿਤਸਰ ਨੂੰ ਇੱਕ ਸਾਫ਼, ਸੁਰੱਖਿਅਤ ਅਤੇ ਸੁੰਦਰ ਸ਼ਹਿਰ ਬਣਾਇਆ ਜਾ ਸਕੇ।

## ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਦਿਹਾੜੇ ਸਬੰਧੀ ਸਜਾਇਆ ਵਿਸ਼ਾਲ ਨਗਰ ਕੀਰਤਨ

**ਧਾਰੀਵਾਲ (ਮਨਦੀਪ ਵਿੱਕੀ)**- ਸ਼੍ਰੀ ਗੁਰੂ ਰਵਿਦਾਸ ਸਭਾ ਧਾਰੀਵਾਲ (ਰਜਿ. 202) ਵਲੋਂ ਸ਼ਹਿਰ ਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸ਼੍ਰੀ ਗੁਰੂ ਰਵਿਦਾਸ ਜੀ ਦੇ 649ਵੇਂ ਪ੍ਰਕਾਸ਼ ਦਿਹਾੜੇ ਨੂੰ ਸਪਰਪਿਤ ਸ਼ਹਿਰ ਵਿੱਚ ਨਹਿਰ ਕਿਨਾਰੇ ਸਥਿਤ ਸ਼੍ਰੀ ਗੁਰੂ ਰਵਿਦਾਸ ਧਰਮਸ਼ਾਲਾ ਤੋਂ ਸੁੰਦਰ ਪਾਲਕੀ ਵਿੱਚ ਸੁਸ਼ੋਭਿਤ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਵਿਸ਼ਾਨ ਨਗਰ ਕੀਰਤਨ ਸਜਾਇਆ ਗਿਆ। ਇਸ ਨਗਰ ਕੀਰਤਨ ਦੀ ਅਰੰਭਿਤਾ ਮੌਕੇ ਆਮ ਆਦਮੀ ਪਾਰਟੀ ਹਲਕਾ ਕਾਦੀਆਂ ਦੇ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ, ਡਾ: ਕਮਲਜੀਤ ਸਿੰਘ ਕੇਜੇ, ਮਾਰਕੀਟ ਕਮੇਟੀ ਧਾਰੀਵਾਲ ਦੇ ਚੇਅਰਮੈਨ ਭੁਪਿੰਦਰ ਸਿੰਘ ਰਿੰਕਾ ਖੁੰਡਾ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਜਤਿੰਦਰ ਕੌਰ ਖੁੰਡੀ ਅਤੇ ਨਗਰ ਕੌਂਸਲ ਪ੍ਰਧਾਨ ਅਸ਼ਵਨੀ ਦੁੱਗਲ ਨੇ ਸ਼੍ਰੀ ਗੁਰੂ ਰਵਿਦਾਸ ਧਰਮਸ਼ਾਲਾ ਉਚੇਚੇ ਤੌਰ 'ਤੇ ਪਹੁੰਚੇ ਸ਼੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਦਿਹਾੜੇ ਦੀ ਸਾਰਿਆਂ ਨੂੰ ਵਧਾਈ ਦਿੱਤੀ। ਇਸ ਮੌਕੇ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਸਾਨੂੰ ਸਾਰਿਆਂ ਨੂੰ ਭਾਈਚਾਰਕ ਸਾਂਝ ਦਾ ਸੰਦੇਸ ਦਿੰਦੇ ਹੋਏ ਅਜਿਹੇ ਇਤਿਹਾਸਕ ਦਿਹਾੜੇ ਰਲ ਮਿਲ ਮਨਾਉਣੇ ਚਾਹੀਦੇ ਹਨ। ਇਹ ਨਗਰ ਕੀਰਤਨ ਸ਼੍ਰੀ ਗੁਰੂ ਰਵਿਦਾਸ ਧਰਮਸ਼ਾਲਾ ਤੋਂ ਆਰੰਭ ਹੋ



ਕੇ ਸ਼ਹਿਰ ਦੇ ਵੱਖ ਵੱਖ ਬਜ਼ਾਰਾਂ ਵਿੱਚੋਂ ਹੁੰਦੀ ਹੋਇਆ ਨਵੀਂ ਅਬਾਦੀ, ਸ਼ਾਹ ਪਟਰੋਲ ਪੰਪ ਤੋਂ ਵਾਪਿਸ ਸ਼ਹਿਰ ਦੇ ਵੱਖ ਵੱਖ ਬਜ਼ਾਰਾਂ ਵਿੱਚੋਂ ਹੁੰਦਾ ਹੋਇਆ ਪਿੰਡ ਰਣੀਆਂ ਤੋਂ ਹੋ ਕੇ ਮੁੜ ਵਾਪਿਸ ਗੁਰੂ ਰਵਿਦਾਸ ਸਭਾ ਧਾਰੀਵਾਲ ਪਹੁੰਚ ਕੇ ਸਮਾਪਤ ਹੋਇਆ। ਨਗਰ ਕੀਰਤਨ ਦੌਰਾਨ ਰਾਗੀ ਜਥੇ ਨੇ ਕੀਰਤਨ ਕੀਤਾ। ਸੰਗਤਾਂ ਗੁਰੂ ਰਵਿਦਾਸ ਜੀ ਦੀ ਮਹਿਮਾ ਦੇ ਸਬਦ ਗਾਇਨ ਕਰ ਰਹੀਆਂ ਸਨ। ਨਗਰ ਕੀਰਤਨ ਦੌਰਾਨ ਗਤਕਾ ਪਾਰਟੀ ਨੇ ਗਤਕੇ ਦੇ ਜੌਹਰ ਵਿਖਾਏ। ਨਗਰ ਕੀਰਤਨ ਦਾ ਸ਼ਰਧਾਲੂਆਂ ਵੱਲੋਂ ਵੱਖ ਵੱਖ ਥਾਂਓਂ 'ਤੇ ਨਿੱਘਾ ਸਵਾਗਤ ਕੀਤਾ ਅਤੇ ਪੰਜ ਪਿਆਰਿਆਂ ਨੂੰ ਸਿਰਪਾਓ ਪਾ ਕੇ ਸਨਮਾਨਿਤ ਕੀਤਾ ਗਿਆ ਅਤੇ ਸੰਗਤਾਂ ਲਈ ਵੱਖ-ਵੱਖ ਪ੍ਰਕਾਰ ਦੇ ਲੰਗਰ ਲਗਾਏ। ਨਗਰ ਕੀਰਤਨ ਵਿੱਚ ਸਭਾ ਦੇ ਪ੍ਰਧਾਨ ਗਿਆਨੀ ਮਾਸਟਰ ਪ੍ਰਕਾਸ਼ ਚੰਦ, ਜਨਰਲ ਸੈਕਟਰੀ ਬਲਕਾਰ ਸਿੰਘ,ਪ੍ਰੈਸ਼ ਸਕੱਤਰ ਹਰਭਜਨ ਸਿੰਘ, ਵਾਈਸ ਜਨਰਲ ਸਕੱਤਰ ਬਚਨ ਲਾਲ ਫੌਜੀ, ਕੈਸ਼ੀਅਰ ਰਮੇਸ਼ ਕੁਮਾਰ, ਮਦਨ ਸਿੰਘ, ਰਾਕੇਸ਼ ਸੋਨੂੰ ਟੇਲਰ, ਧਰਮ ਪਾਲ, ਮੰਗਤ ਰਾਮ, ਸੁਰਿੰਦਰ ਪਾਲ, ਰਿਟਾ. ਐਸਡੀਓ ਕਸਤੂਰੀ ਲਾਲ, ਭਾਈ ਚਮਨਲਾਲ ਸਿੰਘ ਰਿਟਾ. ਐੱਸਡੀਓ, ਬਲਕਾਰ ਸਿੰਘ ਮੂਲਿਆਂਵਾਲ, ਮੰਗਲ ਸਿੰਘ ਬੱਬਰੀ, ਰੂਪ ਲਾਲ, ਸੁਖਦੇਵ ਭੁੰਬਲੀ, ਮਾਸਟਰ ਗੁਰਦੇਵ ਸਿੰਘ, ਮੈਡਮ ਸੋਨੀਆ, ਗੁਰਮੀਤ ਕੌਰ, ਮੁਖਵੰਤ ਸਿੰਘ ਨਾਗੀ, ਬੀਬੀ ਸੁਖਵਿੰਦਰ ਕੌਰ ਬਾਜਵਾ, ਨਗਰ ਕੌਂਸਲ ਦੇ ਵਾਈਸ ਪ੍ਰਧਾਨ ਦੀਪਕ ਰਿੰਟੂ, ਹਰਦੇਵ ਸਿੰਘ ਦੇਬੀ ਸੰਧਵਾਂ ਆਦਿ ਸਮੇਤ ਇਲਾਕੇ ਦੀਆਂ ਸੰਗਤਾਂ ਵੱਡੀ ਗਿਣਤੀ ਸ਼ਾਮਲ ਸਨ।

## ਜੇ ਆਰ ਐਸ ਡੀ ਏ ਵੀ ਪਬਲਿਕ ਸਕੂਲ 'ਚ ਲਾਲਾ ਲਾਜਪਤ ਰਾਏ ਦਾ ਜਨਮ ਦਿਹਾੜਾ ਮਨਾਇਆ



**ਝਬਾਲ (ਹਰਜਿੰਦਰ ਸਿੰਘ ਸੋਨੀ)**- ਜੇ.ਆਰ.ਐਸ. ਡੀ.ਏ.ਵੀ.ਪਬਲਿਕ ਸਕੂਲ ਝਬਾਲ ਵਿਖੇ ਮਹਾਨ ਸਵਤੰਤਰਤਾ ਸੈਨਾਨੀ ਅਤੇ 'ਪੰਜਾਬ ਕੇਸਰੀ' ਲਾਲਾ ਲਾਜਪਤ ਰਾਏ ਦਾ ਜਨਮ ਦਿਹਾੜਾ ਸ਼ਰਧਾ ਅਤੇ ਸਨਮਾਨ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਵਿੱਚ ਵਿਸ਼ੇਸ਼ ਪ੍ਰਾਰਥਨਾ ਸਭਾ ਅਤੇ ਕਾਰਜਕ੍ਰਮ ਦਾ ਆਯੋਜਨ ਕੀਤਾ ਗਿਆ।ਕਾਰਜਕ੍ਰਮ ਦੀ ਸ਼ੁਰੂਆਤ ਲਾਲਾ ਲਾਜਪਤ ਰਾਏ ਦੇ ਚਿੱਤਰ 'ਤੇ ਪੁਸ਼ਪ ਅਰਪਿਤ ਕਰਕੇ ਕੀਤੀ ਗਈ। ਵਿਦਿਆਰਥੀਆਂ ਵੱਲੋਂ ਉਨ੍ਹਾਂ ਦੇ ਜੀਵਨ, ਤਿਆਗ ਅਤੇ ਦੇਸ਼ਭਗਤੀ 'ਤੇ ਆਧਾਰਿਤ ਭਾਸ਼ਣ, ਕਵਿਤਾਵਾਂ ਅਤੇ ਵਿਚਾਰ ਪ੍ਰਸਤੁਤ ਕੀਤੇ ਗਏ। ਸਕੂਲ ਦੇ ਮੁੱਖ ਅਧਿਆਪਕ ਅਸ਼ਵਿਨੀ ਕੁਮਾਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਲਾਲਾ ਲਾਜਪਤ ਰਾਏ ਦੇ ਸਾਹਸ, ਨਿਡਰਤਾ ਅਤੇ ਰਾਸ਼ਟਰ ਭਗਤੀ ਤੋਂ ਪ੍ਰੇਰਨਾ ਲੈਣ ਲਈ ਕਿਹਾ। ਇਸ ਕਾਰਜਕ੍ਰਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਦੇਸ਼ ਭਗਤੀ, ਨੈਤਿਕ ਮੁੱਲਾਂ ਅਤੇ ਰਾਸ਼ਟਰੀ ਚੇਤਨਾ ਦਾ ਵਿਕਾਸ ਕਰਨਾ ਸੀ।

# ਮਾਰੂ ਵਿਚਾਰ ਮਰਿਆ ਨਹੀਂ

*ਅਕਸਰ ਪੁੱਛਿਆ ਜਾਂਦਾ ਹੈ ਕਿ ਮੋਹਨ ਦਾਸ ਕਰਮ ਚੰਦ ਗਾਂਧੀ ਨੂੰ ਕਿਸ ਨੇ ਮਾਰਿਆ? ਕੀ ਉਹ ਇੱਕ ਜਨੂੰਨੀ ਵਿਅਕਤੀ ਸੀ, ਜਿਸ ਨੇ ਘੋੜਾ ਦੱਬਿਆ ਜਾਂ ਉਹ ਇੱਕ ਅਜਿਹੀ ਵਿਚਾਰਧਾਰਾ ਸੀ, ਜਿਸ ਨੇ ਉਸ ਉਂਗਲੀ ਨੂੰ ਨਿਰਦੇਸ਼ਤ ਕੀਤਾ? ਸੱਚ ਇਹ ਹੈ ਕਿ ਹੱਤਿਆਰਾ ਤਾਂ ਸਿਰਫ ਇੱਕ ਜ਼ਰੀਆ ਸੀ, ਅਸਲੀ ਵਾਰ ਉਸ ਵਿਚਾਰ ਨੇ ਕੀਤਾ ਸੀ, ਜਿਸ ਨੂੰ ਗਾਂਧੀ ਦਾ 'ਸੱਚ' ਆਪਣੇ ਰਾਹ ਦਾ ਸਭ ਤੋਂ ਵੱਡਾ ਰੋੜਾ ਲੱਗ ਰਿਹਾ ਸੀ। ਨਾਥੂ ਰਾਮ ਗੌਡਸੇ ਕੋਈ ਸੜਕ ਛਾਪ ਅਪਰਾਧੀ ਨਹੀਂ ਸੀ, ਸਗੋਂ ਵਿਚਾਰਧਾਰਕ ਤੌਰ 'ਤੇ ਪਰਪੱਕ ਸੀ। ਉਹ ਉਸ ਕੱਟੜਪੰਥੀ ਰਾਸ਼ਟਰਵਾਦ ਦੀ ਨੁਮਾਇੰਦਗੀ ਕਰ ਰਿਹਾ ਸੀ, ਜੋ ਭਾਰਤ ਨੂੰ ਇੱਕ ਸਭਿਆਚਾਰਕ ਤੇ ਧਾਰਮਿਕ ਇਕਾਈ ਦੇ ਰੂਪ ਵਿੱਚ ਪ੍ਰੀਭਾਸ਼ਤ ਕਰਨਾ ਚਾਹੁੰਦਾ ਸੀ। ਗੌਡਸੇ ਤੇ ਉਸ ਦੇ ਹਮਾਇਤੀਆਂ ਦੀ ਨਜ਼ਰ ਵਿੱਚ ਗਾਂਧੀ ਕਮਜ਼ੋਰ ਨੇਤਾ ਸੀ, ਜਿਸ ਨੇ ਖੁਸ਼ਨੂਦੀ ਦੀ ਨੀਤੀ ਅਪਣਾ ਕੇ ਰਾਸ਼ਟਰ ਦੀ ਵੰਡ ਮਨਜ਼ੂਰ ਕੀਤੀ। ਉਨ੍ਹਾਂ ਲਈ ਗਾਂਧੀ ਦਾ ਅਹਿੰਸਾ ਦਾ ਸਿਧਾਂਤ ਨਪੁੰਸਕਤਾ ਦਾ ਪ੍ਰਤੀਕ ਸੀ। ਇਹ ਹੱਤਿਆਰਾ 'ਵਿਚਾਰ' ਉਹ ਤੰਗਨਜ਼ਰ ਅੱਤਵਾਦ ਸੀ, ਜਿਹੜਾ ਵਿਵਧਤਾ ਨੂੰ ਏਕਤਾ ਦੇ ਸੂਤਰ ਵਿੱਚ ਪਿਰੋਣ ਦੀ ਥਾਂ ਉਸ ਨੂੰ ਦੁਸ਼ਮਣੀ ਦੇ ਨਜ਼ਰੀਏ ਨਾਲ ਦੇਖਦਾ ਸੀ। ਗਾਂਧੀ ਦੀ ਹੱਤਿਆ ਦਾ ਉਦੇਸ਼ ਉਨ੍ਹਾ ਨੂੰ ਸਿਰਫ ਜਿਸਮਾਨੀ ਤੌਰ 'ਤੇ ਖਤਮ ਕਰਨਾ ਨਹੀਂ ਸੀ, ਸਗੋਂ ਉਸ ਸਹਿਣਸ਼ੀਲ ਭਾਰਤ ਦੀ ਕਲਪਨਾ ਨੂੰ ਮਾਰਨਾ ਸੀ, ਜਿਸ ਨੂੰ ਗਾਂਧੀ ਸਾਕਾਰ ਕਰਨ ਦਾ ਜਤਨ ਕਰ ਰਹੇ ਸੀ।*

*ਹੁਣ ਸਵਾਲ ਉੱਠਦਾ ਹੈ ਕਿ ਕੀ ਉਹ ਹੱਤਿਆਰਾ ਵਿਚਾਰ ਅੱਜ ਵੀ ਜ਼ਿੰਦਾ ਹੈ? ਇਤਿਹਾਸ ਗਵਾਹ ਹੈ ਕਿ ਜਿਸਮ ਨੂੰ ਨਸ਼ਟ ਕਰਨਾ ਆਸਾਨ ਹੈ, ਪਰ ਵਿਚਾਰ ਨੂੰ ਮਾਰਨਾ ਲੱਗਭੱਗ ਅਸੰਭਵ ਹੈ। ਹੱਤਿਆਰਾ ਵਿਚਾਰ 'ਨਫਰਤ' ਤੇ 'ਵੰਡ' ਦਾ ਵਿਚਾਰ ਸੀ। ਅੱਜ ਦੇ ਸਮਾਜ ਦਾ ਸੂਖਮ ਮੁਆਇਨਾ ਕਰੀਏ ਤਾਂ ਪਾਵਾਂਗੇ ਕਿ ਜਦ ਵੀ ਧਰਮ, ਜਾਤ ਜਾਂ ਭਾਸ਼ਾ ਦੇ ਨਾਂਅ 'ਤੇ ਇੱਕ ਨਾਗਰਿਕ ਦੂਜੇ ਪ੍ਰਤੀ ਦਵੈਖ ਪਾਲਦਾ ਹੈ, ਤਾਂ ਗੌਡਸੇ ਵਾਲਾ ਵਿਚਾਰ ਹੀ ਸਿਰ ਉਠਾ ਰਿਹਾ ਹੁੰਦਾ ਹੈ। ਸੋਸ਼ਲ ਮੀਡੀਆ ਦੇ ਦੌਰ ਵਿੱਚ ਗਾਂਧੀ ਦੇ ਸਿਧਾਂਤਾਂ ਦੀ ਖਿੱਲੀ ਉਡਾਈ ਜਾਂਦੀ ਹੈ ਜਾਂ ਉਨ੍ਹਾ ਦੀ ਹੱਤਿਆ ਨੂੰ ਜਾਇਜ਼ ਠਹਿਰਾਉਣ ਦੀ ਕੋਸ਼ਿਸ਼ ਕੀਤੀ ਜਾਂਦੀ ਹੈ, ਤਦ ਸਪੱਸ਼ਟ ਹੋ ਜਾਂਦਾ ਹੈ ਕਿ ਉਹ ਮਾਰੂ ਵਿਚਾਰ ਮਰਿਆ ਨਹੀਂ ਹੈ। ਉਹ ਵਿਚਾਰ ਅੱਜ ਵੀ ਉਨ੍ਹਾਂ ਲੋਕਾਂ ਦੇ ਮਨਾਂ ਵਿੱਚ ਜਿਊਂਦਾ ਹੈ, ਜਿਹੜੇ ਸੰਵਾਦ ਦੀ ਥਾਂ ਹਿੰਸਾ ਨੂੰ ਅਤੇ ਦਲੀਲ ਦੀ ਥਾਂ ਜਨੂੰਨ ਨੂੰ ਤਰਜੀਹ ਦਿੰਦੇ ਹਨ। ਇਹ ਵਿਚਾਰ ਸਮੇਂ-ਸਮੇਂ 'ਤੇ ਆਪਣੇ ਰੂਪ ਬਦਲਦਾ ਹੈ, ਪਰ ਇਸ ਦਾ ਮੂਲ ਤੱਤ ਉਹੀ ਰਹਿੰਦਾ ਹੈ— ਅਸਹਿਸ਼ੀਲਤਾ।*

*ਕਾਨੂੰਨ ਨੇ ਗੌਡਸੇ ਨੂੰ ਦੋਸ਼ੀ ਪਾਇਆ ਤੇ ਫਾਂਸੀ ਦੀ ਸਜ਼ਾ ਦਿੱਤੀ। ਇਹ ਇੱਕ ਵਿਅਕਤੀ ਨੂੰ ਦਿੱਤੀ ਗਈ ਸਜ਼ਾ ਸੀ, ਪਰ ਕੀ ਕਿਸੇ ਵਿਚਾਰ ਨੂੰ ਫਾਂਸੀ ਦਿੱਤੀ ਜਾ ਸਕਦੀ ਹੈ? ਕੀ ਕਿਸੇ ਦਰਸ਼ਨ ਨੂੰ ਜੇਲ੍ਹਬੰਦ ਕੀਤਾ ਜਾ ਸਕਦਾ ਹੈ? ਅਜਿਹੇ ਵਿਚਾਰ ਦੀ ਹੱਤਿਆ ਸਿਰਫ ਇੱਕ ਬਿਹਤਰ ਤੇ ਸ਼ਕਤੀਸ਼ਾਲੀ ਵਿਚਾਰ ਨਾਲ ਹੀ ਸੰਭਵ ਹੈ। ਜਦੋਂ ਸਮਾਜ ਨਫਰਤ ਦੇ ਸੰਦੇਸ਼ਾਂ ਨੂੰ ਰੱਦ ਕਰ ਦਿੰਦਾ ਹੈ, ਤਦੇ ਉਸ 'ਵਿਚਾਰ' ਨੂੰ ਸਜ਼ਾ ਮਿਲਦੀ ਹੈ। ਇੱਕ ਜਮਹੂਰੀ ਰਾਸ਼ਟਰ ਵਿੱਚ ਸਿੱਖਿਆ, ਦਲੀਲ ਤੇ ਸੰਵੇਦਨਾ ਹੀ ਉਹ ਔਜ਼ਾਰ ਹਨ, ਜਿਨ੍ਹਾਂ ਨਾਲ ਹੱਤਿਆਰੇ ਵਿਚਾਰਾਂ ਦੀ ਧਾਰ ਖੁੰਢੀ ਕੀਤੀ ਜਾ ਸਕਦੀ ਹੈ।*

*ਗਾਂਧੀ ਦੀ ਪ੍ਰਸੰਗਕਤਾ ਤੇ ਉਨ੍ਹਾ ਦੀ ਹੱਤਿਆ ਦੀ ਤ੍ਰਾਸਦੀ ਅੱਜ ਵੀ ਆਤਮਮੰਥਨ ਲਈ ਮਜਬੂਰ ਕਰਦੀ ਹੈ। ਗਾਂਧੀ ਨੇ ਕਿਹਾ ਸੀ, 'ਮੇਰੇ ਵਿਚਾਰ ਮੇਰੇ ਬਾਅਦ ਵੀ ਜਿਊਂਦੇ ਰਹਿਣਗੇ'। ਵਿਡੰਬਨਾ ਇਹ ਹੈ ਕਿ ਉਨ੍ਹਾ ਦੇ ਹੱਤਿਆਰੇ ਦਾ ਵਿਚਾਰ ਵੀ ਪੂਰੀ ਤਰ੍ਹਾਂ ਖਤਮ ਨਹੀਂ ਹੋਇਆ। ਅੱਜ ਦੀਆਂ ਵਿਸ਼ਵੀ ਤੇ ਰਾਸ਼ਟਰੀ ਪ੍ਰਸਥਿਤੀਆਂ ਵਿੱਚ ਗਾਂਧੀਵਾਦ ਤੇ ਗੌਡਸੇਵਾਦ ਵਿਚਾਲੇ ਦਾ ਇਹ ਦਵੰਦ ਹੋਰ ਵੀ ਤਿੱਖਾ ਹੋ ਗਿਆ ਹੈ। ਗੌਡਸੇ ਨੂੰ ਫਾਂਸੀ ਦੇਣਾ ਕਾਨੂੰਨੀ ਇਨਸਾਫ ਸੀ, ਪਰ ਗਾਂਧੀ ਦੇ ਵਿਚਾਰਾਂ ਨੂੰ ਸੁਰਜੀਤ ਕਰਨਾ ਤੇ ਉਨ੍ਹਾਂ ਨੂੰ ਆਚਰਣ ਵਿੱਚ ਉਤਾਰਨਾ ਹੀ ਉਸ ਹੱਤਿਆਰੇ ਵਿਚਾਰ ਦੀ ਅਸਲ ਸ਼ਿਕਸਤ ਹੋਵੇਗੀ। ਹੱਤਿਆਰਾ ਵਿਚਾਰ ਉਦੋਂ ਤੱਕ ਜ਼ਿੰਦਾ ਰਹੇਗਾ, ਜਦੋਂ ਤੱਕ ਅਸੀਂ ਇਨਸਾਫ ਤੇ ਬਰਾਬਰੀ ਦੇ ਸੰਘਰਸ਼ ਨੂੰ ਤਿਆਗ ਕੇ ਨਫਰਤ ਦੇ ਬਾਜ਼ਾਰ ਵਿੱਚ ਸ਼ਾਮਲ ਹੁੰਦੇ ਰਹਾਂਗੇ।*

# ਲਾਟ ਸਾਹਿਬ ਦੀ ਭੂਮਿਕਾ 'ਤੇ ਉੱਠਦੇ ਸਵਾਲ



ਗੁਰਮੀਤ ਸਿੰਘ ਪਲਾਹੀ

ਦੇਸ਼ ਵਿੱਚ ਸੂਬਿਆਂ ਦੇ ਰਾਜਪਾਲਾਂ (ਗਵਰਨਰਾਂ) ਦੀ ਭੂਮਿਕਾ ਇੱਕ ਵਾਰ ਫਿਰ ਚਰਚਾ ਵਿੱਚ ਹੈ। ਕੇਵਲ ਕੁਝ ਦਿਨਾਂ ਵਿੱਚ ਹੀ ਕੇਰਲ, ਤਾਮਿਲਨਾਡੂ ਅਤੇ ਕਰਨਾਟਕ ਵਿੱਚ ਸੂਬਾ ਸਰਕਾਰਾਂ ਅਤੇ ਰਾਜਪਾਲਾਂ ਵਿੱਚ ਵਿਵਾਦ ਖੜ੍ਹਾ ਹੋ ਗਿਆ। ਸਵਾਲ ਪੈਦਾ ਹੁੰਦਾ ਹੈ ਕਿ ਵਿਰੋਧੀ ਧਿਰ ਵਾਲੀਆਂ ਸਰਕਾਰਾਂ ਦੇ 'ਲਾਟ ਸਾਹਿਬ' ਹੀ ਏਨੇ ਉਤੇਜਿਤ ਕਿਉਂ ਹਨ? ਦੱਖਣੀ ਸੂਬੇ ਕੇਰਲ, ਤਾਮਿਲਨਾਡੂ ਅਤੇ ਕਰਨਾਟਕ ਤਿੰਨੇ ਇਹੋ ਜਿਹੇ ਸੂਬੇ ਹਨ, ਜਿੱਥੇ ਭਾਜਪਾ ਵਿਰੋਧੀ ਸਰਕਾਰਾਂ ਹਨ ਅਤੇ ਮੌਜੂਦਾ ਭਾਜਪਾ ਸਰਕਾਰ ਆਪਣੇ ਲਾਟ ਸਾਹਿਬਾਂ ਰਾਹੀਂ ਇੱਥੇ ਆਪਣੀਆਂ ਚੰਮ ਦੀਆਂ ਚਲਾਉਣਾ ਚਾਹੁੰਦੀ ਹੈ ਅਤੇ ਰਾਜ ਸਰਕਾਰਾਂ ਦੇ ਕੰਮਾਂ 'ਚ ਨਿੱਤ ਰੁਕਾਵਟਾਂ ਪਾਉਂਦੀ ਹੈ?

ਤਾਜ਼ਾ ਵਿਵਾਦ ਕਰਨਾਟਕ ਦੇ ਰਾਜਪਾਲ ਥਾਵਰ ਚੰਦ ਗਹਿਲੋਤ ਨਾਲ਼ ਜੁੜਿਆ ਹੈ, ਜਿਹਨਾਂ 22 ਜਨਵਰੀ ਨੂੰ ਰਾਜ ਵਿਧਾਨ ਸਭਾ ਨੂੰ ਸੰਬੋਧਿਤ ਕੀਤਾ ਅਤੇ ਰਾਜ ਸਰਕਾਰ ਦਾ ਦਿੱਤਾ ਭਾਸ਼ਣ ਪੂਰਾ ਨਹੀਂ ਪੜ੍ਹਿਆ। ਤਾਮਿਲਨਾਡੂ ਦੇ ਰਾਜਪਾਲ ਆਰ ਐੱਨ ਰਵੀ ਵਿਧਾਨ ਸਭਾ ਵਿੱਚ ਆਪਣਾ ਉਦਘਾਟਨੀ ਭਾਸ਼ਣ ਦੇਣ ਤੋਂ ਪਹਿਲਾਂ ਹੀ ਸਦਨ ਵਿੱਚੋਂ ਬਾਹਰ ਚਲੇ ਗਏ । ਉਹਨਾ ਰਾਸ਼ਟਰਗਾਣ ਪ੍ਰਤੀ ਅਨਾਦਰ ਭਾਵਨਾ ਪ੍ਰਤੀ ਨਿਰਾਸ਼ਾ ਦਰਸਾਈ । ਕੇਰਲ ਵਿੱਚ ਉਸ ਵੇਲੇ ਵਿਵਾਦ ਪੈਦਾ ਹੋ ਗਿਆ, ਜਦੋਂ ਮੁੱਖ ਮੰਤਰੀ ਪਿਨਾਰਾਈ ਵਿਜੈਅਨ ਨੇ ਵਿਧਾਨ ਸਭਾ ਵਿੱਚ ਰਾਜਪਾਲ ਰਜੇਂਦਰ ਵਿਸ਼ਵਨਾਥ ਅਰਲੇਕਰ ਦਾ ਭਾਸ਼ਣ ਖ਼ਤਮ ਹੋਣ ਤੋਂ ਤੁਰੰਤ ਬਾਅਦ ਦੋਸ਼ ਲਗਾਇਆ ਕਿ ਉਹਨਾ ਰਾਜ ਮੰਤਰੀ ਮੰਡਲ ਵੱਲੋਂ ਪ੍ਰਵਾਨ ਕੀਤੇ ਨੀਤੀਗਤ ਭਾਸ਼ਣ ਨੂੰ ਪੂਰੀ ਤਰ੍ਹਾਂ ਨਹੀਂ ਪੜ੍ਹਿਆ।

ਇਸ ਤੋਂ ਪਹਿਲਾਂ ਮਹਾਰਾਸ਼ਟਰ (ਜਦੋਂ ਇੱਥੇ ਵਿਰੋਧੀ ਧਿਰ ਦਾ ਰਾਜ ਸੀ), ਪੱਛਮੀ ਬੰਗਾਲ, ਪੰਜਾਬ ਅਤੇ ਦਿੱਲੀ ਜਿਹੇ ਸੂਬਿਆਂ ਦੇ ਰਾਜਪਾਲਾਂ ਦੇ ਵੱਲੋਂ ਨਿਭਾਈ ਜਾ ਰਹੀ ਭੂਮਿਕਾ 'ਤੇ ਸਵਾਲ ਉੱਠੇ। ਤਾਮਿਲਨਾਡੂ ਦੇ ਤਤਕਾਲੀਨ ਰਾਜਪਾਲ ਮੁਹੰਮਦ ਖਾਨ ਅਤੇ ਪੱਛਮੀ ਬੰਗਾਲ ਦੇ ਤਤਕਾਲੀਨ ਰਾਜਪਾਲ ਜਗਦੀਪ ਧਨਖੜ ਅਤੇ ਮੌਜੂਦਾ ਰਾਜਪਾਲ ਸੀ ਵੀ ਅਨੰਦ ਬੋਸ ਦੀ ਰਾਜਪਾਲਾਂ ਵਜੋਂ ਭੂਮਿਕਾ ਚਰਚਾ ਵਿੱਚ ਰਹੀ। ਪੰਜਾਬ ਦੇ ਰਾਜਪਾਲ ਵੱਲੋਂ ਮੰਤਰੀ ਮੰਡਲ ਵੱਲੋਂ ਸਿਫ਼ਾਰਸ਼ ਦੇ ਬਾਵਜੂਦ ਵਿਧਾਨ ਸਭਾ ਅਜਲਾਸ ਨਾ ਬੁਲਾਏ ਜਾਣ ਦੇ ਮਾਮਲੇ 'ਚ ਕੇਸ ਸੁਪਰੀਮ ਕੋਰਟ ਪੁੱਜਾ। ਇਹਨਾਂ ਸਾਰੀਆਂ ਘਟਨਾਵਾਂ ਨਾਲ਼ ਰਾਜਪਾਲ ਦੀ ਭੂਮਿਕਾ ਉੱਤੇ ਗੰਭੀਰ ਸਵਾਲ ਉੱਠਣੇ ਲਾਜ਼ਮੀ ਸਨ।

ਰਾਜਾਸ਼ਾਹੀ ਸ਼ਾਸਨ ਦੇ ਦੌਰਾਨ ਬਰਤਾਨੀਆ ਹਕੂਮਤ ਨੇ ਭਾਰਤ ਵਿੱਚ ਰਾਜਪਾਲ ਦਾ ਸਜਾਵਟੀ ਅਹੁਦਾ ਬਣਾਇਆ ਸੀ । ਜਿਸ ਦੀ ਭੂਮਿਕਾ ਹੀ ਆਪਣੇ ਰਾਜ ਨਿਵਾਸ ਵਿੱਚ ਬਰਤਾਨਵੀ ਹੁਕਮਰਾਨਾਂ ਦੀ ਠਾਠ-ਬਾਠ ਦਿਖਾਉਣ ਦੀ ਸੀ। ਉਹ ਗਵਰਨਰ ਸਾਹਿਬ - ਲਾਟ ਸਾਹਿਬ ਵਜੋਂ ਜਾਣੇ ਜਾਂਦੇ ਸਨ।

ਅਜ਼ਾਦ ਭਾਰਤ ਨੇ ਜਦੋਂ ਆਪਣੇ-ਆਪ ਨੂੰ ਗਣਤੰਤਰ ਘੋਸ਼ਿਤ ਕਰਦਿਆਂ ਆਪਣਾ ਸੰਵਿਧਾਨ ਲਾਗੂ ਕੀਤਾ ਤਾਂ ਵੀ ਇਹ ਅਹੁਦਾ ਖ਼ਾਸ ਆਦਰਸ਼ਾਂ ਤਹਿਤ ਬਰਕਰਾਰ ਰੱਖਿਆ ਗਿਆ। ਕੇਂਦਰ ਅਤੇ ਸੂਬਿਆਂ ਵਿੱਚ ਇਸ ਗ਼ੈਰ-ਰਾਜਨੀਤਕ ਪ੍ਰਤੀਨਿਧ ਦੀ ਭੂਮਿਕਾ ਕਿਸੇ ਤਰ੍ਹਾਂ ਦੇ ਸਿਆਸੀ ਸੰਕਟ ਜਾਂ ਕਿਸੇ ਗੰਭੀਰ ਸੰਕਟ ਦੇ ਸੰਦਰਭ 'ਚ ਰੱਖੀ ਗਈ, ਪਰ ਅੱਜ ਇਹਨਾਂ ਰਾਜ ਭਵਨਾਂ ਉੱਤੇ ਸਿਆਸੀ ਲੋਕਾਂ ਦਾ ਡੰਕਾ ਵੱਜਦਾ ਹੈ ਅਤੇ ਇਹ ਰਾਜ-ਭਵਨ ਠਾਠ-ਬਾਠ ਦੇ ਪ੍ਰਤੀਕ ਬਣੇ ਹੋਏ ਹਨ ਅਤੇ ਇਹ ਰਾਜ ਭਵਨ ਸੰਕਟ-ਮੋਚਨ ਬਣਨ ਦੀ ਥਾਂ ਸ਼ਾਂਤੀ ਅਤੇ ਆਮ ਸਮੇਂ 'ਚ ਵੀ ਸੰਕਟ ਖੜ੍ਹਾ ਕਰ ਰਹੇ ਹਨ।

ਰਾਜਪਾਲ ਨੂੰ ਇੱਕ ਗ਼ੈਰ-ਸਿਆਸੀ ਪ੍ਰਮੁੱਖ ਦੇ ਰੂਪ ਵਿੱਚ ਵੇਖਿਆ ਜਾਂਦਾ ਹੈ, ਜਿਹੜਾ ਸੂਬੇ ਦੀ ਮੰਤਰੀ ਪਰਿਸ਼ਦ ਦੀ ਸਲਾਹ ਨਾਲ਼ ਕੰਮ ਕਰਦਾ ਹੈ, ਪਰ ਸੰਵਿਧਾਨ ਦੇ ਤਹਿਤ ਉਸ ਨੂੰ ਕੁਝ ਤਾਕਤਾਂ ਵੀ ਮਿਲੀਆਂ ਹੋਈਆਂ ਹਨ। ਇਸ ਵਿੱਚ ਰਾਜ ਵਿਧਾਨ ਮੰਡਲ ਵੱਲੋਂ ਪਾਸ ਕੀਤੇ ਬਿੱਲਾਂ ਨੂੰ ਸਹਿਮਤੀ ਦੇਣ ਜਾਂ ਨਾ ਦੇਣ ਦਾ ਅਧਿਕਾਰ ਵੀ ਸ਼ਾਮਲ ਹੈ ਜਾਂ ਕਿਸੇ ਸਿਆਸੀ ਦਲ ਨੂੰ ਆਪਣਾ ਬਹੁਮਤ ਸਾਬਤ ਕਰਨ ਲਈ ਸਮਾਂ ਨਿਰਧਾਰਿਤ ਕਰਨਾ ਜਾਂ ਚੋਣ ਵਿੱਚ ਤ੍ਰਿਸ਼ੰਕੂ ਫੈਸਲੇ ਦੇ ਬਾਅਦ ਕਿਸੇ ਦਲ ਨੂੰ ਪਹਿਲਾਂ ਸਰਕਾਰ ਬਣਾਉਣ ਲਈ ਬੁਲਾਉਣਾ ਸ਼ਾਮਲ ਹੈ।

ਪਰ ਮੋਦੀ ਕਾਲ ਦੇ ਸਮੇਂ 'ਚ ਰਾਜਪਾਲ ਆਪਹੁਦਰੇ ਢੰਗ ਨਾਲ਼ ਕੰਮ ਕਰਦੇ ਨਜ਼ਰ ਆ ਰਹੇ ਹਨ। ਸਾਲ 2018 ਵਿੱਚ ਜੰਮੂ-ਕਸ਼ਮੀਰ ਦੇ ਤਤਕਾਲੀਨ ਰਾਜਪਾਲ ਸਤਿਆਪਾਲ ਮਲਿਕ ਨੇ ਵਿਧਾਨ ਸਭਾ ਭੰਗ ਕਰ ਦਿੱਤੀ, ਕਿਉਂਕਿ ਅਸ਼ੰਕਾ ਸੀ ਕਿ ਕੁਝ ਦਲ ਮਿਲ ਕੇ ਸਰਕਾਰ ਬਣਾਉਣ ਦੀ ਤਿਆਰੀ ਕਰ ਰਹੇ ਹਨ, ਜੋ ਕਿ ਕੇਂਦਰ ਸਰਕਾਰ ਨੂੰ ਪ੍ਰਵਾਨ ਨਹੀਂ ਸੀ।

ਸਾਲ 1959 ਵਿੱਚ ਰਾਜਪਾਲ ਦੀ ਇੱਕ ਰਿਪੋਰਟ ਦੇ ਆਧਾਰ 'ਤੇ ਕੇਰਲ ਦੀ ਈ ਐੱਮ ਐੱਸ ਨੰਬੂਦਰੀਪਾਦ ਸਰਕਾਰ ਨੂੰ ਬਰਖ਼ਾਸਤ ਕਰ ਦਿੱਤਾ ਗਿਆ। ਸਾਲ 1971 ਤੋਂ ਸਾਲ 1990 ਦੇ ਵਿਚਕਾਰ ਰਾਜਪਾਲਾਂ ਵੱਲੋਂ ਜਾਰੀ ਰਾਸ਼ਟਰਪਤੀ ਸ਼ਾਸਨ ਦੇ ਆਦੇਸ਼ਾਂ ਅਧੀਨ 63 ਰਾਜ ਸਰਕਾਰਾਂ ਬਰਖ਼ਾਸਤ ਕੀਤੀਆਂ ਗਈਆਂ। ਹਰਿਆਣਾ (1967), ਕਰਨਾਟਕ ਦੀ 1971 ਦੀ ਪਾਟਿਲ ਸਰਕਾਰ, ਉੱਤਰ ਪ੍ਰਦੇਸ਼, ਉੜੀਸਾ, ਆਂਧਰ ਪ੍ਰਦੇਸ਼ ਅਤੇ ਗੁਜਰਾਤ ਵਿੱਚ ਰਾਜਪਾਲਾਂ ਨੇ ਸਰਕਾਰਾਂ ਭੰਗ ਕੀਤੀਆਂ, ਪਰ ਇਹ ਮਾਮਲੇ ਗਠਜੋੜ ਸਰਕਾਰਾਂ ਦੇ ਦੌਰ ਵਿੱਚ ਘਟ ਗਏ।

ਸੰਵਿਧਾਨ ਸਭਾ ਨੇ ਰਾਜਪਾਲ ਦੇ ਅਹੁਦੇ ਉੱਤੇ ਵਿਸਥਾਰ ਨਾਲ਼ ਚਰਚਾ ਕੀਤੀ ਸੀ। ਸੰਵਿਧਾਨ ਸਭਾ ਦੇ ਕਈ ਮੈਂਬਰਾਂ ਦਾ ਮੰਨਣਾ ਸੀ ਕਿ ਨਿਯੁਕਤ ਕੀਤਾ ਰਾਜਪਾਲ ਚੁਣੇ ਹੋਏ ਮੁੱਖ ਮੰਤਰੀ ਦੇ ਅਧਿਕਾਰ ਕਮਜ਼ੋਰ ਕਰ ਦੇਵੇਗਾ । ਉਹਨਾਂ ਤਰਕ ਦਿੱਤਾ ਕਿ ਕਿਸੇ ਪਾਰਟੀ ਟਿਕਟ ਉੱਤੇ ਚੁਣੇ ਗਏ ਵਿਅਕਤੀ ਦੀ ਬਜਾਏ ਕਿਸੇ ਨਿਰਪੱਖ ਵਿਅਕਤੀ ਨੂੰ ਇਸ ਅਹੁਦੇ ਉੱਤੇ ਨਿਯੁਕਤ ਕੀਤਾ ਜਾਵੇ।

ਸੰਵਿਧਾਨ ਸਭਾ ਦੇ ਮੈਂਬਰਾਂ ਨੇ ਰਾਜਪਾਲ ਤੇ ਮੁੱਖ ਮੰਤਰੀ ਦੀ ਭੂਮਿਕਾ ਬਾਰੇ ਵੀ ਚਰਚਾ ਕੀਤੀ। ਧਾਰਾ 163 ਵਿੱਚ ਲਿਖਿਆ ਹੈ ਕਿ ਰਾਜਪਾਲ ਨੂੰ ਆਪਣੇ ਕੰਮ ਕਰਨ ਲਈ ਮੁੱਖ ਮੰਤਰੀ ਅਤੇ ਮੰਤਰੀ ਮੰਡਲ ਸਲਾਹ ਦੇਣਗੇ, ਸਿਵਾਏ ਉਹਨਾਂ ਮਾਮਲਿਆਂ ਦੇ, ਜਿੱਥੇ ਸੰਵਿਧਾਨ ਦੇ ਤਹਿਤ ਉਸ ਨੂੰ ਆਪਣੇ ਕੰਮ ਜਾਂ ਉਹਨਾਂ ਵਿੱਚੋਂ ਕਿਸੇ ਵੀ ਕੰਮ ਨੂੰ ਆਪਣੇ ਵਿਵੇਕ ਨਾਲ਼ ਕਰਨ ਦੀ ਲੋੜ ਹੋਵੇ ਜਾਂ ਵਿਸ਼ੇਸ਼ ਅਧਿਕਾਰ ਪ੍ਰਾਪਤ ਹੋਣ।

ਰਾਜਪਾਲਾਂ ਨੇ ਸਮੇਂ-ਸਮੇਂ 'ਤੇ ਕੀਤੇ ਕੰਮਾਂ ਸੰਬੰਧੀ ਕਈ ਵਿਵਾਦ ਖੜ੍ਹੇ ਕੀਤੇ ਹਨ। ਉਹਨਾਂ ਦੀ ਭੂਮਿਕਾ ਤੈਅ ਕਰਨ ਲਈ ਸਮੇਂ-ਸਮੇਂ ਕਈ ਆਯੋਗ ਬਣਾਏ ਗਏ, ਤਾਂ ਜੋ ਉਹਨਾਂ ਦੇ ਕੰਮ ਦੀ ਸਮੀਖਿਆ ਹੋ ਸਕੇ। ਪੁੰਛੀ ਆਯੋਗ (2010) ਇਨ੍ਹਾਂ ਵਿੱਚੋਂ ਅਹਿਮ ਸੀ, ਜਿਸ ਨੇ ਸੁਝਾਅ ਦਿੱਤਾ ਕਿ ਰਾਜਪਾਲ ਕਿਸੇ ਦੂਜੇ ਸੂਬੇ ਦਾ ਅਜਿਹਾ ਵਿਅਕਤੀ ਹੋਣਾ ਚਾਹੀਦਾ ਹੈ, ਜੋ ਹਾਲ ਹੀ ਵਿੱਚ ਸਿਆਸਤ ਵਿੱਚ ਸ਼ਾਮਲ ਨਾ ਰਿਹਾ ਹੋਵੇ ਅਤੇ ਉਸ ਦੀ ਨਿਯੁਕਤੀ ਤੋਂ ਪਹਿਲਾਂ ਸੰਬੰਧਤ ਮੁੱਖ ਮੰਤਰੀ ਨਾਲ਼ ਸਲਾਹ ਕੀਤੀ ਜਾਣੀ ਚਾਹੀਦੀ ਹੈ, ਪਰ ਉਹਨਾਂ ਦੀਆਂ ਸਿਫ਼ਾਰਸ਼ਾਂ ਨੂੰ ਲਗਭਗ ਨਜ਼ਰਅੰਦਾਜ਼ ਕਰ ਦਿੱਤਾ ਗਿਆ।

ਸਿੱਟਾ ਇਹ ਹੈ ਕਿ ਪਾਰਟੀਆਂ ਦੇ ਧੁਰੰਦਰ ਨੇਤਾ ਅੱਜ ਰਾਜਪਾਲ ਦੀ ਕੁਰਸੀ 'ਤੇ ਬਿਰਾਜਮਾਨ ਹਨ। ਉਹ ਠਾਠ-ਬਾਠ ਨਾਲ਼ ਰਾਜ ਭਵਨ ਵਿੱਚ ਰਹਿੰਦੇ ਹਨ, ਸੁੱਖ-ਸੁਵਿਧਾਵਾਂ ਭੋਗਦੇ ਹਨ ਅਤੇ ਕੇਂਦਰ ਸਰਕਾਰ ਦੇ ਨੁਮਾਇੰਦਿਆਂ ਵਜੋਂ ਉਸ ਦੇ ਹਿੱਤ ਵਿੱਚ ਕੰਮ ਕਰਦੇ ਹਨ। ਇਸ ਦੇ ਸਿੱਟੇ ਵਜੋਂ ਵਿਰੋਧੀ ਧਿਰਾਂ ਦੇ ਮੁੱਖ ਮੰਤਰੀਆਂ ਅਤੇ ਕੇਂਦਰ ਦੇ ਹਾਕਮਾਂ ਦੇ ਨਿਯੁਕਤ ਕੀਤੇ ਰਾਜਪਾਲਾਂ ਵਿਚਕਾਰ ਤਕਰਾਰ ਵਧਦਾ ਹੈ ਅਤੇ ਮੁੱਖ ਮੰਤਰੀ ਅਤੇ ਕਈ ਵਾਰ ਰਾਜਪਾਲਾਂ ਦਾ ਆਪਸੀ ਤਣਾਅ ਕਈ ਹਾਲਤਾਂ ਵਿੱਚ ਸਿਖ਼ਰਾਂ 'ਤੇ ਪੁੱਜ ਜਾਂਦਾ ਹੈ।

ਫਿਰ ਇਹ ਮਾਮਲੇ ਦੇਸ਼ ਦੀ ਸੁਪਰੀਮ ਕੋਰਟ ਤੱਕ ਪੁੱਜਦੇ ਹਨ। ਮਹਿੰਗੇ-ਭਾਰੇ ਵਕੀਲ ਇੱਕ ਪਾਸੇ ਰਾਜਪਾਲ ਵੱਲੋਂ ਅਤੇ ਦੂਜੇ ਪਾਸੇ ਮੁੱਖ ਮੰਤਰੀ ਵੱਲੋਂ ਪੇਸ਼ ਹੁੰਦੇ ਹਨ, ਜਿਸ ਨਾਲ਼ ਸਰਕਾਰੀ ਖਜ਼ਾਨੇ ਉੱਤੇ ਵਕੀਲਾਂ ਦੀ ਫ਼ੀਸ ਅਤੇ ਹੋਰ ਖ਼ਰਚਿਆਂ ਦਾ ਬੋਝ ਪੈਂਦਾ ਹੈ।

ਇਹ ਗੱਲ ਤੈਅ ਹੈ ਕਿ ਮੁੱਖ ਮੰਤਰੀ ਲੋਕਾਂ ਪ੍ਰਤੀ ਜਵਾਬਦੇਹ ਹੁੰਦਾ ਹੈ, ਪਰ ਰਾਜਪਾਲ ਨਹੀਂ। ਉਸ ਦੀ ਜਵਾਬਦੇਹੀ ਕੇਂਦਰ ਸਰਕਾਰ ਤੱਕ ਸੀਮਤ ਹੈ। ਉਹ ਪੰਜ ਸਾਲ ਲਈ ਨਿਯੁਕਤ ਹੁੰਦਾ ਹੈ ਅਤੇ ਕੇਂਦਰ ਸਰਕਾਰ ਆਪਣੀ ਇੱਛਾ ਅਨੁਸਾਰ ਉਸ ਨੂੰ ਅਹੁਦੇ ਤੋਂ ਹਟਾ ਸਕਦੀ ਹੈ।

ਰਾਜਪਾਲਾਂ ਵੱਲੋਂ ਟਕਰਾਅ ਦੀ ਸਥਿਤੀ ਪੈਦਾ ਹੋਣ ਦਾ ਇੱਕ ਕਾਰਨ ਇਹ ਵੀ ਹੈ ਕਿ ਸੰਵਿਧਾਨ ਰਾਜਪਾਲ ਦੀਆਂ ਸ਼ਕਤੀਆਂ ਲਈ ਸਪੱਸ਼ਟ ਦਿਸ਼ਾ-ਨਿਰਦੇਸ਼ ਨਹੀਂ ਦਿੰਦਾ। ਇਸ ਕਾਰਨ ਕਈ ਹਾਲਤਾਂ ਵਿੱਚ ਰਾਜਪਾਲ ਮਨਮਾਨੀਆਂ ਕਰਦੇ ਹਨ। ਆਮ ਤੌਰ 'ਤੇ ਇਹ ਵੇਖਿਆ ਗਿਆ ਹੈ ਕਿ ਰਾਜਪਾਲ ਕੇਂਦਰੀ ਪਰਿਸ਼ਦ ਦੇ ਹੁਕਮਾਂ ਅਨੁਸਾਰ ਕੰਮ ਕਰਦੇ ਹਨ, ਜਿਸ ਨਾਲ਼ ਇਹ ਧਾਰਨਾ ਬਣਦੀ ਹੈ ਕਿ ਉਹ ਕੇਂਦਰ ਦੇ ਪ੍ਰਤੀਨਿਧ ਹਨ।

ਪਿਛਲੇ ਦਿਨਾਂ ਵਿੱਚ ਰਾਜਪਾਲਾਂ ਵੱਲੋਂ ਸੂਬਾ ਵਿਧਾਨ ਸਭਾ ਵੱਲੋਂ ਪਾਸ ਕੀਤੇ ਬਿੱਲਾਂ ਨੂੰ ਮਨਜ਼ੂਰੀ ਨਾ ਦੇਣਾ ਜਾਂ ਰੋਕ ਕੇ ਰੱਖਣਾ ਉਨ੍ਹਾਂ ਦੇ ਪੱਖਪਾਤੀ ਰਵੱਈਏ ਦੇ ਸਬੂਤ ਵਜੋਂ ਵੇਖਿਆ ਗਿਆ। ਰਾਜਪਾਲਾਂ ਵੱਲੋਂ ਤ੍ਰਿਸ਼ੰਕੂ ਵਿਧਾਨ ਸਭਾਵਾਂ ਬਣਨ ਵੇਲੇ ਵੀ ਕਈ ਵਾਰ ਕੇਂਦਰ ਦੀਆਂ ਹਾਕਮ ਪਾਰਟੀਆਂ ਨੂੰ ਤਰਜੀਹ ਦਿੱਤੀ ਗਈ, ਜਿਵੇਂ 2018 ਵਿੱਚ ਕਰਨਾਟਕ ਅਤੇ 2019 ਵਿੱਚ ਮਹਾਰਾਸ਼ਟਰ ਵੱਡੀ ਮਿਸਾਲ ਬਣੇ ਹਨ।

ਯੂਨੀਵਰਸਿਟੀਆਂ ਵਿੱਚ ਨਿਯੁਕਤੀਆਂ ਨੂੰ ਲੈ ਕੇ ਵੀ ਰਾਜਪਾਲਾਂ ਵੱਲੋਂ ਮਨਮਾਨੀਆਂ ਕੀਤੀਆਂ ਗਈਆਂ। 2023 ਵਿੱਚ ਪੱਛਮੀ ਬੰਗਾਲ ਵਿੱਚ ਰਾਜਪਾਲ ਵੱਲੋਂ ਇੱਕਤਰਫ਼ਾ ਕੁੱਲਪਤੀਆਂ ਦੀ ਨਿਯੁਕਤੀ ਕੀਤੀ ਗਈ।

ਰਾਜਪਾਲ ਦੀ ਭੂਮਿਕਾ ਮਹੱਤਵਪੂਰਨ ਹੈ, ਪਰ ਸਿਆਸੀ ਪਿਛੋਕੜ ਅਤੇ ਮਨਮਾਨੀਆਂ ਕਾਰਨ ਇਹ 'ਲਾਟ ਸਾਹਿਬ' ਦੀ ਕੁਰਸੀ ਲਗਾਤਾਰ ਵਿਵਾਦਾਂ ਵਿੱਚ ਘਿਰਦੀ ਜਾ ਰਹੀ ਹੈ । ਹਾਲਾਂਕਿ ਸੁਪਰੀਮ ਕੋਰਟ ਨੇ ਸੰਵਿਧਾਨਕ ਸਿਧਾਂਤਾਂ ਅਤੇ ਲੋਕਤੰਤਰੀ ਮਾਪਦੰਡਾਂ ਦੀ ਪਾਲਣਾ 'ਤੇ ਜ਼ੋਰ ਦਿੱਤਾ ਹੈ ਅਤੇ ਸਮਾਂ-ਬੱਧ ਫੈਸਲੇ ਕਰਨ ਲਈ ਦਿਸ਼ਾ-ਨਿਰਦੇਸ਼ ਵੀ ਦਿੱਤੇ ਹਨ।

ਅਸਲ ਵਿੱਚ ਵਿਵਾਦਾਂ ਦੀ ਜੜ੍ਹ ਰਾਜਪਾਲ ਦੀ ਨਿਯੁਕਤੀ ਦਾ ਤਰੀਕਾ, ਉਸ ਦੀ ਯੋਗਤਾ ਅਤੇ ਉਸ ਦਾ ਕੰਮ ਕਰਨ ਦਾ ਢੰਗ-ਤਰੀਕਾ ਹੈ। ਗ਼ੌਰ ਕਰਨ ਵਾਲੀ ਗੱਲ ਇਹ ਹੈ ਕਿ ਰਾਜਪਾਲ ਨੂੰ ਨਾ ਤਾਂ ਆਮ ਲੋਕ ਚੁਣਦੇ ਹਨ ਅਤੇ ਨਾ ਹੀ ਕੋਈ ਵਿਸ਼ੇਸ਼ ਰੂਪ ਵਿੱਚ ਗਠਿਤ ਕਮੇਟੀ ਜਾਂ ਮੰਡਲ ਉਸ ਦੀ ਨਿਯੁਕਤੀ ਕਰਦਾ ਹੈ। ਰਾਜਪਾਲ ਨੂੰ ਰਾਸ਼ਟਰਪਤੀ ਨਿਯੁਕਤ ਕਰਦਾ ਹੈ ਅਤੇ ਇਸ ਲਈ ਉਸ ਨੂੰ ਮੌਜੂਦਾ ਕੇਂਦਰੀ ਹਾਕਮਾਂ ਦਾ ਨੁਮਾਇੰਦਾ ਕਿਹਾ ਜਾਂਦਾ ਹੈ।

**# ਸੰਪਰਕ : 98158-02070**

# ਸਮੇਂ ਤੋਂ ਵੱਧ ਕੀਮਤੀ ਕੋਈ ਦੌਲਤ ਨਹੀਂ ਹੁੰਦੀ

**ਗੁਰਬਿੰਦਰ ਸਿੰਘ ਮਾਣਕ**

ਸਮਾਂ ਬਹੁਤ ਕੀਮਤੀ ਤੇ ਦੁਰਲੱਭ ਹੈ, ਇਸ ਨੂੰ ਕਿਸੇ ਵੀ ਕੀਮਤ 'ਤੇ ਖਰੀਦਿਆ ਨਹੀਂ ਜਾ ਸਕਦਾ। ਸਮੇਂ ਉੱਤੇ ਕਿਸੇ ਦਾ ਅਧਿਕਾਰ ਨਹੀਂ । ਇਹ ਉਸ ਦੀ ਮੁੱਠੀ ਵਿਚ ਹੁੰਦਾ ਹੈ, ਜਿਹੜਾ ਇਸ ਦੀ ਮਹੱਤਤਾ ਨੂੰ ਜਾਣਦਾ ਤੇ ਇਸ ਦੇ ਨਾਲ ਤੁਰਨ ਦਾ ਯਤਨ ਕਰਦਾ, ਇਸ ਦੇ ਪਲ-ਪਲ ਦਾ ਸਦ-ਉਪਯੋਗ ਕਰਕੇ ਆਪਣੇ ਸੁਪਨਿਆਂ ਦੀ ਮੰਜ਼ਲ 'ਤੇ ਪਹੁੰਚਣ ਵਿਚ ਸਫਲਤਾ ਹਾਸਲ ਕਰ ਲੈਂਦਾ ਹੈ। ਸਮੇਂ ਦੀ ਸਾਰਥਿਕਤਾ ਬਾਰੇ ਪੰਜਾਬੀ ਕਵੀ ਭਾਈ ਵੀਰ ਸਿੰਘ ਦੀਆਂ ਬਹੁਤ ਹੀ ਲਾਜਵਾਬ ਸਤਰਾਂ ਹਨ; 'ਰਹੀ ਵਾਸਤੇ ਘੱਤ ਸਮੇਂ ਨੇ ਇਕ ਨਾਂ ਮੰਨੀ, ਫੜ-ਫੜ ਰਹੀ ਧਰੀਕ ਸਮੇਂ ਖਿਸਕਾਈ ਕੰਨੀ। ਇਹ ਠਹਿਰਨ ਜਾਚ ਨਾਂ ਜਾਣਦਾ ਤੇ ਲੰਘ ਗਿਆ ਨਾ ਮੁੜ ਕੇ ਆਂਵਦਾ।' ਸੱਚਮੁੱਚ ਹੀ ਸਮੇਂ ਤੋਂ ਵੱਧ ਸ਼ਕਤੀਸ਼ਾਲੀ ਕੋਈ ਨਹੀਂ ਹੈ। ਇਹ ਕਿਸੇ ਦੀ ਉਡੀਕ ਨਹੀਂ ਕਰਦਾ ਤੇ ਆਪਣੀ ਤੋਰੇ ਨਿਰੰਤਰ ਤੁਰਿਆ ਰਹਿੰਦਾ ਹੈ। ਸਮੇਂ ਨੂੰ ਅਟਕਾਉਣ ਦੇ ਕੋਈ ਲੱਖ ਯਤਨ ਕਰ ਲਵੇ, ਪਰ ਉਹ ਇਹਦੇ ਪੈਰੀਂ ਸੰਗਲ ਨਹੀਂ ਪਾ ਸਕਦਾ । ਜਿਹੜੇ ਲੋਕ ਸਮੇਂ ਦੀ ਕਦਰ ਕਰਦੇ ਹੋਏ, ਸਮਿਆਂ ਦੇ ਨਾਲ-ਨਾਲ ਕਦਮ ਮਿਲਾ ਕੇ ਸਾਬਤ-ਕਦਮੀਂ ਤੁਰਨ ਦਾ ਹੌਸਲਾ ਕਰਦੇ ਹਨ, ਸਮਾਂ ਉਨ੍ਹਾਂ ਲਈ ਜ਼ਿੰਦਗੀ ਦੀਆਂ ਬੁਲੰਦੀਆਂ ਹਾਸਲ ਕਰਨ ਦੇ ਅਨੇਕਾਂ ਮੌਕੇ ਸਿਰਜ ਦਿੰਦਾ ਹੈ।

ਸਮੇਂ ਨੂੰ ਅਜਾਈਂ ਗੁਆਉਣ ਤੇ ਬਰਬਾਦ ਕਰਨ ਸੰਬੰਧੀ ਜੇ ਸੰਸਾਰ ਪੱਧਰ 'ਤੇ ਕੋਈ ਇਨਾਮ ਦਿੱਤਾ ਜਾਂਦਾ ਹੋਵੇ ਤਾਂ ਬਿਨਾਂ ਸ਼ੱਕ ਇਹ ਇਨਾਮ ਭਾਰਤ ਨੂੰ ਮਿਲ ਸਕਦਾ ਹੈ। ਸਾਥੋਂ ਵੱਧ ਸ਼ਾਇਦ ਹੀ ਕੋਈ ਸਮੇਂ ਦੀ ਬਰਬਾਦੀ ਕਰਦਾ ਹੋਵੇ। ਸਮਾਂ ਅਨਮੋਲ ਹੈ ਤੇ ਇਹ ਪਲ-ਪਲ ਕਰਕੇ ਬੀਤੀ ਜਾਂਦਾ ਹੈ। ਗੁਜ਼ਰ ਚੁੱਕੇ ਪਲ ਨੂੰ ਕਿਸੇ ਵੀ ਸੂਰਤ ਵਿਚ ਵਾਪਸ ਨਹੀਂ ਲਿਆਂਦਾ ਜਾ ਸਕਦਾ। ਭਾਰਤ ਮਹਾਨ ਦਾ ਵਿਕਾਸ ਵਿਚ ਪਛੜਨ ਦਾ ਮੂਲ ਕਾਰਨ ਹੀ ਇਹ ਹੈ ਕਿ ਇੱਥੇ ਕੋਈ ਵੀ ਯੋਜਨਾ ਮਿੱਥੇ ਸਮੇਂ ਵਿਚ ਪੂਰੀ ਨਹੀਂ ਹੁੰਦੀ। ਸਾਲਾਂਬੱਧੀ ਕੰਮ ਲਟਕਦੇ ਰਹਿੰਦੇ ਹਨ ਤੇ ਲਾਗਤ ਖਰਚੇ ਵਧੀ ਜਾਂਦੇ ਹਨ । ਜਵਾਬਦੇਹੀ ਦੀ ਅਣਹੋਂਦ ਤੇ ਗੈਰ-ਜ਼ਿੰਮੇਵਾਰੀ ਦੇ ਰੁਝਾਨ ਕਾਰਨ ਬਹੁਤ ਕੁਝ ਸਮੇਂ ਦੀ ਧੂੜ ਵਿਚ ਗੁਆਚ ਜਾਂਦਾ ਹੈ।

ਜੀਵਨ ਦੇ ਹਰ ਖੇਤਰ ਵਿਚ ਹੀ ਘੰਟਿਆਂ-ਬੱਧੀ ਸਮੇਂ ਨੂੰ ਬੇਕਾਰ ਤੇ ਅਜਾਈਂ ਗੁਆਉਣ ਦੀ ਮਾਨਸਿਕਤਾ ਭਾਰੂ ਹੈ। ਸਮਾਗਮ ਕਿਸੇ ਤਰ੍ਹਾਂ ਦਾ ਹੋਵੇ ਅਕਸਰ ਹੀ ਲੋਕ ਲੇਟ ਆਉਣ ਵਿਚ ਮਾਣ ਮਹਿਸੂਸ ਕਰਦੇ ਹਨ। ਅਸਲ ਵਿਚ ਕੁਝ ਗੱਲਾਂ ਸਾਡੇ ਸੁਭਾਅ ਦਾ ਇਸ ਕਦਰ ਗੂੜ੍ਹਾ ਅੰਗ ਬਣ ਗਈਆਂ ਹਨ ਕਿ ਅਸੀਂ ਚਾਹੁੰਦੇ ਹੋਏ ਵੀ ਉਸ ਤੋਂ ਪਿੱਛਾ ਨਹੀਂ ਛੁਡਾ ਸਕਦੇ। ਕੋਈ ਸਮਾਗਮ ਜੇ ਛੇ ਵਜੇ ਸ਼ੁਰੂ ਹੋਣ ਬਾਰੇ ਲਿਖਿਆ ਹੋਵੇ ਤਾਂ ਬਹੁਤੇ ਲੋਕ ਦੋ-ਤਿੰਨ ਘੰਟੇ ਦੇਰੀ ਨਾਲ ਆਉਣ ਨੂੰ ਵੀ ਬਹੁਤਾ ਨਹੀਂ ਗੌਲਦੇ। ਬਹੁਤੇ ਲੋਕਾਂ ਦੇ ਇੰਜ ਸੋਚਣ ਨਾਲ ਹਰ ਕੰਮ ਹੀ ਦੇਰ ਨਾਲ ਸ਼ੁਰੂ ਹੋਣ ਕਾਰਨ ਪ੍ਰਬੰਧਾਂ ਵਿਚ ਕਈ ਤਰ੍ਹਾਂ ਦੀ ਬੇਸੁਆਦੀ ਪੈਦਾ ਹੋਣੀ ਸੁਭਾਵਿਕ ਗੱਲ ਹੈ। ਬਰਾਤਾਂ ਅਕਸਰ ਹੀ ਕਈ ਘੰਟਿਆਂ ਦੀ ਦੇਰੀ ਨਾਲ ਆਉਣ ਦਾ ਰੁਝਾਨ ਦੇਖਣ ਨੂੰ ਮਿਲਦਾ ਹੈ। ਕਈ ਵਾਰ ਤਾਂ ਬਿਲਕੁਲ ਨੇੜਿਓਂ ਆਉਣ ਵਾਲੇ ਵੀ ਏਨੀ ਦੇਰ ਕਰ ਦਿੰਦੇ ਹਨ ਕਿ ਸਾਰੇ ਪ੍ਰਬੰਧ ਹੀ ਚੌਪਟ ਹੋ ਜਾਂਦੇ ਹੇਨ। ਜੇ ਕੋਈ ਪੁੱਛਣ ਦੀ ਗੁਸਤਾਖੀ ਕਰ ਲਵੇ ਤਾਂ ਅਕਸਰ ਹੀ ਘੜਿਆ-ਘੜਾਇਆ ਜਵਾਬ ਮਿਲਦਾ ਹੈ ਕਿ ਵਿਆਹ-ਸ਼ਾਦੀ ਦੇ ਮਾਮਲੇ ਵਿਚ ਏਨਾ ਕੁ ਟਾਇਮ ਤਾਂ ਹੋ ਹੀ ਜਾਂਦਾ ਹੈ।

ਕਿਸੇ ਸਮਾਗਮ ਦਾ ਮੁੱਖ ਮਹਿਮਾਨ ਜਾਂ ਪ੍ਰਧਾਨਗੀ ਕਰਨ ਵਾਲਾ ਕੋਈ ਨੇਤਾ, ਮੰਤਰੀ ਜਾਂ ਕੋਈ ਹੋਰ ਅਕਸਰ ਹੀ ਲੰਮੀ ਉਡੀਕ ਬਾਅਦ ਆਉਣ ਵਿਚ ਹੀ ਸ਼ਾਇਦ ਸ਼ਾਨ ਸਮਝਦੇ ਹਨ । ਇਹ ਠੀਕ ਹੈ ਕਿ ਉਨ੍ਹਾਂ ਦਾ ਜੀਵਨ ਬਹੁਤ ਰੁਝੇਵਿਆਂ ਭਰਿਆ ਹੁੰਦਾ ਹੈ, ਪਰ ਸਮਾਗਮ ਵਿਚ ਲੰਮੀ ਉਡੀਕ ਕਰ ਰਹੇ ਪ੍ਰਬੰਧਕਾਂ ਤੇ ਸਰੋਤਿਆਂ ਲਈ ਇਹ ਬਹੁਤ ਗੰਭੀਰ ਮਸਲਾ ਬਣ ਜਾਂਦਾ ਹੈ। ਜੇ ਸਮਾਗਮ ਕਿਸੇ ਸਕੂਲ ਜਾਂ ਹੋਰ ਵਿਦਿਅਕ ਸੰਸਥਾ ਵਿਚ ਹੋਵੇ ਤਾਂ ਵਿਦਿਆਰਥੀਆਂ ਲਈ ਇਹ ਬਹੁਤ ਗਲਤ ਸੰਦੇਸ਼ ਜਾਂਦਾ ਹੈ।

ਸਮੇਂ ਦਾ ਵਰਤਾਰਾ ਵੀ ਅਜੀਬ ਹੈ। ਕਿਸੇ ਨੂੰ ਇਹ ਫਰਸ਼ੋਂ ਅਰਸ਼ 'ਤੇ ਪਹੁੰਚਾ ਦਿੰਦਾ ਹੈ ਤੇ ਕਿਸੇ ਨੂੰ ਅੰਬਰੀਂ ਚਾੜ੍ਹ ਕੇ ਧਰਤੀ 'ਤੇ ਪਟਕਾ ਮਾਰਦਾ ਹੈ। ਜਿਨ੍ਹਾਂ ਦੀ ਕਦੇ ਤੂਤੀ ਬੋਲਦੀ ਹੁੰਦੀ ਹੈ, ਸਮਿਆਂ ਦੀ ਤੇਜ਼ ਹਨੇਰੀ ਅੱਗੇ ਉਹ ਇਸ ਕਦਰ ਗੁਆਚ ਜਾਂਦੇ ਹਨ ਕਿ ਉਹ ਲੋਕਾਂ ਦੇ ਚੇਤਿਆਂ ਵਿਚੋਂ ਹੀ ਵਿਸਰ ਜਾਂਦੇ ਹਨ। ਰਾਜਨੀਤੀ ਵਿਚ ਅਕਸਰ ਹੀ ਅਜਿਹਾ ਵਾਪਰਦਾ ਹੈ ਕਿ ਜਿਨ੍ਹਾਂ ਨੂੰ ਸੱਤਾ ਦੀ ਕੁਰਸੀ ਨਸੀਬ ਹੋ ਜਾਂਦੀ ਹੈ, ਉਹ ਸਮਿਆਂ ਦੇ ਘੋੜੇ 'ਤੇ ਸਵਾਰ ਹੋ ਜਾਂਦੇ ਹਨ ਤੇ ਜਿਹੜੇ ਇਸ ਦੌੜ ਵਿਚ ਪਛੜ ਜਾਂਦੇ ਹਨ, ਉਨ੍ਹਾਂ 'ਤੇ ਸਮੇਂ ਦੀ ਅਜਿਹੀ ਮਾਰ ਪੈਂਦੀ ਹੈ ਕਿ ਕੋਈ ਉਨ੍ਹਾਂ ਦੀ ਗੱਲ ਵੀ ਨਹੀਂ ਕਰਦਾ ।

ਵਕਤ ਕਦੇ ਵੀ ਇਕਸਾਰ ਨਹੀਂ ਰਹਿੰਦਾ। ਇਹ ਕਦੇ ਖੁਸ਼ੀਆਂ ਦੇ ਅੰਬਾਰ ਲੈ ਆਉਂਦਾ ਹੈ ਤੇ ਕਦੇ ਮੁਸੀਬਤਾਂ ਦੇ ਪਹਾੜ ਨਾਲ ਮਨੁੱਖ ਨੂੰ ਦਰੜ ਦਿੰਦਾ ਹੈ। ਸ਼ਾਹ ਮੁਹੰਮਦ ਨੇ ਆਪਣੇ 'ਜੰਗਨਾਮੇ' ਵਿਚ ਸਮੇਂ ਦਾ ਦ੍ਰਿਸ਼ ਕੁਝ ਇਸ ਤਰ੍ਹਾ ਬਿਆਨਿਆ ਹੈ ਕਿ ਸਮੇਂ ਦੀ ਅਸਲੀਅਤ ਬਹੁਤ ਹੱਦ ਤੱਕ ਸਮਝ ਆ ਜਾਂਦੀ ਹੈ; 'ਸਦਾ ਨਹੀਂ ਜੁਆਨੀ ਤੇ ਐਸ਼ ਮਾਪੇ, ਸਦਾ ਨਹੀਂ ਜੇ ਬਾਲ ਵਰੇਸ ਮੀਆਂ। ਸਦਾ ਨਹੀਂ ਜੇ ਦੌਲਤਾਂ ਫੀਲ, ਘੋੜੇ, ਸਦਾ ਨਹੀਂ ਜੇ ਰਾਜਿਆਂ ਦੇਸ਼ ਮੀਆਂ। ਸ਼ਾਹ ਮੁਹੰਮਦਾ ਸਦਾ ਨਹੀਂ ਰੂਪ ਦੁਨੀਆ, ਸਦਾ ਨਹੀਂ ਜੇ ਕਾਲੜੇ ਕੇਸ ਮੀਆਂ।' ਸਿਆਣੇ ਕਿਹਾ ਕਰਦੇ ਸਨ ਕਿ ਕਿਸੇ ਨੂੰ ਸਮੇਂ ਦੀ ਮਾਰ ਨਾ ਪਏ, ਉਂਜ ਬੰਦਾ ਨਹੀਂ ਮਰਦਾ, ਪਰ ਇਹ ਵੀ ਸੱਚ ਹੈ ਕਿ ਵੱਡੇ-ਵੱਡੇ ਰਾਜੇ, ਮਹਾਰਾਜੇ, ਸ਼ਹਿਨਸ਼ਾਹ, ਜਿਹੜੇ ਆਪਣੇ ਆਪ ਨੂੰ 'ਰੱਬ' ਸਮਝਦੇ ਸਨ, ਆਖਰ ਸਮਿਆਂ ਦੀ ਚੱਕੀ ਵਿਚ ਪਿੱਸ ਕੇ ਖਾਕ ਹੋ ਗਏ। ਅਨੇਕਾਂ ਜ਼ਾਲਮ ਰਾਜਿਆਂ ਦਾ ਕੋਈ ਨਾਂਅ ਤੱਕ ਨਹੀਂ ਜਾਣਦਾ।

ਕੁਦਰਤ ਨੇ ਸਮੇਂ ਦੀ ਦਾਤ ਦਿੰਦਿਆਂ ਕਿਸੇ ਨਾਲ ਵਿਤਕਰਾ ਨਹੀਂ ਕੀਤਾ, ਹਰ ਕਿਸੇ ਨੂੰ ਇਕੋ ਜਿਹਾ ਸਮਾਂ ਹੀ ਦਿੱਤਾ ਹੈ, ਪਰ ਕੋਈ ਸਮੇਂ ਦਾ ਸਦ-ਉਪਯੋਗ ਕਰਕੇ ਸਿਖਰਾਂ ਛੋਹ ਲੈਂਦਾ ਹੈ ਤੇ ਕੋਈ ਕੁਝ ਕਦਮ ਪੁੱਟ ਕੇ ਹੀ ਹਾਰ ਜਾਂਦਾ ਹੈ। ਕੁਝ ਲੋਕ ਜੀਵਨ ਵਿਚ ਸਿਰਫ ਇਸ ਕਰਕੇ ਪਛੜ ਜਾਂਦੇ ਹਨ ਕਿ ਉਹ ਹਰ ਕੰਮ ਨੂੰ ਕੱਲ੍ਹ 'ਤੇ ਛੱਡਣ ਦਾ ਗੁਨਾਹ ਹੀ ਕਰਦੇ ਰਹੇ ਹੁੰਦੇ ਹਨ। ਬੈਂਜਾਮਿਨ ਫਰੈਂਕਲਿਨ ਨੇ ਕਿੰਨਾ ਸਹੀ ਕਿਹਾ ਹੈ-ਜੇ ਤੁਹਾਨੂੰ ਆਪਣੇ ਜੀਵਨ ਨਾਲ ਪਿਆਰ ਹੈ ਤਾਂ ਸਮੇਂ ਨੂੰ ਵਿਅਰਥ ਨਾ ਗੁਆਉਣਾ, ਕਿਉਂਕਿ ਜੀਵਨ ਇਸ ਦੇ ਨਾਲ ਹੀ ਬਣਿਆ ਹੈ ।

**# ਸੰਪਰਕ-98153-56086**

# ਸਾਈਬਰ ਅਪਰਾਧ ਤੇ ਬਚਣ ਦੇ ਉਪਾਅ



ਜਗਦੇਵ ਸ਼ਰਮਾ ਬੁਗਰਾ

ਜਿਓਂ-ਜਿਓਂ ਬੈਂਕਾਂ ਵਿਚ ਜਾਂ ਕਹਿ ਲਓ ਸਾਡੀ ਰੋਜ਼ਮਰ੍ਹਾ ਦੀ ਜ਼ਿੰਦਗੀ ਵਿੱਚ ਸੂਚਨਾ ਟੈਕਨਾਲੋਜੀ ਦਾ ਚਲਨ ਵਧਿਆ ਹੈ, ਓਦੋਂ ਤੋਂ ਹੀ ਫਰਾਡ ਕਰਨ ਵਾਲਿਆਂ ਨੇ ਫਰਾਡ ਦੇ ਨਵੇਂ-ਨਵੇਂ ਤਰੀਕੇ ਈਜਾਦ ਕਰ ਲਏ ਹਨ । ਜਿਵੇਂ ਅਸੀਂ ਜ਼ਿਆਦਾਤਰ ਬੈਂਕਿੰਗ ਕੰਮਾਂ ਲਈ ਬੈਂਕ ਨਹੀਂ ਜਾਂਦੇ, ਸਗੋਂ ਜ਼ਿਆਦਾਤਰ ਕੰਮ ਘਰ ਬੈਠੇ ਹੀ ਡਿਜੀਟਲ ਤਰੀਕੇ ਕਰ ਲੈਂਦੇ ਹਾਂ, ਉਸੇ ਤਰਾਂ ਇਹ ਲੋਕ ਵੀ ਫਰਾਡ ਕਰਨ ਵਾਸਤੇ ਬੈਂਕ ਨਹੀਂ ਜਾਂਦੇ, ਸਗੋਂ ਤੁਹਾਡੀ ਜੇਬ ਨੂੰ ਬਿਨਾਂ ਹੱਥ ਲਾਇਆਂ ਹੀ ਬਿਨਾਂ ਕੈਂਚੀ ਦੇ ਤੁਹਾਡੀ ਜੇਬ ਕੱਟ ਲੈਂਦੇ ਹਨ । ਜੇਬ ਵੀ ਐਸੀ ਕੱਟਦੇ ਹਨ ਕਿ ਖਾਤਾਧਾਰਕ ਦੀ ਸਾਰੀ ਉਮਰ ਦੀ ਜਮ੍ਹਾ-ਪੂੰਜੀ ਮਿੰਟਾਂ-ਸਕਿੰਟਾਂ ਵਿੱਚ ਸਾਫ ਕਰ ਦਿੰਦੇ ਹਨ ਅਤੇ ਬੰਦਾ ਹੱਥ ਮਲਦਾ ਰਹਿ ਜਾਂਦਾ ਹੈ ।

ਆਓ, ਦੇਖੀਏ ਕਿ ਇਹ ਲੋਕ ਕਿਹੜੇ-ਕਿਹੜੇ ਢੰਗ-ਤਰੀਕੇ ਅਪਣਾਉਂਦੇ ਹਨ ਅਤੇ ਆਮ ਵਿਅਕਤੀ ਕਿਵੇਂ ਆਪਣੇ ਆਪ ਨੂੰ ਇਹਨਾਂ ਦੇ ਚੁੰਗਲ ਤੋਂ ਬਚਾ ਸਕਦਾ ਹੈ।

ਬੈਂਕ ਧੋਖਾਧੜੀ ਵਾਸਤੇ ਇਹ ਠੱਗ ਲੋਕ ਕਈ ਤਰ੍ਹਾਂ ਦੇ ਹੱਥਕੰਡੇ ਅਪਣਾਉਂਦੇ ਹਨ । ਤਕਨਾਲੋਜੀ ਦੀ ਤਰੱਕੀ ਦੇ ਨਾਲ ਜਿਓਂ-ਜਿਓਂ ਇਹਨਾਂ ਢੰਗ-ਤਰੀਕਿਆਂ ਉੱਪਰ ਰੋਕ ਲਾਉਣ ਦੇ ਤਰੀਕੇ ਈਜਾਦ ਕੀਤੇ ਜਾਂਦੇ ਹਨ, ਇਹ ਲੋਕ ਉਸ ਤੋਂ ਵੀ ਅੱਗੇ ਜਾਕੇ ਠੱਗੀ ਮਾਰਨ ਦਾ ਨਵਾਂ ਤਰੀਕਾ ਲੱਭ ਲੈਂਦੇ ਹਨ । ਜੇਕਰ ਆਈ ਕਿਊ ਦੇ ਹਿਸਾਬ ਵਰਗੀਕਰਨ ਕਰਨਾ ਹੋਵੇ ਤਾਂ ਬੈਂਕ ਦਾ ਆਈ ਟੀ ਡਿਪਾਰਟਮੈਂਟ ਦੂਸਰੇ ਨੰਬਰ 'ਤੇ, ਬੈਂਕ ਗਾਹਕ ਤੀਸਰੇ ਨੰਬਰ 'ਤੇ ਅਤੇ ਸਭ ਨੂੰ ਮਾਤ ਦੇਣ ਵਾਲਾ ਨੌਸਰਬਾਜ਼ ਪਹਿਲੇ ਨੰਬਰ 'ਤੇ ਆਉਂਦਾ ਹੈ । ਅੱਜਕੱਲ੍ਹ ਬੈਂਕ ਗਾਹਕ ਅਤੇ ਆਮ ਜਨਤਾ ਨੂੰ ਠੱਗਣ ਵਾਸਤੇ ਅਪਣਾਏ ਜਾ ਰਹੇ ਢੰਗ ਤਰੀਕਿਆਂ ਵਿੱਚੋਂ ਸਭ ਤੋਂ ਵੱਧ ਪ੍ਰਚੱਲਤ ਹੈ 'ਡਿਜੀਟਲ ਅਰੈਸਟ।' ਘੁਟਾਲਾ ਕਰਨ ਵਾਲਾ ਵਿਅਕਤੀ ਆਪਣੇ ਆਪ ਨੂੰ ਕਿਸੇ ਸਰਕਾਰੀ ਏਜੰਸੀ ਜਿਵੇਂ ਕਿ ਸੀ ਬੀ ਆਈ, ਐੱਨ ਆਈ ਏ, ਈ ਡੀ ਜਾਂ ਇਨਕਮ ਟੈਕਸ ਦਾ ਅਧਿਕਾਰੀ ਦੱਸਦਾ ਹੈ ਅਤੇ ਪੀੜਤ ਨੂੰ ਕਿਸੇ ਗੰਭੀਰ ਜੁਰਮ ਜਿਵੇਂ ਕਿ ਨਸ਼ਾ ਤਸਕਰੀ, ਮਨੀ ਲਾਂਡਰਿੰਗ ਜਾਂ ਅੱਤਵਾਦ ਨੂੰ ਵਿੱਤੀ ਸਹਾਇਤਾ ਵਰਗੇ ਜੁਰਮਾਂ ਵਿੱਚ ਲਿਪਤ ਪਾਇਆ ਜਾਣ ਕਰਕੇ ਉਸ ਨੂੰ ਡਿਜੀਟਲ ਅਰੈਸਟ ਕੀਤੇ ਜਾਣ ਦਾ ਹੁਕਮ ਸੁਣਾਉਂਦਾ ਹੈ । ਕਈ ਵਾਰ ਪੀੜਤ ਦੇ ਨਾਂਅ 'ਤੇ ਗੈਰ-ਕਾਨੂੰਨੀ ਵਸਤ ਵਾਲਾ ਕੋਈ ਪਾਰਸਲ ਏਜੰਸੀ ਦੇ ਹੱਥ ਲੱਗਣ ਦਾ ਡਰਾਵਾ ਵੀ ਦਿੱਤਾ ਜਾਂਦਾ ਹੈ । ਅਜਿਹੇ ਹੁਕਮ ਕਰਦਿਆਂ ਕਿਸੇ ਨੂੰ ਨਕਲੀ ਜੱਜ ਬਣਾ ਕੇ ਹੁਕਮ ਸੁਣਾਉਂਦਿਆਂ ਦਿਖਾਇਆ ਜਾਂਦਾ ਹੈ। ਪਿਛੋਕੜ ਵਿੱਚ ਅਸਲੀ ਦਾ ਭੁਲੇਖਾ ਪਾਉਂਦਾ ਏਜੰਸੀ ਦਾ ਨਕਲੀ ਦਫਤਰ ਵੀ ਹੁੰਦਾ ਹੈ। ਸਾਰੇ ਨਕਲੀ ਅਧਿਕਾਰੀ ਚੁਸਤ-ਦਰੁਸਤ ਵਰਦੀਧਾਰੀ ਦਿਖਾਏ ਹੁੰਦੇ ਹਨ । ਪੀੜਤ ਧਿਰ ਨੂੰ ਜ਼ਮਾਨਤ ਰਾਸ਼ੀ ਜਮ੍ਹਾਂ ਕਰਵਾਉਣ ਲਈ ਕਿਹਾ ਜਾਂਦਾ ਹੈ, ਜੁਰਮਾਨਾ ਕੀਤਾ ਜਾਂਦਾ ਹੈ ਅਤੇ ਇਹ ਰਕਮ ਕਿਸੇ ਖਾਤੇ ਵਿੱਚ ਤਬਦੀਲ ਕਰਨ ਲਈ ਕਿਹਾ ਜਾਂਦਾ ਹੈ । ਅਜਿਹੀ ਰਕਮ ਕਰੋੜਾਂ ਤੱਕ ਵੀ ਹੋ ਸਕਦੀ ਹੈ । 2024 ਦਰਮਿਆਨ ਅਜਿਹੇ ਕੋਈ 92323 ਕੇਸ ਸਾਹਮਣੇ ਆਏ ਹਨ, ਜਿਨ੍ਹਾਂ ਰਾਹੀਂ 2140.99 ਕਰੋੜ ਦੀ ਠੱਗੀ ਮਾਰੀ ਗਈ । ਸਤੰਬਰ 25 ਦੌਰਾਨ ਮੈਸੂਰ ਦੇ ਬਜ਼ੁਰਗ ਜੋੜੇ ਕੋਲੋਂ ਇਸ ਤਕਨੀਕ ਰਾਹੀਂ 1.92 ਕਰੋੜ ਰੁਪਏ ਲੁੱਟ ਲਏ ਗਏ । ਮਹਾਰਾਸ਼ਟਰ ਪੁਲਸ ਨੇ ਅਕਤੂਬਰ 2025 ਵਿੱਚ 7 ਬੰਦਿਆਂ ਦਾ ਇੱਕ ਗਰੋਹ ਕਾਬੂ ਕੀਤਾ ਹੈ, ਜਿਨ੍ਹਾਂ 58 ਕਰੋੜ ਰੁਪਏ ਡਿਜੀਟਲ ਅਰੈਸਟ ਰਾਹੀਂ ਲੋਕਾਂ ਤੋਂ ਬਟੋਰੇ ਸਨ । ਇਸੇ ਗਰੋਹ ਕੋਲੋਂ 6500 ਜਾਲ੍ਹੀ ਖਾਤੇ ਵੀ ਮਿਲੇ ਹਨ । ਸਤੰਬਰ 25 ਵਿੱਚ ਚੰਡੀਗੜ੍ਹ ਦੀ ਇੱਕ ਮਹਿਲਾ ਨੂੰ ਉਸ ਦੇ ਨਾਂਅ ਦਾ ਨਸ਼ੇ ਵਾਲੇ ਪਦਾਰਥ ਦਾ ਪਾਰਸਲ ਮਿਲਣ ਦੀ ਝੂਠੀ ਐੱਫ ਆਈ ਆਰ ਦਾ ਡਰਾਵਾ ਦੇ ਕੇ 11 ਲੱਖ ਰੁਪਏ ਦੇਣ ਲਈ ਮਜਬੂਰ ਕੀਤਾ । ਇਸੇ ਤਰਾਂ ਸਤੰਬਰ 2025 ਵਿੱਚ ਹੀ ਹੈਦਰਾਬਾਦ ਦੇ ਇੱਕ ਆਰ ਬੀ ਆਈ ਅਧਿਕਾਰੀ ਨੇ ਤੁਰੰਤ ਗ੍ਰਿਫ਼ਤਾਰੀ ਤੋਂ ਬਚਣ ਲਈ 49 ਲੱਖ ਰੁਪਏ ਠੱਗਾਂ ਦੁਆਰਾ ਦੱਸੇ ਖਾਤੇ ਵਿੱਚ ਪਾ ਦਿੱਤੇ ।

ਇੱਥੇ ਦੱਸ ਦੇਣਾ ਚਾਹਾਂਗਾ ਕਿ ਭਾਰਤ ਦਾ ਕੋਈ ਵੀ ਕਾਨੂੰਨ, ਅਦਾਲਤ ਜਾਂ ਫਿਰ ਏਜੰਸੀ ਕਿਸੇ ਵੀਡਿਓ ਐਪ ਜ਼ਰੀਏ ਤਫਤੀਸ਼ ਨਹੀਂ ਕਰਦੀ ਅਤੇ ਨਾ ਹੀ ਕਿਸੇ ਕਾਨੂੰਨ ਵਿੱਚ ਕਿਸੇ ਕਿਸਮ ਦੇ ਡਿਜੀਟਲ ਅਰੈਸਟ ਦਾ ਪ੍ਰਾਵਧਾਨ ਹੈ । ਅਜਿਹਾ ਵਾਪਰਨ ਤੇ ਨੇੜਲੇ ਸਾਈਬਰ ਸੁਰੱਖਿਆ ਸੈੱਲ ਨੂੰ ਸੂਚਿਤ ਜ਼ਰੂਰ ਕਰੋ ਅਤੇ ਕੋਈ ਵੀ ਰਕਮ ਕਿਸੇ ਦੇ ਕਿਹਾਂ ਕਿਸੇ ਖਾਤੇ ਵਿੱਚ ਤਬਦੀਲ ਨਾ ਕਰੋ।

ਅੱਜਕੱਲ੍ਹ ਆਨਲਾਈਨ ਠੱਗੀ ਦਾ ਦੂਸਰਾ ਪ੍ਰਭਾਵਸ਼ਾਲੀ ਤਰੀਕਾ ਹੈ ਸੈਕਸਟੌਰਸ਼ਨ, ਜਿਵੇਂ ਕਿ ਇਸ ਦੇ ਨਾਂਅ ਤੋਂ ਹੀ ਪਤਾ ਚੱਲਦਾ ਹੈ, ਪੇਸ਼ੇਵਰ ਅਪਰਾਧੀ ਸੈਕਸ ਨੂੰ ਲੋਕਾਂ ਕੋਲੋਂ ਪੈਸੇ ਠੱਗਣ ਦਾ ਜ਼ਰੀਆ ਬਣਾਉਂਦੇ ਹਨ । ਸੰਗਠਤ ਗਰੋਹ ਗਰੀਬ ਘਰਾਂ ਦੀਆਂ ਅੱਤ ਸੁਨੱਖੀਆਂ ਲੜਕੀਆਂ ਨੂੰ ਇਸ ਧੰਦੇ ਵਿੱਚ ਧਕੇਲਦੇ ਹਨ ਅਤੇ ਨਿਸ਼ਾਨੇ ਉੱਤੇ ਹੁੰਦੇ ਹਨ ਨਵੇਂ-ਨਵੇਂ ਜਵਾਨੀ ਵਿੱਚ ਪੈਰ ਧਰਦੇ ਗੱਭਰੂ ਅਤੇ ਅੱਧਖੜ੍ਹ ਉਮਰ ਦੇ ਠਰਕੀ ਲੋਕ । ਫੇਕ ਪ੍ਰੋਫਾਈਲ ਜ਼ਰੀਏ ਇਹ ਲੜਕੀਆਂ ਵੈਸੇ ਤਾਂ ਸਾਰੇ ਹੀ ਪਲੇਟਫਾਰਮ ਇਸਤੇਮਾਲ ਕਰਦੀਆਂ ਹਨ, ਪ੍ਰੰਤੂ ਜ਼ਿਆਦਾਤਰ ਇੰਸਟਾਗ੍ਰਾਮ ਅਤੇ ਸਨੈਪ ਚੈਟ ਨੂੰ ਸ਼ੁਰੂਆਤੀ ਸਬੰਧ ਬਣਾਉਣ ਲਈ ਵਰਤਿਆ ਜਾਂਦਾ ਹੈ । ਡੇਟਿੰਗ ਐਪਸ, ਜਿਵੇਂ ਕਿ ਟਿੰਦਰ, ਬੰਬਲ, ਗਰਾਈਂਡਰ ਅਤੇ ਹਿੰਗ ਜਿਹੇ ਪਲੇਟਫਾਰਮ ਵੀ ਆਨਲਾਈਨ ਦੋਸਤੀ ਲਈ ਵਰਤੇ ਜਾਂਦੇ ਹਨ । ਛੇਤੀ ਹੀ ਇਹ ਲੜਕੀਆਂ ਸੈਕਸੀ ਬਾਤਚੀਤ 'ਤੇ ਉੱਤਰ ਆਉਂਦੀਆਂ ਹਨ ਅਤੇ (ਕੁਝ ਕੁ ਸ਼ਬਦਾਂ ਦੀ ਜ਼ਿਆਦਾ ਖੁੱਲ੍ਹ ਕੇ ਵਰਤੋਂ ਲਈ ਮੁਆਫੀ ਚਾਹਾਂਗਾ ) ਇਹ ਔਰਤਾਂ ਸਾਹਮਣੇ ਵਾਲੇ ਨੂੰ ਨਿਰਵਸਤਰ ਹੋਣ ਲਈ ਉਕਸਾਉਣ ਵਾਸਤੇ ਆਪ ਅਲਫ਼ ਨੰਗੀਆਂ ਹੋ ਜਾਂਦੀਆਂ ਹਨ । ਜਿਉਂ ਹੀ ਸ਼ਿਕਾਰ ਅਤੀ ਉਤਸ਼ਾਹਿਤ ਹੋ ਕੇ ਉਹਨਾਂ ਦੇ ਚੁੰਗਲ ਵਿਚ ਫਸ ਜਾਂਦਾ ਹੈ, ਫਿਰ ਸ਼ੁਰੂ ਹੁੰਦਾ ਹੈ ਅਸਲੀ ਖੇਲਾ । ਨੰਗੇ ਬੰਦੇ ਦੀਆਂ ਸਕਰੀਨ ਸ਼ਾਟਸ ਰਾਹੀਂ ਤਸਵੀਰਾਂ ਲੈ ਕੇ ਉਸ ਨੂੰ ਬਲੈਕਮੇਲ ਕਰਨਾ ਸ਼ੁਰੂ ਕੀਤਾ ਜਾਂਦਾ ਹੈ । ਉਸ ਨੂੰ ਡਰਾਵਾ ਦਿੱਤਾ ਜਾਂਦਾ ਹੈ ਕਿ ਉਸ ਦੀਆਂ ਇਹ ਤਸਵੀਰਾਂ ਉਸ ਦੇ ਸਕੇ ਸੰਬੰਧੀਆਂ, ਮਿੱਤਰਾਂ-ਦੋਸਤਾਂ ਵਿੱਚ ਸਾਂਝੀਆਂ ਕਰ ਦਿੱਤੀਆਂ ਜਾਣਗੀਆਂ । ਮਰਦਾ ਕੀ ਨਾ ਕਰਦਾ । ਕਸੂਤਾ ਫਸਿਆ ਆਦਮੀ ਉਹਨਾਂ ਦੇ ਹੁਕਮ ਮੁਤਾਬਕ ਚਲਦਾ ਹੈ ਅਤੇ ਪੈਸੇ ਦੱਸੇ ਗਏ ਖਾਤਿਆਂ ਵਿੱਚ ਓਨਾ ਚਿਰ ਪਾਉਂਦਾ ਰਹਿੰਦਾ ਹੈ, ਜਿੰਨਾ ਚਿਰ ਨੰਗ ਨਹੀਂ ਹੋ ਜਾਂਦਾ । ਨਾਂਹ-ਨੁੱਕਰ ਕਰਨ 'ਤੇ ਨਕਲੀ ਪੁਲਸ ਦਾ ਵੀ ਕੇਸ ਵਿੱਚ ਦਾਖਲਾ ਹੁੰਦਾ ਹੈ ਅਤੇ ਸ਼ਿਕਾਰ ਨੂੰ ਨਿਚੋੜ ਕੇ ਹੀ ਛੱਡਿਆ ਜਾਂਦਾ ਹੈ ।

ਜਾਲ੍ਹਸਾਜ਼ਾਂ ਦੁਆਰਾ ਠੱਗੀ ਮਾਰਨ ਦਾ ਇੱਕ ਹੋਰ ਤਰੀਕਾ, ਜਿਹੜਾ ਵਰਤੋਂ ਵਿੱਚ ਲਿਆਂਦਾ ਜਾਂਦਾ ਹੈ, ਉਹ ਹੈ ਕਿ ਸਾਹਮਣੇ ਵਾਲਾ ਵਟਸਐਪ ਕਾਲ ਜ਼ਰੀਏ ਤੁਹਾਡੇ ਕਿਸੇ ਰਿਸ਼ਤੇਦਾਰ ਨਾਲ ਐਕਸੀਡੈਂਟ ਹੋ ਜਾਣ ਦੀ ਸੂਚਨਾ ਦਿੰਦਾ ਹੈ ਅਤੇ ਦੱਸਦਾ ਹੈ ਕਿ ਤੁਹਾਡਾ ਰਿਸ਼ਤੇਦਾਰ ਹਸਪਤਾਲ ਪਹੁੰਚਾ ਦਿੱਤਾ ਗਿਆ ਹੈ ਅਤੇ ਬੇਹੋਸ਼ ਹੈ । ਉਹ ਅੱਗਿਓਂ ਦੱਸਦਾ ਹੈ ਕਿ ਤੁਹਾਡਾ ਨੰਬਰ ਉਸ ਨੂੰ ਜ਼ਖਮੀ ਬੰਦੇ ਦੇ ਮੋਬਾਇਲ ਵਿੱਚੋਂ ਲੱਭਿਆ ਹੈ ਅਤੇ ਤੁਹਾਨੂੰ ਕਿਸੇ ਖਾਸ ਖਾਤੇ ਵਿੱਚ ਪੈਸੇ ਪਾ ਕੇ ਰਿਸ਼ਤੇਦਾਰ ਦੀ ਸਹਾਇਤਾ ਲਈ ਬੇਨਤੀ ਕੀਤੀ ਜਾਂਦੀ ਹੈ । ਕਈ ਵਾਰ ਅਸੀਂ ਫੋਨ ਸੁਣ ਕੇ ਭਾਵਨਾਵਾਂ ਵਿੱਚ ਵਹਿੰਦਿਆਂ ਕੁਛ ਰਕਮ ਦੱਸੇ ਗਏ ਖਾਤੇ ਵਿੱਚ ਤਬਦੀਲ ਕਰ ਦਿੰਦੇ ਹਾਂ ਅਤੇ ਸਮਝੋ ਤੁਸੀਂ ਠੱਗ ਦੇ ਝਾਂਸੇ ਵਿੱਚ ਆ ਗਏ ਅਤੇ ਝੁੱਗਾ ਚੌੜ ਕਰਵਾ ਬੈਠੇ । ਅਜਿਹੀ ਕਿਸੇ ਵੀ ਕਾਲ 'ਤੇ ਕਾਰਵਾਈ ਕਰਨ ਤੋਂ ਪਹਿਲਾਂ ਆਪਣੇ ਕਿਸੇ ਨੇੜਲੇ ਤੋਂ ਹਕੀਕਤ ਦੀ ਪੁਸ਼ਟੀ ਜ਼ਰੂਰ ਕਰ ਲਵੋ ।

ਉਪਰੋਕਤ ਵਰਗਾ ਹੀ ਹੈ ਠੱਗੀ ਮਾਰਨ ਦਾ ਇੱਕ ਹੋਰ ਤਰੀਕਾ, ਜਾਅਲੀ ਫ੍ਰੈਂਡ ਰੇਕਿਉਸਟ ਭੇਜ ਕੇ ਅਤੇ ਐਮਰਜੈਂਸੀ ਦਾ ਹਵਾਲਾ ਦੇ ਕੇ ਪੈਸੇ ਲਏ ਜਾਂਦੇ ਹਨ । ਜੇਕਰ ਅਜਿਹੀ ਬੇਨਤੀ ਪਹਿਲਾਂ ਤੋਂ ਹੀ ਕਿਸੇ ਮਿੱਤਰ ਵੱਲੋਂ ਆਉਂਦੀ ਹੈ ਤਾਂ ਸਮਝ ਲਓ ਕਿ ਇਹ ਫਰਾਡ ਕਰਨ ਵਾਲੀ ਪਾਰਟੀ ਨੇ ਤੁਹਾਡੇ ਮਿੱਤਰ ਦੀ ਆਈ ਡੀ ਕਲੋਨ ਕਰਕੇ ਬੇਨਤੀ ਭੇਜੀ ਹੈ ।

ਬਹੁਤ ਸਾਰੇ ਹੋਰ ਤਰੀਕੇ, ਜਿਹੜੇ ਫਰਾਡ ਕਰਨ ਵਾਲਿਆਂ ਰਾਹੀਂ ਤੁਹਾਡਾ ਬੈਂਕ ਵਿਚਲਾ ਖਾਤਾ ਖਾਲੀ ਕਾਰਨ ਲਈ ਅਪਣਾਏ ਜਾਂਦੇ ਹਨ, ਉਹਨਾਂ ਵਿੱਚੋਂ ਇੱਕ ਹੁੰਦਾ ਹੈ, ਤੁਹਾਨੂੰ ਕਿਸੇ ਅਣਜਾਣ ਸਾਈਟ ਜਾਂ ਲਿੰਕ ਖੋਲ੍ਹਣ ਲਈ ਉਕਸਾਉਣਾ । ਕਦੇ ਵੀ ਕਿਸੇ ਦੇ, ਜਾਣ-ਪਹਿਚਾਣ ਵਾਲੇ ਦੇ ਵੀ ਝਾਂਸੇ ਵਿੱਚ ਆ ਕੇ ਅਣਜਾਣ ਲਿੰਕ 'ਤੇ ਕਲਿੱਕ ਨਾ ਕਰੋ । ਤੁਹਾਨੂੰ ਤੁਹਾਡੇ ਪੈਸੇ ਦੁੱਗਣੇ ਕਰਨ ਦਾ ਜਾਂ ਤੁਹਾਡੀ ਨਿਕਲੀ ਲਾਟਰੀ ਦਾ ਲਾਲਚ ਛੇਤੀ ਅਮੀਰ ਹੋਣ ਵੱਲ ਆਕਰਸ਼ਤ ਤਾਂ ਕਰ ਸਕਦਾ ਹੈ, ਪ੍ਰੰਤੂ ਤੁਹਾਨੂੰ ਇਹ ਸੋਚਣ ਲਈ ਮਜਬੂਰ ਨਹੀਂ ਕਰਦਾ ਕਿ ਜਦ ਤੁਸੀਂ ਕੋਈ ਲਾਟਰੀ ਪਾਈ ਹੀ ਨਹੀਂ ਤਾਂ ਲਾਟਰੀ ਨਿੱਕਲੇਗੀ ਕਿਵੇਂ ? ਸੋ ਸ਼ਾਤਰ ਲੋਕਾਂ ਦੀਆਂ ਅਜਿਹੀਆਂ ਚਾਲਾਂ ਤੋਂ ਬਚੋ । ਕਦੇ ਤੁਹਾਨੂੰ ਫੋਨ ਆਵੇ ਕਿ ਤੁਹਾਡੇ ਖਾਤੇ ਵਿੱਚ ਗਲਤੀ ਨਾਲ ਪੈਸੇ ਪਾ ਦਿੱਤੇ ਗਏ ਹਨ ਅਤੇ ਤੁਹਾਨੂੰ ਇਹ ਪੈਸੇ ਵਾਪਸ ਕਰਨ ਦੀ ਬੇਨਤੀ ਕੀਤੀ ਜਾਵੇ ਤਾਂ ਕਦੇ ਭੁੱਲ ਕੇ ਵੀ ਅਜਿਹੇ ਪੈਸੇ ਵਾਪਸ ਨਾ ਕਰੋ । ਸਾਰੇ ਹੀ ਪੈਨਸ਼ਨਰਾਂ ਨੇ ਸਾਲ ਵਿੱਚ ਇੱਕ ਵਾਰ ਲਾਈਫ ਸਰਟੀਫਿਕੇਟ ਦੇਣਾ ਹੁੰਦਾ ਹੈ । ਕਿਸੇ ਵੀ ਨਕਲੀ ਅਧਿਕਾਰੀ ਦੇ ਪਿੱਛੇ ਲੱਗ ਕੇ ਕੋਈ ਵੀ ਐਪ ਡਾਊਨਲੋਡ ਨਾ ਕਰੋ । ਹੋ ਸਕੇ ਤਾਂ ਬੈਂਕ ਵਿੱਚ ਜਾ ਕੇ ਹੀ ਲਾਈਫ ਸਰਟੀਫਿਕੇਟ ਦੇਵੋ । ਜਿਹੜੇ ਲੋਕ ਬੈਂਕਿੰਗ ਐਪ ਜਾਂ ਕਿਸੇ ਵੀ ਹੋਰ ਪੇਮੈਂਟ ਐਪ ਨੂੰ ਪੂਰੀ ਤਰਾਂ ਸਮਝਣ ਤੋਂ ਅਸਮਰਥ ਹਨ, ਐਪ ਦੀ ਵਰਤੋਂ ਹੀ ਨਾ ਕਰੋ । ਬੈਂਕਾਂ ਨੂੰ ਚਾਹੀਦਾ ਹੈ ਕਿ ਆਨਲਾਈਨ ਕਰਜ਼ ਦੀ ਸਹੂਲਤ ਖਾਤਾ ਧਾਰਕ ਦੀ ਲਿਖਤੀ ਪੁਸ਼ਟੀ ਲੈਣ ਤੋਂ ਬਾਅਦ ਹੀ ਰਿਲੀਜ਼ ਕੀਤੀ ਜਾਵੇ।

ਜੇਕਰ ਤੁਸੀਂ ਅਜਿਹੇ ਕਿਸੇ ਫਰਾਡ ਦਾ ਟਾਰਗੇਟ ਬਣ ਜਾਂਦੇ ਹੋ ਤਾਂ ਸਭ ਤੋਂ ਪਹਿਲਾਂ ਸ਼ੱਕੀ ਖਾਤੇ ਨੂੰ ਬਲਾਕ ਕਰੋ । ਤੁਹਾਡੀ ਜਾਲ੍ਹੀ ਆਈ ਡੀ ਬਣ ਜਾਣ ਦੀ ਸੂਰਤ ਵਿੱਚ ਸੋਸ਼ਲ ਮੀਡੀਆ ਜ਼ਰੀਏ ਆਪਣੇ ਦੋਸਤਾਂ-ਮਿੱਤਰਾਂ ਅਤੇ ਜਾਣੂਆਂ ਨੂੰ ਆਗਾਹ ਕਰੋ । ਫਰਾਡ ਹੋ ਜਾਣ ਦੀ ਸੂਰਤ ਵਿੱਚ ਜਿਤਨਾ ਜਲਦੀ ਹੋ ਸਕੇ, ਆਪਣੇ ਨੇੜਲੇ ਸਥਾਨਕ ਪੁਲਸ ਸਟੇਸ਼ਨ ਨੂੰ ਅਤੇ ਬੈਂਕ ਨੂੰ ਸੂਚਿਤ ਜ਼ਰੂਰ ਕਰੋ । ਫਰਾਡ ਹੋਣ ਤੋਂ ਦੋ ਘੰਟੇ ਬਾਅਦ ਤੱਕ ਦਾ ਸਮਾਂ ਬੜਾ ਕੀਮਤੀ ਹੁੰਦਾ ਹੈ।

ਕਿਸੇ ਵੀ ਗਲਤ ਸਰੋਤ ਤੋਂ ਆਏ ਮੈਸੇਜ ਵਗੈਰਾ ਜਾਂ ਸਨੈਪਚੈਟ ਦਾ ਸਕਰੀਨ ਸ਼ਾਟ ਜ਼ਰੂਰ ਲੈ ਲਵੋ ।

ਸਰਕਾਰਾਂ ਅਤੇ ਬੈਂਕਾਂ ਨੂੰ ਚਾਹੀਦਾ ਹੈ ਕਿ ਉਹ ਜਮ੍ਹਾਂ ਕਰਤਾ ਦੇ ਹਿੱਤਾਂ ਦੇ ਰਖਵਾਲੇ ਵਜੋਂ ਪੇਸ਼ ਆਉਣ । ਜਾਲ੍ਹੀ ਸਾਈਟਾਂ ਅਤੇ ਐਪਸ ਉਪਰ ਸ਼ਿਕੰਜਾ ਸਖ਼ਤ ਕੀਤਾ ਜਾਵੇ । ਆਈ ਟੀ ਮਾਹਰਾਂ ਨੂੰ ਠੱਗਾਂ ਵੱਲੋਂ ਈਜਾਦ ਕੀਤੇ ਨਵੇਂ-ਨਵੇਂ ਢੰਗ-ਤਰੀਕਿਆਂ ਦਾ ਤੋੜ ਲੱਭਣਾ ਚਾਹੀਦਾ ਹੈ । ਬੈਂਕਿੰਗ ਪ੍ਰਣਾਲੀ ਦੀ ਭਰੋਸੇਯੋਗਤਾ ਨੂੰ ਧਿਆਨ ਵਿੱਚ ਰੱਖਦਿਆਂ ਪ੍ਰਸ਼ਾਸਨ, ਬੈਂਕਾਂ ਅਤੇ ਇਹਨਾਂ ਦੇ ਆਈ ਟੀ ਵਿੰਗ ਲੋਕਾਂ ਨੂੰ ਜਾਗਰੂਕ ਕਰਨ ਲਈ ਗਲੀਆਂ, ਮੁਹੱਲਿਆਂ ਅਤੇ ਪਿੰਡ-ਪਿੰਡ ਕੈਂਪ ਲਾਉਣ ।

**# ਸੰਪਰਕ : 98727-87243**

# ਸਿਵਲ ਹਸਪਤਾਲ ਦੇ ਸਟਾਫ਼ ਨੂੰ ਚੱਲਦਾ ਕਰਨ ਦੀ ਤਿਆਰੀ, ਰੋਸ ਵਜੋਂ ਡਾਕਟਰਾਂ ਤੇ ਸਟਾਫ ਵੱਲੋਂ ਧਰਨਾ

■ ਸੀ ਪੀ ਆਈ ਦੀਆਂ ਜਥੇਬੰਦੀਆਂ ਹਮਾਇਤ 'ਚ ਉੱਤਰੀਆਂ



**ਜਲਾਲਾਬਾਦ (ਰਣਬੀਰ ਕੌਰ ਢਾਬਾਂ, ਬਲਵਿੰਦਰ ਸਿੰਘ)**-ਸਮੂਹ ਸੀ.ਐੱਚ.ਸੀ. ਜਲਾਲਾਬਾਦ ਸਟਾਫ, ਜਿਸ ਵਿੱਚ ਸਮੂਹ ਮੈਡੀਕਲ ਅਫਸਰ, ਪੈਰਾ ਮੈਡੀਕਲ ਸਟਾਫ, ਫੀਲਡ ਸਟਾਫ 44 ਪਿੰਡ, ਜੋ ਕਿ ਮਿਤੀ 29-01-2026 ਨੂੰ ਪੰਜਾਬ ਸਰਕਾਰ ਦੁਆਰਾ ਇੱਕ ਪੱਤਰ ਜਾਰੀ ਕਰਕੇ ਸੀ.ਐੱਚ.ਸੀ. ਜਲਾਲਾਬਾਦ ਨੂੰ ਖਤਮ ਕਰ ਕੇ ਪੰਜਾਬ ਸਰਕਾਰ ਦੇ ਸਮੂਹ ਮੁਲਾਜ਼ਮਾਂ ਨੂੰ ਜੋ ਕਿ ਇਸ ਸੀ.ਐੱਚ.ਸੀ. ਵਿੱਚ ਕੰਮ ਕਰ ਰਹੇ ਸਨ, ਨੂੰ ਪੰਜਾਬ ਸਰਕਾਰ ਦੇ ਨਾਦਰਸ਼ਾਹੀ ਫ਼ਰਮਾਨ ਤਹਿਤ ਪੰਜਾਬ ਸਰਕਾਰ ਦੇ ਵੱਖ ਵੱਖ ਸਰਕਾਰੀ ਹਸਪਤਾਲ ਵਿੱਚ ਦੂਰ ਦੂਰ ਥਾਵਾਂ 'ਤੇ ਤਾਇਨਾਤ ਕਰ ਦਿੱਤਾ ਜਾਵੇਗਾ, ਜਿਸ ਦੇ ਰੋਸ ਵਜੋਂ ਸਥਾਨਕ ਸਿਵਲ ਹਸਪਤਾਲ ਦਾ ਸਮੂਹ ਸਟਾਫ਼ ਹਾਜ਼ਰ ਹੋਇਆ।ਓ.ਪੀ.ਡੀ. ਦੇ ਬਾਹਰ ਧਰਨਾ ਵੀ ਦਿੱਤਾ ਗਿਆ ਤੇ ਪੰਜਾਬ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਵੀ ਕੀਤੀ ਗਈ।ਇਸ ਮੌਕੇ ਮੰਗ ਕੀਤੀ ਗਈ ਕਿ ਸਮੂਹ ਲੋੜਵੰਦ ਲੋਕਾਂ ਦੀਆਂ ਸਿਹਤ ਸਹੂਲਤਾਂ ਤੇ ਮੰਗਾਂ ਨੂੰ ਮੁੱਖ ਰੱਖਦੇ ਹੋਏ ਸੀ.ਐੱਚ.ਸੀ. ਜਲਾਲਾਬਾਦ ਨੂੰ ਤੁਰੰਤ ਬਹਾਲ ਕੀਤਾ ਜਾਵੇ।ਇਸ ਦੌਰਾਨ ਮੈਡੀਕਲ ਅਫਸਰ ਡਾ. ਸੁਮਿਤ ਲੂਨਾ, ਡਾ. ਸੁਮਨ, ਰਮੇਸ਼ ਕੁਮਾਰ ਲਾਡੀ, ਜਗਸੀਰ ਸਿੰਘ, ਸੰਦੀਪ ਕੁਮਾਰ, ਹਰਜਿੰਦਰ ਸਿੰਘ, ਅਮਰਜੀਤ ਸਿੰਘ, ਪਰਮਜੀਤ ਕੌਰ, ਗਗਨਦੀਪ ਕੌਰ, ਸੁਖਦੀਪ ਕੰਬੋਜ, ਆਦੇਸ਼ ਕੰਬੋਜ, ਸੁਖਵਿੰਦਰ ਸਿੰਘ, ਮਨਦੀਪ ਕੁਮਾਰ, ਸਮੂਹ ਨਰਸਿੰਗ ਸਟਾਫ, ਮਲਟੀਪਰਪਜ਼ ਹੈਲਥ ਇੰਪਲਾਈਜ਼ ਸਟਾਫ਼, ਆਸ਼ਾ ਫੈਸਿਲੀਟੇਟਰ, ਆਸ਼ਾ ਵਰਕਰਜ਼ ਆਦਿ ਮੌਜੂਦ ਸਨ।ਇਸ ਮੌਕੇ ਸਿਵਲ ਹਸਪਤਾਲ ਦੇ ਸਮੂਹ ਡਾਕਟਰਾਂ ਤੇ ਬਾਕੀ ਸਟਾਫ ਵੱਲੋਂ ਦਿੱਤੇ ਜਾ ਰਹੇ ਧਰਨੇ ਦੀ ਹਮਾਇਤ ਵਿੱਚ ਪਹੁੰਚੇ ਭਾਰਤੀ ਕਮਿਊਨਿਸਟ ਪਾਰਟੀ ਤੇ ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਕਾਮਰੇਡ ਸੁਰਿੰਦਰ ਢੰਡੀਆਂ ਤੇ ਸਰਵ ਭਾਰਤ ਨੌਜਵਾਨ ਸਭਾ ਦੇ ਸਾਬਕਾ ਸੂਬਾ ਪ੍ਰਧਾਨ ਐਡਵੋਕੇਟ ਪਰਮਜੀਤ ਢਾਬਾਂ ਨੇ ਹਸਪਤਾਲ ਦੇ ਸਟਾਫ ਦੀ ਮੰਗ ਨੂੰ ਜਾਇਜ਼ ਠਹਿਰਾਉਂਦਿਆਂ ਕਿਹਾ ਕਿ ਉਨ੍ਹਾਂ ਦੀ ਤਾਇਨਾਤੀ ਦਾ ਪਹਿਲਾਂ ਸਰਕਾਰ ਵੱਲੋਂ ਜਲਾਲਾਬਾਦ ਵਿਖੇ ਪ੍ਰਬੰਧ ਕਰਨਾ ਚਾਹੀਦਾ ਹੈ ਤੇ ਸੀਐੱਚਸੀ ਸੈਂਟਰ ਭਾਵ ਸਿਵਲ ਹਸਪਤਾਲ ਨੂੰ ਜਲਾਲਾਬਾਦ ਵਿਖੇ ਹੀ ਬਰਕਰਾਰ ਰੱਖਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਅਜੇ ਤੱਕ ਬਾਬਾ ਫਰੀਦ ਯੂਨੀਵਰਸਿਟੀ ਵੱਲੋਂ ਜਲਾਲਾਬਾਦ ਦਾ ਹਸਪਤਾਲ ਚਲਾਉਣ ਲਈ ਕੋਈ ਵੀ ਸਟਾਫ਼ ਭਰਤੀ ਨਹੀਂ ਕੀਤਾ ਗਿਆ, ਪ੍ਰੰਤੂ ਉਸ ਤੋਂ ਪਹਿਲਾਂ ਇੱਥੇ ਲੱਗੇ ਡਾਕਟਰਾਂ ਤੇ ਬਾਕੀ ਸਟਾਫ਼ ਨੂੰ ਰਵਾਨਾ ਕਰਨ ਦੀ ਤਿਆਰੀ ਵਿੱਢ ਲਈ ਗਈ ਹੈ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਉਕਤ ਆਗੂਆਂ ਨੇ ਸਮੂਹ ਇਲਾਕਾ ਵਾਸੀਆਂ ਨੂੰ ਸੁਚੇਤ ਕਰਦਿਆਂ ਕਿਹਾ ਕਿ ਕਿ ਜਲਾਲਾਬਾਦ ਦੇ ਸਿਵਲ ਹਸਪਤਾਲ ਨੂੰ ਬਾਬਾ ਫਰੀਦ ਯੂਨੀਵਰਸਿਟੀ ਦੇ ਅਧੀਨ ਕਰਨ ਦੇ ਨਾਂਅ ਥੱਲੇ ਸਰਕਾਰੀ ਹਸਪਤਾਲਾਂ ਦਾ ਨਿੱਜੀਕਰਨ ਕੀਤਾ ਜਾ ਰਿਹਾ ਹੈ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਆਗੂਆਂ ਨੇ ਕਿਹਾ ਕਿ ਇਸ ਨੀਤੀ ਤਹਿਤ ਜਿਹੜੀਆਂ ਸਹੂਲਤਾਂ ਮੁਫ਼ਤ ਵਿੱਚ ਹੁਣ ਤੱਕ ਸਿਵਿਲ ਹਸਪਤਾਲ ਵਿੱਚ ਮਿਲ ਰਹੀਆਂ ਹਨ, ਉਹ ਮੁਕੰਮਲ ਤੌਰ 'ਤੇ ਬੰਦ ਕਰਨ ਦੀ ਚਾਲ ਹੈ, ਜਿਸ ਨਾਲ ਆਮ ਤੇ ਗਰੀਬ ਆਦਮੀ ਨੂੰ ਵੱਡੇ ਪੱਧਰ 'ਤੇ ਆਰਥਿਕ ਸੱਟ ਵੱਜੇਗੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੀਪੀਆਈ ਦੇ ਆਗੂ ਨਰਿੰਦਰ ਢਾਬਾਂ, ਬਲਾਕ ਸਕੱਤਰ ਕਾਮਰੇਡ ਰਮੇਸ਼ ਪੀਰ ਮੁਹੰਮਦ, ਸਰਬ ਭਾਰਤ ਨੌਜਵਾਨ ਸਭਾ ਦੇ ਬਲਾਕ ਜਲਾਲਾਬਾਦ ਦੇ ਮੀਤ ਪ੍ਰਧਾਨ ਸੋਨਾ ਧੁਨਕੀਆਂ, ਮੀਤ ਸਕੱਤਰ ਧਰਮਿੰਦਰ ਮੁਰਕਵਾਲਾ, ਕੰਸਟਰਕਸ਼ਨ ਵਰਕਰ ਐਂਡ ਲੇਬਰ ਯੂਨੀਅਨ ਦੇ ਆਗੂ ਮੰਗਤ ਸੋਹਣਾ ਸਾਂਦੜ, ਕਿਸਾਨ ਆਗੂ ਸ਼ਰਮਾ ਸਿੰਘ ਢੰਡੀਆਂ, ਲਵਪ੍ਰੀਤ ਕਾਠਗੜ੍ਹ ਆਦਿ ਹਾਜ਼ਰ ਸਨ।

## ਸ਼ਹਿਰੀ ਸੜਕਾਂ ਦੁਆਲੇ ਸੁੰਦਰੀਕਰਨ ਦਾ ਕੰਮ ਕਰਵਾਇਆ ਜਾਵੇਗਾ : ਨਮਨ ਮਾਰਕੰਨ

### ਐੱਸ ਡੀ ਐੱਮ ਵੱਲੋਂ ਸੜਕਾਂ ਦੇ ਕੰਮ 'ਚ ਤੇਜ਼ੀ ਲਿਆਉਣ ਦੇ ਨਿਰਦੇਸ਼



**ਰਾਜਪੁਰਾ (ਰਮੇਸ਼ ਕਟਾਰੀਆ)**-ਰਾਜਪੁਰਾ ਦੇ ਐੱਸ.ਡੀ.ਐੱਮ. ਨਮਨ ਮਾਰਕੰਨ ਨੇ ਗਗਨ ਚੌਕ ਤੇ ਨੇੜੇ ਲੱਗਦੀਆਂ ਸੜਕਾਂ, ਬੱਸ ਅੱਡੇ ਤੇ ਹੋਰ ਥਾਵਾਂ ਦਾ ਦੌਰਾ ਕਰਕੇ ਇਨ੍ਹਾਂ ਦਾ ਮੂੰਹ ਮੁਹਾਂਦਰਾ ਸੰਵਾਰਨ ਤੇ ਟ੍ਰੈਫਿਕ ਵਿਵਸਥਾ 'ਚ ਸੁਧਾਰ ਲਈ ਤਜਵੀਜ਼ ਬਣਾਈ।ਇਸ ਮੌਕੇ ਉਨ੍ਹਾਂ ਨਾਲ ਸਬੰਧਤ ਥਾਣਾ ਮੁਖੀ ਤੇ ਨਗਰ ਕੌਂਸਲ ਦੇ ਕਾਰਜ ਸਾਧਕ ਅਫ਼ਸਰ, ਟ੍ਰੈਫਿਕ ਪੁਲਸ ਸਮੇਤ ਹੋਰ ਵਿਭਾਗਾਂ ਦੇ ਪ੍ਰਤੀਨਿਧ ਮੌਜੂਦ ਸਨ।

ਨਮਨ ਮਾਰਕੰਨ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਦੇ ਹੁਕਮਾਂ ਮੁਤਾਬਕ ਰਾਜਪੁਰਾ ਸ਼ਹਿਰ ਅੰਦਰ ਦਾਖਲ ਹੋਣ ਵਾਲੀਆਂ ਸੜਕਾਂ ਨੇੜੇ ਸਾਫ਼-ਸਫ਼ਾਈ ਕਰਵਾ ਕੇ ਇਨ੍ਹਾਂ ਥਾਵਾਂ ਦਾ ਸੁੰਦਰੀਕਰਨ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਉਨ੍ਹਾਂ ਨੇ ਨੈਸ਼ਨਲ ਹਾਈਵੇ ਦਾ ਕੰਮ ਕਰ ਰਹੇ ਠੇਕੇਦਾਰ ਦੇ ਨੁਮਾਇੰਦੇ ਨੂੰ ਸੱਦ ਕੇ ਸੜਕਾਂ ਦੇ ਚੱਲ ਰਹੇ ਕੰਮ 'ਚ ਤੇਜ਼ੀ ਲਿਆਉਣ ਦੇ ਵੀ ਨਿਰਦੇਸ਼ ਦਿੱਤੇ ਹਨ ਤਾਂ ਕਿ ਰਾਹਗੀਰਾਂ ਨੂੰ ਸੜਕਾਂ ਦੇ ਨਿਰਮਾਣ ਕਾਰਜਾਂ ਕਰਕੇ ਆ ਰਹੀਆਂ ਪ੍ਰੇਸ਼ਾਨੀਆਂ ਤੋਂ ਰਾਹਤ ਮਿਲ ਸਕੇ।

ਐੱਸ.ਡੀ.ਐੱਮ. ਨੇ ਦੱਸਿਆ ਕਿ ਉਹ ਡਿਪਟੀ ਕਮਿਸ਼ਨਰ ਦੇ ਨਿਰਦੇਸ਼ਾਂ ਮੁਤਾਬਕ ਸ਼ਹਿਰ ਦੇ ਦਾਖਲਾ ਰਸਤਿਆਂ ਦੇ ਸੁੰਦਰੀਕਰਨ ਤੇ ਸਾਫ਼-ਸਫ਼ਾਈ ਲਈ ਸਾਰੇ ਨਗਰ ਕੌਂਸਲ ਸਮੇਤ ਹੋਰ ਸਬੰਧਤ ਵਿਭਾਗਾਂ ਦੇ ਤਾਲਮੇਲ ਨਾਲ ਸਾਰੇ ਕੰਮ ਬਹੁਤ ਜਲਦੀ ਮੁਕੰਮਲ ਕਰਵਾਉਣਗੇ।ਉਨ੍ਹਾਂ ਦੱਸਿਆ ਕਿ ਇਸ ਸਬੰਧੀ ਲਗਾਤਾਰ ਬੈਠਕਾਂ ਕਰਕੇ ਸਾਰੇ ਕੰਮਾਂ 'ਤੇ ਨਿਗਰਾਨੀ ਕੀਤੀ ਜਾਵੇਗੀ।

## ਭਾਕਿਯੂ ਏਕਤਾ ਡਕੌਂਦਾ ਵੱਲੋਂ ਐੱਸ ਐੱਸ ਪੀ ਦਫ਼ਤਰ ਮੂਹਰੇ ਧਰਨਾ



**ਮਾਨਸਾ (ਆਤਮਾ ਸਿੰਘ ਪਮਾਰ)**-ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜ਼ਿਲ੍ਹਾ ਮਾਨਸਾ ਦੇ ਸੱਦੇ 'ਤੇ ਇਕੱਤਰ ਹੋਏ ਕਿਸਾਨ ਮਰਦ-ਔਰਤਾਂ ਵੱਲੋਂ ਮਾਨਸਾ ਐੱਸ ਐੱਸ ਪੀ ਦਫ਼ਤਰ ਸਾਹਮਣੇ ਰੋਹ ਭਰਪੂਰ ਧਰਨਾ ਦਿੱਤਾ ਅਤੇ ਪੁਲਸ ਪ੍ਰਸ਼ਾਸਨ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਵੀ ਕੀਤੀ ਗਈ।ਕਿਸਾਨ ਮੰਗ ਕਰ ਰਹੇ ਸਨ ਕਿ ਪਿੰਡ ਕੁੱਲਰੀਆਂ ਦੇ ਕਿਸਾਨ ਵਰਕਰਾਂ ਤੇ ਜਥੇਬੰਦੀ ਦੇ ਸੂਬਾ ਆਗੂਆਂ 'ਤੇ ਬਣਾਏ ਕੇਸ ਵਾਪਸ ਲਏ ਜਾਣ ਤੇ ਜੇਲ੍ਹ ਭੇਜੇ ਕਿਸਾਨ ਵਰਕਰ ਗੁਰਪ੍ਰੀਤ ਸਿੰਘ ਨੂੰ ਤੁਰੰਤ ਰਿਹਾਅ ਕੀਤਾ ਜਾਵੇ। ਵਰਨਣਯੋਗ ਹੈ ਕਿ ਪਿੰਡ ਕੁਲਰੀਆਂ 'ਚ ਜੁਮਲਾ ਮੁਸ਼ਤਰਕਾ ਜ਼ਮੀਨ ਦੇ ਮਾਮਲੇ ਨੂੰ ਲੈ ਕੇ ਜਥੇਬੰਦੀ ਦਾ ਲਗਾਤਾਰ ਸੰਘਰਸ਼ ਚੱਲ ਰਿਹਾ ਹੈ।ਆਮ ਆਦਮੀ ਪਾਰਟੀ ਦੀ ਸਰਕਾਰ ਜੱਦੀ ਪੁਸ਼ਤੀ ਕਾਸ਼ਤਕਾਰ ਕਿਸਾਨਾਂ ਨੂੰ ਜ਼ਮੀਨ ਤੋਂ ਬੇਦਖ਼ਲ ਕਰਨਾ ਚਾਹੁੰਦੀ ਸੀ, ਪ੍ਰੰਤੂ ਜਥੇਬੰਦੀ ਦੇ ਸੰਘਰਸ਼ ਸਦਕਾ ਕਿਸਾਨ ਮੁੜ ਜ਼ਮੀਨ 'ਤੇ ਕਾਬਜ਼ ਹੋ ਕੇ ਕਾਸ਼ਤ ਕਰਨ ਲੱਗ ਪਏ ਹਨ, ਜਿਸ ਉੱਤੇ ਪ੍ਰਸ਼ਾਸਨ ਵੱਲੋਂ ਕਾਰਵਾਈ ਕਰਦਿਆਂ ਕਿਸਾਨਾਂ 'ਤੇ ਕਬਜ਼ਾ ਕਰਨ ਦੇ ਝੂਠੇ ਮੁਕਦਮੇ ਬਣਾਏ ਗਏ ਹਨ, ਜਿਸ ਵਿੱਚ ਜਥੇਬੰਦੀ ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਸਮੇਤ ਦਰਜਨਾਂ ਕਿਸਾਨ ਸ਼ਾਮਲ ਹਨ।ਇਸੇ ਤਰ੍ਹਾਂ ਕਿਸਾਨ ਵਰਕਰ ਗੁਰਪ੍ਰੀਤ ਸਿੰਘ ਨੂੰ ਵੀ ਬੇਵਜ੍ਹਾ ਇੱਕ ਮੁਕੱਦਮੇ 'ਚ ਨਾਮਜ਼ਦ ਕਰਕੇ ਜੇਲ੍ਹ ਭੇਜਿਆ ਹੋਇਆ ਹੈ।ਕਿਸਾਨਾਂ ਨੇ ਮੰਗ ਕੀਤੀ ਕਿ ਇਸ ਨੂੰ ਤੁਰੰਤ ਡਿਸਚਾਰਜ ਕਰਵਾਇਆ ਜਾਵੇ।ਧਰਨੇ ਨੂੰ ਸੰਬੋਧਨ ਕਰਦੇ ਹੋਏ ਜਥੇਬੰਦੀ ਦੇ ਸੂਬਾ ਸਕੱਤਰ ਕੁਲਵੰਤ ਸਿੰਘ ਕਿਸ਼ਨਗੜ੍ਹ ਤੇ ਸੂਬਾ ਕਮੇਟੀ ਮੈਂਬਰ ਮਹਿੰਦਰ ਸਿੰਘ ਭੈਣੀ ਬਾਘਾ ਨੇ ਕਿਹਾ ਕਿ ਪੁਲਸ ਦੀ ਕਾਰਗੁਜ਼ਾਰੀ ਬਿਲਕੁੱਲ ਉਲਟ ਚੱਲ ਰਹੀ ਹੈ 'ਤੇ ਦੋਸ਼ੀਆਂ ਨੂੰ ਬਚਾਇਆ ਜਾ ਰਿਹਾ ਹੈ, ਨਾਲ ਹੀ ਬੇਗੁਨਾਹ ਲੋਕਾਂ ਨੂੰ ਮੁਕੱਦਮਿਆਂ 'ਚ ਜਾਣ-ਬੁੱਝ ਕੇ ਫਸਾਇਆ ਜਾ ਰਿਹਾ ਹੈ।ਜਥੇਬੰਦੀ ਨਾਲ ਸੰਬੰਧਤ ਕਈ ਕਿਸਾਨ ਪਰਿਵਾਰਾਂ ਦੀਆਂ ਔਰਤਾਂ ਨੂੰ ਵੀ ਨਹੀਂ ਬਖਸ਼ਿਆ ਗਿਆ।

ਜ਼ਿਲ੍ਹਾ ਪ੍ਰਧਾਨ ਲਖਵੀਰ ਸਿੰਘ ਅਕਲੀਆ ਤੇ ਤਾਰਾ ਚੰਦ ਬਰੇਟਾ ਨੇ ਕਿਹਾ ਕਿ ਪਿੰਡ ਪਿੱਪਲੀਆਂ ਦੇ ਇੱਕ ਕਿਸਾਨ ਨਾਲ 42 ਲੱਖ ਰੁਪਏ ਦੀ ਠੱਗੀ ਮਾਰਨ ਦੇ ਸਿਟੀ ਥਾਣਾ ਬੁਢਲਾਡਾ ਵੱਲੋਂ ਕੀਤੇ ਦਰਜ ਕੇਸ ਵਿੱਚ ਕੋਈ ਵੀ ਦੋਸ਼ੀ ਅਜੇ ਤੱਕ ਗ੍ਰਿਫਤਾਰ ਨਹੀਂ ਕੀਤਾ ਗਿਆ।ਪਿੰਡ ਅਹਿਮਦਪੁਰ ਵਿੱਚ ਦੋ ਅੰਨ੍ਹੇ ਕਤਲ ਹੋਏ ਸਨ, ਜਿਨ੍ਹਾਂ ਨੂੰ ਅੱਜ ਦੋ ਸਾਲ ਹੋ ਚੁੱਕੇ ਹਨ, ਪ੍ਰੰਤੂ ਦੋਸ਼ੀ ਅਜੇ ਵੀ ਪੁਲਸ ਦੀ ਗ੍ਰਿਫ਼ਤ ਤੋਂ ਬਾਹਰ ਹਨ। ਆਗੂਆਂ ਨੇ ਉਪ ਕਪਤਾਨ ਪੁਲਸ ਬੂਟਾ ਸਿੰਘ ਗਿੱਲ ਰਾਹੀਂ ਐੱਸ ਐੱਸ ਪੀ ਮਾਨਸਾ ਦੇ ਨਾਮ ਇੱਕ ਮੰਗ ਪੱਤਰ ਵੀ ਸੌਂਪਿਆ।

ਜਥੇਬੰਦੀ ਦੇ ਆਗੂਆਂ ਨੇ ਚਿਤਾਵਨੀ ਦਿੰਦਿਆਂ ਕਿਹਾ ਕਿ ਮੰਗਾਂ ਲਾਗੂ ਨਾ ਹੋਣ ਦੀ ਸੂਰਤ ਵਿੱਚ ਜਥੇਬੰਦੀ ਵੱਲੋਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।ਧਰਨੇ ਨੂੰ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਜਤਪਾਲ ਸਿੰਘ ਬਣੇ, ਮੀਤ ਪ੍ਰਧਾਨ ਤਰਸੇਮ ਸਿੰਘ ਚੱਕ ਅਲੀਸ਼ੇਰ, ਮੀਤ ਪ੍ਰਧਾਨ ਦਰਸ਼ਨ ਸਿੰਘ ਗੁਰਨੇ ਕਲਾਂ, ਜ਼ਿਲ੍ਹਾ ਖ਼ਜ਼ਾਨਚੀ ਦੇਵੀ ਰਾਮ ਰੰਘੜਿਆਲ, ਬਲਵਿੰਦਰ ਸ਼ਰਮਾ, ਬਲਦੇਵ ਸਿੰਘ ਪਿੱਪਲੀਆਂ, ਬਲਜੀਤ ਸਿੰਘ ਭੈਣੀ ਬਾਘਾ, ਤੇਜਾ ਸਿੰਘ ਰਾਮਾਨੰਦੀ, ਜਸਪਾਲ ਸਿੰਘ ਉੱਭਾ, ਮੇਲਾ ਸਿੰਘ ਦਿਆਲਪੁਰਾ, ਗੁਰਪ੍ਰੀਤ ਸਿੰਘ ਅਨੂਪਗੜ੍ਹ, ਕਰਨੈਲ ਸਿੰਘ ਖੀਵਾ, ਸੁਦਾਗਰ ਸਿੰਘ ਰੱਲਾ, ਸਿਕੰਦਰ ਸਿੰਘ ਖਿਆਲਾ ਆਦਿ ਆਗੂਆਂ ਨੇ ਸੰਬੋਧਨ ਕੀਤਾ।

## ਕਾਤਰਾਂ

### ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਖੇਡਾਂ ਨਾਲ ਜੋੜਨਾ ਜ਼ਰੂਰੀ : ਗਗਨਦੀਪ



**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਫਰੀਦਕੋਟ ਦੀ ਪਾਰਕ ਐਵਨਿਊ ਦੇ ਵਸਨੀਕਾਂ ਦੀ ਮੰਗ 'ਤੇ ਉਨ੍ਹਾਂ ਨੂੰ ਚੇਅਰਮੈਨ ਨਗਰ ਸੁਧਾਰ ਟਰੱਸਟ ਗਗਨਦੀਪ ਸਿੰਘ ਧਾਲੀਵਾਲ ਵੱਲੋਂ ਵਾਲੀਬਾਲ ਕਿੱਟ ਦਿੱਤੀ ਗਈ।ਇਸ ਮੌਕੇ ਐਵਨਿਊ ਵਾਸੀਆਂ ਨਾਲ ਵਿਚਾਰ ਸਾਂਝੇ ਕਰਦਿਆਂ ਚੇਅਰਮੈਨ ਗਗਨਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਖੇਡਾਂ ਨਾਲ ਜੋੜਨਾ ਬਹੁਤ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਨੌਜਵਾਨ ਸਾਡੇ ਸਮਾਜ ਦਾ ਅਹਿਮ ਹਿੱਸਾ ਹਨ, ਜਿਸ ਕਰਕੇ ਉਨ੍ਹਾਂ ਵੱਲ ਵਿਸ਼ੇਸ਼ ਧਿਆਨ ਦੇਣ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੀ ਮਾਨ ਸਰਕਾਰ ਖੇਡਾਂ ਲਈ ਵਿਸ਼ੇਸ਼ ਉਪਰਾਲੇ ਕਰ ਰਹੀ ਹੈ।ਸਰਕਾਰ ਵੱਲੋਂ ਖੇਡਾਂ ਵਤਨ ਦੀਆਂ ਸ਼ੁਰੂ ਕਰਕੇ ਹਰ ਵਰਗ ਦੇ ਖਿਡਾਰੀਆਂ ਨੂੰ ਢੁੱਕਵੇਂ ਮੌਕੇ ਪ੍ਰਦਾਨ ਕੀਤੇ ਜਾ ਰਹੇ ਹਨ।ਪੰਜਾਬ ਦੀ ਨੌਜਵਾਨੀ ਨੂੰ ਖੇਡਾਂ ਨਾਲ ਜੋੜਨ ਵਾਸਤੇ ਪੰਜਾਬ ਦੇ ਹਰ ਵੱਡੇ ਪਿੰਡ ਅੰਦਰ ਖੇਡ ਗਰਾਊਂਡ ਬਣ ਰਹੇ ਹਨ।ਇਸ ਮੌਕੇ ਪ੍ਰੋਫੈਸਰ ਗੁਰਸੇਵਕ ਸਿੰਘ ਸਾਬਕਾ ਜ਼ਿਲ੍ਹਾ ਪ੍ਰਧਾਨ ਆਪ ਫਰੀਦਕੋਟ, ਬਲਰਾਜ ਸਿੰਘ ਹਲਕਾ ਕੋਆਰਡੀਨੇਟਰ ਕਿਸਾਨ ਵਿੰਗ ਫਰੀਦਕੋਟ, ਅਮਰਜੀਤ ਸਿੰਘ ਗੋਂਦਾਰਾ, ਕਾਕਾ ਬਰਗਾੜੀ, ਗੁਰਵਿੰਦਰ ਸਿੰਘ ਹਾਜ਼ਰ ਸਨ।

### ਰੰਘਰੇਟਾ ਦਲ ਜ਼ਿਲ੍ਹਾ ਇਕਾਈ ਦੀ ਮੀਟਿੰਗ ਅੱਜ

**ਮਾਨਸਾ (ਆਤਮਾ ਸਿੰਘ ਪਮਾਰ)**-ਰੰਘਰੇਟਾ ਦਲ ਪੰਜਾਬ ਜ਼ਿਲ੍ਹਾ ਇਕਾਈ ਮਾਨਸਾ ਵੱਲੋਂ ਸਥਾਨਕ ਪੈਨਸ਼ਨਰਜ਼ ਭਵਨ ਵਿਖੇ ਮਜ਼੍ਹਬੀ ਸਿੱਖ ਭਾਈਚਾਰੇ ਨੂੰ ਦਰਪੇਸ਼ ਸਮੱਸਿਆਵਾਂ ਤੇ ਪੰਜਾਬ ਦੇ ਅਜੋਕੇ ਸਮਾਜਿਕ, ਰਾਜਨੀਤਕ, ਧਾਰਮਿਕ ਤੇ ਆਰਥਿਕ ਹਾਲਾਤਾਂ 'ਤੇ ਵਿਚਾਰ ਵਟਾਂਦਰਾ ਕਰਨ ਲਈ ਇੱਕ ਵਿਸ਼ੇਸ਼ ਇਕੱਤਰਤਾ ਕੀਤੀ ਜਾ ਰਹੀ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਦਰਸ਼ਨ ਸਿੰਘ ਸੰਘਰ ਨੇ ਦੱਸਿਆ ਕਿ ਇਸ ਮੀਟਿੰਗ ਦਾ ਸਮਾਂ ਸਵੇਰੇ 10 ਵਜੇ ਹੋਵੇਗਾ।ਉਨ੍ਹਾਂ ਦੱਸਿਆ ਕਿ ਮੀਟਿੰਗ ਨੂੰ ਸੰਬੋਧਨ ਕਰਨ ਲਈ ਜਥੇਬੰਦੀ ਦੇ ਸੂਬਾਈ ਆਗੂ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰ ਰਹੇ ਹਨ।ਸੰਘਰ ਸਮੇਤ ਸਮੂਹ ਪ੍ਰਬੰਧਕਾਂ ਨੇ ਜ਼ਿਲ੍ਹੇ ਦੇ ਸਮੂਹ ਮਜ਼੍ਹਬੀ ਸਿੱਖ ਭਾਈਚਾਰੇ ਨੂੰ ਇਸ ਮੀਟਿੰਗ 'ਚ ਪਹੁੰਚਣ ਦੀ ਪੁਰਜ਼ੋਰ ਅਪੀਲ ਕੀਤੀ।

### ਗੋਲੀਆਂ ਤੇ ਕੈਪਸੂਲਾਂ ਸਮੇਤ ਕਾਬੂ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਸਦਰ ਫਿਰੋਜ਼ਪੁਰ ਦੀ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਇੱਕ ਵਿਅਕਤੀ ਨੂੰ ਪਾਬੰਦੀ-ਸ਼ੁਦਾ ਗੋਲੀਆਂ ਤੇ ਕੈਪਸੂਲਾਂ ਸਮੇਤ ਗ੍ਰਿਫਤਾਰ ਕਰਕੇ ਉਸ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਸਹਾਇਕ ਥਾਣੇਦਾਰ ਵਿਨੋਦ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਦੌਰਾਨ ਪਿੰਡ ਮਾਛੀਵਾੜਾ ਚੌਕ ਕੋਲ ਪੁੱਜੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਸਤਪਾਲ ਸਿੰਘ ਪੁੱਤਰ ਭੋਲਾ ਸਿੰਘ ਵਾਸੀ ਹਬੀਬ ਵਾਲਾ, ਜੋ ਹਬੀਬ ਵਾਲਾ ਵਿਖੇ ਕੈਮਿਸਟ ਦੀ ਦੁਕਾਨ ਕਰਦਾ ਹੈ ਤੇ ਆਪਣੀ ਦੁਕਾਨ ਦੀ ਨਾਲ ਵਾਲੀ ਦੁਕਾਨ ਵਿੱਚ ਕਿਸੇ ਹੋਰ ਵਿਅਕਤੀ ਦੇ ਨਾਮ ਦਾ ਲਾਇਸੰਸ ਵਰਤ ਕੇ ਸਰਕਾਰ ਵੱਲੋਂ ਪਾਬੰਦੀ-ਸ਼ੁਦਾ ਦਵਾਈਆਂ ਬਿਨਾਂ ਡਾਕਟਰ ਦੀ ਪਰਚੀ ਤੋਂ ਵੇਚਦਾ ਹੈ, ਜੇਕਰ ਛਾਪੇਮਾਰੀ ਕੀਤੀ ਜਾਵੇ ਤਾਂ ਪਾਬੰਦੀਸ਼ੁਦਾ ਦਵਾਈਆਂ ਸਮੇਤ ਕਾਬੂ ਆ ਸਕਦਾ ਹੈ। ਪੁਲਸ ਨੇ ਦੱਸਿਆ ਕਿ ਉਕਤ ਵਿਅਕਤੀ ਦੀ ਦੁਕਾਨ 'ਤੇ ਛਾਪੇਮਾਰੀ ਕਰਕੇ ਉਸ ਨੂੰ ਗ੍ਰਿਫਤਾਰ ਕੀਤਾ ਗਿਆ ਤੇ ਉਸ ਦੀ ਦੁਕਾਨ 'ਚੋਂ 190 ਕੈਪਸੂਲ ਤੇ 160 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

## ਦਲੇਰ ਪੰਜਾਬੀ 'ਸੋਹਣਾ ਪੰਜਾਬ' ਲੈ ਕੇ ਸਰੋਤਿਆਂ ਦੀ ਕਚਹਿਰੀ 'ਚ ਹਾਜ਼ਰ



**ਹਠੂਰ (ਲਵਲੀ ਕੁਮਾਰ)**-ਪਿਛਲੇ ਚਾਰ ਦਹਾਕਿਆਂ ਤੋਂ ਪੰਜਾਬੀ ਸੱਭਿਆਚਾਰ ਦੀ ਸੇਵਾ ਕਰਦੇ ਆ ਰਹੇ ਪ੍ਰਸਿੱਧ ਲੋਕ ਗਾਇਕ ਦਲੇਰ ਪੰਜਾਬੀ ਆਪਣੇ ਸਰੋਤਿਆਂ ਦੀ ਕਚਹਿਰੀ ਵਿੱਚ ਆਪਣਾ ਸਿੰਗਲ ਟਰੈਕ ਗੀਤ 'ਸੋਹਣਾ ਪੰਜਾਬ' ਲੈ ਕੇ ਹਾਜ਼ਰ ਹੋਇਆ ਹੈ। ਇਸ ਗੀਤ ਨੂੰ ਨੈਸ਼ਨਲ ਸਟੇਟ ਐਵਾਰਡ ਪ੍ਰਾਪਤ ਗੀਤਕਾਰ ਅਮਰੀਕ ਸਿੰਘ ਤਲਵੰਡੀ, ਗੀਤਕਾਰ ਭੁਪਿੰਦਰ ਸਿੰਘ ਸੇਖੋਂ, ਗਾਇਕ ਯੁੱਧਵੀਰ ਮਾਣਕ, ਗਾਇਕ ਗੁਰਮੀਤ ਮੀਤ ਨੇ ਸਥਾਨਕ ਕਸਬਾ ਵਿਖੇ ਰਿਲੀਜ਼ ਕਰਦਿਆਂ ਕਿਹਾ ਕਿ ਲੋਕ ਗਾਇਕ ਦਲੇਰ ਪੰਜਾਬੀ ਨੇ ਹਮੇਸ਼ਾ ਹੀ ਪਰਿਵਾਰ ਵਿੱਚ ਬੈਠ ਕੇ ਸੁਣਨ ਵਾਲੇ ਗੀਤ ਗਾਉਣ ਨੂੰ ਪਹਿਲ ਦਿੱਤੀ ਹੈ, ਜਿਸ ਨੇ ਭਰੂਣ ਹੱਤਿਆ, ਨਸ਼ਿਆ, ਦੂਸ਼ਿਤ ਵਾਤਵਰਨ, ਦਾਜ ਪ੍ਰਥਾ, ਕਿਸਾਨਾਂ ਦੀਆਂ ਖੁਦਕੁਸ਼ੀਆਂ ਖਿਲਾਫ ਅਨੇਕਾਂ ਗੀਤ ਰਿਕਾਰਡ ਕਰਵਾਏ।ਇਸ ਮੌਕੇ ਪਹੁੰਚੇ ਪਤਵੰਤਿਆਂ ਨੇ ਨਵੇਂ ਗੀਤ 'ਸੋਹਣਾ ਪੰਜਾਬ' ਦੀਆਂ ਮੁਬਾਰਕਾਂ ਦਿੱਤੀਆਂ ਤੇ ਲੱਡੂ ਵੰਡੇ ਗਏ।ਇਸ ਮੌਕੇ ਲੋਕ ਗਾਇਕ ਦਲੇਰ ਪੰਜਾਬੀ ਨੇ ਦੱਸਿਆ ਕਿ ਇਸ ਗੀਤ ਨੂੰ ਪ੍ਰਸਿੱਧ ਗੀਤਕਾਰ ਅਮਰੀਕ ਤਲਵੰਡੀ ਨੇ ਆਪਣੀ ਮਿਆਰੀ ਕਲਮ ਨਾਲ ਸ਼ਿੰਗਾਰਿਆ ਹੈ, ਪੇਸ਼ਕਸ਼ ਉੱਘੇ ਸਮਾਜ ਸੇਵਕ ਜਤਿੰਦਰ ਸਿੰਘ ਤਲਵਾੜਾ (ਜੱਸੀਆਂ ਫਾਰਮ ਵਾਲੇ), ਸੰਗੀਤ ਰਾਜ ਉਦੈ ਸਿੰਘ ਖਾਲਸਾ ਨੇ ਦਿੱਤਾ ਹੈ, ਵੀਡੀਓ ਸਰਬਜੀਤ ਸਿੰਘ ਦੀ ਟੀਮ ਵੱਲੋਂ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਵਿੱਚ ਫਿਲਮਾਈ ਗਈ ਹੈ।ਉਨ੍ਹਾ ਕਿਹਾ ਕਿ ਇਹ ਗੀਤ ਅੱਜ ਸੋਸ਼ਲ ਮੀਡੀਆ 'ਤੇ ਰਿਲੀਜ਼ ਹੋ ਚੁੱਕਾ ਹੈ ਤੇ ਆਉਣ ਵਾਲੇ ਦਿਨਾਂ ਵਿੱਚ ਵੱਖ-ਵੱਖ ਟੀਵੀ ਚੈਨਲਾਂ 'ਤੇ ਪ੍ਰਕਾਸ਼ਿਤ ਕੀਤਾ ਜਾਵੇਗਾ।

## ਸ਼੍ਰੀ ਸਿਧਾਂਤ ਸਾਗਰ ਦੇ ਅਖੰਡ ਪਾਠ ਇਕੋਤਰੀ ਦੇ ਭੋਗ ਭਲਕੇ

**ਭੀਖੀ (ਧਰਮਵੀਰ ਸ਼ਰਮਾ)**-ਸ਼੍ਰੀ ਸ਼੍ਰੀ 108 ਸੰਤ ਬਾਬਾ ਉਮ ਪ੍ਰਕਾਸ਼ ਦਾਸ ਜੀ ਬ੍ਰਹਮਲੀਨ ਦੀ 23ਵੀਂ ਬਰਸੀ ਮੌਕੇ ਡੇਰਾ ਬਾਬਾ ਰੱਬ ਲੋਕ ਭੀਖੀ ਵਿਖੇ ਸ਼੍ਰੀ ਸਿਧਾਂਤ ਸਾਗਰ ਜੀ ਦੇ ਅਖੰਡ ਪਾਠ ਇਕੋਤਰੀ ਦੇ ਭੋਗ 1 ਫਰਵਰੀ ਨੂੰ ਪਾਏ ਜਾਣਗੇ।ਇਸ ਮੌਕੇ ਮੁੱਖ ਮੰਤਰੀ ਭਗਵੰਤ ਮਾਨ ਦੇ ਮਾਤਾ ਹਰਪਾਲ ਕੌਰ ਨੇ ਡੇਰਾ ਵਿਖੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਤੇ ਅਸ਼ੀਰਵਾਦ ਪ੍ਰਾਪਤ ਕੀਤਾ।ਇਸ ਮੌਕੇ ਮਾਤਾ ਹਰਪਾਲ ਕੌਰ ਨੇ ਕਿਹਾ ਕਿ ਅਜਿਹੇ ਧਾਰਮਿਕ ਸਮਾਗਮ ਮਨੁੱਖਤਾ ਨੂੰ ਪ੍ਰਮਾਤਮਾ ਨਾਲ ਜੋੜਦੇ ਹਨ ਤੇ ਸਮਾਜਿਕ ਕੁਰੀਤੀਆਂ ਨੂੰ ਦੂਰ ਕਰਨ ਵਿੱਚ ਸਹਾਇਕ ਹੁੰਦੇ ਹਨ।ਇਸ ਮੌਕੇ ਡੇਰੇ ਦੇ ਪ੍ਰਮੁੱਖ ਬਾਬਾ ਸੁਖਰਾਜ ਦਾਸ ਵੱਲੋਂ ਮਾਤਾ ਹਰਪਾਲ ਕੌਰ ਨੂੰ ਸਨਮਾਨਤ ਕੀਤਾ ਗਿਆ।ਇਸ ਮੌਕੇ ਗੁਰਪਿਆਰ ਸਿੰਘ, ਗੁਰਦੀਪ ਸਿੰਘ ਪੀ.ਪੀ., ਅਮ੍ਰਿਤਪਾਲ ਦਾਸ ਬਾਵਾ, ਵੀਰਮ ਬਾਵਾ, ਗਗਨਦੀਪ ਬਰਸਾਲਾ, ਗੁਰਦੀਪ ਬਰਸਾਲਾ, ਪੱਖਾ ਸਿੰਘ, ਘਣਸ਼ਾਮ ਬਾਵਾ, ਸੱਤੀ ਬਰਸਾਲਾ, ਲਾਭ ਦਾਸ, ਮੱਘਰ ਦਾਸ, ਨੈਬ ਬਰਸਾਲਾ, ਭੀਮਾ ਬਰਸਾਲਾ ਹਾਜ਼ਰ ਸਨ।



## ਮੋਦੀ ਸਰਕਾਰ ਵੱਲੋਂ ਲਿਆਂਦੇ ਕਾਲੇ ਕਾਨੂੰਨ ਬੇਰੁਜ਼ਗਾਰੀ 'ਚ ਵਾਧਾ ਕਰਨਗੇ : ਚੌਹਾਨ

**ਕਿਸਾਨਾਂ, ਮਜ਼ਦੂਰਾਂ ਤੇ ਆਮ ਲੋਕਾਂ ਨੂੰ ਹੜਤਾਲ 'ਚ ਸ਼ਾਮਲ ਹੋਣ ਦਾ ਸੱਦਾ : ਢਿੱਲੋਂ/ਭੋਲਾ**



**ਮਾਨਸਾ (ਆਤਮਾ ਸਿੰਘ ਪਮਾਰ)**-ਕੇਂਦਰ ਦੀ ਮੋਦੀ ਸਰਕਾਰ ਵੱਲੋਂ ਵਪਾਰ, ਰੁਜ਼ਗਾਰ, ਖੇਤੀਬਾੜੀ, ਸਿੱਖਿਆ ਤੇ ਸਿਹਤ ਨੂੰ ਕਾਰਪੋਰੇਟ ਘਰਾਣਿਆਂ ਤੇ ਸਰਮਾਏਦਾਰੀ ਦੇ ਹਵਾਲੇ ਕੀਤਾ ਜਾ ਰਿਹਾ ਹੈ।ਆਮ ਲੋਕਾਂ ਖ਼ਿਲਾਫ਼ ਕਾਲੇ ਕਿਰਤ ਕਾਨੂੰਨਾਂ, ਮਨਰੇਗਾ ਨੂੰ ਖਤਮ ਕਰ ਸਰਮਾਏਦਾਰਾਂ ਨੂੰ ਸਸਤੀ ਲੇਬਰ ਮੁਹੱਈਆ ਕਰਵਾਉਣਾ ਮੋਦੀ ਸਰਕਾਰ ਦੀ ਗਹਿਰੀ ਸਾਜ਼ਿਸ਼ ਹੈ।ਇਸ ਤੋਂ ਇਲਾਵਾ ਪ੍ਰਚੂਨ ਖੇਤਰ 'ਚ ਨਿਵੇਸ਼, ਬਿਜਲੀ ਐਕਟ 2025 ਤੇ ਸੀਡ ਬਿੱਲ ਸਮੁੱਚੇ ਲੋਕਾਂ 'ਤੇ ਆਰਥਿਕ ਬੋਝ ਤੇ ਬੇਰੁਜ਼ਗਾਰੀ ਵੱਲ ਧੱਕਣਗੇ।ਉਕਤ ਸ਼ਬਦਾਂ ਦਾ ਪ੍ਰਗਟਾਵਾ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਸਾਥੀ ਕ੍ਰਿਸ਼ਨ ਚੌਹਾਨ ਨੇ ਸੀ ਪੀ ਆਈ ਸਬ ਡਵੀਜ਼ਨ ਤੇ ਸ਼ਹਿਰ ਕਮੇਟੀ ਦੀ ਸਾਂਝੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ।ਚੌਹਾਨ ਨੇ ਕਿਹਾ ਕਿ ਕੇਂਦਰ ਤੇ ਸੂਬਾ ਸਰਕਾਰਾਂ ਦੀ ਕਾਰਗੁਜ਼ਾਰੀ ਨੂੰ ਲੋਕ ਵਿਰੋਧੀ ਨੀਤੀਆਂ ਲਾਗੂ ਕਰਨ ਵਾਲੀ ਹੈ, ਜਦੋਂ ਕਿ ਨੌਜਵਾਨ ਬੇਰੁਜ਼ਗਾਰੀ ਕਰਕੇ ਨਸ਼ਿਆਂ ਦੀ ਦਲਦਲ ਦਲਦਲ 'ਚ ਫਸਦੇ ਜਾ ਰਹੇ ਹਨ।ਕਮਿਊਨਿਸਟ ਆਗੂ ਨੇ ਮਨਰੇਗਾ ਦੀ ਮੁੜ ਬਹਾਲੀ ਤੇ ਕਿਰਤ ਕਾਨੂੰਨਾਂ, ਬਿਜਲੀ ਐਕਟ 2025, ਬੀਜ ਐਕਟ ਨੂੰ ਰੱਦ ਕਰਨ, ਨਵੀਂ ਪੱਕੀ ਭਰਤੀ ਕਰਨ, ਪੁਰਾਣੀ ਪੈਨਸ਼ਨ ਦੀ ਬਹਾਲੀ ਸਮੇਤ ਰੁਜ਼ਗਾਰ ਗਰੰਟੀ ਕਾਨੂੰਨ ਨੂੰ ਲੈ ਕੇ ਸੰਯੁਕਤ ਕਿਸਾਨ ਮੋਰਚੇ, ਦੇਸ਼ ਦੀਆਂ ਟਰੇਡ ਯੂਨੀਅਨਾਂ, ਮੁਲਾਜ਼ਮ ਫੈਡਰੇਸ਼ਨਾਂ ਮਜ਼ਦੂਰ ਜਥੇਬੰਦੀਆਂ ਵੱਲੋਂ 12 ਫਰਵਰੀ ਦੀ ਦੇਸ਼ ਵਿਆਪੀ ਹੜਤਾਲ ਨੂੰ ਸਫਲ ਬਣਾਉਣ ਦੀ ਵਰਕਰਾਂ ਤੇ ਆਮ ਲੋਕਾਂ ਨੂੰ ਅਪੀਲ ਵੀ ਕੀਤੀ।ਸਬ ਡਵੀਜ਼ਨ ਸਕੱਤਰ ਕਾਮਰੇਡ ਰੂਪ ਸਿੰਘ ਢਿੱਲੋਂ ਤੇ ਸ਼ਹਿਰ ਕਮੇਟੀ ਦੇ ਸਕੱਤਰ ਸਾਥੀ ਰਤਨ ਭੋਲਾ ਨੇ ਹੜਤਾਲ ਦੀ ਹਮਾਇਤ ਕਰਦਿਆਂ ਕਿਹਾ ਕਿ ਕਿਸਾਨ, ਮਜ਼ਦੂਰ, ਮੁਲਾਜ਼ਮ, ਔਰਤਾਂ ਤੇ ਨੌਜਵਾਨ ਵਰਗ ਸਮੇਤ ਆਮ ਲੋਕ ਵੀ ਇਸ ਹੜਤਾਲ 'ਚ ਸ਼ਮੂਲੀਅਤ ਕਰਨਗੇ।

ਮੀਟਿੰਗ ਦੌਰਾਨ ਮੈਂਬਰਸ਼ਿਪ ਕਰਨ ਲਈ ਲੀਡਰਸ਼ਿਪ ਦੀਆਂ ਡਿਊਟੀਆਂ ਲਗਾਉਣ ਤੋਂ ਇਲਾਵਾ ਭਵਿੱਖ 'ਚ ਸਾਂਝੇ ਘੋਲਾਂ ਦੀ ਵਿਉਂਤਬੰਦੀ ਵੀ ਕੀਤੀ ਗਈ।ਕਾਮਰੇਡ ਕਰਨੈਲ ਸਿੰਘ ਭੀਖੀ ਤੇ ਰਾਜ ਕੁਮਾਰ ਸ਼ਰਮਾ ਦੇ ਪ੍ਰਧਾਨਗੀ ਮੰਡਲ ਹੇਠ ਹੋਈ ਮੀਟਿੰਗ ਨੂੰ ਸੁਖਰਾਜ ਸਿੰਘ ਜੋਗਾ, ਭੋਲਾ ਸਿੰਘ ਜੋਗਾ, ਬੂਟਾ ਸਿੰਘ ਬਰਨਾਲਾ, ਗੁਰਦਿਆਲ ਸਿੰਘ, ਗੁਰਦੇਵ ਸਿੰਘ ਦਲੇਲ ਸਿੰਘ ਵਾਲਾ, ਦਰਸ਼ਨ ਸਿੰਘ ਮਾਨਸ਼ਾਹੀਆ, ਸੁਖਦੇਵ ਸਿੰਘ ਮਾਨਸਾ, ਨਿਰਮਲ ਸਿੰਘ ਮਾਨਸਾ, ਹਰਪਾਲ ਸਿੰਘ ਬੱਪੀਆਣਾ ਆਦਿ ਆਗੂਆਂ ਨੇ ਵੀ ਸੰਬੋਧਨ ਕੀਤਾ।

## 'ਮਾਤ-ਭਾਸ਼ਾ ਦੀ ਹੋਣੀ' ਗੀਤ ਦਾ ਲੋਕ ਅਰਪਣ ਪਹਿਲੀ ਨੂੰ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਪੰਜਾਬੀ ਸਾਹਿਤ ਸਭਾ ਧੂਰੀ ਦੇ ਜਨਰਲ ਸਕੱਤਰ ਚਰਨਜੀਤ ਸਿੰਘ ਮੀਮਸਾ ਨੇ ਦੱਸਿਆ ਕਿ ਸਭਾ ਦਾ ਮਹੀਨਾਵਾਰ ਸਾਹਿਤਕ ਸਮਾਗਮ ਇੱਕ ਫਰਵਰੀ ਨੂੰ ਸਥਾਨਕ ਡਾ. ਰਾਮ ਸਿੰਘ ਸਿੱਧੂ ਯਾਦਗਾਰੀ ਸਾਹਿਤ ਭਵਨ ਵਿਖੇ 10 ਵਜੇ ਸਵੇਰੇ ਕੀਤਾ ਜਾਵੇਗਾ, ਜਿਸ ਵਿੱਚ ਸਭਾ ਦੇ ਪ੍ਰਧਾਨ ਮੂਲ ਚੰਦ ਸ਼ਰਮਾ ਦੁਆਰਾ ਲਿਖਿਆ ਤੇ ਏ ਆਈ ਤਕਨੀਕ ਨਾਲ਼ ਰਿਕਾਰਡ ਕੀਤਾ ਸੱਭਿਆਚਾਰਕ ਗੀਤ 'ਮਾਤ-ਭਾਸ਼ਾ ਦੀ ਹੋਣੀ' ਲੋਕ ਅਰਪਣ ਕੀਤਾ ਜਾਵੇਗਾ।ਇਹ ਗੀਤ ਕੌਮਾਂਤਰੀ ਮਾਂ ਬੋਲੀ ਦਿਵਸ ਨੂੰ ਸਮਰਪਤ ਹੈ, ਜਿਸ ਵਿੱਚ ਮਾਤ ਭਾਸ਼ਾ ਪੰਜਾਬੀ ਤੇ ਗੁਰਮੁਖੀ ਲਿੱਪੀ ਪ੍ਰਤੀ ਪੰਜਾਬੀਆਂ ਦੇ ਹੋ ਰਹੇ ਮੋਹ ਭੰਗ ਬਾਰੇ ਫਿਕਰਮੰਦੀ ਦੇ ਜ਼ਿਕਰ ਦੇ ਨਾਲ਼ ਸਮੇਂ ਸਮੇਂ ਦੀਆਂ ਸਰਕਾਰਾਂ ਵੱਲੋਂ ਸਾਡੀ ਭਾਸ਼ਾ ਨੂੰ ਰੋਜ਼ਗਾਰ ਦੀ ਭਾਸ਼ਾ ਨਾ ਬਣਾਉਣ ਦੀ ਗੱਲ ਕਰਦਿਆਂ ਲੋਕਾਂ ਨੂੰ ਇਕੱਠੇ ਤੇ ਸੁਚੇਤ ਕਰਨ ਦਾ ਸੰਕੇਤ ਮਾਤਰ ਜ਼ਿਕਰ ਵੀ ਹੈ ਤਾਂ ਕਿ ਜਨ ਸਮੂਹ ਦੇ ਸਹਿਯੋਗ ਨਾਲ਼ ਮੌਜੂਦਾ ਸਰਕਾਰਾਂ ਨੂੰ ਸਮੇਂ ਸਮੇਂ 'ਤੇ ਬਣਾਏ ਭਾਸ਼ਾ ਕਾਨੂੰਨਾਂ ਨੂੰ ਅਮਲੀ ਰੂਪ ਦੇਣ ਲਈ ਮਜਬੂਰ ਕੀਤਾ ਜਾ ਸਕੇ।ਇਸ ਤੋਂ ਇਲਾਵਾ ਜਨਵਰੀ ਮਹੀਨੇ ਤੋਂ ਸ਼ੁਰੂ ਕੀਤੇ ਗਏ 'ਕਵਿਤਾ ਸਕੂਲ' ਦੇ ਪਿਛਲੇ ਪਾਠ ਦੀ ਦੁਹਰਾਈ ਤੇ ਅਗਲਾ ਪਾਠ ਪੜ੍ਹਾ ਕੇ ਨਵਾਂ ਮਿਸ਼ਰਾ ਦਿੱਤਾ ਜਾਵੇਗਾ।ਇਸ ਕਾਰਜ ਲਈ ਕਵਿਤਾ ਸਕੂਲ ਦੇ ਅਧਿਆਪਕ, ਛੰਦ ਸ਼ਾਸਤਰ ਵਿਦਵਾਨ ਤੇ ਸਿੱਖਿਆ ਸ਼ਾਸਤਰੀ ਜੰਗ ਸਿੰਘ ਫ਼ੱਟੜ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਣਗੇ।

## ਮਜ਼ਦੂਰਾਂ ਵੱਲੋਂ ਪੰਚਾਇਤੀ ਜ਼ਮੀਨ ਦੇ ਕਬਜ਼ੇ ਤੇ 5-5 ਮਰਲੇ ਪਲਾਟਾਂ ਲਈ ਡੀ ਸੀ ਦਫ਼ਤਰ ਅੱਗੇ ਪ੍ਰਦਰਸ਼ਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੀ ਅਗਵਾਈ ਹੇਠ ਪਿੰਡ ਹਰੀਗੜ੍ਹ ਦੇ ਮਜ਼ਦੂਰਾਂ ਵੱਲੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਡਿਪਟੀ ਕਮਿਸ਼ਨਰ ਪਟਿਆਲਾ ਦੇ ਦਫ਼ਤਰ ਵਿਖੇ ਰੋਸ ਪ੍ਰਦਰਸ਼ਨ ਕੀਤਾ ਗਿਆ।ਡੀ. ਸੀ. ਸਾਹਿਬ ਦੀ ਗੈਰ-ਮੌਜੂਦਗੀ ਵਿੱਚ ਮਜ਼ਦੂਰਾਂ ਦੇ ਵਫ਼ਦ ਨੇ ਮੁੱਖ ਮੰਤਰੀ ਫੀਲਡ ਅਫ਼ਸਰ ਸ੍ਰੀ ਸਤੀਸ਼ ਚੰਦਰ ਨੂੰ ਮੰਗ ਪੱਤਰ ਸੌਂਪਦਿਆਂ ਪਿੰਡ ਦੀ ਪੰਚਾਇਤੀ ਜ਼ਮੀਨ ਦਾ ਕਬਜ਼ਾ ਦਿਵਾਉਣ ਤੇ ਲੋੜਵੰਦਾਂ ਨੂੰ ਪਲਾਟ ਵੰਡਣ ਦੀ ਪੁਰਜ਼ੋਰ ਮੰਗ ਕੀਤੀ।

ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਮੀਤ ਪ੍ਰਧਾਨ ਧਰਮਵੀਰ ਹਰੀਗੜ੍ਹ ਤੇ ਇਕਾਈ ਆਗੂ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਪਿੰਡ ਹਰੀਗੜ੍ਹ ਦੀ ਪੰਚਾਇਤੀ ਜ਼ਮੀਨ ਦਾ ਫੈਸਲਾ 3 ਜੁਲਾਈ 2025 ਨੂੰ ਪੰਚਾਇਤ ਦੇ ਹੱਕ ਵਿੱਚ ਹੋ ਚੁੱਕਾ ਹੈ, ਪਰ ਪ੍ਰਸ਼ਾਸਨ ਤੇ ਪੰਚਾਇਤ ਦੀ ਕਾਬਜ਼ ਧਿਰ ਨਾਲ ਕਥਿਤ ਮਿਲੀਭੁਗਤ ਕਾਰਨ ਪ੍ਰਸ਼ਾਸਨ ਕਬਜ਼ਾ ਲੈਣ ਵਿੱਚ ਢਿੱਲ ਵਰਤ ਰਿਹਾ ਹੈ। ਉਨ੍ਹਾਂ ਕਿਹਾ ਕਿ ਜ਼ਮੀਨ ਦਾ ਕਬਜ਼ਾ ਤੁਰੰਤ ਛੁਡਵਾ ਕੇ ਤੀਜੇ ਹਿੱਸੇ ਦੀ ਰਿਜ਼ਰਵ ਕੋਟੇ ਦੀ ਜ਼ਮੀਨ ਮਜ਼ਦੂਰਾਂ ਨੂੰ ਸਸਤੀ ਦਰ 'ਤੇ ਠੇਕੇ ਉੱਪਰ ਦਿੱਤੀ ਜਾਵੇ ਅਤੇ 2 ਮਈ 2023 ਨੂੰ ਗ੍ਰਾਮ ਸਭਾ ਦੇ ਇਜਲਾਸ ਵਿੱਚ ਲੋੜਵੰਦਾਂ ਨੂੰ 5-5 ਮਰਲੇ ਦੇ ਪਲਾਟ ਦੇਣ ਦਾ ਮਤਾ ਪਾਇਆ ਗਿਆ ਸੀ।ਸਾਰੀਆਂ ਕਾਗਜ਼ੀ ਕਾਰਵਾਈਆਂ ਪੂਰੀਆਂ ਹੋਣ ਦੇ ਬਾਵਜੂਦ ਇਸ ਮਤੇ ਨੂੰ ਲਾਗੂ ਨਹੀਂ ਕੀਤਾ ਜਾ ਰਿਹਾ। ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਪ੍ਰਸ਼ਾਸਨ ਨੇ ਪੰਚਾਇਤੀ ਜ਼ਮੀਨ ਦਾ ਕਬਜ਼ਾ ਨਾ ਦਿਵਾਇਆ ਤੇ ਪਲਾਟਾਂ ਦੀ ਵੰਡ ਵਿੱਚ ਦੇਰੀ ਕੀਤੀ, ਤਾਂ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।ਮੁੱਖ ਮੰਤਰੀ ਫੀਲਡ ਅਫ਼ਸਰ ਨੇ ਮੰਗ ਪੱਤਰ ਪ੍ਰਾਪਤ ਕਰਦਿਆਂ ਭਰੋਸਾ ਦਿੱਤਾ ਕਿ ਇਸ ਮਾਮਲੇ ਦੀ ਪੜਤਾਲ ਕਰਕੇ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਇਸ ਮੌਕੇ ਉਪਰੋਕਤ ਤੋਂ ਇਲਾਵਾ ਦਰਬਾਰਾ ਸਿੰਘ, ਗੁਰਮੀਤ ਕੌਰ, ਨਰਿੰਦਰ ਕੌਰ, ਅਮਰਜੀਤ ਕੌਰ, ਜਸਪਾਲ ਕੌਰ, ਸੱਤਿਆ ਕੌਰ ਆਦਿ ਹਾਜ਼ਰ ਰਹੇ।

## ਧੋਖਾਧੜੀ ਦੇ ਮਾਮਲੇ 'ਚ ਦੋ ਨੌਜਵਾਨਾਂ ਖਿਲਾਫ਼ ਮੁਕੱਦਮਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਕੁੱਲਗੜ੍ਹੀ ਅਧੀਨ ਆਉਂਦੇ ਇਲਾਕੇ ਵਿੱਚ ਪੈਸਿਆਂ ਦੀ ਧੋਖਾਧੜੀ ਕਰਨ ਦੇ ਦੋਸ਼ ਵਿੱਚ ਪੁਲਸ ਨੇ ਦੋ ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਇਹ ਕਾਰਵਾਈ ਲੰਬੀ ਪੜਤਾਲ ਤੇ ਉੱਚ ਅਧਿਕਾਰੀਆਂ ਦੀ ਕਾਨੂੰਨੀ ਰਾਏ ਤੋਂ ਬਾਅਦ ਅਮਲ ਵਿੱਚ ਲਿਆਂਦੀ ਗਈ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਸ਼ਿਕਾਇਤਕਰਤਾ ਕਮਲਜੀਤ ਸਿੰਘ ਪੁੱਤਰੀ ਸਵ. ਮਹਿੰਦਰ ਸਿੰਘ ਵਾਸੀ ਬਸਤੀ ਫਕੀਰ ਵਾਲੀ, ਦਾਖਲੀ ਪਿੰਡ ਕਮੱਗਰ, ਥਾਣਾ ਕੁੱਲਗੜ੍ਹੀ ਨੇ ਪੁਲਸ ਕੋਲ ਇਕ ਲਿਖਤੀ ਦਰਖਾਸਤ (ਨੰਬਰ 2903-ਪੀਸੀ, ਮਿਤੀ 29 ਸਤੰਬਰ 2025) ਦਿੱਤੀ ਸੀ। ਸ਼ਿਕਾਇਤ ਵਿੱਚ ਦੱਸਿਆ ਗਿਆ ਕਿ ਕੁਝ ਵਿਅਕਤੀਆਂ ਨੇ ਮਿਲੀਭੁਗਤ ਕਰਕੇ ਉਸ ਨਾਲ ਪੈਸਿਆਂ ਦੇ ਲੈਣ-ਦੇਣ ਵਿੱਚ ਧੋਖਾਧੜੀ ਕੀਤੀ ਹੈ। ਇਸ ਮਾਮਲੇ ਨੂੰ ਦੇਖਦੇ ਹੋਏ ਡੀ ਐੱਸ ਪੀ ਆਰ (ਕਮਿਸ਼ਨ ਪੀ ਸੀ ਰੀਡਰ) ਵੱਲੋਂ ਇਕ ਪੜਤਾਲੀਆ ਰਿਪੋਰਟ (ਨੰਬਰ 130, ਮਿਤੀ 7 ਜਨਵਰੀ 2026) ਤਿਆਰ ਕੀਤੀ ਗਈ। ਇਸ ਤੋਂ ਬਾਅਦ ਮਾਮਲੇ ਦੇ ਕਾਨੂੰਨੀ ਪਹਿਲੂਆਂ ਨੂੰ ਵਾਚਣ ਲਈ ਉੱਪ-ਜ਼ਿਲ੍ਹਾ ਅਟਾਰਨੀ (ਲੀਗਲ) ਫਿਰੋਜ਼ਪੁਰ ਬਲਜੀਤ ਸਿੰਘ ਕੰਬੋਜ ਪਾਸੋਂ ਰਾਏ ਮੰਗੀ ਗਈ ਸੀ। ਉੱਪ-ਜ਼ਿਲ੍ਹਾ ਅਟਾਰਨੀ ਨੇ ਆਪਣੀ ਕਾਨੂੰਨੀ ਰਾਏ (ਪੱਤਰ ਨੰਬਰ 07, ਮਿਤੀ 15 ਜਨਵਰੀ 2026) ਵਿੱਚ ਸਪੱਸ਼ਟ ਕੀਤਾ ਕਿ ਉਕਤ ਮਾਮਲੇ ਵਿੱਚ ਫੌਜਦਾਰੀ ਜੁਰਮ ਬਣਦਾ ਹੈ। ਇਸ ਰਿਪੋਰਟ ਤੇ ਕਾਨੂੰਨੀ ਸਲਾਹ ਦੇ ਆਧਾਰ 'ਤੇ ਸੀਨੀਅਰ ਕਪਤਾਨ ਪੁਲਸ ਫਿਰੋਜ਼ਪੁਰ ਨੇ ਥਾਣਾ ਕੁੱਲਗੜ੍ਹੀ ਦੇ ਮੁੱਖ ਅਫ਼ਸਰ ਨੂੰ ਕਾਨੂੰਨ ਮੁਤਾਬਕ ਤੁਰੰਤ ਕਾਰਵਾਈ ਕਰਨ ਦੇ ਹੁਕਮ ਜਾਰੀ ਕੀਤੇ। ਪੁਲਸ ਪੜਤਾਲ ਦੌਰਾਨ ਇਹ ਤੱਥ ਸਾਹਮਣੇ ਆਏ ਕਿ ਜੁਗਨਦੀਪ ਸਿੰਘ ਉਰਫ ਜੁਗਨੀ ਪੁੱਤਰ ਪਰਮਜੀਤ ਸਿੰਘ ਤੇ ਰਾਜਵਿੰਦਰ ਸਿੰਘ ਉਰਫ ਰਾਜੂ ਪੁੱਤਰ ਸੁਰਜੀਤ ਸਿੰਘ ਦੋਵੇਂ ਵਾਸੀ ਬਸਤੀ ਫਕੀਰ ਵਾਲੀ, ਕਮੱਗਰ ਨੇ ਮਿਲ ਕੇ ਸ਼ਿਕਾਇਤਕਰਤਾ ਨਾਲ ਪੈਸਿਆਂ ਦੀ ਠੱਗੀ ਮਾਰੀ ਸੀ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਬਲਦੇਵ ਸਿੰਘ ਨੇ ਦੱਸਿਆ ਕਿ ਦਸਤਾਵੇਜ਼ਾਂ ਤੇ ਸਬੂਤਾਂ ਨੂੰ ਵਾਚਣ ਤੋਂ ਬਾਅਦ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

## ਪੀ ਐੱਸ ਐੱਮ ਐੱਸ ਯੂ ਵੱਲੋਂ ਮੁਲਾਜ਼ਮ ਮੰਗਾਂ ਨੂੰ ਲੈ ਕੇ ਸੰਘਰਸ਼ ਦੀ ਚਿਤਾਵਨੀ

■ ਸੰਧਵਾਂ ਨੂੰ ਦਿੱਤਾ ਰੋਸ ਚੇਤਾਵਨੀ ਪੱਤਰ



**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਪੰਜਾਬ ਸਟੇਟ ਮਨਿਸਟਰੀਅਲ ਸਰਵਿਸਿਜ਼ ਯੂਨੀਅਨ (ਪੀ. ਐੱਸ. ਐੱਮ ਐੱਸ ਯੂ) ਦੀ ਇਕ ਅਹਿਮ ਆਨਲਾਈਨ ਮੀਟਿੰਗ ਸੂਬਾ ਪ੍ਰਧਾਨ ਪੰਜਾਬ ਗੁਰਨਾਮ ਸਿੰਘ ਵਿਰਕ ਤੇ ਸੂਬਾ ਜਨਰਲ ਸਕੱਤਰ ਪੰਜਾਬ ਤਰਸੇਮ ਭੱਠਲ ਦੀ ਅਗਵਾਈ ਹੇਠ ਹੋਈ।ਮੀਟਿੰਗ ਦੌਰਾਨ ਮੁਲਾਜ਼ਮ ਮੰਗਾਂ ਨੂੰ ਲੈ ਕੇ ਸੰਘਰਸ਼ ਨੂੰ ਹੋਰ ਤੇਜ਼ ਕਰਨ ਸਬੰਧੀ ਕਈ ਅਹਿਮ ਤੇ ਦੂਰਗਾਮੀ ਫ਼ੈਸਲੇ ਲਏ ਗਏ।ਜਾਣਕਾਰੀ ਦਿੰਦਿਆਂ ਬਿਕਰਮਜੀਤ ਸਿੰਘ ਢਿੱਲੋਂ ਜ਼ਿਲ੍ਹਾ ਪ੍ਰਧਾਨ ਪੀ ਐੱਸ ਐੱਮ ਐੱਸ ਯੂ ਇਕਾਈ ਫਰੀਦਕੋਟ ਨੇ ਦੱਸਿਆ ਕਿ ਮੀਟਿੰਗ ਵਿੱਚ ਫ਼ੈਸਲਾ ਕੀਤਾ ਗਿਆ ਕਿ 27 ਜਨਵਰੀ ਤੋਂ 4 ਫਰਵਰੀ 2026 ਤੱਕ ਜ਼ਿਲ੍ਹਾ ਲੀਡਰਸ਼ਿਪ ਵੱਲੋਂ ਆਪਣੇ-ਆਪਣੇ ਜ਼ਿਲ੍ਹਿਆਂ ਦੇ ਸਮੂਹ ਐੱਮ. ਐੱਲ. ਏਜ਼ ਤੇ ਐੱਮ. ਪੀਜ਼ ਨੂੰ ਵਿਆਪਕ ਰੋਸ ਦੇ ਚੇਤਾਵਨੀ ਪੱਤਰ ਸਮੇਤ ਮੰਗ ਪੱਤਰ ਸੌਂਪੇ ਜਾਣਗੇ।ਇਸ ਦੇ ਨਾਲ-ਨਾਲ ਸੂਬਾ ਲੀਡਰਸ਼ਿਪ ਵੱਲੋਂ ਹਰ ਰਾਜਨੀਤਕ ਪਾਰਟੀ ਦੇ ਸੂਬਾਈ ਪ੍ਰਧਾਨਾਂ ਤੇ ਪੰਜਾਬ ਸਰਕਾਰ ਨੂੰ ਵੀ ਚੇਤਾਵਨੀ ਪੱਤਰ ਜਾਰੀ ਕੀਤਾ ਜਾਵੇਗਾ।5 ਤੇ 6 ਫਰਵਰੀ 2026 ਨੂੰ ਜ਼ਿਲ੍ਹਾ ਪੱਧਰ 'ਤੇ ਹਰ ਵਿਭਾਗ ਦੇ ਕਲੈਰੀਕਲ ਕਰਮਚਾਰੀ ਕਾਲੇ ਬਿੱਲੇ ਲਗਾ ਕੇ ਪੰਜਾਬ ਸਰਕਾਰ ਵਿਰੁੱਧ ਆਪਣੇ ਰੋਸ ਦਾ ਇਜ਼ਹਾਰ ਕਰਨਗੇ ਤੇ ਸਰਕਾਰ ਦਾ ਪਿੱਟ ਸਿਆਪਾ ਕੀਤਾ ਜਾਵੇਗਾ।ਇਸ ਤੋਂ ਇਲਾਵਾ 7 ਫਰਵਰੀ ਨੂੰ ਜਲੰਧਰ ਵਿਖੇ ਸੂਬਾ ਪੱਧਰੀ ਮੀਟਿੰਗ ਕਰਨ ਦਾ ਫ਼ੈਸਲਾ ਕੀਤਾ ਗਿਆ ਹੈ, ਜਿਸ ਵਿੱਚ ਅਗਲੇ ਸੰਘਰਸ਼ੀ ਐਕਸ਼ਨ ਪ੍ਰੋਗਰਾਮ ਤੈਅ ਕੀਤੇ ਜਾਣਗੇ।

ਇਸ ਮੀਟਿੰਗ ਦੌਰਾਨ ਪੰਜਾਬ ਸਰਕਾਰ ਵੱਲੋਂ ਕੀਤੀ ਗਈ ਵਾਅਦਾ ਖ਼ਿਲਾਫ਼ੀ, ਮੁਲਾਜ਼ਮਾਂ ਤੇ ਪੈਨਸ਼ਨਰਾਂ ਨਾਲ ਕੀਤੇ ਭਰੋਸਿਆਂ ਨੂੰ ਪੂਰਾ ਨਾ ਕਰਨ ਸਬੰਧੀ ਤੱਥਾਂ ਨੂੰ ਦਰਸਾਉਂਦਾ ਸਾਲ 2026-ਮੁਲਾਜ਼ਮਾਂ ਦੇ ਰੋਸ ਵਰ੍ਹੇ ਦਾ ਕੈਲੰਡਰ ਤਿਆਰ ਕਰ ਕੇ ਰਿਲੀਜ਼ ਕੀਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਜਥੇਬੰਦੀ ਵੱਲੋਂ 9 ਮਾਰਚ ਨੂੰ ਆਪਣੇ ਇਤਿਹਾਸਕ ਦਿਹਾੜੇ ਨੂੰ ਵੱਡੇ ਪੱਧਰ 'ਤੇ ਜਲੰਧਰ ਵਿਖੇ ਮਨਾਉਣ ਦਾ ਫ਼ੈਸਲਾ ਵੀ ਕੀਤਾ ਗਿਆ। ਸੂਬਾ ਕਮੇਟੀ ਦੇ ਫੈਸਲੇ ਮੁਤਾਬਕ ਵਿਆਪਕ ਰੋਸ ਚੇਤਾਵਨੀ ਪੱਤਰ ਬੀਤੇ ਦਿਨ ਨੂੰ ਹਲਕਾ ਕੋਟਕਪੂਰਾ ਦੇ ਐੱਮ ਐੱਲ ਏ ਮਾਣਯੋਗ ਸਪੀਕਰ ਸ੍ਰੀ ਕੁਲਤਾਰ ਸਿੰਘ ਸੰਧਵਾਂ ਨੂੰ ਦਿੱਤਾ ਗਿਆ। ਇਸ ਮੌਕੇ ਸੂਬਾ ਪ੍ਰਧਾਨ ਗੁਰਨਾਮ ਸਿੰਘ ਵਿਰਕ, ਬਿਕਰਮਜੀਤ ਸਿੰਘ ਢਿੱਲੋਂ ਜ਼ਿਲ੍ਹਾ ਪ੍ਰਧਾਨ, ਬਖਸ਼ੀਸ਼ ਸਿੰਘ ਜਰਨਲ ਸਕੱਤਰ, ਮਨਦੀਪ ਸਿੰਘ ਗਿੱਲ ਪ੍ਰਧਾਨ ਡਰੇਨੇਜ ਡਿਪਾਰਟਮੈਂਟ, ਸੇਵਕ ਸਿੰਘ ਪ੍ਰਧਾਨ ਡੀਸੀ ਆਫਿਸ, ਜਸਵਿੰਦਰ ਸਿੰਘ ਘੋਲੀਆ ਪ੍ਰਧਾਨ ਐਗਰੀਕਲਚਰ ਡਿਪਾਰਮੈਂਟ ਆਦਿ ਹਾਜ਼ਰ ਸਨ।

## ਨਗਰ ਸੁਧਾਰ ਟਰੱਸਟ ਵੱਲੋਂ ਵਾਟਰ ਸਪਲਾਈ ਦੇ ਕੰਮ ਦੀ ਸ਼ੁਰੂਆਤ



**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਸ੍ਰ. ਗਗਨਦੀਪ ਧਾਲੀਵਾਲ ਚੇਅਰਮੈਨ ਨਗਰ ਸੁਧਾਰ ਟਰੱਸਟ ਫ਼ਰੀਦਕੋਟ ਨੇ ਬਾਬਾ ਜੀਵਨ ਸਿੰਘ ਨਗਰ ਵਿਖੇ ਵਾਟਰ ਸਪਲਾਈ ਦੇ ਕਨੈਕਸ਼ਨ ਦਾ ਕੰਮ ਸ਼ੁਰੂ ਕਰਵਾਇਆ ਅਤੇ ਦੱਸਿਆ ਕਿ ਲਗਭਗ 54.50 ਲੱਖ ਰੁਪਏ ਦੀ ਲਾਗਤ ਨਾਲ ਸਾਦਿਕ ਚੌਂਕ ਤੋਂ ਲੈ ਕੇ ਬਾਬਾ ਜੀਵਨ ਸਿੰਘ ਨਗਰ ਸਕੀਮ ਤੱਕ ਇਹ ਪਾਈਪ ਲਾਈਨ ਪਾਈ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ 2 ਲੱਖ ਲੀਟਰ ਦਾ ਟੈਂਕ ਪਾਣੀ ਸਟੋਰੇਜ ਕਰਕੇ ਅੱਗੇ ਨਗਰ ਵਾਸੀਆਂ ਨੂੰ ਵਰਤਣ ਦਿੱਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਲਗਭਗ ਡੇਢ ਕਰੋੜ ਰੁਪਏ ਦੀ ਲਾਗਤ ਨਾਲ ਐੱਚਪੀਐੱਲਟੀ ਬਿਜਲੀ ਦੇ ਕੰਮ ਦੇ ਟੈਂਡਰ ਲਗਾਏ ਗਏ ਹਨ, ਜੋ ਕਿ ਅਗਲੇ 10 ਦਿਨਾਂ ਵਿੱਚ ਬਿਜਲੀ ਦੀਆਂ ਲਾਈਨਾਂ ਦਾ ਕੰਮ ਵੀ ਸ਼ੁਰੂ ਕਰਵਾਇਆ ਜਾਵੇਗਾ।ਬਾਬਾ ਜੀਵਨ ਸਿੰਘ ਨਗਰ ਦੇ ਵਿਕਾਸ ਲਈ ਟਰੱਸਟ ਵੱਲੋਂ ਲਗਭਗ 3 ਕਰੋੜ 57 ਲੱਖ ਰੁਪਏ ਦੇ ਕੰਮ ਕਰਵਾਏ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਬਾਬਾ ਜੀਵਨ ਸਿੰਘ ਨਗਰ ਸਕੀਮ ਵਿੱਚ ਸੀਵਰੇਜ ਦੀਆਂ ਪਾਈਪਾਂ ਵਿਛਾਉਣ ਦਾ ਕੰਮ 62.93 ਲੱਖ ਰੁਪਏ ਦੀ ਲਾਗਤ ਨਾਲ ਕਰਵਾਇਆ ਜਾ ਰਿਹਾ ਹੈ।ਇਸ ਤਰ੍ਹਾਂ ਬਾਬਾ ਜੀਵਨ ਸਿੰਘ ਨਗਰ ਸਕੀਮ ਵਿੱਚ ਐੱਚ.ਟੀ.ਐੱਲ.ਟੀ. ਲਾਈਨਾਂ ਦਾ ਕੰਮ 140.57 ਲੱਖ ਰੁਪਏ ਦੀ ਲਾਗਤ ਨਾਲ ਜਲਦ ਹੀ ਸ਼ੁਰੂ ਕਰਵਾ ਦਿੱਤਾ ਜਾਵੇਗਾ।ਇਸ ਸਕੀਮ ਦੀ ਫਰੰਟ ਦੀ ਬਿਊਟੀਫਿਕੇਸ਼ਨ ਲਈ ਟਰੱਸਟ ਵੱਲੋਂ 49.29 ਲੱਖ ਰੁਪਏ ਦੀ ਲਾਗਤ ਨਾਲ ਕੰਮ ਕਰਵਾਇਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਬਾਬਾ ਜੀਵਨ ਸਿੰਘ ਨਗਰ ਵਿੱਚ ਪਾਰਕਾਂ ਤੇ ਗਰੀਨ ਬੈਲਟ ਦਾ ਕੰਮ 49.86 ਲੱਖ ਰੁਪਏ ਦੀ ਲਾਗਤ ਨਾਲ ਕਰਵਾਇਆ ਜਾ ਰਿਹਾ ਹੈ।ਉਨ੍ਹਾਂ ਜ਼ਿਲ੍ਹਾ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਜੋ ਵੀ ਡਿਊਟੀ ਉਨ੍ਹਾਂ ਨੂੰ ਸੌਂਪੀ ਗਈ ਹੈ, ਉਹ ਉਸ ਨੂੰ ਤਨਦੇਹੀ ਨਾਲ ਨਿਭਾਉਣਗੇ।ਉਨ੍ਹਾਂ ਅਪੀਲ ਕੀਤੀ ਕਿ ਵੱਧ ਤੋਂ ਵੱਧ ਲੋਕ ਪਲਾਂਟ ਖਰੀਦ ਕੇ ਉਨ੍ਹਾਂ ਨੂੰ ਸਹਿਯੋਗ ਦੇਣ।ਇਸ ਮੌਕੇ ਗੁਰਰਾਜ ਸਿੰਘ ਨਗਰ ਸੁਧਾਰ ਟਰੱਸਟ ਇੰਜੀਨੀਅਰ, ਸ਼ਮਿੰਦਰ ਸਿੰਘ ਐਕਸੀਅਨ ਵਾਟਰ ਸਪਲਾਈ ਹਾਜ਼ਰ ਸਨ।

## ਪੰਜਾਬੀ 'ਵਰਸਿਟੀ 'ਚ ਹੰਸ ਰਾਜ ਹੰਸ ਨੇ ਸੂਫ਼ੀਆਨਾ ਗਾਇਕੀ ਨਾਲ਼ ਬੰਨ੍ਹਿਆ ਰੰਗ

■ ਪੰਜਾਬੀ 'ਵਰਸਿਟੀ ਹੈ ਆਮ ਲੋਕਾਂ ਦੀ ਯੂਨੀਵਰਸਿਟੀ : ਖੁੱਡੀਆਂ ■ ਪੰਜਾਬੀ ਭਾਸ਼ਾ ਦਾ ਵਿਕਾਸ ਕਰਨਾ ਹੀ ਯੂਨੀਵਰਸਿਟੀ ਦਾ ਮੁੱਖ ਉਦੇਸ਼ : ਉਪ-ਕੁਲਪਤੀ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

I, Natasha Nayyar wife of Abhishek Kalra resident of H.No. 35-B, Sodal Road, Gobind Nagar, Jalandhar, Punjab have changed my name from Natasha Nayyar to Natasha after marriage. All concerned please note.

I, Priyanka D/o Jasvir Singh W/o Lagan Chadha R/o H.No B-XX11/97/6, Mohabbat Nagar, Kapurthala, Punjab have changed my name from Priyanka to Priyanka Chadha. All Please Note.

I, Rakesh Masih s/o Parvej Masih r/o Vill. Malian Faqira, Po. Zaffarwal, Distt. Gurdaspur have changed my name to Given name as Rakesh & Surname as Masih. All Please Note.

I, Rajan Kumar s/o Subhash Chander r/o H.No. N.K-391, Mohalla Jattpura, Jalandhar, Punjab have changed my minor son name from Mitul to Mitul Mehra. All Please Note.

I, Sangit w/o Ramesh Chander Arora r/o H.No. 265, Garha Road, Chhoti Baradari, Part-2, Jalandhar-144022, Punjab have changed my name to Sangit Arora. All Please Note.

I, Pritam Singh Johar s/o Jagat Singh r/o H.No. 815/9, Housing Board Colony, GTB Nagar, Jalandhar have changed my from Pritam Singh Johar to Pritam Singh. All Please Note.

I, Honey Kumar s/o Lakhbir Singh r/o H.No. 165, Shiv Nagar, Sodal Road, Jalandhar have changed my name to Given name as Honey & Surname as Kumar. All Please Note.

I, Harpinder Singh S/o Amrik singh R/o Vill. Mehmadwal, Po. Khiranwali, Distt. Kapurthala, Punjab have changed my name from Harpinder Singh to Singh Harpinder (Surname as Singh) All Please Note.

I, Palwinder Singh S/o Lashkar Singh R/o 312, Guru Teg Bahadar Nagar, Kapurthala have changed my name from Palwinder Singh to Singh Palwinder (Surname as Singh) All Please Note.

I, Amit Kumar Chhabra S/o Amar Nath R/o H.No. 64, W.No. 08, Near Shiv Mandir, Bhim Nagar Camp, Moga-142001, Punjab have changed my name from Amit Kumar Chhabra to Amit Kumar. All Please Note.

I, Ashima W/o Shivam Kalra R/o H.No. 26, Lane-4, Near Euro Kids School, Shiv Vihar, Jalandhar, Punjab have changed my name from Ashima to Ashima Malhotra. Ashima is my Given Name & Malhotra is my Surname. All concerned please note

I, Gurshan Singh S/O Gurjant Singh R/O Vill. Jadli PO. Garle Dhaha, Tehsil Balachaur, Distt. SBS Nagar-144526 Punjab have changed my name from Gurshan Singh to Gurshan Singh Sangha (Sangha as Surname). All note.

## ਬੇਦਖਲੀ ਨੋਟਿਸ

ਮੈਂ ਭੂਰਾ ਸਿੰਘ ਪੁੱਤਰ ਮੇਹਰ ਸਿੰਘ ਵਾਸੀ ਧਨੌਲਾ ਤਹਿਸੀਲ ਵ ਜਿਲ੍ਹਾ ਬਰਨਾਲਾ ਦਾ ਰਹਿਣ ਵਾਲਾ ਹਾਂ ਮੈਂ ਹਲਫ ਨਾਲ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਪੂਰਨ ਸਿੰਘ ਜੋ ਬੁਰੀ ਸੰਗਤ ਦਾ ਸ਼ਿਕਾਰ ਹੋ ਕੇ ਨਸ਼ੇ ਕਰਨ ਦਾ ਆਦੀ ਹੋ ਗਿਆ ਹੈ ਅਤੇ ਮੇਰੇ ਕਹਿਣੇ ਤੋਂ ਬਿਲਕੁਲ ਬਾਹਰ ਹੈ ਇਸ ਤੋਂ ਮੈਂ ਤੰਗ ਆ ਕੇ ਮੈ ਇਸ ਨੂੰ ਆਪਣੀ ਚਲਤ ਅਚਲਤ ਜਾਇਦਾਦ ਤੋ ਬੇਦਖਲ ਕਰਦਾ ਹਾਂ ਇਸ ਦਾ ਮੇਰੇ ਪਰਿਵਾਰ ਅਤੇ ਰਿਸ਼ਤੇਦਾਰਾਂ ਨਾਲ ਕੋਈ ਸਬੰਧ ਨਹੀਂ ਹੈ ਇਹ ਬਾਹਰ ਕਿਸੇ ਨਾਲ ਲੜਾਈ ਝਗੜਾ ਕਰਦਾ ਹੈ ਜਾ ਕਿਸੇ ਤਰ੍ਹਾਂ ਦਾ ਕੋਈ ਵੀ ਕਦਮ ਚੁੱਕਦਾ ਹੈ ਉਹ ਖੁਦ ਜਿੰਮੇਵਾਰ ਹੈ ਇਸ ਨਾਲ ਲੈਣ ਦੇਣ ਵਾਲਾ ਵੀ ਖੁਦ ਜਿੰਮੇਵਾਰ ਹੋਵੇਗਾ।

ਮੈਂ ਰਣਜੀਤ ਸਿੰਘ ਪੁੱਤਰ ਕਪੂਰ ਸਿੰਘ ਵਾਸੀ ਨੇੜੇ ਗੁਰਦੁਆਰਾ ਨਾਨਕਸਰ ਘੱਗਾ ਤਹਿਸੀਲ ਪਾਤੜਾਂ ਜਿਲਾ ਪਟਿਆਲਾ ਆਪਣੇ ਲੜਕੇ ਕੰਵਰਜੋਤ ਸਿੰਘ ਅਤੇ ਨੂੰਹ ਨਵਦੀਪ ਕੌਰ ਨੂੰ ਕਹਿਣੇ ਤੋਂ ਬਾਹਰ ਅਤੇ ਬੁਰੀ ਸੰਗਤ ਦਾ ਸ਼ਿਕਾਰ ਹੋਣ ਕਰਕੇ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ।

## ਬੇਦਖਲੀ ਨੋਟਿਸ

ਮੈਂ, ਇਕਬਾਲ ਸਿੰਘ ਸਰਾਂ ਪੁੱਤਰ ਹਰੀ ਸਿੰਘ ਵਾ ਮਨਦੀਪ ਕੌਰ ਪਤਨੀ ਇਕਬਾਲ ਸਿੰਘ ਵਾਸੀਆਨ ਪਿੰਡ ਕਾਲੀਏਵਾਲ, ਤਹਿਸੀਲ ਵਾ ਜ਼ਿਲ੍ਹਾ ਮੋਗਾ ਬਿਆਨ ਕਰਦੇ ਹਾਂ ਕਿ ਸਾਡੀ ਲੜਕੀ ਅਮਨਪ੍ਰੀਤ ਕੌਰ ਸਾਡੇ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦੀ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਅਮਰੀਕ ਸਿੰਘ ਪੁੱਤਰ ਦਿਆਲ ਸਿੰਘ ਵਾਸੀ ਪੱਤੀ ਮਾਨਾਂ ਦੀ, ਗੁਰੂ ਕੀ ਵਡਾਲੀ, ਡਾਕ. ਛੇਹਰਟਾ, ਤਹਿਸੀਲ ਵਾ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਮਲਕੀਤ ਸਿੰਘ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਲਖਵਿੰਦਰ ਸਿੰਘ ਪੁੱਤਰ ਜਗੀਰ ਸਿੰਘ ਵਾਸੀ ਮਕਾਨ ਨੰਬਰ 632, ਨਿਮਲਾ ਰੋਡ ਹੇਤ ਰਾਮ ਕਾਲੋਨੀ ਨਰੈਣਗੜ੍ਹ, ਛੇਹਰਟਾ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਹਰਦੀਪ ਸਿੰਘ ਅਤੇ ਮੇਰੀ ਨੂੰਹ ਕੁਲਵੰਤ ਕੌਰ, ਮੇਰੇ ਪੋਤਰੇ ਮਨਜੋਤ ਸਿੰਘ, ਦਵਿੰਦਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਮੈਨੂੰ ਤੰਗ-ਪ੍ਰੇਸ਼ਾਨ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਕੁਲਵੰਤ ਕੌਰ ਪਤਨੀ ਸਵਿੰਦਰ ਸਿੰਘ ਵਾਸੀ ਮੁੱਲਾ ਬਿਹਰਾਮ, ਡਾਕਖਾਨਾ ਗੁਮਾਨਪੁਰਾ, ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਬਲਜਿੰਦਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਨਰਿੰਦਰ ਕੁਮਾਰ ਪੁੱਤਰ ਸ਼ਾਮ ਲਾਲ ਵਾਸੀ 592, ਐੱਸ. ਜੀ. ਇਨਕਲੇਵ ਫੇਸ-1, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰੀ ਪੁੱਤਰੀ ਨੀਤੂ ਸਚਦੇਵਾ ਪਤਨੀ ਸਚਿਨ ਸਚਦੇਵਾ, ਵਾਸੀ ਮਕਾਨ ਨੰ. 400, ਸਰੋਜਨੀ ਨਗਰ, ਯਮਨਾ ਨਗਰ, ਹਰਿਆਣਾ, ਜੋ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਮੈਨੂੰ ਤੰਗ -ਪ੍ਰੇਸ਼ਾਨ ਕਰਦੀ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ। ਸੰਬੰਧਤ ਨੋਟ ਕਰਨ।

ਅਸੀਂ, ਰਣਜੀਤ ਸਿੰਘ ਪੁੱਤਰ ਬਚਨ ਸਿੰਘ ਅਤੇ ਮਨਜੀਤ ਕੌਰ ਪਤਨੀ ਰਣਜੀਤ ਸਿੰਘ ਵਾਸੀਆਨ ਨੇੜੇ ਰੇਲਵੇ ਫਾਟਕ, ਪਿੰਡ ਤੇ ਡਾਕ. ਖਾਨਕੋਟ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਮਨਿੰਦਰਜੀਤ ਸਿੰਘ ਅਤੇ ਉਸ ਦੀ ਪਤਨੀ ਨੀਲਮ ਦੀਪ ਸਾਡੇ ਕਹਿਣੇ ਤੋਂ ਬਾਹਰ ਹਨ। ਸਾਨੂੰ ਤੰਗ-ਪ੍ਰੇਸ਼ਾਨ ਕਰਦੇ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਸ਼ਰਨਜੀਤ ਕੌਰ ਵਿਰਕ ਪਤਨੀ ਸੁਰਜੀਤ ਸਿੰਘ ਵਿਰਕ ਵਾਸੀਆਨ ਕੋਠੇ ਪੱਤੀ ਮੁਹੱਬਤ, ਮੋਗਾ, ਤਹਿਸੀਲ ਵਾ ਜ਼ਿਲ੍ਹਾ ਮੋਗਾ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਜਗਸੀਰ ਸਿੰਘ ਵਿਰਕ ਅਤੇ ਨੂੰਹ ਕਮਲਜੀਤ ਕੌਰ ਵਿਰਕ ਪਤਨੀ ਜਗਸੀਰ ਸਿੰਘ ਵਿਰਕ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਘਰ ਦਾ ਮਾਹੌਲ ਖਰਾਬ ਕਰਦੇ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈ ਰਛਪਾਲ ਸਿੰਘ ਪੁੱਤਰ ਹਰਬੰਸ ਸਿੰਘ ਵਾਸੀ ਸੈਦਪੁਰ, ਤਹਿਸੀਲ ਪੱਟੀ ਜਿਲਾ ਤਰਨਤਾਰਨ ਦਾ ਰਹਿਣ ਵਾਲਾ ਹਾ। ਮੇਰਾ ਪੁੱਤਰ ਗੁਰਵੰਤ ਸਿੰਘ ਜੋ ਕਿ ਮੇਰੇ ਕਹਿਣੇ ਤੋ ਬਾਹਰ ਹੈ। ਮੈ ਆਪਣੇ ਲੜਕੇ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਵਿਚੋ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜੁੰਮੇਵਾਰ ਹੋਵੇਗਾ।

ਮੈਂ ਜਸਬੀਰ ਸਿੰਘ ਪੁੱਤਰ ਗਰੀਬ ਸਿੰਘ, ਪਿੰਡ ਅਤੇ ਤਹਿਸੀਲ ਤਰਸਿੱਕਾ, (ਅੰਮ੍ਰਿਤਸਰ), ਆਪਣੇ ਲੜਕੇ ਜਗਜੀਤ ਸਿੰਘ ਨੂੰ ਕਹਿਣੇ ਤੋਂ ਬਾਹਰੀ ਹੋਣ ਕਾਰਣ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਬਲਵਿੰਦਰ ਸਿੰਘ ਪੁੱਤਰ ਬਲਕਾਰ ਸਿੰਘ ਵਾਸੀ ਪਿੰਡ ਬੱਖੇਵਾਲ, ਨਵਾਂ ਦਾਣਾ ਮੰਡੀ ਰੋਡ, ਬਟਾਲਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਹਰਸ਼ਦੀਪ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਸਾਰੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਸਵਰਨ ਸਿੰਘ ਪੁੱਤਰ ਸ੍ਰੀ ਗੁਰਮੇਜ ਸਿੰਘ ਵਾਸੀ ਪਿੰਡ ਨਵਾਂ ਪਿੰਡ ਅਕਾਲੀਆਂ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਜੁਗਰਾਜ ਸਿੰਘ ਅਤੇ ਜਸਵਿੰਦਰ ਸਿੰਘ ਅਤੇ ਨੂੰਹ ਜਸਪ੍ਰੀਤ ਕੌਰ ਪਤਨੀ ਜਸਵਿੰਦਰ ਸਿੰਘ ਤਿੰਨੇ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

## ਨਾਂਅ ਦੀ ਬਦਲੀ

ਮੈਂ, ਸੰਦੀਪ ਕੌਰ ਟਾਂਕ ਪੁੱਤਰੀ ਰਾਜਿੰਦਰ ਸਿੰਘ, ਪਤਨੀਂ ਇੰਤਿੰਦਰ ਸਿੰਘ ਸੋਹੀ, ਪਿੰਡ ਪਲਾਸੌਰ (ਧੂਰੀ) ਸੰਗਰੂਰ ਨੇ ਆਪਣਾ ਨਾਮ ਬਦਲ ਕੇ ਸੰਦੀਪ ਕੌਰ ਸੋਹੀ ਰੱਖ ਲਿਆ ਹੈ।

ਮੈਂ ਸੁਖਚੈਨ ਖਾਨ ਪੁੱਤਰ ਪਾਲਾ ਖਾਨ ਵਾਸੀ ਗੁਰੂ ਨਾਨਕ ਨਗਰ ਸਮਾਣਾ ਜਿਲਾ ਪਟਿਆਲਾ ਨੇ ਆਪਣਾ ਨਾਮ ਸੁਖਚੈਨ ਖਾਨ ਤੋਂ ਬਦਲ ਕੇ ਯੂਸਫ ਖਾਨ ਰੱਖ ਲਿਆ ਹੈ ਸਬੰਧਤ ਨੋਟ ਕਰਨ।

## ਆਮ ਸੂਚਨਾ

ਹਰਮਿੰਦਰ ਕੌਰ ਪਤਨੀ ਮਨਮੋਹਨ ਸਿੰਘ ਰੱਖੜਾ ਵਾਸੀ ਮਕਾਨ ਨੰਬਰ 206, ਵਾਰਡ ਨੰਬਰ 05, ਬਾਬਾ ਈਸ਼ਰ ਸਿੰਘ ਨਗਰ ਮੋਗਾ, ਹਰਮਿੰਦਰ ਕੌਰ ਅਤੇ ਹਰਮਿੰਦਰ ਕੌਰ ਰੱਖੜਾ ਦੋਨੋਂ ਨਾਂਅ ਮੇਰੇ ਹੀ ਹਨ। ਮੈਨੂੰ ਇਨ੍ਹਾਂ ਦੋਵਾਂ ਨਾਵਾਂ ਨਾਲ ਜਾਣਿਆ ਜਾਂਦਾ ਹੈ।

ਮੈਂ ਕੁਲਵਿੰਦਰ ਕੌਰ ਪਤਨੀ ਜਸਵੰਤ ਸਿੰਘ ਵਾਸੀ ਪਿੰਡ ਵਡਾਲਾ ਗ੍ਰੰਥੀਆਂ, ਤਹਿਸੀਲ ਬਟਾਲਾ, ਜਿਲ੍ਹਾ ਗੁਰਦਾਸਪੁਰ। ਮੇਰੀ ਸ਼ਾਦੀਸ਼ੁਦਾ ਲੜਕੀ ਰਣਜੀਤ ਕੌਰ ਨੂੰ ਆਪਣੀ ਚੱਲ - ਅਚੱਲ ਜਾਇਦਾਦ ਤੋਂ ਬੇਦਖਲ ਕੀਤਾ ਸੀ। ਹੁਣ ਉਹ ਮੇਰੇ ਕਹਿਣੇ ਵਿਚ ਹੈ। ਮੈਂ ਇਸ ਨੂੰ ਦਿੱਤੀ ਹੋਈ ਬੇਦਖਲੀ ਵਾਪਸ ਲੈਂਦੀ ਹਾਂ। ਹੁਣ ਇਹ ਮੇਰੀ ਜਾਇਦਾਦ ਦੀ ਪੂਰੀ ਹੱਕਦਾਰ ਹੋਵੇਗੀ। ਸੰਬਧਤ ਨੋਟ ਕਰਨ।

ਹਰਜਿੰਦਰ ਸਿੰਘ ਪੁੱਤਰ ਸੋਹਣ ਸਿੰਘ, ਵਾਸੀ ਸੋਹਲ (ਗੁਰਦਾਸਪੁਰ) ਦਾ ਟਿਊਬਵੈੱਲ ਕੁਨੈਕਸ਼ਨ ਨੰਬਰ ਏ ਪੀ 19/1755 ਨੂੰ ਲਖਵਿੰਦਰ ਸਿੰਘ ਪੁੱਤਰ ਸੋਹਣ ਸਿੰਘ ਵਾਸੀ ਸੋਹਲ ਨੇ ਆਪਣੇ ਨਾਂਅ 'ਤੇ ਕਰਨ ਲਈ ਉਪ ਮੰਡਲ ਧਾਰੀਵਾਲ ਵਿਚ ਦਰਖਾਸਤ ਦਿੱਤੀ ਹੈ। ਇਤਰਾਜ਼ੀ 15 ਦਿਨਾਂ ਅੰਦਰ ਦਫਤਰ ਨਾਲ ਸੰਪਰਕ ਕਰਨ।

ਮੈਂ, ਜਸਮੇਲ ਸਿੰਘ ਪੁੱਤਰ ਆਤਮਾ ਸਿੰਘ (Jasmal Singh S/o Aatma Singh) ਵਾਸੀ ਪਿੰਡ ਝੰਜੋਟੀ, ਤਹਿਸੀਲ ਰਾਜਾਸਾਂਸੀ, ਜ਼ਿਲ੍ਹਾ ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਸਟੇਟ ਬੈਂਕ ਆਫ ਇੰਡੀਆ ਵਿਚ ਮੇਰੇ ਖਾਤਾ ਨੰਬਰ 65124305501 'ਤੇ ਮੇਰਾ ਨਾਂਅ ਗਲਤ ਜਸਮੇਲ ਸਿੰਘ ਪੁੱਤਰ ਅਜੀਤ ਸਿੰਘ (Jasmail Singh S/o Ajit Singh) ਲਿਖਿਆ ਹੋਇਆ ਹੈ। ਮੇਰਾ ਸਹੀ ਨਾਂਅ ਜਸਮੇਲ ਸਿੰਘ ਪੁੱਤਰ ਆਤਮਾ ਸਿੰਘ (Jasmal Singh S/o Aatma Singh) ਹੈ।

ਮੈਂ, ਪ੍ਰਿਅੰਕਾ ਰਾਣੀ ਪਤਨੀ ਜੋਗਿੰਦਰ ਕੁਮਾਰ ਵਾਸੀ ਨੂਰਮਹਿਲ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਵਿਆਹ ਜੋਗਿੰਦਰ ਕੁਮਾਰ ਨਾਲ ਹੋਇਆ ਸੀ, ਸਾਡਾ ਇੱਕ ਲੜਕਾ ਹੈ ਜਿਸਦਾ ਨਾਮ ਨਿਤਿਸ਼ ਕੁਮਾਰ ਹੈ ਜੋ ਕਿ ਮੇਰੇ ਨਾਲ ਰਹਿੰਦਾ ਹੈ। ਅਸੀਂ ਜੋਗਿੰਦਰ ਕੁਮਾਰ ਨਾਲੋਂ 7-8 ਸਾਲ ਤੋਂ ਅਲਗ ਰਹਿ ਰਹੇ ਹਾਂ। ਮੇਰਾ ਮੇਰੇ ਪਤੀ ਜੋਗਿੰਦਰ ਕੁਮਾਰ ਨਾਲ ਕੋਈ ਤਲਕ ਵਾਸਤਾ ਨਹੀਂ ਹੈ। ਜੇਕਰ ਕੋਈ ਵੀ ਵਿਅਕਤੀ ਇਸ ਨਾਲ ਕਿਸੇ ਵੀ ਤਰ੍ਹਾਂ ਦਾ ਲੈਣ ਦੇਣ ਕਰੇਗਾ, ਉਹ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਅਸੀਂ, ਸਤਬੀਰ ਸਿੰਘ ਵਾ ਰਘੁਬੀਰ ਸਿੰਘ ਪੁੱਤਰਾਨ ਹਰਪ੍ਰੀਤ ਸਿੰਘ ਵਾਸੀਆਨ ਮਕਾਨ ਨੰਬਰ 569/6-ਡੀ, ਗਲੀ ਜੁਲਾਇਆਂ ਵਾਲੀ, ਮੇਨ ਚੌਕ, ਕੋਟ ਖਾਲਸਾ, ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਛੋਟਾ ਭਰਾ ਧਰਮਬੀਰ ਸਿੰਘ ਸਾਡੇ ਕਹਿਣੇ ਤੋਂ ਬਾਹਰ ਹੈ, ਸਾਨੂੰ ਤੰਗ-ਪ੍ਰੇਸ਼ਾਨ ਕਰਦਾ ਹੈ। ਸਾਡਾ ਇਸ ਨਾਲ ਕੋਈ ਰਿਸ਼ਤਾ ਵਾ ਤਲਕ-ਵਾਸਤਾ ਨਹੀਂ ਹੈ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

## PUBLIC NOTICE

I, Hardeep Singh S/o Joginder Singh R/o Village Chorha Kalan, PO. Dostpur, Distt. Gurdaspur, Punjab-143526, India. Declare that my given name as Hardeep and my Surname as Singh.

I, Raj Kumar S/o Rattan Kumar & Rosy W/o Raj Kumar R/o H. No. 19, Basti Peer Dad Road, Chandan Vihar, Jalandhar declare my son Prashant Kumar is out of my control. I Disinherit him from my moveable & Immovable properties. Any body dealing with him will do at his own risk & responsibilities.

I, Ram Lal S/o Paras Ram R/o H.No. 350-A, Ward No. 10, Beant Nagar, Jalandhar, Punjab declare that my son Amandeep is out of my control. I disinherit him from my moveable and immovable properties. I and my family shall not be held responsible for any of his acts, deeds and things. All please note.

I, Swaranjit Kaur W/o Late. Tarsem Lal R/o H.No. 497, Mohalla Kacha Kot, Jalandhar, Punjab declare that my son Sukhveer Singh (Born on 02.07.2002) is out of my control. I disinherit him from my moveable and immovable properties. I and my family shall not be held responsible for any of his acts, deeds and things. All please note.

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਹਰਿੰਦਰਜੀਤ ਸਿੰਘ ਤਹਿਸੀਲਦਾਰ -ਕਮ- ਸਹਾਇਕ ਕੁਲੈਕਟਰ ਦਰਜਾ ਅੱਵਲ ਆਦਮਪੁਰ, ਤਹਿਸੀਲ ਆਦਮਪੁਰ, ਜ਼ਿਲ੍ਹਾ ਜਲੰਧਰ।
ਕੇਸ ਅਨੁਵਾਨ : ਕੁਲਜੀਤ ਸਿੰਘ ਵਗੈਰਾ ਬਨਾਮ ਕੇਵਲ ਸਿੰਘ ਬਗੈਰਾ
ਵਾਕਿਆ ਪਿੰਡ : ਡਮੁੰਡਾ, ਤਹਿਸੀਲ ਆਦਮਪੁਰ, ਜ਼ਿਲ੍ਹਾ ਜਲੰਧਰ
ਕੇਸ ਨੰਬਰ : other case/2025

ਇਹ ਇਸ਼ਤਿਹਾਰ/ਨੋਟਿਸ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ

ਨੋਟਿਸ ਬਨਾਮ

1. ਕੇਵਲ ਸਿੰਘ ਪੁੱਤਰ ਵਰਿਆਮ ਸਿੰਘ, 2. ਕਾਬਲ ਸਿੰਘ ਪੁੱਤਰ ਬੰਤ ਸਿੰਘ, 3. ਗੁਰਬਖਸ਼ ਸਿੰਘ ਪੁੱਤਰ ਸਵਰਨ ਸਿੰਘ, 4. ਗਿਆਨ ਸਿੰਘ ਪੁੱਤਰ ਸਵਰਨ ਸਿੰਘ, 5. ਪ੍ਰੇਮ ਸਿੰਘ ਪੁੱਤਰ ਸਵਰਨ ਸਿੰਘ, 6. ਕੁਲਵਿੰਦਰ ਕੌਰ ਮਨਜੀਤ ਸਿੰਘ, 7. ਸਰਬਜੀਤ ਸਿੰਘ ਪੁੱਤਰ ਦੀਦਾਰ ਸਿੰਘ, 8. ਗੁਰਪ੍ਰੀਤ ਸਿੰਘ ਪੁੱਤਰ ਸੋਹਣ ਸਿੰਘ, 9. ਨਰਿੰਦਰ ਸਿੰਘ ਪੁੱਤਰ ਮਲਕੀਤ ਸਿੰਘ, 10. ਬਲਬੀਰ ਸਿੰਘ ਪੁੱਤਰ ਮਲਕੀਤ ਸਿੰਘ, 11. ਸੰਤੋਖ ਸਿੰਘ ਪੁੱਤਰ ਮਲਕੀਤ ਸਿੰਘ, ਸਾਰੇ ਵਾਸੀ ਪਿੰਡ ਡਮੁੰਡਾ, ਤਹਿਸੀਲ ਆਦਮਪੁਰ, ਜ਼ਿਲ੍ਹਾ ਜਲੰਧਰ, 12. ਪੰਜਾਬ ਨੈਸ਼ਨਲ ਬੈਂਕ ਬਰਾਂਚ ਪਿੰਡ ਅਜਨੋਹਾ, ਜ਼ਿਲ੍ਹਾ ਹੁਸ਼ਿਆਰਪੁਰ

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਕਿ ਉਪਰੋਕਤ ਤਕਸੀਮ ਕੇਸ ਵਿੱਚ ਉੱਤਰਵਾਦੀਆਂ ਦੀ ਇਤਲਾਹ ਆਮ ਤਰੀਕੇ ਨਾਲ ਨਹੀਂ ਹੋ ਸਕਦੀ। ਇਸ ਤਕਸੀਮ ਕੇਸ 'ਤੇ ਜੇਕਰ ਕਿਸੇ ਵੀ ਧਿਰ ਨੂੰ ਕੋਈ ਇਤਰਾਜ਼ ਹੈ ਤਾਂ ਉਹ ਆਪਣੇ ਇਤਰਾਜ਼ ਮਿਤੀ 19/2/2026 ਬਾਅਦ ਦੁਪਹਿਰ 2:30 ਵਜੇ ਅਦਾਲਤ ਵਿੱਚ ਹਾਜ਼ਰ ਆਵੇ ਜਾਂ ਖੁਦ ਪੇਸ਼ ਹੋ ਕੇ/ਮੁਖਤਾਰ ਰਾਹੀਂ/ਅਸਾਲਤਨ ਜਾਂ ਵਕਾਲਤਨ ਰਾਹੀਂ ਪੇਸ਼ ਹੋ ਕੇ ਇਤਰਾਜ਼ ਦੇ ਸਕਦੇ ਹਨ। ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਕਾਰਵਾਈ ਇਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਜਾਵੇਗੀ।

ਅੱਜ ਮਿਤੀ 28/1/2026 ਨੂੰ ਮੇਰੇ ਦਸਤਖਤਾਂ ਤੇ ਮੋਹਰ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਸਹੀ/- ਤਹਿਸੀਲਦਾਰ -ਕਮ- ਸਹਾਇਕ ਕੁਲੈਕਟਰ ਦਰਜਾ ਅੱਵਲ ਆਦਮਪੁਰ, ਤਹਿਸੀਲ ਆਦਮਪੁਰ, ਜਲੰਧਰ।

## ਇਸ਼ਤਿਹਾਰ ਨੋਟਿਸ

ਬਾ ਅਦਾਲਤ ਸ੍ਰੀ ਬਲਵਿੰਦਰ ਸਿੰਘ ਨਾਇਬ ਤਹਿਸੀਲਦਾਰ ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ ਲੋਹੀਆਂ, ਜ਼ਿਲ੍ਹਾ ਜਲੰਧਰ।
ਮਿਸਲ ਨੰ. 31/ਐੱਨ.ਟੀ./2025    ਕੇਸ ਦੀ ਕਿਸਮ (ਤਕਸੀਮ) ਕੇਸ
ਅਨੁਵਾਨ : ਬੂਟਾ ਸਿੰਘ ਪੁੱਤਰ ਭਾਗ ਸਿੰਘ ਪੁੱਤਰ ਆਸਾ ਸਿੰਘ, ਵਾਸੀ ਜਲਾਲਪੁਰ ਖੁਰਦ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ।

ਬਨਾਮ

1 ਗੁਰਚਰਨ ਸਿੰਘ ਪੁੱਤਰ ਪਰਮਜੀਤ ਸਿੰਘ 2. ਮਨਜਿੰਦਰ ਸਿੰਘ ਪੁੱਤਰ ਤੇਜਾ ਸਿੰਘ 3. ਮੱਖਣ ਸਿੰਘ ਪੁੱਤਰ ਜਗਤਾਰ ਸਿੰਘ 4. ਬਖਸ਼ੀਸ਼ ਸਿੰਘ 5. ਬਿੰਦਰ ਸਿੰਘ ਪੁੱਤਰ ਭਜਨ ਸਿੰਘ 6 ਪ੍ਰੀਤਮ ਕੌਰ ਵਿਧਵਾ ਤੇਜਾ ਸਿੰਘ 7. ਭੋਲੂ ਪੁੱਤਰ ਜੀਤੂ 8. ਕੁਲਜੀਤ ਸਿੰਘ ਪੁੱਤਰ ਸਲਵਿੰਦਰ ਸਿੰਘ 9. ਬਲਵੰਤ ਕੌਰ ਮਾਤਾ ਸਲਵਿੰਦਰ ਸਿੰਘ ਵਾਸੀ ਜਲਾਲਪੁਰ ਖੁਰਦ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ।

ਉਪਰੋਕਤ ਵਿਸ਼ੇ ਸੰਬੰਧੀ ਪਹਿਲੀ ਧਿਰ ਵੱਲੋਂ ਇਸ ਦਫਤਰ ਵਿੱਚ ਤਕਸੀਮ ਦਾ ਕੇਸ ਪਾਇਆ ਗਿਆ ਹੈ। ਇਹ ਤਕਸੀਮ ਦਾ ਕੇਸ ਇਸ ਅਦਾਲਤ ਵਿੱਚ ਚੱਲ ਰਿਹਾ ਹੈ। ਦੂਜੀ ਧਿਰ ਦੇ ਵਿਅਕਤੀ ਸੰਬੰਧਤ ਪਿੰਡ ਵਿੱਚ ਨਹੀਂ ਰਹਿੰਦੇ ਵਿਦੇਸ਼ ਜਾਂ ਪਿੰਡ ਤੋਂ ਬਾਹਰ ਰਹਿੰਦੇ ਹਨ। ਇਸ ਕੇਸ ਦੀ ਤਰੀਕ ਪੇਸ਼ੀ ਮਿਤੀ 12.2.26 ਨਿਸ਼ਚਿਤ ਹੈ। ਇਸ ਸੰਬੰਧੀ ਕਿਸੇ ਵਿਅਕਤੀ ਨੂੰ ਕੋਈ ਉਜ਼ਰ ਇਤਰਾਜ਼ ਹੋਵੇ ਤਾਂ ਉਹ ਉਕਤ ਅਦਾਲਤ ਵਿੱਚ 10 ਦਿਨ ਦੇ ਅੰਦਰ-ਅੰਦਰ ਆਪਣਾ ਇਤਰਾਜ਼ ਪੇਸ਼ ਕਰ ਸਕਦਾ ਹੈ। ਇਸ ਕੇਸ ਵਿੱਚ ਇਤਰਾਜ਼ ਨਾ ਆਉਣ ਦੀ ਸੂਰਤ ਵਿੱਚ ਨਿਯਮਾਂ ਅਨੁਸਾਰ ਰਿਕਾਰਡ ਮਾਲ ਵਿੱਚ ਸਾਂਝਾ ਖਾਤਾ ਹੋਣ ਕਰਕੇ ਪਹਿਲੀ ਧਿਰ ਦੀ ਤਕਸੀਮ ਕੀਤੀ ਜਾਵੇਗੀ ਅਤੇ ਬਾਅਦ ਗੁਜ਼ਰਨੇ ਮਿਆਦ ਕੋਈ ਉਜ਼ਰ ਸੁਣਵਾਈਯੋਗ ਨਹੀਂ ਹੋਵੇਗਾ।

ਸਹੀ/-ਸਹਾਇਕ ਕੁਲੈਕਟਰ ਦਰਜਾ ਅੱਵਲ, ਲੋਹੀਆਂ ਖਾਸ।

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਗੁਰਦੀਪ ਸਿੰਘ ਨਾਇਬ ਤਹਿਸੀਲਦਾਰ-ਕਮ ਸਬ-ਰਜਿਸਟਰਾਰ, ਡੇਰਾ ਬਾਬਾ ਨਾਨਕ
ਤਸਦੀਕ ਵਸੀਅਤ ਅਧੀਨ ਜ਼ੇਰ ਧਾਰਾ 40 ਆਫ ਰਜਿਸਟਰੇਸ਼ਨ ਐਕਟ 1908

ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਗੁਰਬਿੰਦਰਜੀਤ ਸਿੰਘ ਪੁੱਤਰ ਅਜਾਇਬ ਸਿੰਘ ਵਾਸੀ ਵਾਰਡ ਨੰਬਰ 2, ਡੇਰਾ ਬਾਬਾ ਨਾਨਕ, ਤਹਿਸੀਲ ਡੇਰਾ ਬਾਬਾ ਨਾਨਕ ਨੇ ਮਿਤੀ 29/1/2026 ਨੂੰ ਤਹਿਸੀਲ ਦਫਤਰ ਡੇਰਾ ਬਾਬਾ ਨਾਨਕ ਵਿਚ ਇੱਕ ਅਣ-ਰਜਿਸਟਰਡ ਵਸੀਅਤ ਰਜਿਸਟਰ ਹੋਣ ਲਈ ਪੇਸ਼ ਕੀਤੀ ਹੈ, ਜੋ ਕਿ ਉਸ ਦੀ ਮਾਤਾ ਜਸਵੰਤ ਕੌਰ ਪਤਨੀ ਅਜੈਬ ਸਿੰਘ ਵੱਲੋਂ ਮਿਤੀ 16/12/2022 ਨੂੰ ਆਪਣੇ ਲੜਕਿਆਂ ਗੁਰਬਿੰਦਰਜੀਤ ਸਿੰਘ ਤੇ ਅੰਮ੍ਰਿਤਪਾਲ ਸਿੰਘ ਪੁੱਤਰਾਨ ਅਜੈਬ ਸਿੰਘ ਦੇ ਹੱਕ ਵਿਚ ਲਿਖੀ ਹੋਈ ਹੈ, ਜਸਵੰਤ ਕੌਰ ਦੀ ਮਿਤੀ 20/1/2023 ਨੂੰ ਮੌਤ ਹੋ ਚੁੱਕੀ ਹੈ ਅਤੇ ਮੌਤ ਦਾ ਸਰਟੀਫਿਕੇਟ ਨਾਲ ਨੱਥੀ ਹੈ, ਇਸ ਨੋਟਿਸ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਵਿਅਕਤੀ ਜਾਂ ਕਿਸੇ ਰਿਸ਼ਤੇਦਾਰ ਨੂੰ ਜ਼ੇਰ ਧਾਰਾ 40 (1) ਭਾਰਤੀ ਰਜਿਸਟਰੇਸ਼ਨ ਐਕਟ 1908 ਤਹਿਤ ਵਸੀਅਤ ਦੇ ਰਜਿਸਟਰਡ ਹੋਣ ਵਿਚ ਕੋਈ ਇਤਰਾਜ਼ ਹੋਵੇ ਤਾਂ ਉਹ ਇਹ ਇਸ਼ਤਿਹਾਰ ਪ੍ਰਕਾਸ਼ਿਤ ਹੋਣ ਦੀ ਮਿਤੀ ਤੋਂ ਪੰਦਰਾਂ ਦਿਨਾਂ ਦੇ ਅੰਦਰ-ਅੰਦਰ ਆਪਣਾ ਇਤਰਾਜ਼ ਅਸਾਲਤਨ ਜਾਂ ਵਕਾਲਤਨ ਇਸ ਦਫਤਰ ਵਿਚ ਪੇਸ਼ ਕਰ ਸਕਦਾ ਹੈ।ਸਮਾਂ ਬੀਤ ਜਾਣ ਉਪਰੰਤ ਕੋਈ ਉਜ਼ਰ ਨਹੀਂ ਸੁਣਿਆ ਜਾਵੇਗਾ ਅਤੇ ਅਗਲੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ।

ਅੱਜ ਮਿਤੀ :- 29/1/2026 ਨੂੰ ਮੇਰੇ ਹਸਤਾਖਰਾਂ ਅਤੇ ਅਦਾਲਤ ਦੀ ਮੋਹਰ ਨਾਲ ਜਾਰੀ ਹੋਇਆ।

ਸਬ ਰਜਿਸਟਰਾਰ, ਡੇਰਾ ਬਾਬਾ ਨਾਨਕ

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਸ੍ਰੀ ਗਗਨਦੀਪ ਸਿੰਘ, ਪੀ.ਸੀ.ਐੱਸ. ਸਹਾਇਕ ਕੁਲੈਕਟਰ ਦਰਜਾ ਅੱਵਲ-ਕਮ- ਉਪ ਮੰਡਲ ਮੈਜਿਸਟਰੇਟ, ਬੁਢਲਾਡਾ
ਵਿਸ਼ਾ: ਗੈਰ ਮੁਤਨਾਜ਼ਾ ਇੰਤਕਾਲ ਨੰ:6190 ਪਿੰਡ ਕੁਲਾਣਾ, ਅਨੁਵਾਨ ਵਰਾਸਤ ਮਾੜੋ ਕੌਰ ਮੁਤਵਫੀ।

ਪਬਲੀਕੇਸ਼ਨ
ਨੋਟਿਸ ਬਨਾਮ ਆਮ ਜਨਤਾ :

ਉਕਤ ਵਿਸ਼ਾ ਅਧੀਨ ਇੰਤਕਾਲ ਵਰਾਸਤ ਸਹਾਇਕ ਕੁਲੈਕਟਰ ਦਰਜਾ ਦੂਜਾ (ਨਾਇਬ ਤਹਿਸੀਲਦਾਰ) ਬਰੇਟਾ ਵੱਲੋਂ ਤਸਦੀਕ ਕਰਨ ਲਈ ਇਸ ਅਦਾਲਤ ਨੂੰ ਭੇਜਿਆ ਗਿਆ ਹੈ। ਇਹ ਇੰਤਕਾਲ ਮਾੜੋ ਕੌਰ ਦੀ ਵਸੀਅਤ ਖਾਨਗੀ ਮਿਤੀ 29.12.2003 ਦੀ ਲਿਖਤ ਅਨੁਸਾਰ ਬਿੰਦਰ ਸਿੰਘ ਪੁੱਤਰ ਜਗਮੇਲ ਸਿੰਘ ਪੁੱਤਰ ਸੁਖਦੇਵ ਸਿੰਘ, ਵਾਸੀ ਕੁਲਾਣਾ ਦੇ ਹੱਕ ਵਿੱਚ ਤਸਦੀਕ ਕਰਨ ਲਈ ਪ੍ਰਾਪਤ ਹੋਇਆ ਹੈ।

ਵਰਾਸਤ ਇੰਤਕਾਲ ਦੇ ਕੁਰਸੀਨਾਮੇ ਵਿੱਚ ਦਰਜ ਮੁਤਵਫੀ ਮਾੜੋ ਕੌਰ ਦੇ ਰਹਿੰਦੇ ਵਾਰਸ ਸੁਖਵਿੰਦਰ ਕੌਰ ਪੁੱਤਰੀ ਮਾੜੋ ਕੌਰ ਵਾਸੀ ਕੁਲਾਣਾ ਦੀ ਤਲਬੀ ਸੰਬੰਧੀ ਲਾਭਪਾਤਰੀ ਧਿਰ ਵੱਲੋਂ ਬੇਨਤੀ ਕੀਤੀ ਗਈ ਹੈ ਕਿ ਉਕਤ ਦਰਜ ਵਾਰਸ ਦੀ ਤਲਬੀ ਮੁਤਵਫੀ ਮਾੜੋ ਕੌਰ ਦੇ ਉਕਤ ਵਾਰਸ ਦੀ ਤਲਬੀ ਪਬਲਿਕ ਨੋਟਿਸ ਰਾਹੀਂ ਅਖਬਾਰ ਵਿਖੇ ਇਸ਼ਤਿਹਾਰ ਦੇ ਕੇ ਕਰਵਾਈ ਜਾਵੇ।

ਇਸ ਲਈ ਇਸ ਇਸ਼ਤਿਹਾਰ ਰਾਹੀਂ ਉਕਤ ਵਾਰਸ ਅਤੇ ਹਰ ਆਮ ਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਨੂੰ ਵੀ ਉਕਤ ਇੰਤਕਾਲ ਦੇ ਤਸਦੀਕ ਹੋਣ ਸੰਬੰਧੀ ਕੋਈ ਇਤਰਾਜ਼ ਹੋਵੇ ਤਾਂ ਉਹ ਆਪਣਾ ਉਜ਼ਰ ਇਸ ਪਬਲਿਕ ਨੋਟਿਸ ਦੇ ਪ੍ਰਕਾਸ਼ਿਤ ਹੋਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਇਸ ਅਦਾਲਤ ਵਿਖੇ ਅਸਾਲਤਨ ਜਾਂ ਵਕਾਲਤਨ ਹਾਜ਼ਰ ਹੋਕਰ ਪੇਸ਼ ਕਰ ਸਕਦਾ ਹੈ। ਬਾਅਦ ਗੁਜ਼ਰਨੇ ਮਿਆਦ ਪ੍ਰਾਪਤ ਹੋਏ ਕਿਸੇ ਇਤਰਾਜ਼ ਪਰ ਕੋਈ ਗੌਰ ਨਹੀਂ ਕੀਤਾ ਜਾਵੇਗਾ।

ਅੱਜ ਮਿਤੀ 29.1.2026 ਨੂੰ ਇਸ ਅਦਾਲਤ ਦੀ ਮੋਹਰ ਵਾ ਦਸਤਖਤਾਂ ਹੇਠ ਜਾਰੀ ਕੀਤਾ ਗਿਆ।

ਪੱਤਰ ਨੰ: 13/ਪੇਸ਼ੀ-    ਸਹਾਇਕ ਕੁਲੈਕਟਰ ਦਰਜਾ ਅੱਵਲ, ਉਪ ਮੰਡਲ ਮੈਜਿਸਟਰੇਟ, ਬੁਢਲਾਡਾ
ਮਿਤੀ : 29.1.2026

## ਪਬਲੀਕੇਸ਼ਨ ਨੋਟਿਸ

ਬਾ ਅਦਾਲਤ ਸ੍ਰੀ ਅਸ਼ੋਕ ਕੁਮਾਰ ਸਹਾਇਕ ਕੁਲੈਕਟਰ ਦਰਜਾ ਅੱਵਲ ਨਕੋਦਰ।
ਮਿਸਲ ਨੰ. Other case 24 ਤੋਂ 37 /ਐੱਨ.ਟੀ.2025    ਵਾਕਿਆ ਰਕਬਾ ਪਿੰਡ ਖੀਵਾ
ਸ੍ਰੀ ਅਭਿਸ਼ੇਕ ਸ਼ਰਮਾ ਪੁੱਤਰ ਕੁਲਦੀਪ ਸ਼ਰਮਾ ਪੁੱਤਰ ਕੁੰਦਨ ਲਾਲ ਵਾਸੀ ਉਤਮ ਸਿੰਘ ਨਗਰ, ਬਸਤੀ ਸ਼ੇਖ, ਡਾਕਖਾਨਾ ਬਸਤੀ ਗੁਜਾਂ, ਜ਼ਿਲ੍ਹਾ ਜਲੰਧਰ।    ਫਰੀਕ ਅੱਵਲ

ਬਨਾਮ

1. ਲਕਸ਼ਿਤ ਸ਼ਰਮਾ ਪੁੱਤਰ ਕੁਲਦੀਪ ਸ਼ਰਮਾ ਪੁੱਤਰ ਕੁੰਦਨ ਲਾਲ 2. ਜੋਗਿੰਦਰ ਪਾਲ ਪੁੱਤਰ ਮੇਲਾ ਰਾਮ ਪੁੱਤਰ ਮਾਧੋ ਰਾਮ 3. ਗੋਬਿੰਦਰ ਸਿੰਘ ਪੁੱਤਰ ਜਸਪਾਲ ਸਿੰਘ ਪੁੱਤਰ ਸਾਧੂ ਸਿੰਘ 4. ਪਰਦੀਪ ਕੁਮਾਰ 5. ਸੰਜੀਵ ਕੁਮਾਰ ਪੁੱਤਰਾਨ ਹਰਮੇਸ਼ ਦੱਤ ਪੁੱਤਰ ਮੇਲਾ ਰਾਮ 6, ਰਣਜੀਵ ਕੁਮਾਰ ਪੁੱਤਰ ਵੇਦ ਪ੍ਰਕਾਸ਼ ਪੁੱਤਰ ਮੇਲਾ ਰਾਮ 7. ਅਨੁਰਾਗ ਸ਼ਰਮਾ ਪੁੱਤਰ ਸੁਖਦੇਵ ਰਾਜ ਪੁੱਤਰ ਮੇਲਾ ਰਾਮ 8. ਵਿਵੇਕ ਗੌਤਮ ਪੁੱਤਰ ਸੁਖਦੇਵ ਰਾਜ ਪੁੱਤਰ ਕਿਸ਼ਨ ਚੰਦ 9. ਲੀਨਾ ਰਾਣੀ ਪਤਨੀ ਰਣਜੀਤ ਕੁਮਾਰ ਪੁੱਤਰ ਵੇਦ ਪ੍ਰਕਾਸ਼ 10. ਰਤਨ ਦੇਵੀ ਵਿਧਵਾ ਲਾਲ ਜੀ ਰਾਮ ਪੁੱਤਰ ਮਾਧੋ ਰਾਮ 11. ਗੁਰਪ੍ਰੀਤ ਸਿੰਘ ਪੁੱਤਰ ਗੁਰਨਾਮ ਸਿੰਘ ਪੁੱਤਰ ਕਿਰਪਾਲ ਸਿੰਘ 12. ਸਤਨਾਮ ਸਿੰਘ ਪੁੱਤਰ ਕਿਰਪਾਲ ਸਿੰਘ ਪੁੱਤਰ ਭਗਤ ਸਿੰਘ 13. ਬੂਟਾ ਸਿੰਘ ਪੁੱਤਰ ਜੋਗਿੰਦਰ ਸਿੰਘ ਪੁੱਤਰ ਗੋਪਾਲ ਸਿੰਘ 14. ਮਨਜੀਤ ਸਿੰਘ ਪੁੱਤਰ ਸਤਨਾਮ ਸਿੰਘ ਪੁੱਤਰ ਸਾਧੂ ਸਿੰਘ 15. ਗੁਰਵਿੰਦਰ ਸਿੰਘ 16. ਹਰਵਿੰਦਰ ਸਿੰਘ ਪੁਤਰਾਨ ਗੁਰਦੇਵ ਸਿੰਘ ਪੁੱਤਰ ਜੋਗਿੰਦਰ ਸਿੰਘ 17. ਹਰਜਿੰਦਰ ਕੌਰ ਵਿਧਵਾ ਗੁਰਦੇਵ ਸਿੰਘ ਪੁੱਤਰ ਜੋਗਿੰਦਰ ਸਿੰਘ 18. ਅਮਰੋ 19. ਬਿਮਲਾ ਵੰਤੀ 20. ਲਵਿਤੀ ਪੁੱਤਰੀਆਂ ਲਾਲ ਜੀ ਰਾਮ ਪੁੱਤਰ ਮਾਧੋ ਰਾਮ 21. ਪਰਮਜੀਤ ਕੌਰ ਵਿਧਵਾ ਗੁਰਮੀਤ ਸਿੰਘ ਪੁੱਤਰ ਪ੍ਰਭ ਸਿੰਘ 22. ਯੋਗੇਸ਼ ਕੁਮਾਰ 23. ਮੁਕੇਸ਼ ਕੁਮਾਰ ਪੁੱਤਰਾਨ ਹਕੂਮਤ ਰਾਏ ਪੁੱਤਰ ਰਾਮ ਲਾਲ 24, ਵੇਦ ਪ੍ਰਕਾਸ਼ ਪੁੱਤਰ ਕਿਸ਼ਨ ਚੰਦ ਪੁੱਤਰ ਮਾਧੋ ਰਾਮ 25. ਸਿਮਲਾ ਪੁੱਤਰੀ ਲਾਲ ਜੀ ਰਾਮ ਪੁੱਤਰ ਮਾਧੋ ਰਾਮ 26. ਜਸਪਾਲ ਸਿੰਘ ਪੁੱਤਰ ਸਾਧੂ ਸਿੰਘ ਪੁੱਤਰ ਝੰਡਾ ਸਿੰਘ 27, ਊਸ਼ਾ ਰਾਣੀ ਪੁੱਤਰੀ ਮੇਲਾ ਰਾਮ ਪੁੱਤਰ ਮਾਧੋ ਰਾਮ 28. ਗੁਰਪਿਆਰੀ ਪੁੱਤਰੀ ਮੇਲਾ ਰਾਮ ਪੁੱਤਰ ਮਾਧੋ ਰਾਮ ਵਾਸੀਆਨ ਪਿੰਡ ਖੀਵਾ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ।    ਫਰੀਕੈਨ ਦੋਇਮ

ਦਰਖਾਸਤ ਤਕਸੀਮ, ਅਰਾਜ਼ੀ ਖੇਵਟ/ਖਤੌਨੀ ਨੰ. 40/68, 34/57, 35/58, 35/59, 38/61,62,63, 39/64,65,66,67, 43/73,74,75, 45/77, 47/79, 52/85, 154/201 ਤੋਂ 203, 155/204, 711/850, 851, 734/890 ਹੱਦਬਸਤ ਨੰਬਰ 159 ਵਾਕਿਆ ਰਕਬਾ ਪਿੰਡ ਖੀਵਾ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ ਜਮ੍ਹਾਂਬੰਦੀ ਸਾਲ 2019-2020.

ਉਕਤ ਅਨੁਵਾਨ ਤਕਸੀਮ ਕੇਸ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਚੱਲ ਰਿਹਾ ਹੈ।ਇਸ ਅਦਾਲਤ ਨੂੰ ਯਕੀਨ ਹੋ ਚੁੱਕਾ ਹੈ ਕਿ ਫਰੀਕੈਨ ਦੋਮ ਦੀ ਤਲਬੀ ਆਸਾਨ ਤਰੀਕੇ ਨਾਲ ਨਹੀਂ ਹੋ ਸਕਦੀ। ਇਸ ਇਸ਼ਤਿਹਾਰ ਰਾਹੀਂ ਫਰੀਕੈਨ ਦੋਮ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਕੇਸ ਵਿੱਚ ਨਿਸ਼ਚਿਤ ਮਿਤੀ 09-02-2026 ਨੂੰ ਸਮਾਂ 3.00 ਵਜੇ ਦੁਪਹਿਰ ਨਿਮਨਹਸਤਾਖਰ ਦੀ ਅਦਾਲਤ ਵਿੱਚ ਅਸਾਲਤਨ/ਵਕਾਲਤਨ ਜਾਂ ਕਿਸੇ ਮੁਖਤਾਰ ਰਾਹੀ ਹਾਜਰ ਹੋ ਕੇ ਆਪਣੇ ਕੇਸ ਦੀ ਪੈਰਵਾਈ ਕਰ ਸਕਦੇ ਹਨ। ਨਿਸ਼ਚਿਤ ਮਿਤੀ ਨੂੰ ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਫਰੀਕੈਨ ਦੋਮ ਦੇ ਖਿਲਾਫ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਨੋਟਿਸ ਅੱਜ ਮਿਤੀ 13-10-2025 ਨੂੰ ਮੇਰੇ ਹਸਤਾਖਰ ਅਤੇ ਮੋਹਰ ਅਦਾਲਤ ਨਾਲ ਜਾਰੀ ਹੋਇਆ।

ਨੰਬਰ 957/ਰੀਡਰ-2 ਮਿਤੀ : 14/10/25    ਸਹੀ/-ਸਹਾਇਕ ਕੁਲੈਕਟਰ ਦਰਜਾ ਅੱਵਲ, ਨਕੋਦਰ।

## COURT NOTICE

In The Court of Sh. Sumer Singh Gujjar IAS Financial Commissioner (Appeals) Punjab
Civil Secretariat-1, 3rd Floor, Sector-1, Chandigarh
Public Notice

In Case Ror No. 831/2025    (District Jalandhar)    Pending For :-

The above mentioned case as per given title is pending before this Hon'ble Court which relate to petition.

Titled:-
Dalvir Kaur .....Petitioner    Versus    Tara Singh & Others ....Respondents

Public Notice is issued to following Respondents :

1. Respondent No. 2 :- Harpreet Singh, S/o Jit Singh, S/o Gajjan Singh, R/o Village Seechewal, P.O. Chak Chela, Tehsil Shahkot, District Jalandhar, 2. Respondent No. 3 :- Kulwinder Kaur, D/o Jit Singh, S/o Gajjan Singh, R/o Village Seechewal, P.O. Chak Chela, Tehsil Shahkot, District Jalandhar, 3. Respondent No. 4 :- Balwinder Kaur, D/o Jit Singh, S/o Gajjan Singh, R/o Village Seechewal, P.O. Chak Chela, Tehsil Shahkot, District Jalandhar, 4. Respondent No. 5 :- Palwinder Kaur, D/o Jit Singh, S/o Gajjan Singh, R/o Village Seechewal, P.O. Chak Chela, Tehsil Shahkot, District Jalandhar. 5. Respondent No. 6 :- Hukam Chand son of Munshi, R/o Village Seechewal, P.O. Chak Chela, Tehsil Shahkot, District Jalandhar. 6. Respondent No. 7 :- Paramjit Kaur widow of Balwinder Singh son of Najar Singh, R/o Village Seechewal, P.O. Chak Chela, Tehsil Shahkot, District Jalandhar. 7. Respondent No. 8 :- Amarjit Singh son of Balwinder Singh, R/o Village Seechewal, P.O. Chak Chela, Tehsil Shahkot, District Jalandhar. 8. Respondent No.11 :- Joginder Kaur widow of Charan Singh, R/o Village Seechewal, P.O. Chak Chela, Tehsil Shahkot, District Jalandhar.

Whereas Dalvir Kaur aged about 67 years, w/o Late Sh. Jit Singh, S/o Gajjan Singh, presently resident of Village Seechewal, P.O. Chak Chela, Tehsil Shahkot, District Jalandhar has filed a revision petition under Section 16 of the Punjab Land Revenue Act, 1987 against the order dated 28.03.2025, passed by Ld. S.D.M. Cum Collector, Shahkot and the order dated 10.10.2023 passed by Ld. Tehsildar Cum Assistant Collector, 1 Grade, Shahkot and the sanad taksim dated 03.06.2025 passed by Ld. Tehsildar cum A.C., 1 Grade, Shahkot, and is pending in this Court for. That in the said revision petition, the above named persons as impleaded as Respondent No. 2 to 5, 7, 8, 6 and 11. and whereas it has been proved to the satisfaction of the Court that the Respondents named above cannot be served in the ordinary way of service. The case is fixed for hearing on 11-02-26 at 11:00 PM and if they want to defend their case they need to appear personally or through their Representative on 11-02-26 at 11:00 PM. Take notice that, in default of their appearance on the day as mentioned, the above said case will be heard and decided in their absence.

Given under my hand and seal of this Court on 24/12/2025

Sumer Singh Gujjar, IAS, Financial Commissioner (Appeal Appeals)
Punjab Civil Secretariat-1, 3rd Floor, Sector-1, Chandigarh

## COURT NOTICE

In The Court of Sh. Sumer Singh Gujjar IAS Financial Commissioner (Appeals) Punjab
Civil Secretariat-1, 3rd Floor, Sector-1, Chandigarh
Public Notice

In Case Ror No. 831/2025    (District Jalandhar)    Pending For :-

The above mentioned case as per given title is pending before this Hon'ble Court which relate to petition.

Titled:-
Dalvir Kaur ....Petitioner    Versus    Tara Singh & Others ....Respondents

Public Notice is issued to following Respondents :

1. Respondent No. 2 : Harpreet Singh, S/o Jit Singh, S/o Gajjan Singh, R/o Village Seechewal, P.O. Chak Chela, Tehsil Shahkot, District Jalandhar. 2. Respondent No.3 : Kulwinder Kaur, D/o Jit Singh, S/o Gajjan Singh, R/o Village Seechewal, P.O. Chak Chela, Tehsil Shahkot, District Jalandhar. 3. Respondent No. 4 : Balwinder Kaur, D/o Jit Singh, S/o Gajjan Singh, R/o Village Seechewal, P.O. Chak Chela, Tehsil Shahkot, District Jalandhar, 4. Respondent No. 5 :- Palwinder Kaur, D/o Jit Singh, S/o Gajjan Singh, R/o Village Seechewal, P.O. Chak Chela, Tehsil Shahkot, District Jalandhar. 5. Respondent No.6 :- Mohan Singh son of Naseeb Chand, R/o Village Seechewal, P.O. Chak Chela, Tehsil Shahkot, District Jalandhar. 6. Respondent No.7 :- Tirath Singh S/o Mohan Singh, R/o Village Seechewal, P.O. Chak Chela, Tehsil Shahkot, District Jalandhar. 7. Respondent No.11 :- Sajan Singh son of Ganga Singh, R/o Village Seechewal, P.O. Chak Chela, Tehsil Shahkot, District Jalandhar. 8. Respondent No.12 :- Jaspal Singh son of Karam Singh R/o Village Seechewal, P.O. Chak Chela, Tehsil Shahkot, District Jalandhar. 9. Respondent No.13 :- Bachan Singh son of Bachitar Singh, R/o Village Seechewal, P.O. Chak Chela, Tehsil Shahkot, District Jalandhar. 10. Respondent No.14 :- Pargan Singh son of Darshan Singh R/o Village Seechewal, P.O. Chak Chela, Tehsil Shahkot, District Jalandhar. 11. Respondent No.15 :- Natha Singh son of Najar Singh R/o Village Seechewal, P.O. Chak Chela, Tehsil Shahkot, District Jalandhar. 12. Respondent No.17 :- Jarnail Singh, son of Sukhraj Singh R/o Village Seechewal, P.O. Chak Chela, Tehsil Shahkot, District Jalandhar. 13. Respondent No.18 :- Jaspreet Singh, son of Sukhraj Singh R/o Village Seechewal, P.O. Chak Chela, Tehsil Shahkot, District Jalandhar. 14. Respondent No. 21 :- Harbinder Singh son of Gurnam Singh R/o Village Seechewal, P.O. Chak Chela, Tehsil Shahkot, District Jalandhar. 15. Respondent No. 22 :- Basant Singh son of Narain Singh R/o Village Seechewal, P.O. Chak Chela, Tehsil Shahkot, District Jalandhar. 16. Respondent No. 23 :- Piara Singh, s/o Labhu R/o Village Seechewal, P.O. Chak Chela, Tehsil Shahkot, District Jalandhar. 17. Respondent No. 24 :- Didar Singh, S/o Labhu R/o Village Seechewal, P.O. Chak Chela, Tehsil Shahkot, District Jalandhar. 18. Respondent No. 26 :- Kulwant Singh, s/o Hukum Singh R/o Village Seechewal, P.O. Chak Chela, Tehsil Shahkot, District Jalandhar. 19. Respondent No. 27 :- Charan Singh s/o Hukum Singh R/o Village Seechewal, P.O. Chak Chela, Tehsil Shahkot, District Jalandhar. 20. Respondent No. 29 :- Prittam Kaur mother of Kehar Singh R/o Village Seechewal, P.O. Chak Chela, Tehsil Shahkot, District Jalandhar. 21. Respondent No. 30 :- Chinder Kaur widow of Mohan Singh R/o Village Seechewal, P.O. Chak Chela, Tehsil Shahkot, District Jalandhar. 22. Respondent No. 35 :- Joginder Kaur widow of Charan Singh R/o Village Seechewal, P.O. Chak Chela, Tehsil Shahkot, District Jalandhar. 23. Respondent No. 37 :- Simranjit Kaur wife of Tara Singh R/o Village Seechewal, P.O. Chak Chela, Tehsil Shahkot, District Jalandhar. 24. Respondent No. 38 :- Parminder Kaur wife of Gurnam Singh R/o Village Seechewal, P.O. Chak Chela, Tehsil Shahkot, District Jalandhar, 25. Respondent No. 40 :- Sukhwinder Kaur wife of Buta Singh R/o Village Seechewal, P.O. Chak Chela, Tehsil Shahkot, District Jalandhar. 26. Respondent No. 41 :- Jaspreet Singh son of Nirmal Singh R/o Village Seechewal, P.O. Chak Chela, Tehsil Shahkot, District Jalandhar. 27. Respondent No. 42 :- Gurdev Kaur wife of Balwinder Singh R/o Village Seechewal, P.O. Chak Chela, Tehsil Shahkot, District Jalandhar. 28. Respondent No. 44 :- Bachinta son of Jabla Singh R/o Village Seechewal, P.O. Chak Chela, Tehsil Shahkot, District Jalandhar. 29. Respondent No. 45 :- Swarni D/o Bachittar Singh R/o Village Seechewal, P.O. Chak Chela, Tehsil Shahkot, District Jalandhar. 30. Respondent No. 46 :- Chindo daughter of Dachitar Singh R/o Village Seechewal, P.O. Chak Chela, Tehsil Shahkot, District Jalandhar. 31. Respondent No.47 :- Avtar Singh son of Karam Singh R/o Village Seechewal, P.O. Chak Chela, Tehsil Shahkot, District Jalandhar. 32. Respondent No. 48 :- Jasvir Kaur wife of Manohar Singh R/o Village Seechewal, P.O. Chak Chela, Tehsil Shahkot, District Jalandhar.

Whereas Dalvir Kaur aged about 67 years, w/o Late Sh. Jit Singh S/o Gajjan Singh, presently resident of Village Seechewal, P.O. Chak Chela, Tehsil Shahkot, District Jalandhar has filed a revision petition under Section 16 of the Punjab Land Revenue Act, 1987 against the order dated 28.03.2025, passed by Ld. S.D.M. Cum Collector, Shahkot and the order dated 10.10.2023 passed by Ld. Tehsildar Cam Assistant Collector, 1 Grade, Shahkot and the sanad taksim dated 03.06.2025 passed by Ld. Tehsildar cum A.C., 1st Grade, Shahkot, and is pending in this Court for---------. That in the said revision petition, the above named persons as impleaded as Respondent No. 2 to 5, 6, 7, 11, 12, 13, 14, 15, 17, 18, 21 to 24, 26, 27, 29, 30, 35, 37, 38, 40, 41, 42, 44, 45, 46, 47, 48.

And whereas it has been proved to the satisfaction of the Court that the Respondents named above cannot be served in the ordinary way of service. The case is fixed for hearing on 11-02-26 at 11:00 AM and if they 11:00 AM want to defend their case they need to appear personally or through their Representative on 11-02-26 at 11:00 AM. Take notice that, in default their appearance on the day as mentioned, the above said case will be heard and decided in their absence.

Given under my hand and seal of this Court on 24/12/2025

Sumer Singh Gujjar, IAS, Financial Commissioner (Appeal Appeals)
Punjab Civil Secretariat-1, 3rd Floor, Sector-1, Chandigarh

# ਸਾਡੇ ਬਜ਼ੁਰਗ ਸਾਡਾ ਮਾਣ ਸੂਬਾ ਪੱਧਰੀ ਮੁਹਿੰਮ ਦੀ ਸ਼ੁਰੂਆਤ

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਪੰਜਾਬ ਸਰਕਾਰ ਵੱਲੋਂ ਬਜ਼ੁਰਗਾਂ ਦੀ ਭਲਾਈ ਲਈ ਸ਼ੁਰੂ ਕੀਤੀ ਗਈ ਫਲੈਗਸ਼ਿਪ ਮੁਹਿੰਮ ਸਾਡੇ ਬਜ਼ੁਰਗ ਸਾਡਾ ਮਾਣ ਦਾ ਪੂਰਾ ਸੂਬਾ ਪੱਧਰੀ ਕਾਰਜਕ੍ਰਮ ਜਾਰੀ ਕਰ ਦਿੱਤਾ ਗਿਆ ਹੈ। ਇਸ ਮੁਹਿੰਮ ਤਹਿਤ 18 ਫਰਵਰੀ ਤੱਕ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿੱਚ ਵਿਸ਼ੇਸ਼ ਸਿਹਤ ਚੈਕਅੱਪ ਕੈਂਪ ਲਗਾਏ ਜਾਣਗੇ। ਮੁਹਿੰਮ ਦੀ ਆਧਿਕਾਰਕ ਸ਼ੁਰੂਆਤ 16 ਜਨਵਰੀ ਨੂੰ ਮੋਹਾਲੀ ਵਿਖੇ ਕੀਤੀ ਗਈ ਸੀ, ਜਿਸ ਦਾ ਮਕਸਦ ਬਜ਼ੁਰਗਾਂ ਨੂੰ ਸੌਖੀ ਸਿਹਤ ਸਹੂਲਤਾਂ, ਸਮਾਜਿਕ ਸੁਰੱਖਿਆ ਅਤੇ ਸਨਮਾਨ ਮੁਹੱਈਆ ਕਰਵਾਉਣਾ ਹੈ।ਇਹ ਜਾਣਕਾਰੀ ਦਿੰਦਿਆਂ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਸਟੇਟ ਐਕਸ਼ਨ ਪਲਾਨ ਫਾਰ ਸੀਨੀਅਰ ਸਿਟੀਜ਼ਨ ਤਹਿਤ ਵਿੱਤੀ ਸਾਲ 2025-26 ਦੌਰਾਨ 7.86 ਕਰੋੜ ਰੁਪਏ ਖਰਚ ਕਰਕੇ ਬਜ਼ੁਰਗਾਂ ਲਈ ਵਿਸ਼ਤ੍ਰਿਤ ਸਿਹਤ ਸੇਵਾਵਾਂ, ਜਾਗਰੂਕਤਾ ਅਤੇ ਜ਼ਰੂਰੀ ਸਹੂਲਤਾਂ ਉਪਲਬਧ ਕਰਵਾਈਆਂ ਜਾਣਗੀਆਂ।



# ਸਤਨਾਮ ਸਿੰਘ ਮਾਣਕ ਦੀ ਗ਼ਜ਼ਲ 'ਹਨੇਰੇ ਤੋਂ ਬਾਅਦ' ਰਿਲੀਜ਼




**ਜਲੰਧਰ (ਰਾਜੇਸ਼ ਥਾਪਾ)**- ਇਥੇ ਇਕ ਪ੍ਰਭਾਵਸ਼ਾਲੀ ਸਮਾਗਮ ਵਿਚ ਸੀਨੀਅਰ ਪੱਤਰਕਾਰ ਸਤਨਾਮ ਸਿੰਘ ਮਾਣਕ ਦੀ ਗ਼ਜ਼ਲ 'ਹਨੇਰੇ ਤੋਂ ਬਾਅਦ' ਉਘੇ ਸੂਫ਼ੀ ਗਾਇਕ ਹੰਸ ਰਾਜ ਹੰਸ, ਅਰੁਣ ਮਿਸ਼ਰਾ, ਆਤਮ ਪ੍ਰਕਾਸ਼ ਸਿੰਘ, ਭੁਪਿੰਦਰ ਮੱਲ੍ਹੀ ਤੇ ਹੋਰ ਸ਼ਖ਼ਸੀਅਤਾਂ ਵਲੋਂ ਰਿਲੀਜ਼ ਕੀਤੀ ਗਈ। ਇਸ ਗ਼ਜ਼ਲ ਨੂੰ ਨੌਜਵਾਨ ਗਾਇਕ ਅਨਾਦੀ ਮਿਸ਼ਰਾ ਵਲੋਂ ਆਵਾਜ਼ ਦਿੱਤੀ ਗਈ ਹੈ।ਇਸ ਅਵਸਰ 'ਤੇ ਬੋਲਦਿਆਂ ਹੰਸ ਰਾਜ ਹੰਸ ਨੇ ਕਿਹਾ ਕਿ ਸਤਨਾਮ ਸਿੰਘ ਮਾਣਕ ਨਾਲ ਉਨ੍ਹਾਂ ਦੇ ਕਈ ਦਹਾਕਿਆਂ ਤੋਂ ਸੰਬੰਧ ਚੱਲੇ ਆ ਰਹੇ ਹਨ। ਉਨ੍ਹਾਂ ਨੇ ਹਮੇਸ਼ਾ ਲਗਨ ਅਤੇ ਪ੍ਰਤੀਬੱਧਤਾ ਨਾਲ ਪੱਤਰਕਾਰੀ ਕੀਤੀ ਹੈ। ਪਰ ਇਸ ਦੇ ਨਾਲ-ਨਾਲ ਉਨ੍ਹਾਂ ਦੀ ਸਾਹਿਤ ਅਤੇ ਸੰਗੀਤ ਵਿਚ ਨਿਰੰਤਰ ਦਿਲਚਸਪੀ ਬਣੀ ਰਹੀ ਹੈ। ਮੈਨੂੰ ਇਸ ਗੱਲ ਦੀ ਬੇਹੱਦ ਖ਼ੁਸ਼ੀ ਹੈ ਕਿ ਉਨ੍ਹਾਂ ਨੇ ਹੁਣ ਕਾਵਿ ਸਿਰਜਣਾ ਵੀ ਸ਼ੁਰੂ ਕੀਤੀ ਹੈ, ਜਿਸ ਦੇ ਕਈ ਰੂਪ ਅੱਜ ਇਥੇ ਉਨ੍ਹਾਂ ਵਲੋਂ ਲਿਖੇ ਗਏ ਗੀਤਾਂ ਰਾਹੀਂ ਦੇਖੇ ਹਨ। ਉਨ੍ਹਾਂ ਨੇ ਕਿਹਾ ਕਿ ਮੈਨੂੰ ਇਸ ਗੱਲ ਦੀ ਵੀ ਵੱਡੀ ਸੰਤੁਸ਼ਟੀ ਹੈ ਕਿ ਸ਼ਾਸਤਰੀ ਸੰਗੀਤ ਨਾਲ ਜੁੜੇ ਮਿਸ਼ਰਾ ਪਰਿਵਾਰ ਦੇ ਨੌਜਵਾਨ ਗਾਇਕ ਅਨਾਦੀ ਮਿਸ਼ਰਾ ਨੇ ਸਤਨਾਮ ਸਿੰਘ ਮਾਣਕ ਵਲੋਂ ਲਿਖੀ ਗ਼ਜ਼ਲ ਨੂੰ ਆਪਣੀ ਆਵਾਜ਼ ਵਿਚ ਪੇਸ਼ ਕੀਤਾ ਹੈ। ਮੈਨੂੰ ਪੂਰੀ ਆਸ ਹੈ ਕਿ ਇਹ ਗ਼ਜ਼ਲ ਵੱਡੀ ਗਿਣਤੀ ਵਿਚ ਲੋਕਾਂ ਤੱਕ ਪਹੁੰਚੇਗੀ ਅਤੇ ਅਨਾਦੀ ਮਿਸ਼ਰਾ ਵੀ ਆਪਣੀ ਗਾਇਕੀ ਰਾਹੀਂ ਜ਼ਿੰਦਗੀ ਵਿਚ ਲੰਮਾ ਸਫ਼ਰ ਤੈਅ ਕਰੇਗਾ।ਗ਼ਜ਼ਲ ਰਿਲੀਜ਼ ਕਰਨ ਸਮੇਂ ਰਾਕੇਸ਼ ਸ਼ਾਂਤੀਦੂਤ, ਸਵਰਨ ਸਿੰਘ ਟਹਿਣਾ, ਡੀ.ਆਰ. ਬੰਦਨਾ, ਬਲਜੀਤ ਬੱਲ, ਸੁਰਿੰਦਰਪਾਲ ਸਿੰਘ, ਸ਼ਿਵ ਸ਼ਰਮਾ, ਮਨਦੀਪ ਸ਼ਰਮਾ, ਜਤਿੰਦਰ ਪੰਮੀ, ਪ੍ਰੋ. ਕੁਲਜੀਤ ਕੌਰ, ਜਸਪਾਲ ਸਿੰਘ, ਹਰੀਸ਼ ਕੁਮਾਰ, ਆਰਟਿਸਟ ਇੰਦਰਜੀਤ ਸਿੰਘ, ਰਾਜੇਸ਼ ਥਾਪਾ, ਤਜਿੰਦਰ ਕੌਰ ਥਿੰਦ, ਸ਼ੀਤਲ ਠਾਕੁਰ, ਕੋਮਲ ਸ਼ਰਮਾ ਤੇ ਐੱਚ ਐੱਮ ਵੀ ਦੀਆਂ ਵਿਦਿਆਰਥਣਾਂ ਮੌਜੂਦ ਸਨ।

# 205 ਨਸ਼ੀਲੀਆਂ ਗੋਲੀਆਂ ਸਮੇਤ ਇੱਕ ਕਾਬੂ

**ਫਗਵਾੜਾ (ਡਾ ਰਮਨ)**- ਗੌਰਵ ਤੂਰਾ ਸੀਨੀਅਰ ਪੁਲਿਸ ਕਪਤਾਨ ਕਪੂਰਥਲਾ ਵਲੋ ਨਸ਼ਾ ਤਸਕਰਾ ਖਿਲਾਫ ਚਲਾਈ ਮੁਹਿੰਮ ਤਹਿਤ, ਸ੍ਰੀਮਤੀ ਮਾਧਵੀ ਸ਼ਰਮਾ ਪੁਲਿਸ ਕਪਤਾਨ ਸਬ-ਡਵੀਜਨ ਫਗਵਾੜਾ ਅਤੇ ਸ੍ਰੀ ਭਾਰਤ ਭੂਸ਼ਨ ਉਪ-ਪੁਲਿਸ ਕਪਤਾਨ ਸਬ ਡਵੀਜਨ ਫਗਵਾੜਾ ਦੀ ਯੋਗ ਅਗਵਾਈ ਹੇਠ ਇੰਸਪੈਕਟਰ ਅਮਨਪ੍ਰੀਤ ਕੌਰ ਮੁੱਖ ਅਫਸਰ ਥਾਣਾ ਸਤਨਾਮਪੁਰਾ ਦੀ ਨਿਗਰਾਨੀ ਹੇਠ ਏ ਐੱਸ ਆਈ ਰਾਕੇਸ਼ ਕੁਮਾਰ ਸਮੇਤ ਸਾਥੀ ਕਰਮਚਾਰੀਆ ਨੇ ਸੁਨੀਲ ਕੁਮਾਰ ਉਰਫ ਸਾਜਨ ਪੁੱਤਰ ਰਾਮ ਪ੍ਰਕਾਸ਼ ਵਾਸੀ ਗਲੀ ਨੰਬਰ 1 ਨੇੜੇ ਸ਼ਿਵ ਮੰਦਰ ਮੁਹੱਲਾ ਭਗਤਪੁਰਾ ਫਗਵਾੜਾ ਥਾਣਾ ਸਤਨਾਮਪੁਰਾ ਫਗਵਾੜਾ ਜ਼ਿਲ੍ਹਾ ਕਪੂਰਥਲਾ ਨੂੰ ਕਾਬੂ ਕਰਕੇ ਉਸ ਪਾਸੋ 205 ਖੁੱਲੀਆ ਨਸ਼ੀਲੀਆ ਰੰਗ ਫਿੱਕਾ ਸੰਤਰੀ ਬਿਨਾ ਮਾਰਕਾ ਬਰਾਮਦ ਕਰਕੇ ਮੁਕੱਦਮਾ ਥਾਣਾ ਸਤਨਾਮਪੁਰਾ ਫਗਵਾੜਾ ਜ਼ਿਲ੍ਹਾ ਕਪੂਰਥਲਾ ਦਰਜ ਰਜਿਸਟਰ ਕੀਤਾ ਗਿਆ।



# ਪੰਜਾਬੀ ਵਿਸ਼ਾ ਪੜ੍ਹਾਉਣ ਵਾਲੇ ਅਧਿਆਪਕਾਂ ਦੀ ਟ੍ਰੇਨਿੰਗ ਕਰਵਾਈ



**ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੱਬੀ)**- ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਕੜੌਨਾ ਵਿਖੇ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਪ੍ਰੇਮ ਕੁਮਾਰ ਮਿੱਤਲ ਦੀ ਰਹਿਨੁਮਾਈ ਤੇ ਬਲਾਕ ਨੋਡਲ ਅਫ਼ਸਰ ਪ੍ਰਿੰਸੀਪਲ ਬਲਵੰਤ ਸਿੰਘ ਦੀ ਅਗਵਾਈ ਹੇਠ ਪੰਜਾਬੀ ਵਿਸ਼ੇ ਨੂੰ ਪੜ੍ਹਾਉਣ ਵਾਲੇ ਅਧਿਆਪਕਾਂ ਦੀ ਮਿਸ਼ਨ ਸਮਰੱਥ ਅਧੀਨ ਦੋ ਰੋਜ਼ਾ ਟ੍ਰੇਨਿੰਗ ਕਰਵਾਈ ਗਈ। ਬਲਾਕ ਰਿਸੋਰਸ ਕੋਆਰਡੀਨੇਟਰ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਇਸ ਟ੍ਰੇਨਿੰਗ ਦੌਰਾਨ ਦੋ ਦਰਜਨ ਦੇ ਕਰੀਬ ਪੰਜਾਬੀ ਪੜ੍ਹਾਉਣ ਵਾਲੇ ਅਧਿਆਪਕਾਂ ਨੇ ਭਾਗ ਲਿਆ। ਉਨ੍ਹਾਂ ਦੱਸਿਆ ਕਿ ਟ੍ਰੇਨਿੰਗ ਦੌਰਾਨ ਮਿਸ਼ਨ ਸਮਰੱਥ ਤੇ ਦੂਜੇ ਪੜਾਅ ਦੀ, ਜੋ ਕਿ ਇਕ ਅਪ੍ਰੈਲ ਤੋਂ ਲਾਗੂ ਹੋਣ ਜਾ ਰਿਹਾ ਹੈ, ਸਬੰਧੀ ਟੈਸਟਿੰਗ ਅਤੇ ਗਤੀਵਿਧੀਆਂ ਸਬੰਧੀ ਅਧਿਆਪਕਾਂ ਨੂੰ ਜਾਣੂ ਕਰਵਾਇਆ ਗਿਆ। ਟ੍ਰੇਨਿੰਗ ਦੌਰਾਨ ਮੋਨਿਕਾ ਭੁਟਾਨੀ ਪ੍ਰਿੰਸੀਪਲ ਡਾਇਟ ਰੂਪਨਗਰ, ਜ਼ਿਲ੍ਹਾ ਰਿਸੋਰਸ ਕੋਆਰਡੀਨੇਟਰ ਵਿਪਿਨ ਕਟਾਰੀਆ, ਸਟੇਟ ਰਿਸੋਰਸ ਪਰਸਨ ਓਂਕਾਰ ਸਿੰਘ, ਜ਼ਿਲ੍ਹਾ ਰਿਸੋਰਸ ਪਰਸਨ ਸਤਵਿੰਦਰ ਸਿੰਘ ਮੜੌਲਵੀ ਤੇ ਮਨਦੀਪ ਸਿੰਘ ਜੱਸੜ ਆਦਿ ਨੇ ਅਧਿਆਪਕਾਂ ਨੂੰ ਇਹ ਟ੍ਰੇਨਿੰਗ ਦਿੰਦਿਆਂ ਮਿਸ਼ਨ ਸਮਰੱਥ ਦੇ ਵੱਖ ਵੱਖ ਪਹਿਲੂਆਂ ਤੇ ਮਹੱਤਤਾ ਤੇ ਚਾਨਣਾ ਪਾਇਆ। ਇਸ ਟ੍ਰੇਨਿੰਗ ਵਿੱਚ ਆਪਣੀ ਭਾਗੀਦਾਰੀ ਦਿਖਾਉਂਦਿਆਂ ਅਧਿਆਪਕਾਂ ਨੇ ਵੀ ਆਪੋ ਆਪਣੇ ਵਿਚਾਰ ਪੇਸ਼ ਕੀਤੇ। ਇਸ ਮੌਕੇ ਧਰਮਿੰਦਰ ਸਿੰਘ ਭੰਗੂ, ਸਰਬਜੀਤ ਕੌਰ, ਸੁਖਜੀਤ ਕੌਰ, ਭਾਵਨਾ ਗੁਪਤਾ, ਸੰਨੀਆ ਬਾਲਾ, ਸਪਿੰਦਰ ਕੌਰ, ਹਰਪਾਲ ਕੌਰ ਰਿੱਕੀ ਕਰਕਰਾ ਹਰਪ੍ਰੀਤ ਕੌਰ ਅਮਰਜੀਤ ਕੌਰ, ਪ੍ਰੀਆ, ਨਿਸ਼ਾ ਰਾਣੀ ਰਾਜਿੰਦਰਬਾਜ ਰੁਪਿੰਦਰ ਕੌਰ ਤੇ ਹਰਜੀਤ ਕੌਰ ਆਦਿ ਹਾਜ਼ਰ ਸਨ।

# ਵੈਲਫੇਅਰ ਸੋਸਾਇਟੀ ਵੱਲੋਂ ਲੋੜਵੰਦ ਲੜਕੀਆਂ ਦੇ ਵਿਆਹ ਅੱਜ

**ਜੇਜੋ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**- ਮਾਤਾ ਕਲਿਆਣੀ ਵੈਲਫੇਅਰ ਸੋਸਾਇਟੀ ਤੇ ਸਮੂਹ ਇਲਾਕਾ ਨਿਵਾਸੀ ਪਿੰਡ ਘੰਣੀ ਵੱਲੋਂ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਮਾਤਾ ਕਲਿਆਣੀ ਮੰਦਰ ਜੇਜੋ ਰੋਡ ਪਿੰਡ ਘੰਣੀ ਵਿਖੇ ਸਾਲਾਨਾ ਭੰਡਾਰਾ 1 ਫਰਵਰੀ ਦਿਨ ਐਤਵਾਰ ਨੂੰ ਸ਼ਰਧਾ ਤੇ ਉਤਸ਼ਾਹ ਪੂਰਵਕ ਢੰਗ ਨਾਲ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਮੇਟੀ ਦੇ ਪ੍ਰਧਾਨ ਤਿਲਕ ਰਾਜ ਚੌਹਾਨ ਨੇ ਦੱਸਿਆ ਕਿ 25 ਜਨਵਰੀ ਤੋਂ ਸ੍ਰੀ ਮੱਧ ਭਗਵਤ ਕਥਾ ਸਮਾਗਮ ਚੱਲ ਰਿਹਾ ਹੈ। ਆਚਾਰੀਆ ਦੀਪ ਸ਼ਾਸਤਰੀ ਸ੍ਰੀ ਹਰਿਦਾਵਨ ਧਾਮ ਮਥੁਰਾ ਉੱਤਰ ਪ੍ਰਦੇਸ਼ ਤੋਂ ਸ੍ਰੀ ਮੱਧ ਭਾਗਵਤ ਕਥਾ ਕਰਕੇ ਸੰਗਤਾਂ ਨੂੰ ਪ੍ਰਭੂ ਦੇ ਰੰਗ ਵਿੱਚ ਰੰਗ ਰਹੇ ਹਨ। ਉਨਾਂ ਦੱਸਿਆ ਕਿ 31 ਜਨਵਰੀ ਦਿਨ ਸ਼ਨੀਵਾਰ ਨੂੰ ਮਾਤਾ ਕਲਿਆਣੀ ਮੰਦਰ ਵਿਖੇ ਖੂਨਦਾਨ ਕੈਂਪ ਲੱਗੇਗਾ। 31 ਜਨਵਰੀ ਦਿਨ ਸ਼ਨੀਵਾਰ ਨੂੰ ਹੀ ਲੋੜਵੰਦ ਲੜਕੀਆਂ ਦੇ ਵਿਆਹ ਦੀ ਰਸਮ ਕੀਤੀ ਜਾਵੇਗੀ। ਮਾਤਾ ਜੀ ਦਾ ਲੰਗਰ ਅਤੁੱਟ ਚੱਲ ਰਿਹਾ ਹੈ। ਇਸ ਮੌਕੇ ਬਲਦੇਵ ਸਿੰਘ ਅਤੇ ਰਾਮ ਲੁਭਾਇਆ ਉਪ ਪ੍ਰਧਾਨ, ਕੈਪਟਨ ਸੁਰੇਸ਼ ਕੁਮਾਰ ਅਤੇ ਹਰਭਜਨ ਲਾਲ ਕੈਸ਼ੀਅਰ,ਰਜੇਸ਼ ਕੁਮਾਰ ਰਾਜੂ ਸੈਕਟਰੀ, ਸ਼ਿਵ ਕੁਮਾਰ, ਰਸ਼ਪਾਲ ਸਿੰਘ, ਪੰਡਿਤ ਰਮਨ ਕੁਮਾਰ, ਦਾਰਾ ਸਿੰਘ, ਬੂਟਾ ਰਾਮ, ਕੈਪਟਨ ਪਰਮਜੀਤ ਸਿੰਘ, ਬਲਵੀਰ ਲੰਬੜਦਾਰ, ਜਰਨੈਲ ਸਿੰਘ, ਰਜੇਸ਼ ਕੁਮਾਰ ਲਲਵਾਨ, ਇੰਸਪੈਕਟਰ ਅਸ਼ੋਕ ਕੁਮਾਰ, ਸੂਬੇਦਾਰ ਇੰਸਪੈਕਟਰ ਅਸ਼ਵਨੀ ਕੁਮਾਰ,ਏ ਐੱਸ ਆਈ ਬਲਵਿੰਦਰ ਸਿੰਘ, ਏ ਐੱਸ ਆਈ ਸੋਹਨ ਲਾਲ, ਏ ਐੱਸ ਆਈ ਪਰਸ਼ੋਤਮ ਲਾਲ,ਏ ਐੱਸ ਆਈ ਮੰਗਤ ਰਾਮ, ਆਸ਼ੀਸ਼ ਪਟਵਾਰੀ, ਕਰਨ ਚੌਧਰੀ, ਤਿਲਕ ਰਾਜ ਰਾਣਾ, ਸੰਜੇ ਰਾਣਾ, ਦੀਪਕ ਸ਼ਰਮਾ, ਦੀਪਕ ਸ਼ੈਲੀ,ਰਾਮਪਾਲ ਸ਼ਰਮਾ, ਸੁਖਦੇਵ ਸ਼ਰਮਾ ਠੇਕੇਦਾਰ, ਮੂਦ ਪੰਡਿਤ ਪੰਚ, ਸੋਨੂ ਇਲੈਕਟਰੀਸ਼ਨ, ਸੋਨੂ ਰਾਮ ਸਿੰਘ, ਮਦਨ ਲਾਲ ਰਾਣਾ,ਮਿੰਟੂ ਰਾਣਾ, ਵਿੱਕੀ ਇਲੈਕਟਰੀਸ਼ਨ, ਹਰਦੇਵ ਚੰਦ ਬਿੱਟ, ਹਰਜਿੰਦਰ ਸਿੰਘ, ਸਤਨਾਮ ਠੇਕੇਦਾਰ, ਪਰਮਜੀਤ ਪੰਮਾ, ਰਾਮਪਾਲ ਆਪਰੇਟਰ, ਬਿੰਦਰ ਬਾਬਾ ਜੇਜੋ, ਬੰਟੀ ਟਰੈਵਲ, ਦੀਪਾ ਲੰਬੜਦਾਰ, ਸਤਨਾਮ ਰਾਣਾ, ਸੁਖਦੇਵ ਰਠੌਰ, ਮਾਸਟਰ ਰਣਵੀਰ ਰਾਣਾ, ਸੂਬੇਦਾਰ ਬਲਵੀਰ ਰਾਣਾ,ਰਮੇਸ਼, ਰਾਣਾ ਵਿੱਕੀ, ਕੁਲਵੰਤ ਸਿੰਘ ਵਿੱਕੀ ਸ਼ਿਵ ਚੌਧਰੀ ਸਮੇਤ ਕਮੇਟੀ ਮੈਂਬਰ ਅਤੇ ਸਨਮਾਨਯੋਗ ਸ਼ਖਸੀਅਤਾਂ ਹਾਜ਼ਰ ਸਨ।



# ਬਸੰਤ ਪੰਚਮੀ ਦਾ ਤਿਉਹਾਰ ਮਨਾਇਆ



**ਲੋਹੀਆਂ ਖਾਸ, (ਯੋਗੇਸ਼ਵਰ, ਰੀਨਾ ਸ਼ਰਮਾ)**- ਅਕਾਲ ਗਲੋਕਸੀ ਕਾਨਵੈਂਟ ਸਕੂਲ ਸਿੱਧੂਪੁਰ ਲੋਹੀਆਂ ਖਾਸ ਵਿਖੇ ਪ੍ਰਿੰਸੀਪਲ ਮੈਡਮ ਅਮਨਪ੍ਰੀਤ ਕੌਰ ਜੀ ਦੀ ਯੋਗ ਅਗਵਾਈ ਹੇਠ ਵਿਸ਼ੇਸ਼ ਅਸੈਂਬਲੀ ਦਾ ਆਯੋਜਨ ਕੀਤਾ ਗਿਆ ਜਿਸ ਦੌਰਾਨ ਬਸੰਤ ਪੰਚਮੀ ਦਾ ਤਿਉਹਾਰ ਬਹੁਤ ਹੀ ਧੂਮਧਾਮ ਨਾਲ ਮਨਾਇਆ ਗਿਆ। ਸੰਗੀਤ ਅਧਿਆਪਕ ਹਰਦੀਪ ਸਿੰਘ, ਰਾਜਨਪ੍ਰੀਤ ਸਿੰਘ ਅਤੇ ਬੱਚਿਆਂ ਦੁਬਾਰਾ ਬਹੁਤ ਹੀ ਸੁੰਦਰ ਸਰਸਵਤੀ ਵੰਦਨਾ ਦਾ ਗਾਇਨ ਕੀਤਾ ਗਿਆ ਇਸ ਦੇ ਨਾਲ ਹੀ ਪ੍ਰਿੰਸੀਪਲ ਵੱਲੋਂ ਜੋਤੀ ਪ੍ਰਜਵਲਿਤ ਕੀਤੀ ਗਈ। ਇਸ ਵਿਸ਼ੇਸ਼ ਮੌਕੇ ਤੇ ਸਾਰੇ ਵਿਦਿਆਰਥੀਆਂ ਲਈ ਉਚੇਰੀ ਅਤੇ ਚੰਗੀ ਵਿੱਦਿਆ ਦੀ ਕਾਮਨਾ ਕੀਤੀ ਗਈ। ਬਸੰਤ ਪੰਚਮੀ ਨਾਲ ਸੰਬੰਧਿਤ ਕਵਿਤਾਵਾਂ ਗਾਇਨ ਕੀਤੀਆਂ ਗਈਆਂ। ਸਕੂਲ ਅਧਿਆਪਕਾਂ ਦੁਆਰਾ ਵਿਦਿਆਰਥੀਆਂ ਨੂੰ ਬਸੰਤ ਪੰਚਮੀ ਦੇ ਮਹੱਤਵ ਤੋਂ ਜਾਣੂ ਕਰਵਾਉਂਦਿਆਂ ਦੱਸਿਆ ਕਿ ਇਸ ਤਿਉਹਾਰ ਸਬੰਧੀ ਜਾਣਕਾਰੀ ਦਿੱਤੀ ਗਈ ਕਿ ਇਸ ਵਿਸ਼ੇਸ਼ ਰੁੱਤ ਤੋਂ ਸਰਦੀ ਦੀ ਰੁੱਤ ਖਤਮ ਹੁੰਦੀ ਹੈ ਤੇ ਗਰਮੀ ਦੀ ਰੁੱਤ ਸ਼ੁਰੂ ਹੋ ਜਾਂਦੀ ਹੈ। ਬੱਚਿਆਂ ਨੂੰ ਚਾਈਨਾ ਡੋਰ ਤੋਂ ਗੁਰੇਜ਼ ਕਰਨ ਲਈ ਕਿਹਾ ਗਿਆ ਕਿਉਂਕਿ ਇਹ ਮਨੁੱਖ ਦੇ ਨਾਲ- ਨਾਲ ਪੰਛੀਆਂ ਲਈ ਵੀ ਬਹੁਤ ਹੀ ਘਾਤਕ ਸਿੱਧ ਹੁੰਦੀ ਹੈ। ਸਕੂਲ ਵਿਦਿਆਰਥੀਆਂ ਦੁਆਰਾ ਇਸ ਪ੍ਰੋਗਰਾਮ ਨੂੰ ਹੋਰ ਵੀ ਸੁਨਹਿਰੀ ਬਣਾਉਣ ਲਈ ਰੰਗਾ ਰੰਗ ਸੱਭਿਆਚਾਰਕ ਨਾਚ ਪੇਸ਼ ਕੀਤਾ ਗਿਆ।

# ਚੱਬੇਵਾਲ ਵੱਲੋਂ ਕੇਂਦਰੀ ਬਜਟ ਦੀ ਤਾਰੀਖ ਮੁੜ ਤੈਅ ਕਰਨ ਦੀ ਮੰਗ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਲੋਕ ਸਭਾ ਦੇ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਮਾਨਯੋਗ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਪੱਤਰ ਲਿਖ ਕੇ ਯੂਨੀਅਨ ਬਜਟ 2026-27 ਦੀ ਪੇਸ਼ੀ ਦੀ ਤਾਰੀਖ, ਜੋ ਇਸ ਸਮੇਂ 1 ਫਰਵਰੀ 2026 ਨਿਰਧਾਰਿਤ ਹੈ, ਨੂੰ ਮੁੜ ਤੈਅ ਕਰਨ ਦੀ ਅਪੀਲ ਕੀਤੀ ਹੈ, ਕਿਉਂਕਿ ਇਸ ਦਿਨ ਸੰਤ ਸ਼ਰੋਮਣੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਜਨਮ ਜਯੰਤੀ ਮਨਾਈ ਜਾ ਰਹੀ ਹੈ। ਡਾ. ਚੱਬੇਵਾਲ ਨੇ ਆਪਣੇ ਪੱਤਰ ਵਿੱਚ ਕਿਹਾ ਕਿ ਗੁਰੂ ਰਵਿਦਾਸ ਜਯੰਤੀ ਦੇਸ਼ ਭਰ ਵਿੱਚ, ਵਿਸ਼ੇਸ਼ ਤੌਰ 'ਤੇ ਪੰਜਾਬ, ਹਰਿਆਣਾ, ਉੱਤਰ ਪ੍ਰਦੇਸ਼, ਬਿਹਾਰ ਅਤੇ ਦਿੱਲੀ ਵਿੱਚ ਕਰੋੜਾਂ ਸ਼ਰਧਾਲੂਆਂ ਵੱਲੋਂ ਵੱਡੇ ਪੱਧਰ 'ਤੇ ਮਨਾਈ ਜਾਂਦੀ ਹੈ। ਇਸ ਦਿਨ ਧਾਰਮਿਕ ਨਗਰ ਕੀਰਤਨ ਅਤੇ ਸਾਂਝੇ ਭੰਡਾਰੇ ਆਯੋਜਿਤ ਕੀਤੇ ਜਾਂਦੇ ਹਨ।ਉਨ੍ਹਾਂ ਨੇ ਕਿਹਾ ਕਿ ਯੂਨੀਅਨ ਬਜਟ ਇੱਕ ਮਹੱਤਵਪੂਰਨ ਰਾਸ਼ਟਰੀ ਕਾਰਜਕ੍ਰਮ ਹੈ, ਜੋ ਦੇਸ਼ ਦੇ ਹਰ ਵਰਗ ਨੂੰ ਪ੍ਰਭਾਵਿਤ ਕਰਦਾ ਹੈ। ਐਸੇ ਵਿੱਚ ਇਸ ਦੀ ਪੇਸ਼ੀ ਨੂੰ ਇੱਕ-ਦੋ ਦਿਨ ਅੱਗੇ ਜਾਂ ਪਿੱਛੇ ਕਰਨ ਨਾਲ ਸ਼ਰਧਾਲੂਆਂ ਨੂੰ ਪਵਿੱਤਰ ਦਿਹਾੜੇ ਨੂੰ ਪੂਰੀ ਸ਼ਰਧਾ ਨਾਲ ਮਨਾਉਣ ਦੇ ਨਾਲ ਹੀ ਬਜਟ ਦੀ ਪੇਸ਼ਕਾਰੀ ਦਾ ਵੀ ਹਿੱਸਾ ਬਣਨ ਦਾ ਮੌਕਾ ਮਿਲੇਗਾ। ਡਾ. ਚੱਬੇਵਾਲ ਨੇ ਇਹ ਵੀ ਕਿਹਾ ਕਿ ਬਜਟ ਸੈਸ਼ਨ ਦੀ ਮਿਆਦ ਦੇ ਅੰਦਰ ਤਾਰੀਖ ਵਿੱਚ ਬਦਲਾਅ ਕਰਨ ਲਈ ਕੋਈ ਸੰਵਿਧਾਨਕ ਰੁਕਾਵਟ ਨਹੀਂ ਹੈ, ਅਤੇ ਪਹਿਲਾਂ ਵੀ ਵੱਖ-ਵੱਖ ਤਾਰੀਖਾਂ 'ਤੇ ਬਜਟ ਪੇਸ਼ ਕੀਤਾ ਜਾ ਚੁੱਕਾ ਹੈ।



# ਵਿਧਾਇਕ ਵੱਲੋਂ 'ਜਲ ਘਰ' ਲੋਕਾਂ ਨੂੰ ਸਮਰਪਿਤ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- 'ਜਲ ਅਰਪਣ ਦਿਵਸ' ਦੇ ਸ਼ੁਭ ਅਵਸਰ 'ਤੇ ਪਿੰਡ ਤੜੌਲੀ ਵਿਖੇ ਕਰੀਬ 40 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਨਵੇਂ 'ਜਲ ਘਰ' ਦਾ ਉਦਘਾਟਨ ਹਲਕਾ ਵਿਧਾਇਕ ਕੁਲਵੰਤ ਸਿੰਘ ਵੱਲੋਂ ਕਰਕੇ, ਇਸਨੂੰ ਪਿੰਡ ਵਾਸੀਆਂ ਨੂੰ ਸਮਰਪਿਤ ਕੀਤਾ ਗਿਆ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਨੇ ਦੱਸਿਆ ਕਿ ਇਹ ਜਲ ਸਪਲਾਈ ਯੋਜਨਾ ਪੰਜਾਬ ਸਰਕਾਰ ਵੱਲੋਂ 'ਜਲ ਜੀਵਨ ਮਿਸ਼ਨ' ਅਤੇ '15ਵੇਂ ਵਿੱਤ ਕਮਿਸ਼ਨ' ਅਧੀਨ ਮੁਕੰਮਲ ਕੀਤੀ ਗਈ ਹੈ। ਯੋਜਨਾ ਤਹਿਤ ਪਿੰਡ ਵਿੱਚ 650 ਫੁੱਟ ਡੂੰਘਾ ਨਵਾਂ ਟਿਊਬਵੈੱਲ ਲਗਾਇਆ ਗਿਆ ਹੈ, ਜਦਕਿ 26.65 ਲੱਖ ਰੁਪਏ ਦੀ ਲਾਗਤ ਨਾਲ 25 ਹਜ਼ਾਰ ਲੀਟਰ ਸਮਰੱਥਾ ਵਾਲੀ ਉੱਚੀ ਪਾਣੀ ਦੀ ਟੈਂਕੀ ਦਾ ਨਿਰਮਾਣ ਕੀਤਾ ਗਿਆ ਹੈ।



# ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੀ ਮੀਟਿੰਗ



**ਦਸੂਹਾ (ਕਰਨੈਲ ਮਾਂਗਟ)**- ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਬਰਾਂਚ ਦਸੂਹਾ ਦੀ ਇੱਕ ਮੀਟਿੰਗ ਹੋਈ ਜਿਸ ਦੀ ਪ੍ਰਧਾਨਗੀ ਪ੍ਰਧਾਨ ਸ਼ਾਂਤੀ ਸਰੂਪ ਨੇ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਸ਼ਾਂਤੀ ਸਰੂਪ ਨੇ ਕਿਹਾ ਕਿ ਸਰਕਾਰ ਹਰ ਫਰੰਟ ਤੇ ਫੇਲ ਰਹੀ ਹੈ, ਕਿਉਂਕਿ ਮੁਲਾਜ਼ਮਾਂ ਨੂੰ ਨਾ ਡੀਏ ਤੇ ਨਾ ਡੀਏ ਦਾ ਬਕਾਇਆ ਅਤੇ ਨਾ ਹੀ ਪੁਰਾਣੀ ਪੈਨਸ਼ਨ ਬਹਾਲ ਕੀਤੀ ਗਈ ਹੈ। ਉਨਾਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ , ਕਿਉਂਕਿ ਪੈਨਸ਼ਨ ਬੁਢਾਪੇ ਦਾ ਸਹਾਰਾ ਹੁੰਦੀ ਹੈ। ਇਸ ਮੌਕੇ ਤੇ ਭਾਗਮਲ, ਹਰੀ ਪ੍ਰਸਾਦ, ਕੁਲਦੀਪ ਸਿੰਘ, ਰਸ਼ਪਾਲ, ਰਾਜ ਕੁਮਾਰ, ਦਵਿੰਦਰ ਸਿੰਘ ਚੀਨਾ, ਕਿਸ਼ੋਰੀ ਲਾਲ ਆਦਿ ਹਾਜ਼ਰ ਸਨ।

# ਮੌਤ ਤੋਂ ਬਾਅਦ ਸਰੀਰ ਤੇ ਨੇਤਰ ਦਾਨ ਕਰਨ ਵਾਲੇ ਪਰਵਾਰਾਂ ਦਾ ਸਨਮਾਨ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਦੋਆਬਾ ਸੇਵਾ ਸਮਿਤੀ ਅਤੇ ਨੇਤਰ ਦਾਨ ਸੋਸਾਇਟੀ, ਨਵਾਂਸ਼ਹਿਰ ਦੇ ਜਨਰਲ ਸਕੱਤਰ ਰਤਨ ਕੁਮਾਰ ਜੈਨ ਨੇ ਦੱਸਿਆ ਕਿ ਗਣਤੰਤਰ ਦਿਵਸ 'ਤੇ ਵੱਖ-ਵੱਖ ਖੇਤਰਾਂ ਵਿੱਚ ਮਿਸਾਲੀ ਭੂਮਿਕਾ ਨਿਭਾਉਣ ਵਾਲੇ ਵਿਅਕਤੀਆਂ ਨੂੰ ਸਨਮਾਨਤ ਕੀਤਾ ਜਾਂਦਾ ਹੈ। ਇਸ ਸਾਲ ਜ਼ਿਲ੍ਹੇ ਵਿੱਚ ਮੌਤ ਤੋਂ ਬਾਅਦ ਆਪਣੇ ਸਰੀਰ ਤੇ ਨੇਤਰਦਾਨ ਕਰਨ ਵਾਲੇ ਪਰਵਾਰਾਂ ਨੂੰ ਵੀ ਸਨਮਾਨਿਤ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਤਹਿਸੀਲ ਬੰਗਾ ਦੇ ਪਿੰਡ ਲੜੋਆ ਦੇ ਦਾਨੀ ਵਿਦਿਆ ਦੇ ਪੁੱਤਰ ਪੁਰਸ਼ੋਤਮ ਰਾਮ, ਬੰਗਾ ਦੇ ਨੇਤਰ ਦਾਨੀ ਰਮੇਸ਼ ਜੈਨ ਦੇ ਪੁੱਤਰ ਗੌਤਮ ਜੈਨ, ਨਵਾਂਸ਼ਹਿਰ ਦੇ ਵਾਸੀ ਸੰਤੋਸ਼ ਜੈਨ ਦੇ ਪੁੱਤਰ ਦਰਪਨ ਜੈਨ ਤੇ ਸੰਜੀਵ ਜੈਨ ਅਤੇ ਪਿੰਡ ਲੰਗੜੋਆ ਦੇ ਨੇਤਰ ਦਾਨੀ ਜੀਤ ਸਿੰਘ ਦੇ ਪੁੱਤਰ ਯਸ਼ਪਾਲ ਸਿੰਘ ਨੂੰ ਗਣਤੰਤਰ ਦਿਵਸ ਜ਼ਿਲ੍ਹਾ ਪੱਧਰੀ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਸਨਮਾਨਤ ਕੀਤਾ। ਨੇਤਰਦਾਨ ਸੋਸਾਇਟੀ ਦੇ ਪ੍ਰਧਾਨ ਡਾ. ਜੇ.ਡੀ. ਵਰਮਾ ਤੇ ਰਤਨ ਕੁਮਾਰ ਜੈਨ ਨੇ ਜ਼ਿਲ੍ਹਾ ਪ੍ਰਸ਼ਾਸਨ ਦਾ ਧੰਨਵਾਦ ਕੀਤਾ।

# ਗੁਰੂ ਗੋਬਿੰਦ ਸਿੰਘ 'ਵਰਸਿਟੀ ਕਾਲਜ ਵਿਖੇ ਦੋ ਦਿਨਾ ਸੈਮੀਨਾਰ ਸ਼ੁਰੂ

**ਗੁਰਾਇਆ (ਬਿੰਦਰ ਸੁਮਨ)**- ਗੁਰੂ ਗੋਬਿੰਦ ਸਿੰਘ ਯੂਨੀਵਰਸਿਟੀ ਕਾਲਜ ਜੰਡਿਆਲਾ ਵਿਖੇ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋਫ਼ੈਸਰ( ਡਾ.) ਕਰਮਜੀਤ ਸਿੰਘ ਜੀ ਦੀ ਯੋਗ ਅਗਵਾਈ ਅਧੀਨ ਅਤੇ ਡੀਨ ਕਾਲਜ ਵਿਕਾਸ ਕੌਂਸਲ ਪ੍ਰੋਫ਼ੈਸਰ (ਡਾ.) ਸਰੋਜ ਅਰੋੜਾ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਦੋ ਦਿਨਾ ਸੈਮੀਨਾਰਾਂ ਦੀ ਸ਼ੁਰੂਆਤ ਹੋਈ। ਰਾਸ਼ਟਰੀ ਉੱਚ ਸਿੱਖਿਆ ਅਭਿਆਨ ਦੇ ਵਿੱਤੀ ਅਨੁਦਾਨ ਨਾਲ ਅਤੇ ਗੋਲਡਨ ਜੁਬਲੀ ਸੈਂਟਰ ਫਾਰ ਇੰਟਰਪਿਨਓਰਸ਼ਿਪ ਅਤੇ ਇਨੋਵੇਸ਼ਨ ਦੇ ਸਹਿਯੋਗ ਨਾਲ ਨੇਪਰੇ ਚਾੜ੍ਹੇ ਗਏ। ਇਹਨਾਂ ਸੈਮੀਨਾਰਾਂ ਵਿੱਚ ਆਰਟੀਫਿਸ਼ਅਲ ਇੰਟੈਲੀਜੈਂਸ ਅਤੇ ਇੰਟਰਨੈਟ ਆਫ਼ ਥਿੰਗਜ਼, ਡਿਜੀਟਲ ਅਤੇ ਨਵੀਨ-ਸੰਚਾਲਕ ਵਪਾਰਕ ਮਾਹੌਲ ਵਿੱਚ ਭਵਿੱਖ ਲਈ ਤਿਆਰ ਪੇਸ਼ੇਵਰਾਂ ਦੇ ਨਿਰਮਾਣ ਵਿਸ਼ਿਆਂ ਉੱਤੇ ਗੰਭੀਰ ਵਿਚਾਰ ਵਟਾਂਦਰਾ ਹੋਇਆ। ਸਮਾਨੰਤਰ ਚੱਲੇ ਦੋਹਾਂ ਸੈਮੀਨਾਰਾਂ ਵਿੱਚ ਭਾਰੀ ਗਿਣਤੀ ਵਿੱਚ ਵਿਦਿਆਰਥੀਆਂ, ਅਧਿਆਪਕਾਂ, ਬੁੱਧੀਜੀਵੀਆਂ ਅਤੇ ਇਲਾਕੇ ਦੇ ਪਤਵੰਤਿਆਂ ਨੇ ਸ਼ਮੂਲੀਅਤ ਕੀਤੀ।ਆਰਟੀਫਿਸ਼ਅਲ ਇੰਟੈਲੀਜੈਂਸ ਤੇ ਇੰਟਰਨੈਟ ਆਫ਼ ਥਿੰਗਜ਼ ਵਿਸ਼ੇ ਤੇ ਹੋਏ ਸੈਮੀਨਾਰ ਵਿੱਚ ਮੁੱਖ ਵਕਤਾ ਵਜੋਂ ਡਾ.ਪੰਕਜਦੀਪ ਕੌਰ (ਐਸੋਸੀਏਟ ਪ੍ਰੋਫ਼ੈਸਰ ਇੰਜੀਨੀਅਰਿੰਗ ਟੈਕਨਾਲੋਜੀ ਵਿਭਾਗ ਗੁਰੂ ਨਾਨਕ ਦੇਵ ਯੂਨੀਵਰਸਿਟੀ ਰਿਜਨਲ ਕੈਂਪਸ ਜਲੰਧਰ) ਸ਼ਾਮਿਲ ਹੋਏ ।ਪਹਿਲੇ ਸੈਸ਼ਨ ਦੌਰਾਨ ਉਨ੍ਹਾਂ ਨੇ ਆਰਟੀਫਿਸ਼ਅਲ ਇੰਟੈਲੀਜੈਂਸ ਦੇ ਵਿਕਾਸ ਅਤੇ ਰੋਜ਼ਾਨਾ ਜੀਵਨ ਵਿੱਚ ਇਸ ਦੀ ਵੱਧਦੀ ਭੂਮਿਕਾ ਬਾਰੇ ਵਿਸਥਾਰਪੂਰਕ ਜਾਣਕਾਰੀ ਦਿੱਤੀ। ਦੂਸਰੇ ਸੈਸ਼ਨ ਦੌਰਾਨ ਉਨ੍ਹਾਂ ਨੇ ਇੰਟਰਨੈਟ ਆਫ਼ ਥਿੰਗਸ ਵਿਸ਼ੇ ਤੇ ਚਾਨਣਾ ਪਾਉਂਦੇ ਹੋਏ ਦੱਸਿਆ ਕਿ ਸਾਡੀ ਰੋਜ਼ਾਨਾ ਵਰਤੋਂ ਵਿੱਚ ਜੋ ਯੰਤਰ, ਸੈਂਸਰ ਅਤੇ ਸੋਫਟਵੇਅਰ ਇੰਟਰਨੈਟ ਨੈਟਵਰਕ ਰਾਹੀਂ ਜੁੜੇ ਹੋਏ ਹਨ। ਦੂਸਰੀ ਵਰਕਸ਼ਾਪ ਦੌਰਾਨ ਸਵੇਰ ਦੇ ਸੈਸ਼ਨ ਦੌਰਾਨ ਡਾ.ਅਸ਼ੀਸ਼ ਅਰੋੜਾ (ਅਸਿਸਟੈਂਟ ਪ੍ਰੋਫ਼ੈਸਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਜਲੰਧਰ) ਨੇ ਦੱਸਿਆ ਕਿ ਆਧੁਨਿਕ ਯੁੱਗ ਵਿੱਚ ਤੇਜ਼ੀ ਨਾਲ ਬਦਲ ਰਹੀ ਆਰਥਿਕਤਾ ਵਿੱਚ ਨਵੀਨਤਾ ਅਤੇ ਉੱਦਮਤਾ ਦਾ ਅਹਿਮ ਯੋਗਦਾਨ ਹੈ,ਇਸ ਦੌਰ ਵਿੱਚ ਨਵੀਨਤਮ ਟਿਕਾਊ ਵਪਾਰਕ ਵਿਕਾਸ ਵਿੱਚ ਰੋਜ਼ਗਾਰ ਦੇ ਢੰਗ ਤਰੀਕਿਆਂ ਬਾਰੇ ਜਾਣੂ ਕਰਵਾਇਆ।




# ਪ੍ਰਸਿੱਧ ਕਵੀ ਪ੍ਰੋ. ਮਹਿੰਦਰ ਸਿੰਘ ਬਾਗੀ ਅਕਾਲ ਚਲਾਣਾ ਕਰ ਗਏ

**ਆਨੰਦਪੁਰ ਸਾਹਿਬ (ਨ ਜ ਸ)**- ਪੰਜਾਬੀ ਸਾਹਿਤ 'ਚ ਪ੍ਰੋ. ਮਿੰਦਰ ਦੇ ਨਾਂਅ ਨਾਲ ਜਾਣੇ ਜਾਂਦੇ ਪ੍ਰਸਿੱਧ ਕਵੀ ਤੇ ਅਧਿਆਪਕ ਪ੍ਰੋ. ਮਹਿੰਦਰ ਸਿੰਘ ਬਾਗੀ (84) ਦਾ ਬੀਤੇ ਦਿਨੀ ਦੇਹਾਂਤ ਹੋ ਗਿਆ। ਪ੍ਰੋ. ਬਾਗੀ ਨੇ ਰੋਪੜ ਦੇ ਇੱਕ ਨਿਜੀ ਹਸਪਤਾਲ ਵਿਚ ਆਖਰੀ ਸਾਹ ਲਏ।ਉਹ ਪਿਛਲੇ ਕੁਝ ਦਿਨਾਂ ਤੋਂ ਬਿਮਾਰ ਚਲ ਰਹੇ ਸਨ। ਪ੍ਰਗਤੀਸ਼ੀਲ ਲੇਖਕ ਸੰਘ ਦੇ ਕੌਮੀ ਜਨਰਲ ਸਕੱਤਰ ਡਾ. ਸੁਖਦੇਵ ਸਿਰਸਾ, ਸੂਬਾਈ ਪ੍ਰਧਾਨ ਸ਼ਾਇਰ ਸੁਰਜੀਤ ਜੱਜ, ਜਨਰਲ ਸਕੱਤਰ ਡਾ. ਕੁਲਦੀਪ ਸਿੰਘ, ਸ਼ਾਇਰ ਤੇ ਚਿੰਤਕ ਸਵਰਾਜਬੀਰ, ਪੰਜਾਬੀ ਅਕਾਦਮੀ ਲੁਧਿਆਣਾ ਦੇ ਪ੍ਰਧਾਨ ਡਾ. ਸਰਬਜੀਤ ਸਿੰਘ, ਸ਼ਾਇਰਾ ਪਾਲ ਕੌਰ, ਸ਼ਾਇਰ ਤਰਸੇਮ, ਹਰਮੀਤ ਵਿਦਿਆਰਥੀ, ਸਤਪਾਲ ਭੀਖੀ, ਸ਼ਬਦੀਸ਼, ਡਾ. ਸੰਤੋਖ ਸੁੱਖੀ, ਸ਼ਾਇਰ ਮੱਖਣ ਮਾਨ, ਗੁਰਪ੍ਰੀਤ ਅਤੇ ਡਾ. ਅਰਵਿੰਦਰ ਕਾਕੜਾ ਨੇ ਪ੍ਰੋ. ਮਹਿੰਦਰ ਸਿੰਘ ਬਾਗੀ ਦੀ ਮੌਤ 'ਤੇ ਅਫਸੋਸ ਪ੍ਰਗਟ ਕੀਤਾ।

# ਵਿਧਾਇਕ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਵਿਖੇ ਦਾਖ਼ਲਾ ਮੁਹਿੰਮ ਦੀ ਸ਼ੁਰੂਆਤ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)**- ਪੰਜਾਬ ਦੀ ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਗੁਣਵੱਤਾ ਭਰੀ ਸਿੱਖਿਆ ਅਤੇ ਸਿਹਤ ਸੇਵਾਵਾਂ ਨੂੰ ਸ਼ਾਸਨ ਦੇ ਕੇਂਦਰ ਵਿੱਚ ਮੁੱਖ ਤਰਜੀਹ ਰੱਖਿਆ ਗਿਆ ਹੈ, ਜਦਕਿ ਪਿਛਲੀਆਂ ਸਰਕਾਰਾਂ ਦੌਰਾਨ ਇਹ ਖੇਤਰ ਅਣਡਿੱਠੇ ਰਹੇ, ਇਹ ਗੱਲ ਅੱਜ ਇੱਥੇ ਮੋਹਾਲੀ ਦੇ ਵਿਧਾਇਕ ਸ੍ਰੀ ਕੁਲਵੰਤ ਸਿੰਘ ਨੇ ਕਹੀ।ਸਰਕਾਰੀ ਪ੍ਰਾਇਮਰੀ ਸਕੂਲ, ਫੇਜ਼-2, ਮੋਹਾਲੀ ਵਿਖੇ ਵਿਦਿਆਰਥੀ ਦਾਖ਼ਲਾ ਮੁਹਿੰਮ ਦੀ ਸ਼ੁਰੂਆਤ ਕਰਦਿਆਂ ਵਿਧਾਇਕ ਨੇ ਕਿਹਾ ਕਿ ਮੌਜੂਦਾ ਸਰਕਾਰ ਵੱਲੋਂ ਸਿੱਖਿਆ ਦੇ ਬੁਨਿਆਦੀ ਢਾਂਚੇ ਅਤੇ ਅਕਾਦਮਿਕ ਸੁਧਾਰਾਂ ਲਈ ਕੀਤੇ ਗਏ ਵਿਸ਼ਾਲ ਪੱਧਰੀ ਕਦਮਾਂ ਕਾਰਨ ਸੂਬੇ ਭਰ ਵਿੱਚ ਲਗਭਗ 79,000 ਵਿਦਿਆਰਥੀਆਂ ਨੇ ਨਿੱਜੀ ਸਕੂਲਾਂ ਦੀ ਬਜਾਏ ਸਰਕਾਰੀ ਸਕੂਲਾਂ ਵਿੱਚ ਦਾਖ਼ਲਾ ਲਿਆ ਹੈ। ਉਨ੍ਹਾਂ ਕਿਹਾ ਕਿ ਹਰ ਸਾਲ ਇਹ ਗਿਣਤੀ ਲਗਾਤਾਰ ਵੱਧ ਰਹੀ ਹੈ।




# ਲੜਕੀ ਦੇ ਜਨਮ ਦਿਨ ਤੇ ਲੰਗਰ ਲਗਾਇਆ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਸਮਾਜ 'ਚ ਧੀਆਂ ਨੂੰ ਕੰਜਕਾਂ ਦੇ ਰੂਪ 'ਚ ਪੂਜਿਆ ਜਾਂਦਾ ਹੈ। ਪਰ ਮੁੰਡਿਆਂ ਦੀ ਚਾਹ ਵਿਚ ਕਰਵਾਈ ਜਾ ਰਹੀ ਕੰਨਿਆ ਭਰੂਣ ਹੱਤਿਆ ਚਿੰਤਾ ਦਾ ਵਿਸ਼ਾ ਹੈ। ਸਮਾਜ 'ਚ ਧੀਆਂ ਪ੍ਰਤੀ ਸਤਿਕਾਰ ਘੱਟਣਾ ਹੋਰ ਵੀ ਚਿੰਤਾ ਦਾ ਵਿਸ਼ਾ ਹੈ। ਇਸ ਨੂੰ ਰੋਕਣ ਲਈ ਸ਼ਹੀਦ ਭਗਤ ਸਿੰਘ ਕਲੱਬ ਵੱਲੋਂ, ਸਰਕਾਰ, ਪ੍ਰਸ਼ਾਸਨ ਅਤੇ ਸਮਾਜ ਵੱਲੋਂ ਕੰਨਿਆ ਭਰੂਣ ਹਤਿਆ ਵਰਗੀ ਕੁਪ੍ਰਥਾ ਨੂੰ ਰੋਕਣ ਦੇ ਉਪਰਾਲੇ ਕੀਤੇ ਜਾ ਰਹੇ ਹਨ। ਉੱਘੇ ਸਮਾਜ ਸੇਵਕ ਐਡਵੋਕੇਟ ਗੌਰਵ ਨਾਗਰਾਜ ਆਪਣੀ ਧੀ ਰਾਣੀ ਸਿਮਰਨ ਨਾਗਰਾਜ ਦਾ ਜਨਮ ਦਿਨ ਹਰ ਸਾਲ 26 ਜਨਵਰੀ ਨੂੰ ਬਹੁਤ ਧੂਮਧਾਮ ਨਾਲ ਮਨਾਉਂਦੇ ਹਨ ਤੇ ਲੰਗਰ ਲਗਾਉਂਦੇ ਹਨ। ਇਸ ਮੌਕੇ ਤੇ ਉਹਨਾਂ ਦੇ ਸਾਰੇ ਕਲੱਬ ਮੈਂਬਰ, ਅਤੇ ਰਾਜਨੀਤਿਕ, ਸਮਾਜਿਕ ਅਤੇ ਧਾਰਮਿਕ ਸ਼ਖ਼ਸ਼ੀਅਤਾਂ ਹਾਜ਼ਰ ਸਨ। ਸਾਰਿਆਂ ਨੇ ਐਡਵੋਕੇਟ ਗੌਰਵ ਨਾਗਰਾਜ ਦੇ ਇਸ ਸ਼ਲਾਘਾਯੋਗ ਉਪਰਾਲੇ ਦੀ ਪ੍ਰਸ਼ੰਸ਼ਾ ਕੀਤੀ।



# ਲੌਂਗੋਵਾਲ ਗਰੁੱਪ ਆਫ਼ ਕਾਲਜਜ਼ ਵਿਖੇ ਗਣਤੰਤਰ ਦਿਵਸ ਮਨਾਇਆ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਲੌਂਗੋਵਾਲ ਗਰੁੱਪ ਆਫ਼ ਕਾਲਜਜ਼ ਡੇਰਾਬੱਸੀ ਵਿਖੇ ਦੇਸ਼ ਦਾ 77ਵਾਂ ਗਣਤੰਤਰ ਦਿਵਸ 26 ਜਨਵਰੀ ਨੂੰ ਸਵੇਰੇ 9 ਵਜੇ ਬੜੇ ਹੀ ਜੋਸ਼, ਉਤਸ਼ਾਹ ਅਤੇ ਦੇਸ਼ਭਗਤੀ ਦੇ ਮਾਹੌਲ ਵਿੱਚ ਮਨਾਇਆ ਗਿਆ। ਇਸ ਮੌਕੇ ਸੰਸਥਾ ਦਾ ਪ੍ਰੰਗਣ ਤਿਰੰਗੇ ਰੰਗਾਂ ਨਾਲ ਸਜਾਇਆ ਗਿਆ ਸੀ ਅਤੇ ਹਰ ਪਾਸੇ ਦੇਸ਼ ਪ੍ਰੇਮ ਦੀ ਲਹਿਰ ਦਿਖਾਈ ਦੇ ਰਹੀ ਸੀ। ਵਿਦਿਆਰਥੀਆਂ, ਅਧਿਆਪਕਾਂ ਅਤੇ ਪ੍ਰਬੰਧਕਾਂ ਨੇ ਮਿਲ ਕੇ ਇਸ ਰਾਸ਼ਟਰੀ ਤਿਉਹਾਰ ਨੂੰ ਬੜੀ ਸ਼ਰਧਾ ਅਤੇ ਸਨਮਾਨ ਨਾਲ ਮਨਾਇਆ। ਸਮਾਗਮ ਦੀ ਸ਼ੁਰੂਆਤ ਰਾਸ਼ਟਰੀ ਝੰਡੇ ਦੀ ਫਹਿਰਾਈ ਨਾਲ ਹੋਈ, ਜੋ ਕਿ ਸੰਸਥਾ ਦੇ ਵਾਈਸ-ਚੇਅਰਮੈਨ ਡਾ. ਕਪਿਲ ਕਟਿਆਲ ਵੱਲੋਂ ਕੀਤੀ ਗਈ। ਝੰਡਾ ਫਹਿਰਾਉਣ ਉਪਰੰਤ ਸਾਰੇ ਵਿਦਿਆਰਥੀਆਂ ਤੇ ਸਟਾਫ਼ ਵੱਲੋਂ ਰਾਸ਼ਟਰੀ ਗੀਤ ਗਾਇਆ ਗਿਆ, ਜਿਸ ਨਾਲ ਪੂਰਾ ਪ੍ਰੰਗਣ ਦੇਸ਼ਭਗਤੀ ਦੇ ਜਜ਼ਬੇ ਨਾਲ ਗੂੰਜ ਉਠਿਆ। ਇਸ ਪਾਵਨ ਮੌਕੇ 'ਤੇ ਐੱਲ ਪੀ ਪੀ ਸੀ ਦੀ ਪ੍ਰਿੰਸੀਪਲ ਡਾ. ਰੋਸੀ ਕਟਿਆਲ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਕੇ ਸਮਾਗਮ ਦੀ ਸ਼ਾਨ ਵਧਾਈ।ਸਮਾਗਮ ਦੌਰਾਨ ਵਿਦਿਆਰਥੀਆਂ ਵੱਲੋਂ ਦੇਸ਼ਭਗਤੀ ਗੀਤ, ਪ੍ਰੇਰਕ ਭਾਸ਼ਣ, ਰੰਗਾਰੰਗ ਨਾਚ ਪ੍ਰਸਤੁਤੀਆਂ ਅਤੇ ਇੱਕ ਅਰਥਪੂਰਨ ਨਾਟਕ ਪੇਸ਼ ਕੀਤਾ ਗਿਆ। ਖਾਸ ਤੌਰ 'ਤੇ 'ਓਪਰੇਸ਼ਨ ਸਿੰਦੂਰ' ਵਿਸ਼ੇ 'ਤੇ ਤਿਆਰ ਕੀਤੇ ਗਏ ਨਾਟਕ ਨੇ ਦਰਸ਼ਕਾਂ ਦੇ ਦਿਲਾਂ ਨੂੰ ਛੂਹ ਲਿਆ। ਇਸ ਨਾਟਕ ਰਾਹੀਂ ਦੇਸ਼ ਦੀ ਰੱਖਿਆ ਲਈ ਕੁਰਬਾਨੀ ਦੇਣ ਵਾਲੇ ਸੈਨਿਕਾਂ ਦੇ ਜੀਵਨ ਸੰਘਰਸ਼, ਬਲਿਦਾਨ ਅਤੇ ਦੇਸ਼ਭਗਤੀ ਭਾਵਨਾਵਾਂ ਨੂੰ ਬਹੁਤ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ ਗਿਆ। ਲੌਂਗੋਵਾਲ ਗਰੁੱਪ ਆਫ਼ ਕਾਲਜਜ਼ ਡੇਰਾਬੱਸੀ ਵੱਲੋਂ ਮਨਾਇਆ ਗਿਆ ਇਹ ਗਣਤੰਤਰ ਦਿਵਸ ਸਮਾਰੋਹ ਅਨੁਸ਼ਾਸਨ, ਏਕਤਾ ਅਤੇ ਦੇਸ਼ਸੇਵਾ ਦੇ ਸੰਦੇਸ਼ ਨਾਲ ਸੰਪੰਨ ਹੋਇਆ। ਵਿਦਿਆਰਥੀਆਂ ਅਤੇ ਸਟਾਫ਼ ਨੇ ਇਹ ਪ੍ਰਣ ਲਿਆ ਕਿ ਉਹ ਦੇਸ਼ ਦੀ ਤਰੱਕੀ, ਸਮਾਜਕ ਭਲਾਈ ਅਤੇ ਰਾਸ਼ਟਰੀ ਏਕਤਾ ਲਈ ਹਮੇਸ਼ਾ ਸਰਗਰਮ ਰਹਿਣਗੇ ਅਤੇ ਸੰਵਿਧਾਨ ਦੇ ਮੂਲ ਸਿਧਾਂਤਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣਗੇ।




# ਚੰਡੀਗੜ੍ਹ ਨੂੰ ਪੰਜਾਬ ਨਿਵਾਸੀਆਂ ਲਈ ਹਥਿਆਰ ਲਾਇਸੈਂਸ ਦੇ ਅਧਿਕਾਰ ਖੇਤਰ 'ਚ ਸ਼ਾਮਲ ਕਰਨ ਲਈ ਸਪੀਕਰ ਨੇ ਅਮਿਤ ਸ਼ਾਹ ਨੂੰ ਲਿਖਿਆ ਪੱਤਰ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਇੱਕ ਅਰਧ-ਸਰਕਾਰੀ ਪੱਤਰ ਲਿਖ ਕੇ ਚੰਡੀਗੜ੍ਹ ਨੂੰ ਪੰਜਾਬ ਦੇ ਨਿਵਾਸੀਆਂ ਲਈ ਹਥਿਆਰ ਲਾਇਸੈਂਸ ਦੇ ਅਧਿਕਾਰ ਖੇਤਰ ਵਿੱਚ ਸ਼ਾਮਲ ਕਰਨ ਦੀ ਮੰਗ ਕੀਤੀ ਹੈ। ਉਨ੍ਹਾਂ ਨੇ ਅਸਲਾ ਐਕਟ ਤਹਿਤ ਕੁਝ ਸੋਧਾਂ ਦੀ ਲੋੜ 'ਤੇ ਜ਼ੋਰ ਦਿੱਤਾ। ਦੱਸਣਯੋਗ ਹੈ ਕਿ ਮੌਜੂਦਾ ਨਿਯਮਾਂ ਅਨੁਸਾਰ ਪੰਜਾਬ ਦੇ ਨਿਵਾਸੀਆਂ ਨੂੰ ਚੰਡੀਗੜ੍ਹ ਵਿੱਚ ਲਾਇਸੈਂਸਸ਼ੁਦਾ ਹਥਿਆਰ ਰੱਖਣ ਲਈ ਵੱਖਰੇ ਤੌਰ 'ਤੇ ਇਜਾਜ਼ਤ ਲਈ ਅਰਜ਼ੀ ਦੇਣੀ ਪੈਂਦੀ ਹੈ, ਜਿਸ ਕਰਕੇ ਉਨ੍ਹਾਂ ਨੂੰ ਬੇਲੋੜੀ ਦੇਰੀ ਅਤੇ ਅਸੁਵਿਧਾ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਲਿਖਿਆ ਕਿ ਜਦੋਂ ਪੰਜਾਬ ਦੇ ਨਿਵਾਸੀ ਹਥਿਆਰ ਦੇ ਲਾਇਸੈਂਸ ਲਈ ਅਰਜ਼ੀ ਦਿੰਦੇ ਹਨ ਤਾਂ ਇਸ ਵਿੱਚ ਅਧਿਕਾਰ ਖੇਤਰ ਸਿਰਫ਼ ਪੰਜਾਬ ਰਾਜ ਤੱਕ ਸੀਮਿਤ ਹੁੰਦਾ ਹੈ। ਉਨ੍ਹਾਂ ਨੇ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਨੂੰ ਨਿਮਰਤਾ ਸਹਿਤ ਬੇਨਤੀ ਕੀਤੀ ਕਿ ਉਹ ਸਬੰਧਤ ਨਿਯਮਾਂ/ਦਿਸ਼ਾ-ਨਿਰਦੇਸ਼ਾਂ ਵਿੱਚ ਸੋਧ ਲਈ ਸਬੰਧਤ ਅਧਿਕਾਰੀਆਂ ਨੂੰ ਬਣਦੇ ਦਿਸ਼ਾ-ਨਿਰਦੇਸ਼ ਜਾਰੀ ਕਰਨਾ ਯਕੀਨੀ ਬਣਾਉਣ।

# ਡਿਪਟੀ ਸਪੀਕਰ ਨੇ ਦਾਖ਼ਲਾ ਵੈਨ ਨੂੰ ਹਰੀ ਝੰਡੀ ਦਿਖਾ ਕੇ ਕੀਤਾ ਰਵਾਨਾ



**ਜੇਜੋ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੇ ਦਾਖਲਿਆਂ ਨੂੰ ਵਧਾਉਣ ਤੇ ਗੁਣਵੱਤਾ ਭਰੀ ਸਿੱਖਿਆ ਪ੍ਰਦਾਨ ਕਰਨ ਦੇ ਉਦੇਸ਼ ਨਾਲ ਜ਼ਿਲ੍ਹਾ ਪੱਧਰੀ ਦਾਖਲਾ ਮੁਹਿੰਮ ਦੀ ਸ਼ੁਰੂਆਤ ਸਕੂਲ ਆਫ ਐਮੀਨੈਂਸ ਗੜ੍ਹਸ਼ੰਕਰ ਵਿਖੇ ਕੀਤੀ ਗਈ। ਇਸ ਮੌਕੇ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਵੱਲੋਂ ਦਾਖ਼ਲਾ ਵੈਨ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ, ਜੋ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਤੇ ਸ਼ਹਿਰੀ ਇਲਾਕਿਆਂ ਵਿੱਚ ਜਾ ਕੇ ਮਾਪਿਆਂ ਅਤੇ ਵਿਦਿਆਰਥੀਆਂ ਨੂੰ ਸਰਕਾਰੀ ਸਕੂਲਾਂ ਦੀਆਂ ਸਹੂਲਤਾਂ ਬਾਰੇ ਜਾਣੂ ਕਰਵਾਏਗੀ। ਸਮਾਗਮ ਨੂੰ ਸੰਬੋਧਨ ਕਰਦਿਆਂ ਡਿਪਟੀ ਸਪੀਕਰ ਰੌੜੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸਿੱਖਿਆ ਨੂੰ ਸਭ ਤੋਂ ਉੱਚੀ ਤਰਜੀਹ ਦੇ ਰਹੀ ਹੈ। ਉਨ੍ਹਾਂ ਦੱਸਿਆ ਕਿ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਗਿਆ ਹੈ, ਕਲਾਸ ਰੂਮ ਆਧੁਨਿਕ ਤਕਨੀਕ ਨਾਲ ਲੈਸ ਕੀਤੇ ਗਏ ਹਨ ਤੇ ਅਧਿਆਪਕਾਂ ਦੀ ਯੋਗਤਾ ਵਧਾਉਣ ਲਈ ਵਿਸ਼ੇਸ਼ ਪ੍ਰੋਗਰਾਮ ਚਲਾਏ ਜਾ ਰਹੇ ਹਨ। ਸਕੂਲ ਆਫ ਐਮੀਨੈਂਸ ਵਰਗੇ ਸੰਸਥਾਨ ਬੱਚਿਆਂ ਦੇ ਭਵਿੱਖ ਨੂੰ ਨਵੀਂ ਦਿਸ਼ਾ ਦੇ ਰਹੇ ਹਨ। ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫਸਰ (ਐਲੀਮੈਂਟਰੀ) ਹੁਸ਼ਿਆਰਪੁਰ ਹਰਜਿੰਦਰ ਕੌਰ, ਪ੍ਰਿੰਸੀਪਲ ਸੀਮਾ ਰਾਣੀ, ਪ੍ਰਿੰਸੀਪਲ ਕਿਰਪਾਲ ਸਿੰਘ, ਗੁਰਦੇਵ ਸਿੰਘ ਢਿੱਲੋਂ (ਬੀ ਐੱਨ ਓ. ਗੜ੍ਹਸ਼ੰਕਰ-1), ਜਸਵੀਰ ਸਿੰਘ (ਬੀ ਐੱਨ ਓ ਗੜ੍ਹਸ਼ੰਕਰ-2), ਬੀ.ਆਰ.ਸੀ. ਨਰਿੰਦਰ ਪਾਲ, ਕਮਲਜੀਤ ਸਿੰਘ, ਸੀ ਐੱਚ ਟੀ, ਐੱਚ ਟੀ ਸਾਹਿਬਾਨ ਤੇ ਬਲਾਕ ਗੜ੍ਹਸ਼ੰਕਰ-1 ਅਤੇ 2 ਦੇ ਅਧਿਆਪਕ ਹਾਜ਼ਰ ਰਹੇ।

# ਇੰਸਪੈਕਟਰ ਵਿਜੈ ਕੁਮਾਰ ਬੱਧਣ ਗਣਤੰਤਰ ਦਿਵਸ ਮੌਕੇ ਸਨਮਾਨਤ

**ਅਲਾਵਲਪੁਰ, (ਮਦਨ ਬੰਗੜ)**- ਦੇਸ਼ ਦੇ 77ਵੇਂ ਗਣਤੰਤਰ ਦਿਵਸ ਮੌਕੇ ਜ਼ਿਲ੍ਹਾ ਪੱਧਰੀ ਸਮਾਗਮ ਸ੍ਰੀ ਗੁਰੂ ਗੋਬਿੰਦ ਸਿੰਘ ਸਟੇਡੀਅਮ, ਜਲੰਧਰ ਵਿਖੇ ਸ਼ਾਨੋ ਸ਼ੌਂਕਤ ਨਾਲ ਮਨਾਇਆ ਗਿਆ। ਇਸ ਮੌਕੇ ਤੇ ਕੌਮੀ ਝੰਡਾ ਲਹਿਰਾਉਣ ਦੀ ਰਸਮ ਸ੍ਰੀ ਬਰਿੰਦਰ ਕੁਮਾਰ ਗੋਇਲ, ਮਾਨਯੋਗ ਖਣਨ ਤੇ ਭੂ-ਵਿਗਿਆਨ, ਜਲ ਸਰੋਤ ਅਤੇ ਭੂਮੀ ਤੇ ਜਲ ਸੰਭਾਲ ਮੰਤਰੀ, ਪੰਜਾਬ ਵੱਲੋਂ ਕੀਤੀ ਗਈ। ਇਸ ਮੌਕੇ ਤੇ ਜਿਲ੍ਹਾ ਪ੍ਰਸ਼ਾਸ਼ਨ ਵੱਲੋਂ ਵੱਖ-ਵੱਖ ਵਿਭਾਗ ਵਿੱਚ ਕੰਮ ਕਰਦੇ ਕਰਮਚਾਰੀਆਂ ਦੀ ਲਗਨ ਅਤੇ ਮਿਹਨਤ ਨੂੰ ਮੱਦੇ ਨਜ਼ਰ ਰੱਖਦੇ ਹੋਏ ਸਨਮਾਨਤ ਕੀਤਾ ਗਿਆ। ਇਸ ਮੌਕੇ ਨਗਰ ਨਿਗਮ ਜਲੰਧਰ ਦੇ ਇੰਸਪੈਕਟਰ ਵਿਜੈ ਕੁਮਾਰ ਬੱਧਣ ਨੂੰ ਉਨ੍ਹਾਂ ਵੱਲੋਂ ਦਿੱਤੀਆਂ ਜਾ ਰਹੀਆਂ ਸੇਵਾਵਾਂ ਨੂੰ ਵਿਚਾਰਦੇ ਹੋਏ ਸਨਮਾਨਤ ਕੀਤਾ ਗਿਆ।



# ਡਿਪਟੀ ਕਮਿਸ਼ਨਰ ਵੱਲੋਂ ਸੀਵਰੇਜ, ਬਰਸਾਤ ਦੇ ਪਾਣੀ ਨਿਕਾਸ ਦੇ ਕੰਮਾਂ ਦੀ ਸਮੀਖਿਆ

**ਖਰੜ (ਹਰਨਾਮ ਸਿੰਘ ਡੱਲਾ)**- ਡਿਪਟੀ ਕਮਿਸ਼ਨਰ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਕੋਮਲ ਮਿੱਤਲ ਨੇ ਬਾਅਦ ਦੁਪਹਿਰ ਖਰੜ-ਲਾਂਡਰਾਂ ਰੋਡ 'ਤੇ ਚੱਲ ਰਹੇ ਸੀਵਰੇਜ ਕੰਮਾਂ ਦੀ ਸਮੀਖਿਆ ਕੀਤੀ ਅਤੇ ਕਾਰਜਕਾਰੀ ਅਧਿਕਾਰੀ (ਈ.ਓ.), ਨਗਰ ਕੌਂਸਲ ਖਰੜ ਨੂੰ ਨਿਰਦੇਸ਼ ਦਿੱਤੇ ਕਿ ਸੜਕ ਦੀ ਮੁਰੰਮਤ ਦਾ ਕੰਮ ਮਾਰਚ ਮਹੀਨੇ ਤੋਂ ਸ਼ੁਰੂ ਕਰਨ ਲਈ ਤੁਰੰਤ ਟੈਂਡਰ ਜਾਰੀ ਕੀਤੇ ਜਾਣ। ਉਨ੍ਹਾਂ ਨੇ ਨਾਲ ਹੀ ਬਰਸਾਤੀ ਪਾਣੀ ਦੀ ਸੁਚੱਜੀ ਅਤੇ ਉਚਿਤ ਨਿਕਾਸੀ ਯਕੀਨੀ ਬਣਾਉਣ ਦੇ ਹੁਕਮ ਵੀ ਦਿੱਤੇ। ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਖੂਨੀਮਾਜਰਾ ਵਿਖੇ ਨਿਰਮਾਣ ਅਧੀਨ ਸਿਵਰੇਜ ਟ੍ਰੀਟਮੈਂਟ ਪਲਾਂਟ (ਐੱਸ ਟੀ ਪੀ) ਦਾ ਵੀ ਨਿਰੀਖਣ ਕੀਤਾ। ਪੰਜਾਬ ਵਾਟਰ ਸਪਲਾਈ ਅਤੇ ਸੀਵਰੇਜ ਬੋਰਡ ਦੇ ਅਧਿਕਾਰੀਆਂ ਨੇ ਉਨ੍ਹਾਂ ਨੂੰ ਜਾਣਕਾਰੀ ਦਿੱਤੀ ਕਿ ਲਗਭਗ 70 ਫੀਸਦੀ ਕੰਮ ਪੂਰਾ ਹੋ ਚੁੱਕਾ ਹੈ ਤੇ ਇਹ ਐਸ.ਟੀ.ਪੀ. ਜੁਲਾਈ 2026 ਤੱਕ ਚਾਲੂ ਹੋਣ ਦੀ ਸੰਭਾਵਨਾ ਹੈ। ਡਿਪਟੀ ਕਮਿਸ਼ਨਰ ਨੇ ਪ੍ਰੋਜੈਕਟ ਨੂੰ ਨਿਰਧਾਰਤ ਸਮੇਂ ਅੰਦਰ ਪੂਰਾ ਕਰਨ 'ਤੇ ਜ਼ੋਰ ਦਿੱਤਾ। ਇਸ ਤੋਂ ਬਾਅਦ ਸ੍ਰੀਮਤੀ ਕੋਮਲ ਮਿੱਤਲ ਨੇ ਛੱਜੂਮਾਜਰਾ ਰੋਡ (ਐਸ.ਬੀ.ਪੀ. ਹੋਮਜ਼ ਨੇੜੇ) ਬਰਸਾਤੀ ਪਾਣੀ ਨਿਕਾਸੀ ਕੰਮਾਂ ਦੀ ਸਮੀਖਿਆ ਕੀਤੀ ਅਤੇ ਕਾਰਜਕਾਰੀ ਅਧਿਕਾਰੀ ਨਗਰ ਕੌਂਸਲ ਖਰੜ ਨੂੰ ਨਿਰਦੇਸ਼ ਦਿੱਤੇ ਕਿ ਮਾਨਸੂਨ ਤੋਂ ਪਹਿਲਾਂ ਟਾਇਲਾਂ ਲਾਉਣ ਸਮੇਤ ਸਾਰੇ ਬਾਕੀ ਕੰਮ ਮੁਕੰਮਲ ਕੀਤੇ ਜਾਣ।



# ਇਮਾਨਦਾਰੀ ਦੀ ਮਿਸਾਲ ਪ੍ਰਿੰਸੀਪਲ ਗੁਰਨਾਮ ਸਿੰਘ ਭੱਲੜੀ ਸੇਵਾ-ਮੁਕਤ

**ਭਲਾਣ ਨੰਗਲ (ਹਰਭਜਨ ਢਿੱਲੋਂ)**- ਸੇਵਾ ਮੁਕਤੀ ਮਨੁੱਖੀ ਜੀਵਨ ਦਾ ਉਹ ਮਹੱਤਵਪੂਰਨ ਅਤੇ ਸੁਖਦਾਈ ਪੜਾਅ ਹੁੰਦਾ ਹੈ, ਜਿੱਥੇ ਜ਼ਿੰਮੇਵਾਰੀਆਂ ਨਾਲ ਭਰਪੂਰ ਲੰਬਾ ਸਫ਼ਰ ਸਨਮਾਨ, ਸੰਤੁਸ਼ਟੀ ਅਤੇ ਅਨੁਭਵਾਂ ਦੀ ਪੂੰਜੀ ਨਾਲ ਸੰਪੰਨ ਹੁੰਦਾ ਹੈ। ਇਹ ਮੌਕਾ ਸਿਰਫ਼ ਇੱਕ ਅਹੁਦੇ ਤੋਂ ਵਿਦਾਈ ਦਾ ਨਹੀਂ, ਸਗੋਂ ਇਮਾਨਦਾਰੀ, ਨਿਸ਼ਠਾ, ਕਰਤੱਵ-ਭਾਵਨਾ ਅਤੇ ਲੋਕ-ਸੇਵਾ ਲਈ ਸਮਰਪਿਤ ਜੀਵਨ ਦੀ ਪ੍ਰਸ਼ੰਸਾ ਕਰਨ ਦਾ ਵੀ ਹੁੰਦਾ ਹੈ। ਸਰਕਾਰੀ ਆਈ ਟੀ ਆਈ ਨੰਗਲ ਦੇ ਪ੍ਰਿੰਸੀਪਲ ਸ. ਗੁਰਨਾਮ ਸਿੰਘ ਭੱਲੜੀ ਲਗਭਗ 29 ਸਾਲ ਅਤੇ 2 ਮਹੀਨੇ ਦੀ ਲਗਾਤਾਰ, ਇਮਾਨਦਾਰ ਅਤੇ ਸ਼ਲਾਘਾਯੋਗ ਸੇਵਾ ਪੂਰੀ ਕਰਨ ਉਪਰੰਤ ਸੇਵਾ ਮੁਕਤ ਹੋ ਰਹੇ ਹਨ। ਉਨ੍ਹਾਂ ਦਾ ਜਨਮ 11 ਜਨਵਰੀ 1968 ਨੂੰ ਪਿੰਡ ਭੱਲੜੀ ਵਿੱਚ ਪਿਤਾ ਜੋਗਿੰਦਰ ਸਿੰਘ ਦੇ ਗ੍ਰਹਿ ਵਿੱਚ ਹੋਇਆ। ਉਨ੍ਹਾਂ ਨੇ 6 ਨਵੰਬਰ 1996 ਨੂੰ ਸਰਕਾਰੀ ਦਯਾਨੰਦ ਆਈ ਟੀ ਆਈ, ਸ੍ਰੀ ਅੰਮ੍ਰਿਤਸਰ ਤੋਂ ਬਤੌਰ ਇੰਸਟਰਕਟਰ ਆਪਣੀ ਸਰਕਾਰੀ ਸੇਵਾ ਦੀ ਸ਼ੁਰੂਆਤ ਕੀਤੀ। ਸੇਵਾ ਦੌਰਾਨ ਗੁਰਨਾਮ ਸਿੰਘ ਭੱਲੜੀ ਨੇ ਕਪੂਰਥਲਾ, ਰੂਪਨਗਰ ਸਮੇਤ ਪੰਜਾਬ ਦੀਆਂ ਵੱਖ-ਵੱਖ ਸਰਕਾਰੀ ਆਈ ਟੀ ਆਈਆਂ ਵਿੱਚ ਆਪਣੀਆਂ ਜ਼ਿੰਮੇਵਾਰੀਆਂ ਬੜੀ ਤਨਦੇਹੀ ਅਤੇ ਨਿਸ਼ਠਾ ਨਾਲ ਨਿਭਾਈਆਂ। 23 ਫਰਵਰੀ 2023 ਨੂੰ ਉਨ੍ਹਾਂ ਨੂੰ ਸਰਕਾਰੀ ਆਈ ਟੀ ਆਈ ਨੰਗਲ ਦਾ ਪ੍ਰਿੰਸੀਪਲ ਨਿਯੁਕਤ ਕੀਤਾ ਗਿਆ। ਪ੍ਰਿੰਸੀਪਲ ਵਜੋਂ ਉਨ੍ਹਾਂ ਨੇ ਸੰਸਥਾ ਵਿੱਚ ਅਨੁਸ਼ਾਸਨ, ਵਿਦਿਆਰਥੀ-ਕੇਂਦਰਿਤ ਸਿੱਖਿਆ ਪ੍ਰਣਾਲੀ ਅਤੇ ਪ੍ਰਸ਼ਾਸਕੀ ਸੁਚੱਜੇਪਣ ਨੂੰ ਮਜ਼ਬੂਤ ਕੀਤਾ।ਉਨ੍ਹਾਂ ਦੀ ਅਗਵਾਈ ਹੇਠ ਆਧੁਨਿਕ ਮਸ਼ੀਨਰੀ ਦੀ ਖਰੀਦ, ਵਰਕਸ਼ਾਪਾਂ ਦਾ ਨਵੀਨੀਕਰਨ ਅਤੇ ਤਕਨੀਕੀ ਸਹੂਲਤਾਂ ਦੇ ਵਿਸਥਾਰ ਰਾਹੀਂ ਵਿਦਿਆਰਥੀਆਂ ਲਈ ਬਿਹਤਰ ਅਤੇ ਆਧੁਨਿਕ ਸਿੱਖਣ ਵਾਤਾਵਰਣ ਤਿਆਰ ਕੀਤਾ ਗਿਆ। ਸਰਕਾਰੀ ਡਿਊਟੀ ਤੋਂ ਇਲਾਵਾ ਉਨ੍ਹਾਂ ਨੇ ਪੱਤਰਕਾਰੀ ਅਤੇ ਤਰਕਸ਼ੀਲ ਸੁਸਾਇਟੀ ਨਾਲ ਜੁੜ ਕੇ ਅੰਧਵਿਸ਼ਵਾਸਾਂ ਵਿਰੁੱਧ ਜਾਗਰੂਕਤਾ ਫੈਲਾਉਣ ਅਤੇ ਮਾਨਵੀ ਮੁੱਲਾਂ ਨੂੰ ਉਭਾਰਨ ਵਿੱਚ ਵੀ ਸਰਾਹਣਯੋਗ ਭੂਮਿਕਾ ਨਿਭਾਈ।ਮਾਣਯੋਗ ਰਾਜਪਾਲ ਵੱਲੋਂ ਮਿਲਿਆ ਸਨਮਾਨ ਉਨ੍ਹਾਂ ਦੀ ਨਿਸ਼ਠਾ, ਇਮਾਨਦਾਰੀ ਅਤੇ ਲੋਕ-ਹਿਤੈਸ਼ੀ ਸੋਚ ਦਾ ਪ੍ਰਮਾਣ ਹੈ। ਸੇਵਾ ਮੁਕਤੀ ਦੇ ਇਸ ਸ਼ੁਭ ਅਵਸਰ 'ਤੇ ਅਸੀਂ ਉਨ੍ਹਾਂ ਦੇ ਸਿਹਤਮੰਦ, ਸੁਖਮਈ ਅਤੇ ਅਰਥਪੂਰਨ ਭਵਿੱਖ ਦੀ ਦਿਲੋਂ ਕਾਮਨਾ ਕਰਦੇ ਹਾਂ।



# ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਗਿਆਨ ਪ੍ਰਕਾਸ਼ ਸਮਾਗਮ ਕਰਵਾਇਆ

**ਕਪੂਰਥਲਾ (ਹਨੀ)**- ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਫਾਊਂਡਰ ਡੇ ਤੇ ਆਗਾਮੀ ਪ੍ਰੀਖਿਆਵਾਂ ਲਈ ਬੱਚਿਆਂ ਦੇ ਵਧੀਆ ਨਤੀਜਿਆਂ ਲਈ ਗਿਆਨ ਪ੍ਰਕਾਸ਼ਨ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਬਾਣੀ ਕੰਠ, ਲੇਖ, ਦਸਤਾਰ ਸਜਾਉਣ ਅਤੇ ਪੇਂਟਿੰਗ ਮੁਕਾਬਲੇ ਕਰਵਾਏ ਗਏ। ਭਾਈ ਅਮਰਜੀਤ ਸਿੰਘ ਸੈਫਲਾਬਾਦ ਵਾਲਿਆਂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਿਨਾਂ ਦਾ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ, ਇੰਜ. ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ, ਡਾਇਰੈਕਟਰ ਸਕੂਲ ਇੰਜ. ਹਰਨਿਆਮਤ ਕੌਰ, ਪ੍ਰਸ਼ਾਸ਼ਕ ਇੰਜ. ਨਿਮਰਤਾ ਕੌਰ, ਪ੍ਰਿੰਸੀਪਲ ਡਿੰਪਲ ਸ਼ਰਮਾ ਤੇ ਸਟਾਫ ਮੈਂਬਰਾਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਭਾਈ ਹਰਜੀਤ ਸਿੰਘ ਹੈਡ ਗ੍ਰੰਥੀ ਗੁਰਦੁਆਰਾ ਬੇਰ ਸਾਹਿਬ ਸੁਲਤਾਨਪੁਰ ਲੋਧੀ ਵੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਸਹਿਜ ਪਾਠ ਦੀ ਸੰਪੂਰਨਤਾ ਦੇ ਭੋਗ ਪਾਉਣ ਉਪਰੰਤ ਸੁਖਮਨੀ ਸਾਹਿਬ ਜੀ ਦੇ ਪਾਠ ਦਾ ਭੋਗ ਪਾਇਆ ਗਿਆ। ਗਿਆਰਵੀਂ ਜਮਾਤ ਦੀ ਵਿਦਿਆਰਥਣ ਨਵਦੀਪ ਕੌਰ ਨੇ ਸੰਸਥਾਵਾਂ ਦੇ ਫਾਊਂਡਰ ਸਵ. ਸਰਦਾਰ ਆਤਮਾ ਸਿੰਘ ਦੇ ਜੀਵਨ 'ਤੇ ਚਾਨਣਾ ਪਾਇਆ ਅਤੇ ਗਿਆਰਵੀਂ ਜਮਾਤ ਦੀ ਹੀ ਵਿਦਿਆਰਥਣ ਗੁਰਲੀਨ ਕੌਰ ਨੇ ਇਸ ਮੌਕੇ ਤੇ ਦਸਮ ਪਿਤਾ ਦੇ ਵਿਸ਼ੇ 'ਤੇ ਕਵਿਤਾ ਗਾਇਨ ਕੀਤੀ। ਪ੍ਰਿੰਸੀਪਲ ਡਿੰਪਲ ਸ਼ਰਮਾ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ। ਧਾਰਮਿਕ ਪ੍ਰਤਿਯੋਗਿਤਾਵਾਂ ਵਿੱਚ ਵੱਡੀ ਗਿਣਤੀ 'ਚ ਸਕੂਲਾਂ ਨੇ ਭਾਗ ਲਿਆ। ਵੱਖ ਵੱਖ ਪੁਜੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕਰਨ ਉਪਰੰਤ ਸਮਾਗਮ ਨੂੰ ਸੰਬੋਧਨ ਕਰਦਿਆਂ ਬੀਬੀ ਗੁਰਪ੍ਰੀਤ ਕੌਰ ਨੇ ਕਿਹਾ ਕਿ ਸਵ. ਸਰਦਾਰ ਆਤਮਾ ਸਿੰਘ ਨੇ ਇਲਾਕੇ ਦੇ ਵਿਦਿਆਰਥੀਆਂ ਦੀ ਪੜ੍ਹਾਈ ਲਈ ਜੋ ਵਿਦਿਆ ਦੇ ਮੰਦਰ ਖੋਲੇ ਹਨ, ਉਹ ਅੱਜ ਵਿਦਿਆਰਥੀਆਂ ਦੇ ਸੁਨਹਿਰੇ ਭਵਿੱਖ ਦੀ ਰਾਖੀ ਕਰਕੇ ਉਨ੍ਹਾਂ ਨੂੰ ਸੱਚੀ ਸ਼ਰਧਾਂਜਲੀ ਦੇ ਰਹੇ ਹਨ ਜੋ ਸਾਡੇ ਲਈ ਮਾਣ ਵਾਲੀ ਗੱਲ ਹੈ। ਸਮਾਗਮ ਦੇ ਅੰਤ ਵਿਚ ਵਿਦਿਆਰਥੀਆਂ, ਸਟਾਫ਼ ਮੈਂਬਰਾਂ ਤੇ ਆਏ ਮਹਿਮਾਨਾਂ ਨੂੰ ਲੰਗਰ ਛਕਾਇਆ ਗਿਆ।




# ਮਹਾਤਮਾ ਗਾਂਧੀ ਨੂੰ ਬਲੀਦਾਨ ਦਿਵਸ ਮੌਕੇ ਸ਼ਰਧਾਂਜਲੀ ਭੇਟ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)**- ਜ਼ਿਲ੍ਹਾ ਪ੍ਰਸ਼ਾਸਨ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵੱਲੋਂ ਮਹਾਤਮਾ ਗਾਂਧੀ ਦੇ ਬਲੀਦਾਨ ਦਿਵਸ ਮੌਕੇ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ (ਡੀ ਏ ਸੀ), ਮੋਹਾਲੀ ਵਿਖੇ ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਮਹਾਨ ਆਜ਼ਾਦੀ ਘੁਲਾਟੀਆਂ ਨੂੰ ਨਿੱਘੀ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਮੌਕੇ ਮਹਾਤਮਾ ਗਾਂਧੀ ਦੀ ਤਸਵੀਰ 'ਤੇ ਫੁੱਲ ਅਰਪਿਤ ਕਰਨ ਉਪਰੰਤ ਉਨ੍ਹਾਂ ਦੀ ਯਾਦ ਤੇ ਦੇਸ਼ ਦੇ ਸੁਤੰਤਰਤਾ ਸੰਗਰਾਮ ਦੇ ਸਮੂਹ ਸ਼ਹੀਦਾਂ ਦੀ ਯਾਦ ਵਿੱਚ ਦੋ ਮਿੰਟ ਦਾ ਮੌਨ ਧਾਰਨ ਕੀਤਾ ਗਿਆ।

## ਐੱਲ ਪੀ ਯੂ ਨੂੰ ਸਰਵੋਤਮ ਇਨਡੋਰ ਸਪੋਰਟਸ ਇਨਫ੍ਰਾਸਟ੍ਰਕਚਰ ਐਵਾਰਡ ਮਿਲਿਆ

**ਜਲੰਧਰ (ਸ਼ੈਲੀ ਐਲਬਰਟ)-** ਖੇਡ ਸਿੱਖਿਆ ਵਿੱਚ ਸ਼ਾਨਦਾਰ ਪ੍ਰਦਰਸ਼ਨ ਲਈ ਰਾਸ਼ਟਰੀ ਮਾਨਤਾ ਦੇ ਇੱਕ ਪਲ ਵਿੱਚ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਨੇ ਵੱਕਾਰੀ ਗਲੋਬਲ ਸਪੋਰਟਸ ਐਜੂਕੇਸ਼ਨ ਕਨਵੈਨਸ਼ਨ (ਜੀ-ਐੱਸ ਈ ਸੀ) 2026 ਵਿੱਚ ਇੱਕ ਸ਼ਾਨਦਾਰ ਦੋਹਰੀ ਜਿੱਤ ਪ੍ਰਾਪਤ ਕੀਤੀ ਹੈ, ਦੋ ਵੱਕਾਰੀ ਸ਼੍ਰੇਣੀਆਂ ਵਿੱਚ ਖੇਡਾਂ ਅਤੇ ਸਰੀਰਕ ਸਿੱਖਿਆ ਲਈ ਰਾਸ਼ਟਰੀ ਰੈਂਕਿੰਗ ਐਵਾਰਡ ਪ੍ਰਾਪਤ ਕੀਤਾ ਹੈ। ਐੱਲ ਪੀ ਯੂ ਨੂੰ ਕਨਫੈਡਰੇਸ਼ਨ ਆਫ ਸਪੋਰਟਸ ਐਂਡ ਗੈਮੀਫਿਕੇਸ਼ਨ ਇੰਡਸਟਰੀ (ਸੀ ਐੱਸ ਆਰ ਆਈ) ਦੁਆਰਾ 'ਖੇਡਾਂ ਅਤੇ ਸਰੀਰਕ ਸਿੱਖਿਆ ਵਿੱਚ ਸਰਵੋਤਮ ਸੋਸ਼ਲ ਮੀਡੀਆ ਪ੍ਰਮੋਸ਼ਨ' ਅਤੇ 'ਸਰਵੋਤਮ ਇਨਡੋਰ ਸਪੋਰਟਸ ਸਹੂਲਤ' ਲਈ ਪੁਰਸਕਾਰਾਂ ਨਾਲ ਸਨਮਾਨਤ ਕੀਤਾ ਗਿਆ ਸੀ। ਇਹ ਪੁਰਸਕਾਰ ਭਾਰਤ ਸਰਕਾਰ ਦੇ ਯੁਵਾ ਮਾਮਲਿਆਂ ਤੇ ਖੇਡ ਮੰਤਰਾਲੇ ਦੇ ਸਹਿਯੋਗ ਨਾਲ ਆਯੋਜਿਤ ਇੱਕ ਸਮਾਰੋਹ ਵਿੱਚ ਪੇਸ਼ ਕੀਤੇ ਗਏ, ਜਿਸ ਵਿੱਚ ਦੇਸ਼ ਵਿੱਚ ਖੇਡਾਂ ਦੇ ਭਵਿੱਖ ਨੂੰ ਆਕਾਰ ਦੇਣ ਵਿੱਚ ਐੱਲ ਪੀ ਯੂ ਦੀ ਮੋਹਰੀ ਅਗਵਾਈ ਨੂੰ ਮਾਨਤਾ ਦਿੱਤੀ ਗਈ। ਇਸ ਪ੍ਰਾਪਤੀ 'ਤੇ ਬੋਲਦੇ ਹੋਏ, ਡਾ. ਅਸ਼ੋਕ ਕੁਮਾਰ ਮਿੱਤਲ, ਸੰਸਦ ਮੈਂਬਰ (ਰਾਜ ਸਭਾ) ਤੇ ਐੱਲ ਪੀ ਯੂ ਦੇ ਸੰਸਥਾਪਕ ਚਾਂਸਲਰ, ਨੇ ਜ਼ੋਰ ਦੇ ਕੇ ਕਿਹਾ ਕਿ ਖੇਡਾਂ ਹਮੇਸ਼ਾ ਯੂਨੀਵਰਸਿਟੀ ਦੀ ਅਕਾਦਮਿਕ ਪ੍ਰਣਾਲੀ ਦਾ ਇੱਕ ਅਨਿੱਖੜਵਾਂ ਥੰਮ੍ਹ ਰਹੀਆਂ ਹਨ। ਡਾ. ਮਿੱਤਲ ਨੇ ਕਿਹਾ ਕਿ ਬੁਨਿਆਦੀ ਢਾਂਚੇ, ਵਿਗਿਆਨਕ ਸਿਖਲਾਈ ਅਤੇ ਐਥਲੀਟ ਵਿਕਾਸ ਵਿੱਚ ਐੱਲਪੀਯੂ ਆਪਣੇ ਨਿਰੰਤਰ ਵਿਕਾਸ ਨਾ ਸਿਰਫ਼ ਚੈਂਪੀਅਨ ਬਣਾਉਣ, ਸਗੋਂ ਅਨੁਸ਼ਾਸਿਤ, ਲਚਕੀਲੇ ਅਤੇ ਸਮਾਜਿਕ ਤੌਰ 'ਤੇ ਜ਼ਿੰਮੇਵਾਰ ਵਿਅਕਤੀਆਂ ਨੂੰ ਬਣਾਉਣ ਲਈ ਵੀ ਆਪਣੀ ਵਚਨਬੱਧਤਾ ਨੂੰ ਦਰਸਾਉਂਦਾ ਹੈ।



## ਸੰਪੂਰਨਾਨੰਦ ਬ੍ਰਹਮਚਾਰੀ ਮਹਾਰਾਜ ਦੀ ਅਗਵਾਈ ਹੇਠ ਭਜਨ ਸੰਧਿਆ

**ਮੋਹਾਲੀ (ਗੁਰਜੀਤ ਬਿੱਲਾ)-** ਮੁਕਤਾਨੰਦ ਬਾਪੂ ਜੀ ਦੀ ਕਿਰਪਾ ਦੇ ਚਲਦਿਆਂ ਸ੍ਰੀ ਸ੍ਰੀ 108 ਤਪੋਨਿਸ਼ਟ ਅਗਨੀਹੋਤਰੀ ਸੰਪੂਰਨਾ ਨੰਦ ਬ੍ਰਹਮਚਾਰੀ ਮਹਾਰਾਜ ਦੀ ਅਗਵਾਈ ਹੇਠ ਭਜਨ ਸੰਧਿਆ ਦਾ ਆਯੋਜਨ ਸ੍ਰੀ ਅਮਰੇਸ਼ਵਰ ਮਹਾਦੇਵ ਮੰਦਰ ਸੈਕਟਰ-89 ਮੋਹਾਲੀ ਵਿਖੇ ਕੀਤਾ ਗਿਆ। ਇਸ ਮੌਕੇ ਵਿਧਾਇਕ ਮੋਹਾਲੀ ਕੁਲਵੰਤ ਸਿੰਘ ਨੇ ਭਜਨ ਸੰਧਿਆ 'ਚ ਹਿੱਸਾ ਲਿਆ ਅਤੇ ਸ੍ਰੀ ਅਮਰੇਸ਼ਵਰ ਮਹਾਦੇਵ ਮੰਦਰ ਸੈਕਟਰ-89 ਵਿਖੇ ਨਤਮਸਤਕ ਹੋਏ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਭਜਨ ਸੰਧਿਆ ਦੌਰਾਨ ਜਿੱਥੇ ਵੱਡੀ ਗਿਣਤੀ ਵਿੱਚ ਵੱਖ-ਵੱਖ ਪਾਰਟੀਆਂ ਦੇ ਰਾਜਨੇਤਾ ਮੌਜੂਦ ਰਹੇ, ਉੱਥੇ ਵੱਡੀ ਗਿਣਤੀ 'ਚ ਮੌਜੂਦ ਸੰਤ ਮਹਾਂਪੁਰਸ਼ਾਂ ਦੀ ਸੰਗਤ ਕਰਕੇ ਜਿਸ ਆਨੰਦ ਦੀ ਪ੍ਰਾਪਤੀ ਹੋਈ ਹੈ, ਉਸ ਨੂੰ ਉਹ ਸ਼ਬਦਾਂ ਵਿੱਚ ਬਿਆਨ ਨਹੀਂ ਕਰ ਸਕਦੇ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਦੇ ਵਿਕਾਸ ਦੀ ਰਫ਼ਤਾਰ ਦਿਨ ਪਤੀ ਦਿਨ ਤੇਜ਼ ਹੁੰਦੀ ਜਾ ਰਹੀ ਹੈ ਅਤੇ ਬਿਨਾਂ ਪੱਖਪਾਤ ਦੇ ਪਿਛਲੇ ਲੰਮੇ ਸਮੇਂ ਤੋਂ ਲਟਕਦੇ ਆ ਰਹੇ ਵੱਖ-ਵੱਖ ਵਰਗਾਂ ਦੇ ਲੋਕ ਮਸਲਿਆਂ ਦਾ ਸਥਾਈ ਹੱਲ ਕੀਤਾ ਜਾ ਰਿਹਾ ਹੈ। ਪੰਜਾਬ ਦੇ 90% ਤੋਂ ਵੀ ਵੱਧ ਲੋਕਾਂ ਨੂੰ ਬਿਜਲੀ ਦਾ ਕੋਈ ਬਿੱਲ ਨਹੀਂ ਆ ਰਿਹਾ ਅਤੇ ਮੁਹੱਲਾ ਕਲੀਨਿਕਾਂ 'ਚ ਰੋਜ਼ਾਨਾ ਲੱਖਾਂ ਦੀ ਗਿਣਤੀ ਵਿੱਚ ਮਰੀਜ਼ ਆਪਣੀ ਸਿਹਤ ਦੀ ਜਾਂਚ ਕਰਵਾਉਂਦੇ ਹਨ। ਉਹਨਾਂ ਕਿਹਾ ਕਿ ਪੰਜਾਬ 'ਚ 50 ਹਜ਼ਾਰ ਤੋਂ ਵੀ ਵੱਧ ਬੇਰੁਜ਼ਗਾਰਾਂ ਨੂੰ ਪੱਕੀ ਨੌਕਰੀ ਦਿੱਤੀ ਜਾ ਚੁੱਕੀ ਹੈ ਅਤੇ ਵੱਖ-ਵੱਖ ਵਿਭਾਗਾਂ ਦੇ ਵੱਡੀ ਗਿਣਤੀ ਵਿੱਚ ਕੱਚੇ ਮੁਲਾਜ਼ਮਾਂ ਨੂੰ ਵੀ ਪੱਕਿਆਂ ਕਰਨ ਦੀ ਕਵਾਇਦ ਨੂੰ ਅਮਲੀ ਜਾਮਾ ਪਹਿਨਾਇਆ ਜਾ ਚੁੱਕਾ ਹੈ। ਹੁਣ 10 ਲੱਖ ਰੁਪਏ ਦੀ ਸਿਹਤ ਬੀਮਾ ਪੰਜਾਬ ਸੂਬੇ ਦੇ ਲੋਕਾਂ ਨੂੰ ਮੁਹੱਈਆ ਕਰਵਾਈ ਗਈ ਹੈ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਮੋਹਾਲੀ ਵਿਧਾਨ ਸਭਾ ਹਲਕੇ ਦੇ ਵਿੱਚ ਸੜਕਾਂ ਦੇ ਨਵੀਨੀਕਰਨ ਅਤੇ ਰਿਪੇਅਰ ਦਾ ਕੰਮ ਵੱਡੇ ਪੱਧਰ 'ਤੇ ਸ਼ੁਰੂ ਹੋ ਚੁੱਕਾ ਹੈ ਅਤੇ ਕਈ ਸੜਕਾਂ ਦਾ ਕੰਮ ਮੁਕੰਮਲ ਹੋ ਚੁੱਕਾ ਹੈ। ਇਸ ਮੌਕੇ ਗਾਇਕ ਕਲਾਕਾਰ ਕੰਵਰ ਗਰੇਵਾਲ ਅਤੇ ਰੌਸ਼ਨ ਪ੍ਰਿੰਸ ਨੇ ਵੀ ਸੰਧਿਆ ਦੌਰਾਨ ਆਪਣੇ ਗੀਤਾਂ ਰਾਹੀਂ ਹਾਜ਼ਰੀ ਲਵਾਈ। ਇਸ ਭਜਨ ਸੰਧਿਆ ਦੇ ਦੌਰਾਨ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ, ਕੈਬਨਿਟ ਮੰਤਰੀ ਹਰਿਆਣਾ ਸਰਕਾਰ ਅਰਵਿੰਦ ਸ਼ਰਮਾ, ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ, ਆਪ ਨੇਤਾ ਸੁਰਿੰਦਰ ਸਿੰਘ ਰੋਡਾ ਸੁਹਾਣਾ, ਹਰਪਾਲ ਸਿੰਘ ਚੰਨਾ ਸਾਬਕਾ ਕੌਂਸਲਰ, ਜਸਪਾਲ ਸਿੰਘ ਮਟੌਰ ਕੌਂਸਲਰ, ਤਰਲੋਚਨ ਸਿੰਘ ਮਟੌਰ, ਮਨਦੀਪ ਸਿੰਘ ਮਟੌਰ, ਗੁਰਪ੍ਰੀਤ ਸਿੰਘ ਬਠਿਆਲੀ, ਅਰੁਣ ਗੋਇਲ, ਸੁਰਿੰਦਰ ਸਿੰਘ, ਅਕਵਿੰਦਰ ਸਿੰਘ ਗੋਸਲ, ਪ੍ਰਗਟ ਸਿੰਘ ਰਾਏਪੁਰ ਕਲਾਂ ਵੀ ਹਾਜ਼ਰ ਰਹੇ।



## ਆਨਲਾਈਨ ਪ੍ਰਸ਼ਨੋਤਰੀ ਮੁਕਾਬਲਾ ਕਰਵਾਇਆ



**ਜਲੰਧਰ (ਸ਼ੈਲੀ ਐਲਬਰਟ)-** ਮੇਹਰ ਚੰਦ ਪਾਲੀਟੈਕਨਿਕ ਕਾਲਜ ਦੇ 'ਦਯਾਨੰਦ ਚੇਤਨਾ ਮੰਚ' ਵੱਲੋਂ ਨੇਤਾਜੀ ਸੁਭਾਸ਼ ਚੰਦਰ ਬੋਸ ਦੀ ਜਯੰਤੀ ਅਤੇ ਗਣਤੰਤਰ ਦਿਵਸ ਦੇ ਮੌਕੇ 'ਤੇ ਇੱਕ ਆਨਲਾਈਨ ਪ੍ਰਸ਼ਨੋਤਰੀ ਮੁਕਾਬਲੇ ਦਾ ਆਯੋਜਨ ਕੀਤਾ ਗਿਆ। ਇਸ ਪ੍ਰਤੀਯੋਗਿਤਾ ਵਿੱਚ ਨੇਤਾਜੀ ਸੁਭਾਸ਼ ਚੰਦਰ ਬੋਸ ਦੇ ਸਾਹਸ, ਆਜ਼ਾਦ ਹਿੰਦ ਫੌਜ ਦੇ ਸੰਘਰਸ਼, ਸੰਵਿਧਾਨ ਦੀ ਰਚਨਾ ਅਤੇ ਭਾਰਤ ਦੇ ਗੌਰਵਸ਼ਾਲੀ ਇਤਿਹਾਸ ਨਾਲ ਸੰਬੰਧਿਤ ਪ੍ਰਸ਼ਨ ਪੁੱਛੇ ਗਏ। ਇਸ ਮੁਕਾਬਲੇ ਵਿੱਚ ਵਿਦਿਆਰਥੀਆਂ ਦੇ ਨਾਲ-ਨਾਲ ਕਾਲਜ ਸਟਾਫ ਨੇ ਵੀ ਭਾਗ ਲਿਆ। ਮੰਚ ਦੇ ਪ੍ਰਧਾਨ ਪ੍ਰਭੂ ਦਿਆਲ ਨੇ ਦੱਸਿਆ ਕਿ ਇਸ ਆਯੋਜਨ ਦਾ ਮੁੱਖ ਉਦੇਸ਼ ਨੌਜਵਾਨਾਂ ਵਿੱਚ ਰਾਸ਼ਟਰਵਾਦ ਦੀ ਭਾਵਨਾ ਜਗਾਉਣਾ ਤੇ ਉਨ੍ਹਾਂ ਨੂੰ ਭਾਰਤੀ ਸੰਵਿਧਾਨ ਅਤੇ ਆਜ਼ਾਦੀ ਸੰਘਰਸ਼ ਬਾਰੇ ਜਾਣੂ ਕਰਵਾਉਣਾ ਸੀ।ਵਿਦਿਆਰਥੀ ਵਰਗ ਵਿੱਚ ਕੰਪਿਊਟਰ ਵਿਭਾਗ ਦੇ ਦੇਵਦੱਤ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਦੂਜਾ ਸਥਾਨ ਫਾਰਮੇਸੀ ਵਿਭਾਗ ਦੇ ਨਿਤੇਸ਼ ਨੇ ਹਾਸਲ ਕੀਤਾ ਅਤੇ ਆਟੋਮੋਬਾਈਲ ਵਿਭਾਗ ਦੇ ਰਾਜਦੀਪ ਸਿੰਘ ਤੀਜੇ ਸਥਾਨ 'ਤੇ ਰਹੇ। ਅਧਿਆਪਕ ਵਰਗ ਵਿੱਚ ਸਿਵਲ ਵਿਭਾਗ ਦੇ ਲੈਕਚਰਰ ਸ੍ਰੀ ਜਸਪਾਲ ਸਿੰਘ ਪਹਿਲੇ, ਇਲੈਕਟ੍ਰਾਨਿਕਸ ਵਿਭਾਗ ਦੀ ਲੈਕਚਰਰ ਸ੍ਰੀਮਤੀ ਮਨਿੰਦਰ ਕੌਰ ਦੂਜੇ ਅਤੇ ਮਕੈਨੀਕਲ ਵਿਭਾਗ ਦੇ ਲੈਕਚਰਰ ਸੁਸ਼ਾਂਤ ਸ਼ਰਮਾ ਤੀਜੇ ਸਥਾਨ 'ਤੇ ਰਹੇ। ਕਾਲਜ ਦੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਸਾਰੇ ਜੇਤੂਆਂ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਵਧਾਈ ਦਿੱਤੀ ਤੇ ਉਨ੍ਹਾਂ ਦੇ ਉਜਵੱਲ ਭਵਿੱਖ ਦੀ ਕਾਮਨਾ ਕੀਤੀ।

## ਸਾਲਾਨਾ ਸੰਤ ਸਮਾਗਮ ਤੇ ਕੀਰਤਨ ਦਰਬਾਰ ਸੰਬੰਧੀ ਪੋਸਟਰ ਰਿਲੀਜ਼

**ਮਹਿਤਪੁਰ (ਜਗਤਾਰ ਸਿੰਘ ਭੁੱਗਰਾਲੀ)-** ਪਿੰਡ ਬੱਡੋ ਵਿਖੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਤੇ ਐਨ ਆਰ ਆਈ ਵੀਰਾਂ ਅਤੇ ਇਲਾਕੇ ਦੇ ਸਹਿਯੋਗ ਨਾਲ ਨਿਰਮਲ ਕੁਟੀਆ ਸੰਤ ਬਾਬਾ ਮਈਆ ਦਾਸ ਜੀ ਦੇ ਅਸਥਾਨ ਤੇ ਸਾਲਾਨਾ ਸੰਤ ਸਮਾਗਮ



ਅਤੇ ਕੀਰਤਨ ਦਰਬਾਰ 22 ਫਰਵਰੀ ਨੂੰ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਗੁਰਚਰਨ ਸਿੰਘ ਬੱਡੋ ਦੀ ਅਗਵਾਈ ਹੇਠ ਸ਼ਰਧਾ ਭਾਵਨਾ ਨਾਲ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਗੁਰਚਰਨ ਸਿੰਘ ਬੱਡੋ ਦੀ ਅਗਵਾਈ ਹੇਠ ਸਾਲਾਨਾ ਸੰਤ ਸਮਾਗਮ ਤੇ ਕੀਰਤਨ ਦਰਬਾਰ ਦੇ ਪੋਸਟਰ ਰਿਲੀਜ਼ ਕੀਤੇ ਗਏ। ਇਸ ਮੌਕੇ ਸੰਤ ਬਾਬਾ ਗੁਰਚਰਨ ਸਿੰਘ ਬੱਡੋ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ 19 ਫਰਵਰੀ ਨੂੰ ਸਵੇਰੇ 8 ਵਜੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਤੇ ਪੰਜ ਪਿਆਰਿਆਂ ਦੀ ਅਗਵਾਈ ਨਾਲ ਵਿਸ਼ਾਲ ਨਗਰ ਕੀਰਤਨ ਸਜਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਸਲਾਨਾ ਸੰਤ ਸਮਾਗਮ ਅਤੇ ਕੀਰਤਨ ਦਰਬਾਰ ਮੌਕੇ 20-21 ਫਰਵਰੀ ਨੂੰ ਸ਼ਾਮ ਸੱਤ ਵਜੇ ਤੋਂ ਰਾਤ ਸਾਢੇ ਦਸ ਵਜੇ ਦੋਵੇਂ ਦਿਨ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ 22 ਨਵੰਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਲੜੀ ਦੇ ਭੋਗ ਪਾਏ ਜਾਣਗੇ। ਉਪਰੰਤ ਦੀਵਾਨ ਹਾਲ ਵਿੱਚ ਪੰਥ ਪ੍ਰਸਿੱਧ ਰਾਗੀ ਜਥੇ, ਸੰਤ ਮਹਾਂਪੁਰਖ, ਗੁਣੀ ਗਿਆਨੀ ਪ੍ਰਚਾਰਕ ਸੰਗਤਾਂ ਨੂੰ ਗੁਰਬਾਣੀ ਗੁਰਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਉਨ੍ਹਾਂ ਦੱਸਿਆ ਕਿ 22 ਫਰਵਰੀ ਨੂੰ ਸੰਤ ਸਮਾਗਮ ਅਤੇ ਕੀਰਤਨ ਦਰਬਾਰ ਮੌਕੇ ਵਿਸ਼ਾਲ ਖੂਨਦਾਨ ਕੈਂਪ, ਮੈਡੀਕਲ ਕੈਂਪ ਤੇ ਅੱਖਾਂ ਦਾ ਚੈੱਕਅਪ ਕੈਂਪ ਲਗਾਇਆ ਜਾਵੇਗਾ।ਇਸ ਮੌਕੇ ਪੋਸਟਰ ਰਿਲੀਜ਼ ਕਰਨ ਸਮੇਂ ਦਰਸ਼ਨ ਸਿੰਘ, ਡਾਕਟਰ ਸੁਖਦੇਵ ਸਿੰਘ, ਜਰਨੈਲ ਸਿੰਘ ਖਾਲਸਾ, ਤਰਲੋਕ ਸਿੰਘ, ਅਮਰਦੀਪ ਸਿੰਘ, ਹਰਦੀਪ ਸਿੰਘ ਖਾਲਸਾ, ਸੇਵਾ ਸਿੰਘ, ਜਗਤਾਰ ਸਿੰਘ, ਮਾਸਟਰ ਮੱਖਣ ਸਿੰਘ, ਹਰਦੀਪ ਸਿੰਘ ਦੀਪਾ, ਹਰਬਿਲਾਸ ਸਿੰਘ, ਡਾਕਟਰ ਬਲਵਿੰਦਰ ਸਿੰਘ ਸਰਪੰਚ ਬੱਡੋਂ, ਦਿਲਪ੍ਰੀਤ ਸਿੰਘ,ਸਰਪ੍ਰੀਤ ਸਿੰਘ ਸੋਨੂੰ ਨਿਰਮਲ ਸਿੰਘ, ਮਾਸਟਰ ਜੋਗਿੰਦਰ ਸਿੰਘ, ਮਹਿੰਦਰ ਸਿੰਘ, ਸੁਰਿੰਦਰ ਪਾਲ ਸਿੰਘ, ਅਵਤਾਰ ਸਿੰਘ, ਅਮਰੀਕ ਸਿੰਘ, ਜਗਤਾਰ ਸਿੰਘ ਰਾਜਾ,ਬਲਜੀਤ ਸਿੰਘ, ਰਣਵੀਰ ਸਿੰਘ ਆਦਿ ਹਾਜ਼ਰ ਸਨ।

## ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਪ੍ਰਕਾਸ਼ ਉਤਸਵ ਸੰਬੰਧੀ ਸ਼ੋਭਾ ਯਾਤਰਾ ਸਜਾਈ

**ਆਦਮਪੁਰ, (ਪਰਮਜੀਤ ਸਿੰਘ)-** ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 649ਵੇਂ ਜਨਮ ਪ੍ਰਕਾਸ਼ ਉਤਸਵ ਨੂੰ ਸਮਰਪਿਤ ਮੁਹੱਲਾ ਗਾਜ਼ੀਪੁਰ ਤੇ ਇਲਾਕੇ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਗੁਰੂ ਰਵਿਦਾਸ ਮਹਾਰਾਜ ਦੇ ਜਨਮ ਦਿਹਾੜੇ ਨੂੰ ਸਮਰਪਿਤ



ਮਹਾਨ ਸ਼ੋਭਾ ਯਾਤਰਾ ਰਵਿਦਾਸੀਆ ਸਮਾਜ ਵੱਲੋਂ ਅੰਮ੍ਰਿਤਬਾਣੀ ਸਤਿਗੁਰੂ ਰਵਿਦਾਸ ਮਹਾਰਾਜ ਦੀ ਛੱਤਰ ਛਾਇਆ ਹੇਠ ਅੰਮ੍ਰਿਤਬਾਣੀ ਸਤਿਗੁਰੂ ਰਵਿਦਾਸ ਮਹਾਰਾਜ ਜੀ ਧਰਮ ਅਸਥਾਨ ਆਦਮਪੁਰ ਮੁਹੱਲਾ ਗਾਜ਼ੀਪੁਰ ਤੋਂ ਜਗਤ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੈ ਕਾਰਿਆਂ ਤੇ ਬੈਂਡ ਵਾਜਿਆਂ ਨਾਲ ਆਰੰਭ ਹੋਈ।ਸ਼ੋਭਾ ਯਾਤਰਾ ਸੰਬੰਧੀ ਪ੍ਰਧਾਨ ਗੌਰਵ ਝੱਲੀ, ਵਾਇਸ ਪ੍ਰਧਾਨ ਪਵਨ ਕੁਮਾਰ, ਸੈਕਟਰੀ ਤਰਲੋਚਨ, ਖਜ਼ਾਨਚੀ ਪ੍ਰਭਦਿਆਲ ਨੇ ਦੱਸਿਆ ਕਿ ਸ਼ੋਭਾ ਯਾਤਰਾ ਮੁਹੱਲਾ ਗਾਜ਼ੀਪੁਰ, ਮੁਹੱਲਾ ਗੁਰੂ ਰਵਿਦਾਸ ਨਗਰ, ਮੁਹੱਲਾ ਜੱਟਾਂ, ਮੁਹੱਲਾ ਸੰਗਰਾਂ, ਘੰਟਾ ਘਰ, ਮੁਹੱਲਾ ਕਾਲਰੀਆਂ, ਖੁਰਦਪੁਰ, ਫਤਹਿਪੁਰ, ਰਾਮ ਨਗਰ, ਔਮ ਈ ਐੱਸ ਰੋਡ, ਜਵਾਹਰ ਨਗਰ, ਰੇਲਵੇ ਰੋਡ ਤੋਂ ਜਤਿੰਦਰ ਪੈਲਸ ਵਾਲੀ ਗਲੀ ਅਤੇ ਬੱਸ ਸਟੈਂਡ ਤੋਂ ਹੁੰਦੇ ਹੋਏ ਵਾਪਸ ਮੁਹੱਲਾ ਗਾਜ਼ੀਪੁਰ ਵਿਖੇ ਸਮਾਪਤ ਹੋਈ। ਇਸ ਮੌਕੇ ਗੁਰਪ੍ਰੀਤ ਲੱਕੜ, ਚੰਚਲ ਸਿੰਘ, ਦਿਲਜੀਤ,ਸੋਹਣ ਲਾਲ ਜੱਸੀ, ਫ਼ਕੀਰ ਚੰਦ ਜੱਸੀ, ਵਿਸ਼ਾਲ ਗਾਡਰਾ, ਦੇਸ ਰਾਜ ਵੀਰ, ਕੁਲਵੰਤ ਮਹੇ, ਜਸਪ੍ਰੀਤ ਕੰਡਿਆਲਾ,ਰਵੀ ਸੱਲਣ, ਅਰਜੀਤ ਵਿਰਦੀ,ਵਿਕਰਮ ਐਮ ਸੀ,ਰਾਜੂ ਜਲਣ, ਮਨਵੀਰ ਸ਼ੇਰਾ, ਬੌਬੀ, ਰਵੀ ਚੁੰਬਰ ਪ੍ਰਧਾਨ ਗੁਰੂ ਰਵਿਦਾਸ ਟਾਈਗਰ ਫੋਰਸ ਆਦਮਪੁਰ, ਕਰਨ ਚੁੰਬਰ ਪ੍ਰਧਾਨ ਡਾ. ਅੰਬੇਡਕਰ ਟਾਈਗਰ ਫੋਰਸ ਪੰਜਾਬ, ਮਨਪ੍ਰੀਤ ਮੰਤਰੀ ਆਦਮਪੁਰੀਆ ਬੀ ਐਸ ਪੀ, ਕੁਲਵੰਤ ਮਹੇ, ਪ੍ਰਧਾਨ ਗਿਆਨ ਸਿੰਘ ਆਦਮਪੁਰ, ਕੌਂਸਲਰ ਜੋਗਿੰਦਰ ਪਾਲ, ਵਿਸ਼ਾਲ ਟੇਲੀਕਾਮ, ਨਸੀਬ ਚੰਦ, ਸੋਹਣ ਲਾਲ ਜੱਸੀ, ਫ਼ਕੀਰ ਚੰਦ ਜੱਸੀ, ਰਾਜੂ ਸੱਲ੍ਹਣ, ਵਿਸ਼ਾਲ ਸਿੰਘ, ਰੋਹਿਤ, ਕੌਂਸਲਰ, ਸੋਮ ਪ੍ਰਕਾਸ਼, ਬੌਬੀ, ਬੰਟੀ, ਗੁਰਪ੍ਰੀਤ, ਮਨਵੀਰ ਸ਼ੇਰਾ, ਸੋਮਨਾਥ ਦੜੋਚ, ਜਤਿੰਦਰ ਬਿੱਟੂ, ਭਿੰਦਾ, ਮੋਹਿਤ, ਸ਼ਾਲੂ, ਸੰਨੀ ਤੇ ਹੋਰ ਸੰਗਤਾਂ ਹਾਜ਼ਰ ਸਨ।

## ਸੈਣੀ ਵੱਲੋਂ ਅਜੀਤ ਪਵਾਰ ਦੇ ਦੇਹਾਂਤ 'ਤੇ ਦੁੱਖ ਦਾ ਪ੍ਰਗਟਾਵਾ

**ਚੰਡੀਗੜ੍ਹ (ਕ੍ਰਿਸ਼ਨ ਗਰਗ)-** ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਮਹਾਰਾਸ਼ਟਰ ਦੇ ਡਿਪਟੀ ਮੁੱਖ ਮੰਤਰੀ ਅਜੀਤ ਪਵਾਰ ਦੇ ਦੇਹਾਂਤ 'ਤੇ ਡੂੰਘਾ ਦੁੱਖ ਜਤਾਉਂਦੇ ਹੋਏ ਕਿਹਾ ਕਿ ਦੇਸ਼ ਅਤੇ ਵਿਸ਼ੇਸ਼ਕਰ ਮਹਾਰਾਸ਼ਟਰ ਦੀ ਰਾਜਨੀਤੀ ਲਈ ਨਾ ਪੂਰਾ ਹੋਣ ਵਾਲਾ ਘਾਟਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਮਹਾਰਾਸ਼ਟਰ ਦੇ ਡਿਪਟੀ ਮੁੱਖ ਮੰਤਰੀ ਅਜੀਤ ਪਵਾਰ ਦੇ ਹਵਾਈ ਜਹਾਜ਼ ਕ੍ਰੈਸ਼ ਵਿੱਚ ਨਿਧਨ ਦੀ ਖਬਰ ਬਹੁਤ ਦੁਖਦ ਅਤੇ ਪੀੜਾਦਾਇਕ ਹੈ। ਇਸ ਮੁਸ਼ਕਲ ਸਮੇਂ ਵਿੱਚ ਉਨ੍ਹਾਂ ਦੀ ਸੰਵੇਦਨਾਵਾਂ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ, ਸਹਿਯੋਗੀਆਂ ਤੇ ਸਮਰਥਕਾਂ ਦੇ ਨਾਲ ਹਨ।

## ਪ੍ਰਕਾਸ਼ ਪੁਰਬ ਨੂੰ ਸਮਰਪਤ ਪ੍ਰਭਾਤ ਫੇਰੀ ਸਜਾਈ

**ਬਲਾਚੌਰ (ਜਸਵਿੰਦਰ ਬੈਂਸ)-** ਧੰਨ-ਧੰਨ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 649ਵੇਂ ਪ੍ਰਕਾਸ਼ ਪੁਰਬ ਦੀਆਂ ਖੁਸ਼ੀਆਂ ਨੂੰ ਮੁੱਖ ਰੱਖਦਿਆਂ ਪਿੰਡ ਰਾਮ ਨਗਰ ਵਿਖੇ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਪ੍ਰਭਾਤ ਫੇਰੀ ਕੱਢੀ ਗਈ। ਇਹ ਪ੍ਰਭਾਤ ਫੇਰੀ ਪਿੰਡ ਸੁੱਜੋਵਾਲ ਦੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਗੁਰਦੁਆਰਾ ਸਾਹਿਬ ਤੋਂ ਆਰੰਭ ਹੋਈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕੀਤੀ। ਪ੍ਰਭਾਤ ਫੇਰੀ ਦੌਰਾਨ ਸੰਗਤਾਂ ਵੱਲੋਂ ਗੁਰੂ ਮਹਾਰਾਜ ਦੀ ਬਾਣੀ ਦਾ ਗਾਇਨ ਕੀਤਾ ਗਿਆ ਤੇ ਵਾਤਾਵਰਣ ਪੂਰੀ ਤਰ੍ਹਾਂ ਅਧਿਆਤਮਿਕ ਰੰਗ ਵਿੱਚ ਰੰਗਿਆ ਨਜ਼ਰ ਆਇਆ।



ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਮਾਸਟਰ ਸੋਹਣ ਸਿੰਘ ਨੇ ਸੰਗਤਾਂ ਨੂੰ ਗੁਰੂ ਸਾਹਿਬ ਦੇ ਦੱਸੇ ਹੋਏ ਮਾਰਗ 'ਤੇ ਚੱਲਣ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਪ੍ਰਬੰਧਕਾਂ ਅਤੇ ਇਲਾਕਾ ਨਿਵਾਸੀਆਂ ਅਤੇ ?ਪ੍ਰਬੰਧਕ ਯਸ਼ਪਾਲ, ਅਸ਼ੀਸ਼ ਕੁਮਾਰ, ਪਰਵਿੰਦਰ ਕੁਮਾਰ, ਪਵਨ ਕੁਮਾਰ। ਜਸਵੀਰ ਸਿੰਘ ਜੱਸੀ, ਸੀਤਾਰਾਮ, ਸਤਪਾਲ, ਸੋਹਣ ਸਿੰਘ ਲੋਚਨ, ਬ੍ਰਹਮ ਦਾਸ, ਹਰਭਜਨ ਸਿੰਘ, ?ਨੌਜਵਾਨ ਤੇ ਬੱਚੇ ਹੇਮਨ ਕਰਨ, ਮੰਨਤ ਯੋਤ ਸਿੰਘ, ਅੰਮ੍ਰਿਤਪਾਲ, ਸਮਰਦੀਪ ਸਿੰਘ, ਅੰਮ੍ਰਿਤ ਕੌਰ, ਊਸ਼ਾ ਰਾਣੀ, ਮਹਿੰਦਰ ਕੌਰ ਤੇ ਹੋਰ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

## ਬੀ ਐੱਸ ਐੱਫ ਨੇ 60ਵੀਂ ਵਰ੍ਹੇਗੰਢ ਮਨਾਈ

**ਆਦਮਪੁਰ (ਪਰਮਜੀਤ ਸਿੰਘ)-** ਆਦਮਪੁਰ ਦੋਆਬਾ ਦੇ ਨਜ਼ਦੀਕ ਸ੍ਰੀ ਗੁਰੂ ਰਵਿਦਾਸ ਪਬਲਿਕ ਸਕੂਲ ਪਿੰਡ ਚੁਹੜਵਾਲੀ (ਜ਼ਿਲ੍ਹਾ ਜਲੰਧਰ ) ਵਿਖੇ ਸੀਮਾ ਸੁਰੱਖਿਆ ਬੱਲ ਦੀ ਗੁਰਦਾਸਪੁਰ ਬਟਾਲੀਅਨ ਨੇ ਆਪਣੇ



ਸਥਾਪਨਾ ਦਿਵਸ ਦੀ 60ਵੀਂ ਵਰ੍ਹੇਗੰਢ ਬਹੁਤ ਹੀ ਧੂਮਧਾਮ ਅਤੇ ਉਤਸ਼ਾਹ ਨਾਲ ਨਾਲ ਮਨਾਈ । ਸਕੂਲ ਦੇ ਚੇਅਰਮੈਨ ਸੰਤ ਬਾਬਾ ਨਿਰਮਲ ਦਾਸ ਜੀ ਦੀ ( ਡੇਰਾ ਬਾਬੇ ਜੌੜੇ ) ਦੀ ਅਗਵਾਈ ਹੇਠ ਸਾਰਾ ਪ੍ਰੋਗਰਾਮ ਕੀਤਾ ਗਿਆ । ਬੀ ਐੱਸ ਐਫ ਦੇ ਡੀ.ਆਈ.ਜੀ. ਆਈ ਕੇ ਵਿਰਦੀ ਨੇ ਆਪਣੀ ਬਟਾਲੀਅਨ ਦੇ ਸੈਨਿਕਾਂ ਨਾਲ ਵਿਸ਼ੇਸ਼ ਕੈਂਪ ਲਗਾਇਆ। ਇਲਾਕੇ ਦੇ ਸਮਾਜ ਸੇਵੀ ਪ੍ਰਿਥਵੀ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਹਰਿੰਦਰ ਸਿੰਘ ਵੀ ਹਾਜ਼ਰ ਸਨ । ਪਲਵਿੰਦਰ ਕੌਰ ਬੰਗਾ (ਪੰਜਾਬ ਪ੍ਰਧਾਨ ਐਨ ਆਰ ਆਈ ਸਭਾ) ਵੀ ਹਾਜ਼ਰ ਸਨ। ਆਦਮਪੁਰ ਇਲਾਕੇ ਦੀਆਂ ਅਨੇਕ ਸਮਾਜ ਸੇਵੀ ਹਸਤੀਆਂ, ਆਗੂ, ਅਤੇ ਸਾਬਕਾ ਸੈਨਿਕ ਵੀ ਹਾਜਰ ਸਨ । ਸਕੂਲ ਦੇ ਵਿਦਿਆਰਥੀ ਵੀ ਸ਼ਾਮਲ ਹੋਏ । ਪ੍ਰਮਾਤਮਾ ਪ੍ਰਭੂ ਵਾਹਿਗੁਰੂ ਜੀ ਦੇ ਗੁਣ ਗਾਇਨ ਨਾਲ ਕਾਰਿਆ ਕ੍ਰਮ ਅਰੰਭ ਕੀਤਾ ਗਿਆ। ਬੀ ਐੱਸ ਐਫ ਦੇ ਅਨੇਕ ਜਵਾਨਾਂ ਅਤੇ ਮਹਿਲਾਵਾਂ ਨੇ ਅਨੇਕ ਦੇਸ਼ ਭਗਤੀ ਦੇ ਗੀਤ ਗਾਏ । ਸਾਂਸਕ੍ਰਿਤਿਕ ਕਾਰਜਕ੍ਰਮ ਵੀ ਪੇਸ਼ ਕੀਤੇ ਗਏ । ਵੱਖ ਵੱਖ ਵਿਸ਼ਿਆਂ ਤੇ ਨਾਟਕ ਪੇਸ਼ ਕੀਤੇ ਗਏ। ਸੰਤ ਬਾਬਾ ਨਿਰਮਲ ਦਾਸ ਨੇ ਸਮੂਹ ਸੈਨਿਕਾਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਵੱਲੋਂ ਪੇਸ਼ ਕੀਤੇ ਗਏ ਸਾਰੇ ਹੀ ਕਾਰਿਆ ਕ੍ਰਮ ਦੀ ਸ਼ਲਾਘਾ ਕੀਤੀ। ਵਿਦਿਆਰਥੀਆਂ ਨੂੰ ਫੌਜ ਵਿੱਚ ਭਰਤੀ ਹੋਣ ਲਈ ਪ੍ਰੇਰਿਆ। ਸੰਤ ਬਾਬਾ ਨਿਰਮਲ ਦਾਸ ਵੱਲੋਂ ਸੈਨਿਕਾਂ ਨੂੰ ਸਨਮਾਨ ਚਿੰਨ ਭੇਂਟ ਕੀਤੇ ਗਏ । ਸੰਤੋਸ਼ ਕੁਮਾਰੀ ਨੇ ਵੀ ਸਭਨਾਂ ਦਾ ਧੰਨਵਾਦ ਕੀਤਾ।

## ਮੌਲਵੀ ਗੁਲਾਮ ਰਸੂਲ ਆਲਮਪੁਰੀ ਦਾ ਉਰਸ ਮਨਾਇਆ



**ਅੱਡਾ ਸਰਾਂ/ ਟਾਂਡਾ ਉੜਮੁੜ, (ਜਸਵੀਰ ਕਾਜਲ , ਉਂਕਾਰ ਸਿੰਘ)-** ਪਿੰਡ ਆਲਮਪੁਰ ਵਿਚ 19 ਵੀਂ ਸਦੀ ਦੇ ਦਰਵੇਸ਼ ਸੂਫ਼ੀ ਸ਼ਾਇਰ ਮੌਲਵੀ ਗ਼ੁਲਾਮ ਰਸੂਲ ਆਲਮਪੁਰੀ ਦਾ ਉਰਸ ਸਤਿਕਾਰ ਦੇ ਨਾਲ ਮਨਾਇਆ ਗਿਆ। ਗੁਰਪ੍ਰੀਤ ਸਿੰਘ ਤੇ ਸਰਪੰਚ ਸੁਖਜਿੰਦਰ ਸਿੰਘ ਦੀ ਦੇਖਰੇਖ ਵਿਚ ਮੌਲਵੀ ਦੀ ਮਜ਼ਾਰ ਤੇ ਕਰਵਾਏ ਗਏ ਸਮਾਗਮ ਦੌਰਾਨ ਉਨ੍ਹਾਂ ਦੇ ਜਨਮ ਦਿਵਸ ਮੌਕੇ ਭਾਸ਼ਾ ਵਿਭਾਗ ਦੇ ਸੇਵਾਮੁਕਤ ਅਧਿਕਾਰੀਆਂ, ਪੰਚਾਇਤ ਮੈਂਬਰਾਂ ਅਤੇ ਉਨ੍ਹਾਂ ਨੂੰ ਚਾਹੁਣ ਵਾਲੇ ਬੁੱਧੀਜੀਵੀਆਂ ਵੱਲੋਂ ਮਜ਼ਾਰ ਤੇ ਚਾਦਰ ਚੜ੍ਹਾਉਣ ਦੀ ਰਸਮ ਅਦਾ ਕਰਦੇ ਹੋਏ ਮੌਲਵੀ ਨੂੰ ਸਿਜਦਾ ਕੀਤਾ ਗਿਆ। ਇਸ ਮੌਕੇ ਭਾਸ਼ਾ ਵਿਭਾਗ ਦੇ ਸੇਵਾਮੁਕਤ ਅਧਿਕਾਰੀ ਚੇਤਨ ਸਿੰਘ ਨੇ ਮੌਲਵੀ ਜੀ ਦੀ ਮਹਾਨ ਵਿਰਾਸਤ, ਜੀਵਨ ਅਤੇ ਉਨ੍ਹਾਂ ਦੀਆਂ ਲਿਖਤਾਂ ਨੂੰ ਸਿਜਦਾ ਕਰਦੇ ਹੋਏ ਆਖਿਆ ਕਿ ਪਿੰਡ ਆਲਮਪੁਰ ਦੀ ਧਰਤੀ ਬੇਹੱਦ ਮਹਾਨ ਹੈ ਜਿਸਨੇ 29 ਜਨਵਰੀ 1849 ਨੂੰ ਮੌਲਵੀ ਗ਼ੁਲਾਮ ਰਸੂਲ ਆਲਮਪੁਰੀ ਵਰਗੇ ਦਰਵੇਸ਼ ਮਹਾਨ ਸੂਫ਼ੀ ਸ਼ਾਇਰ ਨੂੰ ਜਨਮ ਦਿੱਤਾ । ਇਸ ਮੌਕੇ ਗੁਰਪ੍ਰੀਤ ਸਿੰਘ ਤੇ ਸਰਪੰਚ ਸੁਖਜਿੰਦਰ ਸਿੰਘ ਉਰਸ ਵਿਚ ਸ਼ਾਮਲ ਹੋਣ ਵਾਲੀਆਂ ਸਾਰੀਆਂ ਹਸਤੀਆਂ ਦਾ ਧੰਨਵਾਦ ਕਰਦੇ ਹੋਏ ਆਖਿਆ ਕਿ ਮੌਲਵੀ ਜੀ ਦੀ ਹਸਤੀ ਨੇ ਪੂਰੇ ਵਿਸ਼ਵ ਵਿਚ ਪਿੰਡ ਆਲਮਪੁਰ ਦਾ ਨਾਂਅ ਰੁਸ਼ਨਾਇਆ ਹੈ। ਇਸ ਮੌਕੇ ਸੁਖਜਿੰਦਰ ਸਿੰਘ ਗਿੱਲ, ਜੋਗਿੰਦਰ ਸਿੰਘ ਜਲੰਧਰ,ਸਰਕਾਰੀ ਸਕੂਲ ਦੇ ਮੁਖੀ ਮਨੋਜ ਕੁਮਾਰ, ਸਕੂਲ ਦੇ ਸਟਾਫ ਮੈਂਬਰਾਂ, ਸਾਬਕਾ ਸਰਪੰਚ ਬਲਵੀਰ ਸਿੰਘ, ਗੁਰਪ੍ਰੀਤ ਸਿੰਘ, ਸੁਖਵਿੰਦਰ ਸਿੰਘ ਗਿੱਲ, ਸ਼ਮਸ਼ੇਰ ਸਿੰਘ ਆਦਿ ਮੌਜੂਦ ਸਨ। ਇਸ ਮੌਕੇ ਪ੍ਰਬੰਧਕ ਸੇਵਾਦਾਰਾਂ ਵੱਲੋਂ ਆਏ ਹੋਏ ਵਿਸ਼ੇਸ਼ ਮਹਿਮਾਨਾਂ ਦਾ ਸਨਮਾਨ ਕੀਤਾ ਗਿਆ ।

## ਮੋਹਾਲੀ 'ਚ ਨੈਕਸਟ ਜੈਨਰੇਸ਼ਨ ਰੋਡ ਰੈਨੋਵੇਸ਼ਨ ਪ੍ਰੋਗਰਾਮ ਦੀ ਸ਼ੁਰੂਆਤ

**ਚੰਡੀਗੜ੍ਹ, (ਗੁਰਜੀਤ ਬਿੱਲਾ)-** ਸੂਬੇ ਵਿੱਚ ਸ਼ਹਿਰੀ ਸੜਕੀ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨ ਦੀ ਦਿਸ਼ਾ ਵੱਲ ਅਹਿਮ ਕਦਮ ਚੁੱਕਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ) ਵਿਖੇ 'ਨੈਕਸਟ ਜੈਨਰੇਸ਼ਨ ਰੋਡ ਰੈਨੋਵੇਸ਼ਨ ਪ੍ਰੋਗਰਾਮ' ਸ਼ੁਰੂ ਕੀਤਾ ਗਿਆ ਹੈ। ਇਸ ਪਹਿਲਕਦਮੀ ਤਹਿਤ ਸੂਬੇ ਦੇ ਵੱਡੇ ਸ਼ਹਿਰੀ ਕੇਂਦਰ ਮੋਹਾਲੀ ਦੀਆਂ ਪ੍ਰਮੁੱਖ ਸੜਕਾਂ ਤੇ ਮੁੱਖ ਜੰਕਸ਼ਨਾਂ ਦੀ ਤੇਜ਼ੀ ਨਾਲ ਅਪਗ੍ਰੇਡੇਸ਼ਨ ਕੀਤੀ ਜਾਵੇਗੀ ਤਾਂ ਜੋ ਸੜਕੀ ਸੰਪਰਕ ਨੂੰ ਬਿਹਤਰ ਬਣਾਇਆ ਜਾ ਸਕੇ ਅਤੇ ਯਾਤਰੀਆਂ ਲਈ ਨਿਰਵਿਘਨ ਆਵਾਜਾਈ ਨੂੰ ਯਕੀਨੀ ਬਣਾਇਆ ਜਾ ਸਕੇ। ਇਹ ਪ੍ਰਾਜੈਕਟ 10 ਸਾਲਾਂ ਦੀ ਸਾਂਭ-ਸੰਭਾਲ ਦੇ ਨਾਲ-ਨਾਲ ਟਿਕਾਊ ਸੜਕੀ ਢਾਂਚੇ ਨੂੰ ਯਕੀਨੀ ਬਣਾਉਣ ਲਈ ਐਨ.ਐਚ.ਏ.ਆਈ. ਪੈਟਰਨ



ਅਤੇ ਹਾਈਬ੍ਰਿਡ ਐਨੂਇਟੀ ਮਾਡਲ (ਐਚ.ਏ.ਐਮ.) ਤਹਿਤ ਲਾਗੂ ਕੀਤਾ ਜਾਵੇਗਾ। ਇੱਥੇ ਪੰਜਾਬ ਭਵਨ ਵਿਖੇ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਮੰਤਰੀ ਸ. ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਲੋਕਾਂ ਲਈ ਬਿਹਤਰ ਸੜਕੀ ਸੰਪਰਕ ਅਤੇ ਸੁਚਾਰੂ ਆਵਾਜਾਈ ਸਹੂਲਤਾਂ ਨੂੰ ਯਕੀਨੀ ਬਣਾਉਣ ਲਈ ਸੂਬੇ ਭਰ ਵਿੱਚ ਸੜਕੀ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਯਤਨਸ਼ੀਲ ਹੈ।

## ਅਕਾਲ ਗਲੈਕਸੀ ਕਾਨਵੈਂਟ ਸਕੂਲ 'ਚ ਗਣਤੰਤਰ ਦਿਵਸ ਮਨਾਇਆ

**ਲੋਹੀਆਂ ਖਾਸ, (ਯੋਗੇਸ਼ਵਰ, ਰੀਨਾ ਸ਼ਰਮਾ)-** ਅਕਾਲ ਗਲੈਕਸੀ ਕਾਨਵੈਂਟ ਸਕੂਲ ਸਿੱਧੂਪੁਰ ਲੋਹੀਆਂ ਖਾਸ ਵਿਖੇ ਪ੍ਰਿੰਸੀਪਲ ਮੈਡਮ ਅਮਨਪ੍ਰੀਤ ਕੌਰ ਦੀ ਯੋਗ ਅਗਵਾਈ ਹੇਠ ਵਿਸ਼ੇਸ਼ ਅਸੈਂਬਲੀ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਬਹੁਤ ਹੀ ਧੂਮਧਾਮ ਨਾਲ ਗਣਤੰਤਰ ਦਿਵਸ ਮਨਾਇਆ ਗਿਆ । ਸਕੂਲ ਵਿਦਿਆਰਥੀਆਂ ਦੁਆਰਾ ਦੇਸ਼ ਭਗਤੀ ਦੇ ਗੀਤਾਂ ਤੇ ਰੰਗਾ



ਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ ਅਤੇ ਦੇਸ਼ ਭਗਤੀ ਸਬੰਧਤ ਕਵਿਤਾਵਾਂ ਗਾਇਨ ਕੀਤੀਆਂ ਗਈਆਂ। ਸੰਗੀਤ ਅਧਿਆਪਕ ਹਰਦੀਪ ਸਿੰਘ ਅਤੇ ਰਾਜਨਪ੍ਰੀਤ ਸਿੰਘ ਦੁਆਰਾ ਮਿਊਜ਼ਿਕਲ ਆਰਕੈਸਟਰਾ ਪ੍ਰਦਰਸ਼ਨੀ ਬਹੁਤ ਹੀ ਸ਼ਾਨਦਾਰ ਰਹੀ। ਸਕੂਲ ਵਿਦਿਆਰਥੀਆਂ ਦੁਆਰਾ ਰਾਸ਼ਟਰੀ ਚਿੰਨ੍ਹ ਦਰਸਾਉਂਦੇ ਫੈਂਸੀ ਡਰੈੱਸ ਪ੍ਰਦਰਸ਼ਨੀ ਬਹੁਤ ਹੀ ਸ਼ਲਾਘਾਯੋਗ ਸੀ। ਪ੍ਰਿੰਸੀਪਲ ਮੈਡਮ ਅਮਨਪ੍ਰੀਤ ਕੌਰ ਵੱਲੋਂ ਗਣਤੰਤਰ ਦਿਵਸ ਦੇ ਮੁੱਖ ਦਿਹਾੜੇ ਦੀਆਂ ਸਾਰਿਆਂ ਨੂੰ ਬਹੁਤ-ਬਹੁਤ ਮੁਬਾਰਕਾਂ ਦਿੱਤੀਆਂ ਗਈਆਂ ਤੇ ਬੱਚਿਆਂ ਨੂੰ ਆਪਣੇ ਦੇਸ਼ ਪ੍ਰਤੀ ਹਮੇਸ਼ਾ ਵਫਾਦਾਰ ਰਹਿਣ ਤੇ ਦੇਸ਼ ਲਈ ਪ੍ਰੇਮ ਸਤਿਕਾਰ ਦੀ ਭਾਵਨਾ ਪੈਦਾ ਕਰਨ ਲਈ ਪ੍ਰੇਰਿਤ ਕੀਤਾ ਗਿਆ।

## ਡਾ. ਪੂਜਾ ਰਾਣਾ ਸਿੱਖਿਆ ਦੇ ਖੇਤਰ 'ਚ ਸ਼ਾਨਦਾਰ ਸੇਵਾਵਾਂ ਲਈ ਸਨਮਾਨਤ

**ਜਲੰਧਰ (ਸ਼ੈਲੀ ਐਲਬਰਟ)-** ਗਣਤੰਤਰ ਦਿਵਸ ਦੇ ਮੌਕੇ 'ਤੇ ਲਾਇਲਪੁਰ ਖਾਲਸਾ ਕਾਲਜ ਜਲੰਧਰ ਦੇ ਪੋਸਟ ਗ੍ਰੈਜੂਏਟ ਭੂਗੋਲ ਵਿਭਾਗ ਦੇ ਸਹਾਇਕ ਪ੍ਰੋਫੈਸਰ ਡਾ. ਪੂਜਾ ਰਾਣਾ ਨੂੰ ਸਿੱਖਿਆ ਖੇਤਰ ਵਿੱਚ ਉਨ੍ਹਾਂ ਦੀਆਂ ਸ਼ਾਨਦਾਰ ਸੇਵਾਵਾਂ ਲਈ ਸਨਮਾਨਤ ਕੀਤਾ ਗਿਆ। ਇਹ ਸਨਮਾਨ ਪੰਜਾਬ ਸਰਕਾਰ ਦੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਪ੍ਰਦਾਨ ਕੀਤਾ। ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ, ਵਿਧਾਇਕ ਕਰਤਾਰਪੁਰ ਬਲਕਾਰ ਸਿੰਘ, ਡਿਪਟੀ ਕਮਿਸ਼ਨਰ ਹਿਮਾਂਸ਼ੂ ਅਗਰਵਾਲ ਅਤੇ ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਦੀ ਮੌਜੂਦਗੀ ਨੇ ਇਸ ਪ੍ਰੋਗਰਾਮ ਦੀ ਸ਼ੋਭਾ ਨੂੰ ਹੋਰ ਵਧਾਇਆ। ਇਸ ਮੌਕੇ 'ਤੇ ਪ੍ਰਿੰਸੀਪਲ ਡਾ. ਰਸ਼ਪਾਲ ਸਿੰਘ ਸੰਧੂ ਨੇ ਪ੍ਰੋ. ਡਾ. ਪੂਜਾ ਰਾਣਾ ਦੀਆਂ ਅਕਾਦਮਿਕ ਪ੍ਰਾਪਤੀਆਂ ਅਤੇ ਸਮਰਪਿਤ ਸੇਵਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ ਤੇ ਉਨ੍ਹਾਂ ਨੂੰ ਰਸਮੀ ਤੌਰ 'ਤੇ ਸਨਮਾਨਤ ਕੀਤਾ। ਸਮਾਰੋਹ ਦੌਰਾਨ ਗਣਿਤ ਵਿਭਾਗ ਦੇ ਮੁਖੀ ਡਾ. ਹਰਜੀਤ ਸਿੰਘ ਵੀ ਮੌਜੂਦ ਸਨ। ਕਾਲਜ ਦੀ ਗਵਰਨਿੰਗ ਕੌਂਸਲ ਅਤੇ ਕਾਲਜ ਦੇ ਸਮੂਹ ਸਟਾਫ ਵਲੋਂ ਡਾ. ਪੂਜਾ ਰਾਣਾ ਨੂੰ ਇਸ ਸ਼ਾਨਦਾਰ ਪ੍ਰਾਪਤੀ 'ਤੇ ਵਧਾਈ ਦਿੱਤੀ।

## ਪਾਣੀ ਦੀ ਇੱਕ ਬੂੰਦ ਵੀ ਹਰਿਆਣਾ ਨੂੰ ਨਹੀਂ ਦਿੱਤੀ ਜਾਵੇਗੀ : ਚਾਵਲਾ

**ਸ੍ਰੀ ਆਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)-** ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਨੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਐਸ.ਵਾਈ.ਐਲ. ਨਹਿਰ ਸਬੰਧੀ ਦਿੱਤੇ ਗਏ ਬਿਆਨ 'ਤੇ ਸਖ਼ਤ ਇਤਰਾਜ਼ ਜਤਾਉਂਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਕਿਸੇ ਵੀ ਕੀਮਤ 'ਤੇ ਪੰਜਾਬ ਦਾ ਪਾਣੀ ਹਰਿਆਣਾ ਨੂੰ ਨਹੀਂ ਜਾਣ ਦੇਵੇਗਾ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦਾ ਇਹ ਕਹਿਣਾ ਕਿ ਪਹਿਲਾਂ ਪਾਣੀ ਤੈਅ ਹੋ ਜਾਵੇ, ਫਿਰ ਨਹਿਰ ਵੀ ਬਣਾ ਲਵਾਂਗੇ , ਪੰਜਾਬ ਦੇ ਹਿੱਤਾਂ ਨਾਲ ਖਿਲਵਾੜ ਕਰਨ ਦੇ ਬਰਾਬਰ ਹੈ। ਭਾਈ ਚਾਵਲਾ ਨੇ ਦੋਸ਼ ਲਗਾਇਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦਿੱਲੀ ਦੇ ਇਸ਼ਾਰਿਆਂ 'ਤੇ ਕੰਮ ਕਰ ਰਹੀ ਹੈ ਅਤੇ ਪੰਜਾਬ ਦੇ ਹੱਕਾਂ ਨਾਲ ਸਮਝੌਤਾ ਕਰਨ ਲਈ ਤਿਆਰ ਨਜ਼ਰ ਆ ਰਹੀ ਹੈ।ਉਨ੍ਹਾਂ ਕਿਹਾ ਕਿ ਸਾਬਕਾ ਮੁੱਖ ਮੰਤਰੀ ਸ੍ਰੀ ਪ੍ਰਕਾਸ਼ ਸਿੰਘ ਬਾਦਲ ਨੇ ਪੰਜਾਬ ਦੇ ਹਿੱਤਾਂ ਦੀ ਰੱਖਿਆ ਕਰਦੇ ਹੋਏ ਐਸ.ਵਾਈ.ਐਲ. ਨਹਿਰ ਨਾਲ ਸੰਬੰਧਿਤ ਜ਼ਮੀਨ ਕਿਸਾਨਾਂ ਨੂੰ ਵਾਪਸ ਕਰ ਦਿੱਤੀ ਸੀ ਜੋ ਕਿ ਇੱਕ ਇਤਿਹਾਸਕ ਫੈਸਲਾ ਸੀ।ਭਾਈ ਚਾਵਲਾ ਨੇ ਇਹ ਵੀ ਦੋਸ਼ ਲਗਾਇਆ ਕਿ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਅਤੇ ਆਮ ਆਦਮੀ ਪਾਰਟੀ ਦੇ ਨੇਤਾ ਸੰਦੀਪ ਪਾਠਕ ਪਹਿਲਾਂ ਹੀ ਹਰਿਆਣਾ ਨੂੰ ਪਾਣੀ ਦੇਣ ਦੀ ਹਮਾਇਤ ਕਰ ਚੁੱਕੇ ਹਨ, ਜਿਸ ਤੋਂ ਸਾਫ਼ ਹੁੰਦਾ ਹੈ ਕਿ 'ਆਪ' ਸਰਕਾਰ ਪੰਜਾਬ ਦੇ ਪਾਣੀਆਂ ਬਾਰੇ ਸਮਝੌਤਾ ਕਰਨ ਲਈ ਤਿਆਰ ਹੈ।



## ਬਜ਼ੁਰਗਾਂ ਲਈ ਸਿਹਤ ਵਿਭਾਗ ਵੱਲੋਂ ਲਗਾਏ ਜਾਣਗੇ ਕੈਂਪ : ਡਿਪਟੀ ਕਮਿਸ਼ਨਰ

**ਨਵਾਂਸ਼ਹਿਰ, (ਕੁਲਵਿੰਦਰ ਸਿੰਘ ਦੁਰਗਾਪੁਰੀਆ)-** ਜ਼ਿਲ੍ਹੇ ਦੇ ਬਜ਼ੁਰਗ ਨਾਗਰਿਕਾਂ ਦੀ ਭਲਾਈ ਲਈ ਕੀਤੇ ਜਾਣ ਵਾਲੇ ਕੰਮਾਂ ਅਤੇ ਜ਼ਿਲ੍ਹੇ ਵਿੱਖ ਵੱਖ-ਵੱਖ ਗਤੀਵਿਧੀਆਂ ਕਰਵਾਉਣ ਸਬੰਧੀ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਸਮਾਜਿਕ ਸੁਰੱਖਿਆ ਵਿਭਾਗ ਵੱਲੋਂ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਤੇ ਕਾਰਜਕਾਰੀ ਏਜੰਸੀਆਂ ਦੇ ਮੁੱਖੀਆਂ ਅਤੇ ਸਵੈ-ਸੇਵੀ ਸੰਸਥਾਵਾਂ ਦੇ ਪ੍ਰਤੀਨਿਧੀਆਂ ਨਾਲ ਮੀਟਿੰਗ ਕੀਤੀ ਗਈ। ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਮੀਟਿੰਗ ਦੌਰਾਨ ਬਜ਼ੁਰਗ ਨਾਗਰਿਕਾਂ ਦੀ ਭਲਾਈ ਸਬੰਧੀ ਕੇ ਜਾਣ ਵਾਲੇ ਕੰਮਾਂ ਦੀ ਸਮੀਖਿਆ ਕੀਤੀ ਜਿਸ ਸਬੰਧੀ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਨਰੇਸ਼ ਕੁਮਾਰ ਨੇ ਦੱਸਿਆ ਕਿ ਵਿਭਾਗ ਵੱਲੋਂ ਬਜੁਰਗਾਂ ਦੀ ਸਿਹਤ ਸੰਭਾਲ, ਉਨ੍ਹਾਂ ਨੂੰ ਮੈਡੀਕਲ ਸੇਵਾਂਵਾਂ ਮੁਹੱਈਆਂ ਕਰਵਾਉਣ, ਉਨ੍ਹਾਂ ਦਾ ਆਰਥਿਕ ਪੱਧਰ ਉੱਚਾ ਚੁੱਕਣ ਲਈ ਉਨ੍ਹਾਂ ਨੂੰ ਆਰਥਿਕ ਗਤੀਵਿਧੀਆਂ ਵਿਚ ਸ਼ਾਮਿਲ ਕਰਨ ਸਬੰਧੀ ਗਤੀਵਿਧੀਆਂ ਕੀਤੀਆਂ ਜਾਣੀਆਂ ਹਨ। ਇਨ੍ਹਾਂ ਗਤੀਵਿਧੀਆਂ ਦੇ ਰੂਪ ਵਿਚ ਜਿਲ੍ਹਾ ਪੱਧਰ ਤੇ ਸਿਹਤ ਵਿਭਾਗ ਵੱਲੋਂ ਕੈਂਪਾਂ ਦੌਰਾਨ ਬਜ਼ੁਰਗ ਨਾਗਰਿਕਾਂ ਦੀ ਮੋਤੀਆਬਿੰਦ ਦੀ ਸਰਜਰੀ ਕਰਵਾਉਣ ਲਈ ਅਸੈਸਮੈਂਟ ਕੈਂਪ ਲਗਾ ਕੇ ਅਸੈਸਮੈਂਟ ਕਰਵਾਈ ਜਾਵੇਗੀ ਉਸ ਦੇ ਉਪਰੰਤ ਅਪ੍ਰੇਸ਼ਨ ਤੋਂ ਪਹਿਲਾਂ ਅਤੇ ਬਾਅਦ ਵਿਚ ਹੋਣ ਵਾਲਾ ਸਾਰਾ ਖਰਚਾ ਸਰਕਾਰ ਵੱਲੋਂ ਦਿੱਤਾ ਜਾਵੇਗਾ।



## 47 ਸਕੂਲ ਬੱਸਾਂ ਦੀ ਚੈਕਿੰਗ, 7 ਦੇ ਕੱਟੇ ਚਲਾਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-** ਸੇਫ ਸਕੂਲ ਵਾਹਨ ਪਾਲਿਸੀ ਤਹਿਤ ਸਕੂਲ ਦੇ ਬੱਚਿਆਂ ਦੀ ਸੁਰੱਖਿਆ ਨੂੰ ਮੁੱਖ ਰੱਖਦੇ ਹੋਏ ਸਕੂਲ ਮੁਖੀ ਵੱਲੋ ਬੱਸਾਂ ਵਿਚ ਸਾਰੇ ਨਿਯਮਾਂ/ਸ਼ਰਤਾਂ ਦੀ ਪਾਲਣਾ ਕਰਨੀ ਅਤਿ ਜ਼ਰੂਰੀ ਹੈ। ਇਸ ਸਬੰਧੀ ਜ਼ਿਲ੍ਹਾ ਹੁਸ਼ਿਆਰਪੁਰ ਦੇ ਬਲਾਕ ਹਾਜੀਪੁਰ ਵਿਖੇ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਤੇ ਪੰਜਾਬ ਰਾਜ ਬਾਲ ਅਧਿਕਾਰ ਰੱਖਿਆ ਕਮਿਸ਼ਨ ਵੱਲੋਂ ਜਾਰੀ ਹਦਾਇਤਾਂ ਅਤੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੇ ਹੁਕਮਾਂ ਅਨੁਸਾਰ ਸੇਫ ਸਕੂਲ ਵਾਹਨ ਪਲਿਸੀ ਤਹਿਤ ਕੋਹਿਨੂਰ ਇੰਟਰਨੈਸ਼ਨਲ ਸਕੂਲ ਹਾਜੀਪੁਰ ਤੇ ਗੁਰੂ ਗੋਬਿੰਦ ਸਿੰਘ ਪਬਲਿਕ ਬੇਗਪੁਰ ਕਮਲੂਹ ਸਕੂਲਾਂ ਦੀਆਂ ਬੱਸਾਂ ਦੀ ਚੈਕਿੰਗ ਕੀਤੀ ਗਈ। ਚੈਕਿੰਗ ਦੌਰਾਨ ਜਿਨ੍ਹਾਂ ਸਕੂਲੀ ਬੱਸਾਂ ਵਿਚ ਮਿਆਦ ਖਤਮ ਹੋ ਚੁੱਕੀਆਂ ਫਸਟ ਏਡ ਕਿੱਟਾਂ, ਫਾਗ ਲਾਈਟਸ, ਬਿਨਾਂ ਲੇਡੀ ਅਟੈਂਡੈਂਟ, ਬਿਨਾਂ ਪਾਸਿੰਗ, ਸਪੀਡ ਗਵਰਨਰ ਦਾ ਨਾ ਹੋਣਾ, ਬੱਸ ਵਿਚ ਐਮਰਜੈਂਸੀ ਐਗਜ਼ਿਟ ਦਾ ਨਾ ਹੋਣਾ, ਬਿਨਾਂ ਅੱਗ ਬੁਝਾਊ ਯੰਤਰ, ਬਿਨਾਂ ਸੀ.ਸੀ.ਟੀ.ਵੀ ਕੈਮਰਾ, ਬੱਸ ਵਿਚ ਸਿਟਿੰਗ ਕਪੈਸਿਟੀ ਦਾ ਵੱਧ ਹੋਣਾ, ਬਿਨਾਂ ਇੰਸ਼ੋਰੈਂਸ ਆਦਿ ਕਮੀਆਂ ਪਾਈਆਂ ਗਈਆਂ। ਇਸ ਦੌਰਾਨ ਕੁੱਲ 47 ਬੱਸਾਂ ਚੈੱਕ ਕੀਤੀਆਂ ਗਈਆਂ ਤੇ 7 ਬੱਸਾਂ ਦੇ ਚਲਾਨ ਕੱਟੇ ਗਏ। ਇਸ ਮੌਕੇ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਵੱਲੋਂ ਰਣਜੀਤ ਕੌਰ, ਜਸਵਿੰਦਰ ਸਿੰਘ, ਪੁਲਸ ਵਿਭਾਗ ਤੋਂ ਗੁਰਪ੍ਰੀਤ ਸਿੰਘ ਹੈੱਡ ਕਾਂਸਟੇਬਲ, ਰਸ਼ਨੀਸ਼ ਕੁਮਾਰ ਹੈੱਡ ਕਾਂਸਟੇਬਲ, ਸਿੱਖਿਆ ਵਿਭਾਗ ਵੱਲੋਂ ਅਮਰਿੰਦਰਪਾਲ ਸਿੰਘ ਢਿੱਲੋਂ ਅਤੇ ਸਮੂਹ ਟੀਮ ਹਾਜ਼ਰ ਸਨ। ਸਮੂਹ ਟੀਮ ਵਲੋਂ ਵੱਖ-ਵੱਖ ਸਕੂਲਾਂ ਵਿੱਚ ਸੇਫ ਸਕੂਲ ਵਾਹਨ ਪਾਲਸੀ ਬਾਰੇ ਜਾਗਰੂਕਤਾ ਵੀ ਕੀਤੀ ਗਈ। ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਹਰਪ੍ਰੀਤ ਕੌਰ ਨੇ ਦੱਸਿਆ ਕਿ ਸੇਫ ਸਕੂਲ ਵਾਹਨ ਪਾਲਿਸੀ ਅਨੁਸਾਰ ਸ਼ਰਤਾਂ ਪੂਰੀਆਂ ਨਾ ਕਰਨ ਵਾਲੀਆਂ ਬੱਸਾਂ ਨਾਲ ਅਕਸਰ ਕੋਈ ਨਾ ਕੋਈ ਹਾਦਸਾ ਵਾਪਰਨ ਦਾ ਖ਼ਤਰਾ ਬਣਿਆ ਰਹਿੰਦਾ ਹੈ। ਇਸ ਮੌਕੇ ਟਾਸਕ ਫੋਰਸ ਵੱਲੋਂ ਦੱਸਿਆ ਕਿ ਇਸ ਮੁਹਿੰਮ ਨੂੰ ਪੂਰੇ ਜ਼ਿਲ੍ਹੇ ਵਿਚ ਲਗਾਤਾਰ ਚਲਾਇਆ ਜਾਵੇਗਾ।



## ਕੌਮੀ ਖੇਡਾਂ 'ਚ ਚਾਂਦੀ ਦਾ ਤਗਮਾ ਜਿੱਤਣ 'ਤੇ ਲੜਕੀਆਂ ਸਨਮਾਨਤ

**ਮੋਰਿੰਡਾ (ਨਿਹਾਲ ਸਿੰਘ ਕਲਸੀ)** ਦਸਮੇਸ਼ ਸਪੋਰਟਸ ਕਲੱਬ ਮੋਰਿੰਡਾ ਦੇ ਸਰਪਰਸਤ ਰੁਪਿੰਦਰ ਸਿੰਘ ਨੰਬਰਦਾਰ ਨੇ ਦੱਸਿਆ ਕਿ ਕੇਂਦਰ ਵੱਲੋਂ ਨੈਸ਼ਨਲ ਸਕੂਲ ਖੇਡਾਂ ਗੁਜਰਾਤ ਵਿਖੇ ਕਰਵਾਈਆਂ ਗਈਆਂ। ਇਸੇ ਲੜੀ ਤਹਿਤ ਹੈਂਡਬਾਲ ਲੜਕੀਆਂ ਅੰਡਰ-17 ਦੇ ਫਾਈਨਲ ਮੈਚ 'ਚ ਪੰਜਾਬ ਟੀਮ ਨੇ ਗੁਜਰਾਤ ਟੀਮ ਨੂੰ ਹਰਾ ਕੇ ਚਾਂਦੀ ਦੇ ਤਮਗੇ 'ਤੇ ਕਬਜ਼ਾ ਕਰਕੇ ਪੰਜਾਬ ਦਾ ਨਾਂਅ ਰੌਸ਼ਨ ਕੀਤਾ। ਉਨ੍ਹਾਂ ਦੱਸਿਆ ਕਿ ਤਮਗਾ ਜਿੱਤਣ ਵਾਲੀ ਪੰਜਾਬ ਦੀ ਲੜਕੀਆਂ ਦੀ ਟੀਮ 'ਚ ਦੋ ਲੜਕੀਆਂ ਆਂਚਲ ਤੇ ਅੰਜਲੀ ਦਸਮੇਸ਼ ਸਪੋਰਟਸ ਕਲੱਬ ਮੋਰਿੰਡਾ ਦੀਆਂ ਖਿਡਾਰਨਾਂ ਹਨ। ਇੰਨ੍ਹਾਂ ਲੜਕੀਆਂ ਦਾ ਮੋਰਿੰਡਾ ਪੁੱਜਣ 'ਤੇ ਨਗਰ ਕੌਂਸਲ ਮੋਰਿੰਡਾ ਤੇ ਦਸਮੇਸ਼ ਸਪੋਰਟਸ ਕਲੱਬ ਵੱਲੋਂ ਸ਼ਾਨਦਾਰ ਸਵਾਗਤ ਕੀਤਾ ਤੇ ਯਾਦਗਾਰੀ ਚਿੰਨ੍ਹਾਂ ਨਾਲ ਸਨਮਾਨਤ ਕੀਤਾ ਗਿਆ। ਇਸ ਮੌਕੇ ਕੌਂਸਲ ਦੇ ਪ੍ਰਧਾਨ ਜਗਦੇਵ ਸਿੰਘ ਭਟੋਆ, ਕਲੱਬ ਕੋਚ ਚੌਧਰੀ ਰਾਜੇਸ਼ ਕੁਮਾਰ, ਕੋਚ ਪਵਨ ਕੁਮਾਰ, ਅਰੁਣ ਲੱਕੀ ਤੇ ਸੁਰਿੰਦਰ ਸਿੰਦਰੀ, ਪੀ ਏ ਡੀ ਬੈਂਕ ਦੇ ਵਾਈਸ ਚੇਅਰਮੈਨ ਕਰਨੈਲ ਸਿੰਘ ਜੀਤ, ਕੌਂਸਲਰ ਰਾਜਪ੍ਰੀਤ ਸਿੰਘ ਰਾਜੀ, ਕੋਸਲਰ ਹਰਜੀਤ ਸਿੰਘ ਸੋਢੀ, ਸੰਦੀਪ ਕੁਮਾਰ ਸੋਨੂੰ, ਸੁਰਜੀਤ ਕੁਮਾਰ, ਕਲੱਬ ਦੇ ਮੀਤ ਪ੍ਰਧਾਨ ਕ੍ਰਿਸ਼ਨ ਸਿੰਘ ਰਾਣਾ, ਸੁਨੀਲ ਮੰਗਾ,ਪਵਨ ਪੰਮੀ, ਸੁਰਿੰਦਰ ਕੁਮਾਰ, ਅਨਮੋਲ ਆਦਿ ਹਾਜ਼ਰ ਸਨ।



## 45 ਲੋੜਵੰਦ ਔਰਤਾਂ ਨੂੰ ਮਹੀਨਾਵਾਰ ਰਾਸ਼ਨ ਤੇ ਪੈਨਸ਼ਨ ਦੀ ਵੰਡ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)-** ਲਾਇਨਜ਼ ਕਲੱਬ ਫਗਵਾੜਾ ਸਮਾਰਟ ਸਿਟੀ ਵਲੋਂ ਮਹੀਨਾਵਾਰ ਰਾਸ਼ਨ ਤੇ ਪੈਨਸ਼ਨ ਵੰਡ ਸਮਾਗਮ ਕਲੱਬ ਦੇ ਚਾਰਟਰ ਪ੍ਰਧਾਨ ਲਾਇਨ ਤੇਜਿੰਦਰ ਬਾਵਾ ਐੱਮ ਜੇ



ਐੱਫ. ਦੀ ਅਗਵਾਈ ਹੇਠ ਚਿਰਾਗ਼ ਐਸੋਸੀਏਟਸ ਸੁਭਾਸ਼ ਨਗਰ ਫਗਵਾੜਾ ਵਿਖੇ ਕਰਵਾਇਆ ਗਿਆ। ਜਿਸ ਦੀ ਪ੍ਰਧਾਨਗੀ ਮੁੱਖ ਮਹਿਮਾਨ ਵਜੋਂ ਪਹੁੰਚੇ ਐੱਨ ਆਰ ਆਈ ਕੁਲਵਿੰਦਰ ਸਿੰਘ ਹਾਲੈਂਡ ਨੇ ਕੀਤੀ। ਜਦਕਿ ਗੈਸਟ ਆਫ ਆਨਰ ਵਜੋਂ ਲਾਇਨਜ਼ ਇੰਟਰਨੈਸ਼ਨਲ 321-ਡੀ ਦੇ ਡਿਸਟ੍ਰਿਕਟ ਗਵਰਨਰ ਲਾਇਨ ਵੀ ਐੱਮ ਗੋਇਲ ਤੇ ਇੰਟਰਨੈਸ਼ਨਲ ਮਲਟੀਪਲ ਵਾਈਸ ਚੇਅਰਮੈਨ ਲਾਇਨ ਰਸ਼ਪਾਲ ਸਿੰਘ ਬੱਚਾਜੀਵੀ ਨੇ ਹਾਜਰੀ ਲਗਵਾਈ। ਡਿਸਟ੍ਰਿਕਟ ਚੇਅਰਮੈਨ ਲਾਇਨ ਆਸ਼ੂ ਮਾਰਕੰਡਾ ਅਤੇ ਡਿਸਟ੍ਰਿਕਟ ਚੇਅਰਮੈਨ ਸੁਨੀਲ ਢੀਂਗਰਾ ਵੀ ਉਚੇਰੇ ਤੌਰ 'ਤੇ ਮੌਜੂਦ ਰਹੇ। ਮੁੱਖ ਮਹਿਮਾਨ ਕੁਲਵਿੰਦਰ ਸਿੰਘ ਹਾਲੈਂਡ ਨੇ 45 ਲੋੜਵੰਦ ਔਰਤਾਂ ਨੂੰ ਪੈਨਸ਼ਨ ਤੇ ਰਾਸ਼ਨ ਦੇ ਨਾਲ ਸਰਦੀ ਦੇ ਮੌਸਮ ਨੂੰ ਦੇਖਦੇ ਹੋਏ ਗਰਮ ਕੰਬਲ ਭੇਟ ਕਰਨ ਦੀ ਆਰੰਭਤਾ ਕਰਵਾਈ। ਉਪਰੰਤ ਉਹਨਾਂ ਨੇ ਕਿਹਾ ਕਿ ਕਲੱਬ ਵਲੋਂ ਇਹ ਬਹੁਤ ਹੀ ਨੇਕ ਉਪਰਾਲਾ ਕੀਤਾ ਜਾ ਰਿਹਾ ਹੈ। ਡਿਸਟ੍ਰਿਕਟ ਗਵਰਨਰ ਲਾਇਨ ਵੀ.ਐਮ. ਗੋਇਲ ਅਤੇ ਮਲਟੀਪਲ ਵਾਈਸ ਚੇਅਰਮੈਨ ਲਾਇਨ ਬੱਚਾਜੀਵੀ ਨੇ ਕਿਹਾ ਕਿ ਲਾਇਨਜ ਕਲੱਬਾਂ ਦਾ ਮੁੱਖ ਟੀਚਾ ਹੀ ਲੋੜਵੰਦਾਂ ਦੀ ਵੱਧ ਤੋਂ ਵੱਧ ਮੱਦਦ ਕਰਨਾ ਹੈ ਅਤੇ ਬੜੀ ਖੁਸ਼ੀ ਦੀ ਗੱਲ ਹੈ ਕਿ ਲਾਇਨਜ ਕਲੱਬ ਫਗਵਾੜਾ ਸਮਾਰਟ ਸਿਟੀ ਵਲੋਂ ਲਾਇਨਜ ਇੰਟਰਨੈਸ਼ਨਲ ਦੀ ਰਵਾਇਤ ਨੂੰ ਪੂਰੀ ਤਨਦੇਹੀ ਦੇ ਨਾਲ ਨਿਭਾਇਆ ਜਾ ਰਿਹਾ ਹੈ। ਕਲੱਬ ਵਲੋਂ ਮੁੱਖ ਮਹਿਮਾਨ ਤੇ ਪਤਵੰਤਿਆਂ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ। ਸਟੇਜ ਦੀ ਸੇਵਾ ਲਾਇਨ ਸੁਸ਼ੀਲ ਸ਼ਰਮਾ ਵਲੋਂ ਬਾਖੂਬੀ ਨਿਭਾਈ ਗਈ। ਇਸ ਮੌਕੇ ਲਾਇਨ ਅਰੁਣ ਗੋਇਲ ਬਟਾਲਾ, ਕਲੱਬ ਸਕੱਤਰ ਲਾਇਨ ਸੰਤੋਖ ਰਾਜ ਸ਼ੌਕੀ ਟੂਰਾ, ਖਜ਼ਾਨਚੀ ਲਾਇਨ ਗੁਲਸ਼ਨ ਸ਼ਰਮਾ ਲੱਕੀ ਤੇ ਪੀ.ਆਰ.ਓ. ਲਾਇਨ ਵਿਜੇ ਅਰੋੜਾ ਤੋਂ ਇਲਾਵਾ ਮਿੰਚੂ ਕਸ਼ਅਪ, ਈਸ਼ ਪਰਿੰਜਾ, ਹਨੀ ਗੁਲਾਟੀ, ਪਵਨ ਚਾਵਲਾ ਆਦਿ ਹਾਜ਼ਰ ਸਨ।

## ਕੌਮੀ ਰੋਡ ਸੇਫ਼ਟੀ ਮਹੀਨੇ ਤਹਿਤ ਜਾਗਰੂਕਤਾ ਸੈਮੀਨਾਰ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)-** ਸੀਨੀਅਰ ਕਪਤਾਨ ਪੁਲਿਸ, ਜ਼ਿਲ੍ਹਾ ਐਸ.ਏ.ਐਸ ਨਗਰ ਸ੍ਰੀ ਹਰਮਨਦੀਪ ਸਿੰਘ ਹਾਂਸ ਦੀਆਂ ਹਦਾਇਤਾਂ ਅਨੁਸਾਰ ਕੌਮੀ ਰੋਡ ਸੇਫ਼ਟੀ ਮਹੀਨਾ 1 ਜਨਵਰੀ ਤੋਂ 31 ਜਨਵਰੀ ਤੱਕ ਹਰ ਸਾਲ ਦੀ ਤਰ੍ਹਾਂ ਜ਼ਿਲ੍ਹਾ ਐਸ.ਏ.ਐਸ ਨਗਰ ਦੀ ਟ੍ਰੈਫ਼ਿਕ ਪੁਲਿਸ ਵੱਲੋਂ ਮਨਾਇਆ ਜਾ ਰਿਹਾ ਹੈ।ਇਸ ਲੜੀ ਤਹਿਤ ਸ. ਕਰਨੈਲ ਸਿੰਘ ਪੀ.ਪੀ.ਐਸ, ਉਪ ਕਪਤਾਨ ਪੁਲਿਸ ਟ੍ਰੈਫ਼ਿਕ ਵੱਲੋਂ ਖਾਲਸਾ ਕਾਲਜ ਮੋਹਾਲੀ ਆਫ



ਟੈਕਨਾਲੋਜੀ ਐਂਡ ਬਿਜਨੈਸ ਸਟੱਡੀ ਫੇਜ਼ 3-ਏ, ਮੋਹਾਲੀ ਵਿੱਚ ਅਧਿਆਪਕਾਂ ਅਤੇ ਵਿਦਿਆਰਥੀਆਂ ਨਾਲ ਰੋਡ ਸੇਫ਼ਟੀ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ।ਸੈਮੀਨਾਰ ਦੌਰਾਨ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ, ਟ੍ਰੈਫ਼ਿਕ ਨਿਯਮਾਂ ਦੀ ਪਾਲਣਾ, ਸੁਰੱਖਿਅਤ ਡਰਾਈਵਿੰਗ ਅਤੇ ਖੇਡਾਂ ਵੱਲ ਪ੍ਰੇਰਿਤ ਹੋਣ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ ਗਿਆ। ਸੈਮੀਨਾਰ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਟ੍ਰੈਫ਼ਿਕ ਨਿਯਮਾਂ ਦੀ ਪਾਲਣਾ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨਾ ਸੀ।ਇਸ ਮੌਕੇ ਮੋਟਰ ਵਹੀਕਲ ਐਕਟ ਦੀ ਧਾਰਾ 199-ਏ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਜੇਕਰ 18 ਸਾਲ ਤੋਂ ਘੱਟ ਉਮਰ ਦਾ ਬੱਚਾ ਵਾਹਨ ਚਲਾਉਂਦਾ ਹੈ ਤਾਂ ਉਸ ਦੇ ਮਾਪਿਆਂ ਨੂੰ 3 ਸਾਲ ਤੱਕ ਕੈਦ ਜਾਂ 25,000 ਰੁਪਏ ਤੱਕ ਜੁਰਮਾਨਾ ਹੋ ਸਕਦਾ ਹੈ ਅਤੇ ਵਾਹਨ ਦੇਣ ਵਾਲੇ ਵਿਅਕਤੀ ਨੂੰ ਵੀ ਸਜ਼ਾ ਜਾਂ ਜੁਰਮਾਨਾ ਹੋ ਸਕਦਾ ਹੈ। ਇਸ ਤੋਂ ਇਲਾਵਾ ਐਮਰਜੈਂਸੀ ਵਾਹਨਾਂ (ਐਂਬੂਲੈਂਸ, ਫਾਇਰ ਬ੍ਰਿਗੇਡ ਆਦਿ) ਨੂੰ ਰਸਤਾ ਨਾ ਦੇਣ 'ਤੇ ਮੋਟਰ ਵਹੀਕਲ ਐਕਟ ਦੀ ਧਾਰਾ 194-ਈ ਤਹਿਤ 10,000 ਰੁਪਏ ਜੁਰਮਾਨਾ ਜਾਂ 6 ਮਹੀਨੇ ਤੱਕ ਦੀ ਸਜ਼ਾ ਦਾ ਪ੍ਰਾਵਧਾਨ ਹੈ। ਵਿਦਿਆਰਥੀਆਂ ਨੂੰ ਸਰਕਾਰ ਦੀ ਇਨਾਮ ਦੇਣ ਦੀ ਯੋਜਨਾ (ਫ਼ਰਿਸ਼ਤੇ ਸਕੀਮ) ਬਾਰੇ ਵੀ ਜਾਣੂ ਕਰਵਾਇਆ ਗਿਆ, ਜਿਸ ਅਨੁਸਾਰ ਹਾਦਸੇ ਦੇ ਪੀੜਤ ਦੀ ਮਦਦ ਕਰਨ ਵਾਲੇ ਵਿਅਕਤੀ ਨੂੰ ਸਰਕਾਰ ਵੱਲੋਂ 2000 ਰੁਪਏ ਦਾ ਇਨਾਮ ਦਿੱਤਾ ਜਾਂਦਾ ਹੈ।ਇਸ ਮੌਕੇ 'ਤੇ ਕਾਲਜ ਦੇ ਪ੍ਰਿੰਸੀਪਲ ਅਤੇ ਅਧਿਆਪਕਾਂ ਵੱਲੋਂ ਡੀ.ਐਸ.ਪੀ. ਟ੍ਰੈਫ਼ਿਕ ਦਾ ਇਹ ਜਾਗਰੂਕਤਾ ਸੈਮੀਨਾਰ ਕਰਵਾਉਣ ਲਈ ਧੰਨਵਾਦ ਕੀਤਾ ਗਿਆ।

## ਬਾਬਾ ਸਾਈ ਖੁਸ਼ੀਏ ਸ਼ਾਹ ਦਾ ਸਾਲਾਨਾ ਮੇਲਾ ਮਨਾਇਆ

**ਫਗਵਾੜਾ (ਜਸਵਿੰਦਰ ਢੱਡਾ)** ਰੋਜਾ ਸ਼ਰੀਫ ਡੇਰਾ ਬਾਬਾ ਸਾਈਂ ਖੁਦਾਈਏ ਸ਼ਾਹ ਜੀ, ਬਾਬਾ ਸਾਈ ਖੁਸ਼ੀਏ ਸ਼ਾਹ, ਬਾਬਾ ਵਰਿਆਮ ਸ਼ਾਹ ਜੀ ਡੇਰਾ ਖੁਰਮਪੁਰ ਵਿਖੇ ਮੌਜੂਦਾ ਗੱਦੀ ਨਸ਼ੀਨ ਬੀਬੀ ਨਜੀਰਾ ਦੀ ਦੇਖ ਰੇਖ ਹੇਠ 34 ਵਾਂ ਸਾਲਾਨਾ ਮੇਲਾ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ । ਇਸ ਮੌਕੇ ਨਕਾਲ ਕਵਾਲ ਪਾਰਟੀਆਂ ਤੇ ਗੀਤ ਸੰਗੀਤ ਪਾਰਟੀਆ ਨੇ ਆਪਣਾ ਪ੍ਰੋਗਰਾਮ ਪੇਸ਼ ਕੀਤਾ। ਉਪਰੰਤ ਸ਼ਾਮ ਨੂੰ ਬੀਬੀ ਨਜੀਰਾ ਨੇ ਝੰਡਾ ਚੜ੍ਹਾਉਣ ਦੀ ਰਸਮ ਅਦਾ ਕੀਤੀ।ਦਰਬਾਰ ਘਰ ਦਾ ਲੰਗਰ ਅਤੁੱਟ ਵਰਤਾਇਆ ਜਾਵੇਗਾ।



ਸ਼ਾਹਕੋਟ ਵਿਖੇ ਹੋਏ ਤਹਿਸੀਲ ਕੰਪਲੈਕਸ 'ਚ ਗਣਤੰਤਰ ਦਿਵਸ ਦੇ ਸਮਾਗਮ ਵਿੱਚ 'ਆਪ' ਹਲਕਾ ਇੰਚਾਰਜ ਪਿੰਦਰ ਪੰਡੋਰੀ ਤੇ ਐੱਸ ਡੀ ਐੱਮ ਸ਼ੁਭੀ ਅੰਗਰਾ ਤੇ ਡੀ ਐੱਸ ਪੀ ਸ਼ਾਹਕੋਟ ਸੁਖਪਾਲ ਸਿੰਘ, ਐੱਸ ਐੱਚ ਓ ਸ਼ਾਹਕੋਟ ਬਲਵਿੰਦਰ ਸਿੰਘ ਭੁੱਲਰ, ਐੱਸ ਐੱਚ ਓ ਲੋਹੀਆਂ ਖਾਸ ਗੁਰਸ਼ਰਨ ਸਿੰਘ ਵੱਲੋਂ ਮਾ: ਰਵੀ ਸ਼ੰਕਰ ਨੂੰ ਸਨਮਾਨਿਤ ਕਰਦੇ ਹੋਏ। (ਫੋਟੋ ਤੇ ਵੇਰਵਾ : ਯੋਗੇਸ਼ਵਰ, ਲੋਹੀਆਂ ਖਾਸ)

## ਮੁੱਖ ਮੰਤਰੀ ਸਿਹਤ ਯੋਜਨਾ ਵਰਦਾਨ ਸਾਬਤ ਹੋਵੇਗੀ : ਜੱਸੀ ਸੋਹੀਆਂ ਵਾਲਾ



ਨਾਭਾ (ਵਰਿੰਦਰ ਵਰਮਾ)-ਆਮ ਆਦਮੀ ਪਾਰਟੀ ਵਿਧਾਨ ਸਭਾ ਹਲਕਾ ਨਾਭਾ ਦੇ ਹੋਣਹਾਰ ਨੌਜਵਾਨ ਆਗੂ ਅਤੇ ਇੰਪਰੂਵਮੈਂਟ ਟਰੱਸਟ ਨਾਭਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਪਿੰਡ ਫ਼ਤਿਹਪੁਰ ਵਿਖੇ ਹਲਕੇ ਦੇ ਮੀਡੀਆ ਇੰਚਾਰਜ ਲਾਲੀ ਫਤਿਹਪੁਰ ਦੇ ਗ੍ਰਿਹ ਪੁੱਜ ਕੇ ਮੁਲਾਕਾਤ ਕੀਤੀ ਤੇ ਪਾਰਟੀ ਦੀ ਚੜ੍ਹਦੀ ਕਲਾ ਲਈ ਵਿਚਾਰ ਵਟਾਂਦਰਾ ਕੀਤਾ।ਯੂਥ ਆਗੂ ਲਾਲੀ ਫ਼ਤਿਹਪੁਰ ਤੇ ਸਰਬਜੀਤ ਸਿੰਘ ਨੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੂੰ ਲੋਈ ਤੇ ਸਿਰਪਾਓ ਭੇਟ ਕਰਕੇ ਉਨ੍ਹਾਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਵੀ ਕੀਤਾ। ਉਨ੍ਹਾਂ ਕਿਹਾ ਕਿ ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਹਰ ਵਰਗ ਦੇ ਹਰ ਨਾਗਰਿਕ ਨੂੰ 10 ਲੱਖ ਰੁਪਏ ਦਾ ਮੁਫ਼ਤ ਇਲਾਜ ਮਿਲੇਗਾ ਤੇ ਪੰਜਾਬ ਦੇ ਵਸਨੀਕ ਇਸ ਸਕੀਮ ਦਾ ਲਾਭ ਲੈ ਸਕਣਗੇ ਤੇ ਇਹ ਯੋਜਨਾ ਪੰਜਾਬ ਵਾਸੀਆਂ ਲਈ ਵਰਦਾਨ ਸਾਬਤ ਹੋਵੇਗੀ, ਕਿਉਂਕਿ ਇਸ ਯੋਜਨਾ ਤਹਿਤ ਹਰ ਪਰਵਾਰ ਦੇ ਸਮਾਰਟ ਕਾਰਡ ਬਣਾਏ ਜਾ ਰਹੇ ਹਨ ਤੇ 65 ਲੱਖ ਪਰਵਾਰ ਇਸ ਯੋਜਨਾ ਦਾ ਲਾਭ ਉਠਾਉਣਗੇ ਤੇ ਕੋਈ ਵੀ ਵਿਅਕਤੀ ਇਲਾਜ ਤੋਂ ਵਾਂਝਾ ਨਹੀਂ ਰਹੇਗਾ।

## ਡੀ ਏ ਵੀ ਕਾਲਜ 'ਚ ਕਾਰਵਾਂ ਏ ਹੁਨਰ ਪ੍ਰੋਗਰਾਮ ਕਰਾਇਆ



ਜਗਰਾਉਂ (ਅਮਿਤ ਖੰਨਾ)-ਐਲ.ਆਰ.ਡੀ.ਏ.ਵੀ ਕਾਲਜ ਵਿਖੇ ਕਾਰਵਾਂ ਏ ਹੁਨਰ ਪ੍ਰੋਗਰਾਮ ਕਾਲਜ ਦੇ ਪ੍ਰਿੰਸੀਪਲ ਡਾਕਟਰ ਅਨੁਜ ਕੁਮਾਰ ਸ਼ਰਮਾ ਦੀ ਅਗਵਾਈ ਹੇਠ ਕਰਵਾਇਆ ਗਿਆ।ਪ੍ਰੋਗਰਾਮ ਦਾ ਆਰੰਭ ਵਧਨ ਜੋਤ ਕਰਵਾ ਕੇ ਕੀਤਾ ਗਿਆ। ਪ੍ਰੋਗਰਾਮ ਵਿੱਚ ਬਤੌਰ ਮੁੱਖ ਮਹਿਮਾਨ ਵਜੋਂ ਐਮ.ਐਸ.ਗੋਇਲ ਸਾਬਕਾ ਡਾਇਰੈਕਟਰ ਡੀ.ਏ.ਵੀ ਸਕੂਲਾਂ (ਰਾਜਸਥਾਨ) ਤੇ ਵਿਸ਼ੇਸ਼ ਮਹਿਮਾਨ ਵਜੋਂ ਸਾਬਕਾ ਡਾਇਰੈਕਟਰ ਡੀ.ਏ.ਵੀ. ਕਾਲਜਾਂ ਡਾਕਟਰ ਸਤੀਸ਼ ਕੁਮਾਰ ਸ਼ਰਮਾ ਹਾਜ਼ਰ ਹੋਏ।ਮੁੱਖ ਮਹਿਮਾਨ ਨੇ ਆਪਣੇ ਭਾਸ਼ਣ ਵਿੱਚ ਬੱਚਿਆਂ ਨੂੰ ਇਸ ਤਰ੍ਹਾਂ ਦੇ ਪ੍ਰਤਿਭਾ ਮੁਖੀ ਪ੍ਰੋਗਰਾਮਾਂ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ ਲਈ ਉਤਸ਼ਾਹਤ ਕੀਤਾ।ਵਿਸ਼ੇਸ਼ ਮਹਿਮਾਨ ਨੇ ਬੱਚਿਆਂ ਨੂੰ ਦੱਸਿਆ ਕਿ ਇਸ ਤਰ੍ਹਾਂ ਦੇ ਪ੍ਰੋਗਰਾਮ ਉਨ੍ਹਾਂ ਨੂੰ ਜ਼ਿੰਦਗੀ ਵਿੱਚ ਅੱਗੇ ਵਧਣ ਦੇ ਮੌਕੇ ਦਿੰਦੇ ਹਨ।ਡਾਕਟਰ ਬਿੰਦੂ ਸ਼ਰਮਾ ਨੇ ਆਏ ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨ ਤੇ ਸਕੂਲਾਂ ਤੋਂ ਆਏ ਅਧਿਆਪਕਾਂ ਤੇ ਵਿਦਿਆਰਥੀਆਂ ਦਾ ਸਵਾਗਤ ਕੀਤਾ।ਉਨ੍ਹਾਂ ਪ੍ਰੋਗਰਾਮ ਦੀ ਮਹਾਨਤਾ ਦੱਸਦੇ ਹੋਏ ਇਹਦੇ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਲਈ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ।ਪ੍ਰੋਗਰਾਮ ਵਿੱਚ ਸੁੰਦਰ ਲਿਖਾਈ, ਸਲੋਗਨ ਰਾਈਟਿੰਗ, ਲੇਖ ਲਿਖਣ, ਪੋਸਟਰ ਬਣਾਉਣ, ਭਾਸ਼ਣ ਮੁਕਾਬਲੇ, ਮਹਿੰਦੀ ਲਗਾਉਣ, ਰੰਗੋਲੀ ਪੋਟ ਪੇਂਟਿੰਗ ਸਲਾਦ ਬਣਾਉਣਾ ਤੇ ਲੋਕ ਗੀਤ ਨਾਲ ਸੰਬੰਧਤ ਮੁਕਾਬਲੇ ਕਰਾਏ ਗਏ, ਜਿਨ੍ਹਾਂ ਵਿੱਚ ਵੱਖ-ਵੱਖ ਸਕੂਲਾਂ ਦੇ 250 ਦੇ ਕਰੀਬ ਵਿਦਿਆਰਥੀਆਂ ਨੇ ਭਾਗ ਲਿਆ ਇਸ ਮੌਕੇ ਇਸ ਪ੍ਰੋਗਰਾਮ ਦੇ ਕਨਵੀਨਰ ਡਾਕਟਰ ਕਨਾਲ ਮਹਿਤਾ ਨੇ ਆਏ ਹੋਏ ਮੁੱਖ ਮਹਿਮਾਨ ਵਿਸ਼ੇਸ਼ ਮਹਿਮਾਨ ਵਿਦਿਆਰਥੀ ਤੇ ਅਧਿਆਪਕਾਂ ਦਾ ਧੰਨਵਾਦ ਕੀਤਾ। ਪ੍ਰੋਗਰਾਮ ਨੂੰ ਬਿਹਤਰ ਬਣਾਉਣ ਲਈ ਕਾਲਜ ਦੇ ਸਮੁੱਚੇ ਸਟਾਫ ਨੇ ਸਹਿਯੋਗ ਦਿੱਤਾ।

## ਐੱਮ ਐੱਮ ਐੱਸ ਵਾਈ ਸਕੀਮ ਅਧੀਨ ਦਾਖ਼ਲਾ ਪ੍ਰਕਿਰਿਆ ਸ਼ੁਰੂ



ਤਲਵੰਡੀ ਸਾਬੋ (ਜਗਦੀਪ ਗਿੱਲ)-ਮੁੱਖ ਮੰਤਰੀ ਸਰਬੱਤ ਸਿਹਤ ਯੋਜਨਾ ਅਧੀਨ ਦਾਖ਼ਲਾ ਪ੍ਰਕਿਰਿਆ ਸਬ ਡਵੀਜ਼ਨਲ ਹਸਪਤਾਲ ਵਿਖੇ ਸ਼ੁਰੂ ਹੋ ਗਈ ਹੈ।ਇਸ ਸਕੀਮ ਦਾ ਉਦੇਸ਼ ਯੋਗ ਲਾਭਪਾਤਰੀਆਂ ਨੂੰ ਮਿਆਰੀ ਅਤੇ ਨਕਦ ਰਹਿਤ ਸਿਹਤ ਸੇਵਾਵਾਂ ਪ੍ਰਦਾਨ ਕਰਨਾ ਹੈ।ਹਸਪਤਾਲ ਕੰਪਲੈਕਸ 'ਚ ਦਾਖ਼ਲੇ ਦੀ ਪ੍ਰਕਿਰਿਆ ਸੁਚੱਜੇ ਤੇ ਸੁਵਿਧਾਜਨਕ ਢੰਗ ਨਾਲ ਚਲਾਈ ਜਾ ਰਹੀ ਹੈ, ਜਿੱਥੇ ਲੋਕਾਂ ਨੂੰ ਰਜਿਸਟ੍ਰੇਸ਼ਨ ਤੇ ਦਸਤਾਵੇਜ਼ਾਂ ਦੀ ਜਾਂਚ ਸਬੰਧੀ ਪੂਰੀ ਮਦਦ ਦਿੱਤੀ ਜਾ ਰਹੀ ਹੈ।ਇਸ ਸਕੀਮ ਅਧੀਨ ਲਾਭਪਾਤਰੀਆਂ ਨੂੰ ਸਰਕਾਰੀ ਅਤੇ ਸੂਚੀਬੱਧ ਨਿੱਜੀ ਹਸਪਤਾਲਾਂ ਵਿੱਚ ਨਕਦ-ਰਹਿਤ ਇਲਾਜ ਦੀ ਸਹੂਲਤ ਪ੍ਰਾਪਤ ਹੋਵੇਗੀ।ਡਾ. ਰਵੀ ਕਾਂਤ ਗੁਪਤਾ, ਸੀਨੀਅਰ ਮੈਡੀਕਲ ਅਫ਼ਸਰ, ਐਸ.ਡੀ.ਐਚ. ਨੇ ਕਿਹਾ ਕਿ ਐਮ.ਐਮ.ਐਸ.ਵਾਈ. ਸਕੀਮ ਸਰਕਾਰ ਦੀ ਇੱਕ ਮਹੱਤਵਪੂਰਨ ਪਹਿਲ ਹੈ, ਜਿਸ ਦਾ ਲਾਭ ਹਰ ਯੋਗ ਨਾਗਰਿਕ ਨੂੰ ਮਿਲ ਸਕਦਾ ਹੈ।ਹਸਪਤਾਲ ਵੱਲੋਂ ਦਾਖ਼ਲੇ ਲਈ ਪੂਰੇ ਪ੍ਰਬੰਧ ਕੀਤੇ ਗਏ ਹਨ ਤਾਂ ਜੁ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

## ਡੀ ਸੀ ਪਟਿਆਲਾ ਵੱਲੋਂ ਫੀਲਖਾਨਾ ਦੇ ਵਿਦਿਆਰਥੀ ਸਨਮਾਨਤ



ਪਟਿਆਲਾ (ਭੁਪਿੰਦਰਜੀਤ ਮੌਲਵੀਵਾਲਾ)-ਡਿਪਟੀ ਕਮਿਸ਼ਨਰ ਸ੍ਰੀ ਵਰਜਿਤ ਵਾਲੀਆ ਨੇ ਸਕੂਲ ਆਫ਼ ਐਮੀਨੈਂਸ ਫੀਲਖਾਨਾ ਪਟਿਆਲਾ ਦੇ ਦੋ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ।ਸਾਲ 2026-27 ਦੀ ਨਵੀਂ ਦਾਖਲਾ ਮੁਹਿੰਮ ਦੀ ਸ.ਅ.ਸ. ਮਾਡਲ ਟਾਊਨ ਵਿਖੇ ਸ਼ੁਰੂਆਤ ਮੌਕੇ ਡਿਪਟੀ ਕਮਿਸ਼ਨਰ ਪਟਿਆਲਾ ਨੇ ਫੀਲਖਾਨਾ ਸਕੂਲ ਦੀ ਸਿਮਰਨ ਜਿਸ ਨੇ ਦਸਵੀਂ ਸ਼੍ਰੇਣੀ ਦੀ ਪ੍ਰੀਖਿਆ 2025-26 ਦੌਰਾਨ ਪੰਜਾਬ ਦੀ ਮੈਰਿਟ 'ਚ 650 ਅੰਕਾਂ 'ਚੋਂ 633 ਅੰਕ ਲੈ ਕੇ 17ਵਾਂ ਸਥਾਨ ਹਾਸਲ ਕੀਤਾ ਸੀ ਤੇ ਜ਼ਿਲ੍ਹੇ ਵਿੱਚ ਦੂਜਾ, ਉਸ ਨੂੰ ਅੱਜ 11000 ਰੁਪਏ ਦਾ ਚੈੱਕ ਦੇ ਕੇ ਉਸ ਦਾ ਸਨਮਾਨ ਕੀਤਾ ਗਿਆ, ਫੀਲਖਾਨਾ ਦੇ ਹੀ ਵਿਦਿਆਰਥੀ ਗਗਨਦੀਪ ਜਿਸ ਨੇ ਦਸਵੀਂ ਜਮਾਤ 'ਚ 650 ਅੰਕਾਂ 'ਚੋਂ 625 ਅੰਕ ਪ੍ਰਾਪਤ ਕੀਤੇ ਸਨ, ਉਸ ਨੂੰ ਵੀ 11000 ਰੁਪਏ ਦੇ ਚੈੱਕ ਨਾਲ ਸਨਮਾਨਤ ਕੀਤਾ ਗਿਆ। ਜ਼ਿਕਰਯੋਗ ਹੈ ਕਿ ਇਹ ਵਿਦਿਆਰਥੀ ਸਕੂਲ ਆਫ਼ ਐਮੀਨੈਂਸ ਫੀਲਖਾਨਾ ਵਿੱਚ ਹਿਊਮੈਨਟੀਜ਼ ਤੇ ਨਾਨ ਮੈਡੀਕਲ ਦੀ ਸਿੱਖਿਆ ਲੈ ਰਹੇ ਹਨ। ਇਸ ਮੌਕੇ ਸਕੂਲ ਦੇ ਸਟੇਟ ਅਵਾਰਡੀ ਪ੍ਰਿੰਸੀਪਲ ਡਾ. ਰਜਨੀਸ਼ ਗੁਪਤਾ ਨੇ ਪੰਜਾਬ ਸਰਕਾਰ ਤੇ ਪੰਜਾਬ ਸਕੂਲ ਸਿੱਖਿਆ ਬੋਰਡ ਦਾ ਵਿਸ਼ੇਸ਼ ਧੰਨਵਾਦ ਕੀਤਾ।ਉਨ੍ਹਾਂ ਦੱਸਿਆ ਕਿ ਸਿਮਰਨ ਦੀ ਦੋ ਸਾਲ ਦੀ ਪੜ੍ਹਾਈ ਦਾ ਖਰਚਾ ਸਕੂਲ ਵੱਲੋਂ ਕੀਤਾ ਜਾ ਰਿਹਾ ਹੈ, ਉਨ੍ਹਾਂ ਕਿਹਾ ਕਿ ਸਕੂਲ ਦੇ ਸਮੁੱਚੇ ਸਟਾਫ ਵੱਲੋਂ ਵੱਖਰੇ ਤੌਰ ਤੇ ਵਿਦਿਆਰਥੀਆਂ ਦੇ ਮੈਰਿਟ ਵਿੱਚ ਆਉਣ 'ਤੇ ਨਕਦ ਇਨਾਮ ਦੇ ਕੇ ਸਨਮਾਨ ਕੀਤਾ ਜਾਂਦਾ ਹੈ।ਡਿਪਟੀ ਕਮਿਸ਼ਨਰ ਨੇ ਪ੍ਰੋਗਰਾਮ 'ਚ ਸ਼ਮੂਲੀਅਤ ਕਰ ਰਹੇ ਸਕੂਲ ਆਫ਼ ਐਮੀਨੈਂਸ ਦੇ ਵਿਦਿਆਰਥੀਆਂ ਨਾਲ ਇੱਕ ਯਾਦਗਾਰੀ ਫੋਟੋ ਵੀ ਕਰਾਈ।

## ਓ ਐੱਸ ਡੀ ਨੇ ਸੁਣੀਆਂ ਲੋਕਾਂ ਦੀਆਂ ਮੁਸ਼ਕਲਾਂ



ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਨੇ ਮੁੱਖ ਮੰਤਰੀ ਸਹਾਇਤਾ ਕੇਂਦਰ ਵਿਖੇ ਹਲਕੇ ਦੇ 24 ਪਿੰਡਾਂ ਦੇ ਸਰਪੰਚਾਂ-ਪੰਚਾਂ ਸਮੇਤ ਇਲਾਕਾ ਨਿਵਾਸੀਆਂ ਨਾਲ ਮੁਲਾਕਾਤ ਕੀਤੀ ਤੇ ਲੋਕਾਂ ਦੀਆਂ ਮੁਸ਼ਕਲਾਂ ਨੂੰ ਸੁਣ ਕੇ ਮੌਕੇ 'ਤੇ ਹੀ ਸਮੱਸਿਆਵਾਂ ਦਾ ਨਿਪਟਾਰਾ ਕੀਤਾ।ਇਸ ਮੌਕੇ ਵੱਖ-ਵੱਖ ਪਿੰਡਾਂ ਦੇ ਸਰਪੰਚਾਂ ਤੇ ਪੰਚਾਂ ਨੇ ਆਪਣੇ ਪਿੰਡਾਂ ਵਿੱਚ ਵਿਕਾਸ ਕਾਰਜਾਂ ਲਈ ਭੇਜੀਆਂ ਗਈਆਂ ਗ੍ਰਾਂਟਾਂ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਲੋਕਪੱਖੀ ਨੀਤੀਆਂ ਨੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਵਿਕਾਸ ਨੂੰ ਨਵੀਂ ਰਫ਼ਤਾਰ ਦਿੱਤੀ ਹੈ।ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪਿੰਡਾਂ ਤੇ ਸ਼ਹਿਰਾਂ ਦੇ ਸਰਬਪੱਖੀ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਤੇ ਗ੍ਰਾਂਟਾਂ ਸਬੰਧੀ ਕਿਸੇ ਵੀ ਕਿਸਮ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਲਈ ਲੋੜੀਂਦੇ ਫ਼ੰਡ ਸਮੇਂ ਸਿਰ ਉਪਲਬਧ ਕਰਾਏ ਜਾ ਰਹੇ ਹਨ ਤਾਂ ਜੁ ਵਿਕਾਸ ਕਾਰਜ ਨਿਰੰਤਰ ਚੱਲਦੇ ਰਹਿਣ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਧੂਰੀ ਹਲਕੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਰੋਜ਼ਾਨਾ ਰਿਪੋਰਟ ਲੈਂਦੇ ਹਨ।ਓ.ਐਸ.ਡੀ. ਸੁਖਵੀਰ ਸਿੰਘ ਨੇ ਪਿੰਡਾਂ ਵਿੱਚ ਚੱਲ ਰਹੇ ਤੇ ਸ਼ੁਰੂ ਕੀਤੇ ਜਾਣ ਵਾਲੇ ਵਿਕਾਸ ਕਾਰਜਾਂ ਦੀ ਵਿਸਥਾਰ ਨਾਲ ਸਮੀਖਿਆ ਕੀਤੀ ਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਾਰੇ ਕੰਮ ਗੁਣਵੱਤਾ ਦੇ ਮਿਆਰਾਂ ਅਨੁਸਾਰ ਤੇ ਨਿਰਧਾਰਤ ਸਮੇਂ ਅੰਦਰ ਪੂਰੇ ਕੀਤੇ ਜਾਣ।

## ਹੈਰੋਇਨ ਦਾ ਸੇਵਨ ਕਰਨ ਦੇ ਦੋਸ਼ 'ਚ 2 ਕਾਬੂ

ਜਲਾਲਾਬਾਦ (ਜੀਤ ਕੁਮਾਰ)-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਨੇ 2 ਵਿਅਕਤੀਆਂ ਨੂੰ ਹੈਰੋਇਨ ਦਾ ਸੇਵਨ ਕਰਨ ਦੇ ਦੋਸ਼ ਵਿੱਚ ਗ੍ਰਿਫਤਾਰ ਕੀਤਾ ਗਿਆ ਹੈ। ਇਸ ਸਬੰਧੀ ਜਾਂਚ ਅਧਿਕਾਰੀ ਐੱਚ. ਸੀ. ਸੰਦੀਪ ਸਿੰਘ ਨੇ ਦੱਸਿਆ ਕਿ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਸੋਸਾਇਟੀ ਦੀ ਬੈਕ ਸਾਇਡ ਪਿੰਡ ਟਿਵਾਣਾ ਕਲਾਂ ਜਲਾਲਾਬਾਦ ਪੁੱਜੀ ਤਾਂ ਮੰਗਲ ਸਿੰਘ ਪੁੱਤਰ ਦੇਸਾ ਸਿੰਘ ਵਾਸੀ ਨੌ ਬਹਿਰਾਮ ਸਿੰਘ ਸਿੰਘ ਵਾਲਾ (ਗੁਰੂ ਹਰਸਹਾਏ) ਤੇ ਸੰਜੀਵ ਸਿੰਘ ਪੁੱਤਰ ਕਸ਼ਮੀਰ ਸਿੰਘ ਵਾਸੀ ਚੱਕ ਰੂਮ ਵਾਲਾ ਢਾਣੀ ਟਿੱਕਾ ਸਿੰਘ ਵਾਲੀ (ਥਾਣਾ ਵੈਰੋਕੇ), ਜੋ ਨਸ਼ੇ ਦਾ ਸੇਵਨ ਕਰ ਰਹੇ ਸੀ, ਨੂੰ ਲਾਇਟਰ, ਪੰਨੀ, ਜਿਸ 'ਤੇ ਹੈਰੋਇਨ ਚਿਪਕੀ ਹੋਈ ਸੀ, 10 ਰੁਪਏ ਦਾ ਨੋਟ ਸਮੇਤ ਕਾਬੂ ਕੀਤਾ ਹੈ। ਥਾਣਾ ਸਿਟੀ ਜਲਾਲਾਬਾਦ ਵਿਖੇ ਪੁਲਸ ਵੱਲੋਂ ਮੰਗਲ ਸਿੰਘ ਤੇ ਸੰਜੀਵ ਸਿੰਘ ਖਿਲਾਫ ਕੇਸ ਦਰਜ ਕੀਤਾ ਗਿਆ ਹੈ।

## ਗਣਤੰਤਰ ਦਿਵਸ ਮੌਕੇ ਦੇਸ਼ ਭਗਤ ਗਲੋਬਲ ਸਕੂਲ ਦੇ ਬੱਚਿਆਂ ਦੀ ਸ਼ਾਨਦਾਰ ਪੇਸ਼ਕਾਰੀ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)-ਦੇਸ਼ ਭਗਤ ਗਲੋਬਲ ਸਕੂਲ ਸ੍ਰੀ ਮੁਕਤਸਰ ਸਾਹਿਬ ਵੱਲੋਂ ਦੇਸ਼ ਭਗਤ ਗਰੁੱਪ ਸ੍ਰੀ ਮੁਕਤਸਰ ਸਾਹਿਬ ਦੇ ਚੇਅਰਮੈਨ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾਕਟਰ ਜ਼ੋਰਾ ਸਿੰਘ ਤੇ ਪ੍ਰੋ. ਚਾਂਸਲਰ ਡਾਕਟਰ ਤੇਜਿੰਦਰ ਕੌਰ ਦੀ ਸਰਪ੍ਰਸਤੀ ਹੇਠ ਸਕੂਲ ਦੇ ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਦੀ ਯੋਗ ਅਗਵਾਈ ਹੇਠ ਚੱਲ ਰਹੇ ਦੇਸ਼ ਭਗਤ ਗਲੋਬਲ ਸਕੂਲ ਵੱਲੋਂ 77ਵੇਂ ਗਣਤੰਤਰ ਦਿਵਸ ਦੇ ਸ਼ੁਭ ਅਵਸਰ 'ਤੇ ਜ਼ਿਲ੍ਹਾ ਪੱਧਰੀ ਵਿਸ਼ੇਸ਼ ਸਮਾਗਮ ਵਿੱਚ ਭਾਗ ਲਿਆ ਗਿਆ।ਇਸ ਮੌਕੇ ਦੇਸ਼ ਭਗਤ ਗਲੋਬਲ ਸਕੂਲ ਦੇ ਵਿਦਿਆਰਥੀਆਂ ਵੱਲੋਂ ਸੜਕ ਸੁਰੱਖਿਆ ਵਿਸ਼ੇ 'ਤੇ ਮਨਮੋਹਕ ਕੋਰੀਓਗ੍ਰਾਫੀ ਪੇਸ਼ ਕੀਤੀ ਗਈ।ਬੱਚਿਆਂ ਨੇ ਨਾਚ ਤੇ ਅਭਿਨੇ ਰਾਹੀਂ ਟ੍ਰੈਫਿਕ ਨਿਯਮਾਂ ਦੀ ਪਾਲਣਾ, ਹੈਲਮਟ ਪਹਿਨਣ, ਸੀਟ ਬੈਲਟ ਦੀ ਵਰਤੋਂ ਤੇ ਜ਼ਿੰਮੇਵਾਰ ਨਾਗਰਿਕ ਬਣਨ ਦਾ ਸੰਦੇਸ਼ ਦਿੱਤਾ। ਇਸ ਮੌਕੇ ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਨੇ ਕਿਹਾ ਕਿ ਬੱਚਿਆਂ ਦੀ ਇਹ ਪੇਸ਼ਕਾਰੀ ਨਾ ਸਿਰਫ਼ ਮਨੋਰੰਜਕ ਸੀ, ਸਗੋਂ ਸਿੱਖਿਆ ਦਾਇਕ ਵੀ ਰਹੀ।ਦਰਸ਼ਕਾਂ ਨੇ ਬੱਚਿਆਂ ਦੀ ਕਲਾ ਤੇ ਸਚੇਤਨਾ ਭਰੇ ਸੰਦੇਸ਼ ਦੀ ਖੂਬ ਸਰਾਹਨਾ ਕੀਤੀ।ਉਨ੍ਹਾ ਕਿਹਾ ਕਿ ਗਣਤੰਤਰ ਦਿਵਸ ਦੇ ਸ਼ੁਭ ਅਵਸਰ 'ਤੇ ਬੱਚਿਆਂ ਵੱਲੋਂ ਸੜਕ ਸੁਰੱਖਿਆ ਵਿਸ਼ੇ 'ਤੇ ਕੀਤੀ ਗਈ ਕੋਰੀਓਗ੍ਰਾਫੀ ਦੀ ਸਰਾਹਨਾ ਕਰਦੇ ਹੋਏ ਕਿਹਾ ਕਿ ਅਜਿਹੀਆਂ ਪੇਸ਼ਕਾਰੀਆਂ ਬੱਚਿਆਂ ਵਿੱਚ ਰਾਸ਼ਟਰੀ ਮੁੱਲਾਂ ਦੇ ਨਾਲ-ਨਾਲ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਵੀ ਵਿਕਸਤ ਕਰਦੀਆਂ ਹਨ।ਉਨ੍ਹਾਂ ਵਿਦਿਆਰਥੀਆਂ ਨੂੰ ਹਮੇਸ਼ਾ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਤੇ ਹੋਰਾਂ ਨੂੰ ਵੀ ਜਾਗਰੂਕ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਵਾਈਸ ਪ੍ਰਿੰਸੀਪਲ ਡਾਕਟਰ ਪਰਮਪ੍ਰੀਤ ਕੌਰ ਤੇ ਪ੍ਰਿੰਸੀਪਲ ਡਾਕਟਰ ਜਿੰਦਲ ਨੇ ਦੱਸਿਆ ਕਿ ਵਿਦਿਆਰਥੀਆਂ ਦੀ ਰਚਨਾਤਮਕ, ਮਨਮੋਹਕ ਤੇ ਸਿੱਖਿਆਦਾਇਕ ਪੇਸ਼ਕਾਰੀ ਦੇ ਚਲਦਿਆਂ ਭਾਗੀਦਾਰਾਂ ਨੂੰ ਜ਼ਿਲ੍ਹਾ ਪੱਧਰੀ ਸਮਾਗਮ ਵਿੱਚ ਸਨਮਾਨ ਚਿੰਨ੍ਹ ਤੇ ਸਰਟੀਫ਼ਿਕੇਟ ਦੇ ਕੇ ਸਨਮਾਨਤ ਕੀਤਾ ਗਿਆ।

## ਨਸ਼ੇ ਦੇ ਟੀਕਿਆਂ ਸਮੇਤ ਗ੍ਰਿਫ਼ਤਾਰ ਵਿਅਕਤੀ ਨੂੰ 10 ਸਾਲ ਦੀ ਕੈਦ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਨਸ਼ੇ ਲਈ ਵਰਤੇ ਜਾਣ ਵਾਲੇ ਟੀਕਿਆਂ ਦੀ ਬਰਾਮਦਗੀ ਦੇ ਕਰੀਬ ਸਾਢੇ ਚਾਰ ਸਾਲ ਪੁਰਾਣੇ ਇੱਕ ਮਾਮਲੇ ਵਿੱਚ ਨਾਮਜ਼ਦ ਨੌਜਵਾਨ ਨੂੰ ਇਥੋਂ ਦੀ ਇੱਕ ਅਦਾਲਤ ਵੱਲੋਂ 10 ਸਾਲ ਦੀ ਕੈਦ ਸੁਣਾਏ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਮਿਤੀ 28/10/21 ਨੂੰ ਥਾਣਾ ਫ਼ਤਹਿਗੜ੍ਹ ਸਾਹਿਬ ਵਿਖੇ ਅ/ਧ 22(ਸੀ)/61/85 ਐਨ.ਡੀ.ਪੀ.ਐਸ. ਐਕਟ ਤਹਿਤ ਦਰਜ ਕੀਤੇ ਗਏ ਮੁਕੱਦਮੇ 'ਚ ਮਨਜਿੰਦਰ ਸਿੰਘ ਉਰਫ਼ ਸੋਨੂੰ ਵਾਸੀ ਪਿੰਡ ਡੇਰਾ ਮੀਰ ਮੀਰਾਂ ਨੂੰ ਗ੍ਰਿਫ਼ਤਾਰ ਕਰਦੇ ਹੋਏ ਪੁਲਸ ਨੇ ਦਾਅਵਾ ਕੀਤਾ ਸੀ ਕਿ ਪੁਲਸ ਪਾਰਟੀ ਵੱਲੋਂ ਗੁਰਦੁਆਰਾ ਸ੍ਰੀ ਰਥ ਸਾਹਿਬ ਨਜ਼ਦੀਕ ਨਾਕਾਬੰਦੀ ਕਰਕੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕੀਤੀ ਜਾ ਰਹੀ ਸੀ, ਜਿਸ ਦੌਰਾਨ ਫ਼ਤਹਿਗੜ੍ਹ ਸਾਹਿਬ ਵੱਲੋਂ ਪੈਦਲ ਆ ਰਿਹਾ ਮਨਜਿੰਦਰ ਸਿੰਘ ਉਰਫ਼ ਸੋਨੂੰ ਪੁਲਸ ਨੂੰ ਦੇਖ ਕੇ ਘਬਰਾ ਗਿਆ ਤੇ ਉੱਥੋਂ ਖਿਸਕਣ ਦੀ ਕੋਸ਼ਿਸ਼ ਕੀਤੀ, ਜਿਸ ਨੂੰ ਕਾਬੂ ਕਰਕੇ ਲਈ ਗਈ ਤਲਾਸ਼ੀ ਦੌਰਾਨ ਉਕਤ ਵਿਅਕਤੀ ਦੇ ਕਬਜ਼ੇ ਵਿੱਚੋਂ 24 ਟੀਕੇ ਬਿਊਪ੍ਰੋਨੋਰਫਿਨ, 24 ਸ਼ੀਸ਼ਿਆਂ ਏਵਲ ਤੇ 14 ਸ਼ੀਸ਼ੀਆਂ ਕਾਫਰੈਕਸ ਬਰਾਮਦ ਹੋਈਆਂ।ਇਸ ਸਬੰਧੀ ਸਥਾਨਕ ਅਦਾਲਤ 'ਚ ਚੱਲੀ ਮੁਕੱਦਮੇ ਦੀ ਸੁਣਵਾਈ ਪੂਰੀ ਹੋਣ 'ਤੇ ਫ਼ਤਹਿਗੜ੍ਹ ਸਾਹਿਬ ਦੀ ਸਪੈਸ਼ਲ ਅਦਾਲਤ ਨੇ ਮਨਜਿੰਦਰ ਸਿੰਘ ਉਰਫ਼ ਸੋਨੂੰ ਨੂੰ ਮਾਮਲੇ ਵਿੱਚ ਅ/ਧ 22(ਸੀ) ਐਨ.ਡੀ.ਪੀ.ਐਸ. ਐਕਟ ਤਹਿਤ ਦੋਸ਼ੀ ਕਰਾਰ ਦਿੰਦੇ ਹੋਏ 10 ਸਾਲ ਕੈਦ ਬਾਮੁਸ਼ੱਕਤ ਤੇ 1,00,000/- ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ ਹੈ।

## ਚਾਈਨਾ ਡੋਰ ਕਾਰਨ ਘਰਾਂ 'ਚ ਵਿਛ ਰਹੇ ਹਨ ਸੱਥਰ : ਪ੍ਰਿੰ. ਪੰਨਾ ਲਾਲ

### ਚਾਈਨਾ ਡੋਰ ਮਨੁੱਖਾਂ ਤੇ ਪਸ਼ੂ-ਪੰਛੀਆਂ ਲਈ ਵੀ ਖਤਰਨਾਕ : ਪਦਮ/ਮੱਤਾ



ਕੋਟਕਪੂਰਾ (ਰਛਪਾਲ ਭੁੱਲਰ)

ਸਥਾਨਕ ਡਾ. ਹਰੀ ਸਿੰਘ ਸੇਵਕ ਸਰਕਾਰੀ ਸਕੂਲ ਆਫ ਐਮੀਨੈਂਸ ਵਿਖੇ ਪ੍ਰਸਿੱਧ ਸਮਾਜਸੇਵੀ ਸੰਸਥਾ ਗੁੱਡ ਮੌਰਨਿੰਗ ਵੈੱਲਫੇਅਰ ਕਲੱਬ ਵੱਲੋਂ ਚਾਈਨਾ ਡੋਰ ਦੇ ਨੁਕਸਾਨ ਸਬੰਧੀ ਕਰਵਾਏ ਗਏ ਸੈਮੀਨਾਰ ਦੌਰਾਨ ਕਲੱਬ ਦੇ ਮੁੱਖ ਸਰਪ੍ਰਸਤ ਗੁਰਿੰਦਰ ਸਿੰਘ ਮਹਿੰਦੀਰੱਤਾ, ਜਨਰਲ ਸਕੱਤਰ ਪ੍ਰੋ. ਐੱਚ. ਐੱਸ. ਪਦਮ, ਜੁਆਇੰਟ ਸਕੱਤਰ ਮਾ. ਮੁਖਤਿਆਰ ਸਿੰਘ ਮੱਤਾ, ਪ੍ਰੈੱਸ ਸਕੱਤਰ ਗੁਰਮੀਤ ਸਿੰਘ ਮੀਤਾ, ਪੀਆਰਓ ਮਾ. ਸੋਮਨਾਥ ਅਰੋੜਾ ਨੇ ਦੱਸਿਆ ਕਿ ਸਰਕਾਰ, ਪ੍ਰਸ਼ਾਸਨ ਤੇ ਅਦਾਲਤਾਂ ਦੀਆਂ ਸਖਤ ਹਦਾਇਤਾਂ, ਪਾਬੰਦੀਆਂ ਆਦਿ ਦੇ ਬਾਵਜੂਦ ਚਾਈਨਾ ਡੋਰ ਨੇ ਖੂਨੀ ਡੋਰ ਵਜੋਂ ਆਪਣਾ ਰੁਖ ਅਖਤਿਆਰ ਕਰ ਲਿਆ ਹੈ।ਉਨ੍ਹਾਂ ਅੰਕੜਿਆਂ ਸਹਿਤ ਵੇਰਵੇ ਦਿੰਦਿਆਂ ਦੱਸਿਆ ਕਿ ਸਮਰਾਲਾ ਨੇੜਲੇ ਪਿੰਡ ਰੋਹਲੇ ਦਾ ਮਾਪਿਆਂ ਦਾ ਇਕਲੌਤਾ ਪੁੱਤਰ ਦਸਵੀਂ ਜਮਾਤ ਦਾ ਹੋਣਹਾਰ ਵਿਦਿਆਰਥੀ ਤਰਨਜੋਤ ਸਿੰਘ 15 ਸਾਲ ਦੀ ਉਮਰ ਵਿੱਚ ਚਾਈਨਾ ਡੋਰ ਦੀ ਭੇਟ ਚੜ੍ਹ ਗਿਆ, ਹਲਵਾਰਾ ਨੇੜਲੇ ਪਿੰਡ ਅਕਾਲਗੜ੍ਹ ਦੀ ਵਿਆਹੁਤਾ ਲੜਕੀ ਮੁੱਲਾਂਪੁਰ ਤੋਂ ਰਾਏਕੋਟ ਨੂੰ ਜਾਣ ਵਾਲੀ ਸੜਕ 'ਤੇ ਚਾਈਨਾ ਡੋਰ ਕਾਰਨ ਮੌਤ ਦੇ ਮੂੰਹ ਵਿੱਚ ਜਾ ਪਈ, ਉਸ ਦਾ ਦੋ ਸਾਲ ਦਾ ਮਾਸੂਮ ਬੱਚਾ ਡੋਰਭੋਰ ਹੋਇਆ ਆਪਣੀ ਮਾਂ ਦੀ ਭਾਲ ਕਰ ਰਿਹਾ ਹੈ।ਉਨ੍ਹਾਂ ਦੱਸਿਆ ਕਿ ਨੈਸ਼ਨਲ ਗਰੀਨ ਟ੍ਰਿਬਿਊਨਲ (ਐਨਜੀਟੀ) ਤੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਚਾਈਨਾ ਡੋਰ ਵੇਚਣ/ਖ਼ਰੀਦਣ ਵਾਲਿਆਂ ਦੀ ਸੂਚਨਾ ਦੇਣ ਵਾਲਿਆਂ ਲਈ 25 ਹਜ਼ਾਰ ਰੁਪਏ ਨਗਦ ਇਨਾਮ ਦੇਣ, ਹੈਲਪ ਲਾਈਨ ਨੰਬਰ ਜਾਰੀ ਕਰਨ, ਮੁਕੰਮਲ ਪਾਬੰਦੀ ਲਾਉਣ ਆਦਿ ਵਰਗੀਆਂ ਸਖਤੀਆਂ ਦੇ ਬਾਵਜੂਦ ਚਾਈਨਾ ਡੋਰ ਕਾਰਨ ਲੋਕਾਂ ਦੇ ਘਰਾਂ ਵਿੱਚ ਸੱਥਰ ਵਿਛ ਰਹੇ ਹਨ।

ਕਈ ਪਿੰਡਾਂ ਦੀਆਂ ਪੰਚਾਇਤਾਂ ਨੇ ਚਾਈਨਾ ਡੋਰ 'ਤੇ ਮੁਕੰਮਲ ਪਾਬੰਦੀ ਲਾਉਣ ਦੇ ਮਤੇ ਪਾਸ ਕੀਤੇ, ਪਰ ਜਦੋਂ ਤੱਕ ਅਸੀਂ ਚਾਈਨਾ ਡੋਰ ਦਾ ਮੁਕੰਮਲ ਬਾਈਕਾਟ ਨਹੀਂ ਕਰਾਂਗੇ, ਉਦੋਂ ਤੱਕ ਸਮੱਸਿਆ ਬਰਕਰਾਰ ਰਹੇਗੀ। ਪ੍ਰਿੰਸੀਪਲ ਪੰਨਾ ਲਾਲ ਨੇ ਕਲੱਬ ਦੇ ਉਕਤ ਉਪਰਾਲੇ ਦੀ ਭਰਪੂਰ ਪ੍ਰਸੰਸਾ ਕਰਦਿਆਂ ਬੱਚਿਆਂ ਨੂੰ ਸਾਰੀ ਉਮਰ ਚਾਈਨਾ ਡੋਰ ਨਾ ਵਰਤਣ ਦਾ ਪ੍ਰਣ ਵੀ ਕਰਵਾਇਆ।ਇਸ ਮੌਕੇ ਉਪਰੋਕਤ ਤੋਂ ਇਲਾਵਾ ਸੁਰਿੰਦਰ ਸਚਦੇਵਾ, ਵਰਿੰਦਰ ਪਾਲ ਸਿੰਘ ਅਰਨੇਜਾ ਸਮੇਤ ਸਮੂਹ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

## ਪੇਂਡੂ ਸੜਕਾਂ ਦੇ ਨਵੀਨੀਕਰਨ ਦੇ ਕਾਰਜਾਂ ਦਾ ਕੀਤਾ ਉਦਘਾਟਨ



ਸਮਾਣਾ (ਗੁਰਪਿਆਰ ਸਿੰਘ ਬੱਲ)

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਵਿੱਚ ਵਿਕਾਸ ਦੀ ਲਹਿਰ ਦੌੜ ਰਹੀ ਹੈ।ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਸਰਵਪੱਖੀ ਵਿਕਾਸ ਨੂੰ ਮੁੱਖ ਤਰਜ਼ੀਹ ਦਿੰਦਿਆਂ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ। ਇਸੇ ਕੜੀ ਤਹਿਤ ਪਿੰਡਾਂ ਦੀਆਂ ਲਿੰਕ ਸੜਕਾਂ ਦੇ ਨਵੀਨੀਕਰਨ ਤੇ ਮੁਰੰਮਤ ਦੇ ਕੰਮ ਤੇਜ਼ੀ ਨਾਲ ਕੀਤੇ ਜਾ ਰਹੇ ਹਨ, ਤਾਂ ਜੁ ਪਿੰਡ ਵਾਸੀਆਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਸਕਣ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਵੱਲੋਂ ਲਗਭਗ 2 ਕਰੋੜ 48 ਲੱਖ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਮੌਕੇ ਕੀਤਾ ਗਿਆ।ਇਸ ਮੌਕੇ ਉਨ੍ਹਾਂ ਵੱਲੋਂ ਸਮਾਣਾ ਹਲਕੇ ਦੇ ਵੱਖ-ਵੱਖ ਪਿੰਡਾਂ ਵਿਖੇ ਸੜਕਾਂ ਦੇ ਨਵੀਨੀਕਰਨ ਦੇ ਕਾਰਜਾਂ ਦਾ ਰਸਮੀ ਉਦਘਾਟਨ ਕੀਤਾ ਗਿਆ।ਹਰਚੰਦ ਸਿੰਘ ਬਰਸਟ ਵੱਲੋਂ ਮਹਿਮਦਪੁਰ ਤੋਂ ਫਤਿਹਪੁਰ ਜਾਣ ਵਾਲੀ ਸੜਕ ਦੇ ਨਿਰਮਾਣ ਕਾਰਜ ਦਾ ਉਦਘਾਟਨ ਕੀਤਾ ਗਿਆ।ਇਹ 2.20 ਕਿਲੋਮੀਟਰ ਲੰਬਾਈ ਵਾਲੀ ਸੜਕ ਕਰੀਬ 1.01 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋਵੇਗੀ।ਇਸੇ ਤਰ੍ਹਾਂ ਪਿੰਡ ਢਕੱੜਬਾ ਤੋਂ ਪਹਾੜਪੁਰ ਜਾਣ ਵਾਲੀ 3.50 ਕਿਲੋਮੀਟਰ ਲੰਬਾਈ ਵਾਲੀ ਸੜਕ ਬਣਾਉਣ ਦਾ ਕੰਮ ਵੀ ਸ਼ੁਰੂ ਕਰਾਇਆ ਗਿਆ, ਜੋ ਲਗਭਗ 1.47 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋਵੇਗੀ।ਬਰਸਟ ਨੇ ਦੱਸਿਆ ਕਿ ਇਲਾਕਾ ਨਿਵਾਸੀਆਂ ਵੱਲੋਂ ਇਨ੍ਹਾਂ ਸੜਕਾਂ ਨੂੰ ਬਣਵਾਉਣ ਦੀ ਲੰਬੇ ਸਮੇਂ ਤੋਂ ਮੰਗ ਕੀਤੀ ਜਾ ਰਹੀ ਸੀ, ਜਿਸ ਨੂੰ ਪੂਰਾ ਕਰਦਿਆਂ ਹੋਇਆਂ ਇਨ੍ਹਾਂ ਸੜਕਾਂ ਦੇ ਨਿਰਮਾਣ ਕਾਰਜਾਂ ਨੂੰ ਸ਼ੁਰੂ ਕਰਾਇਆ ਗਿਆ ਹੈ।ਇਨ੍ਹਾਂ ਸੜਕਾਂ ਦੇ ਬਣਨ ਨਾਲ ਕਿਸਾਨਾਂ, ਵਪਾਰੀਆਂ, ਵਿਦਿਆਰਥੀਆਂ, ਆਮ ਜਨਤਾ ਨੂੰ ਵੱਡੀ ਸਹੂਲਤ ਮਿਲੇਗੀ ਤੇ ਆਵਾਜਾਈ ਸੁਰੱਖਿਅਤ ਅਤੇ ਸੁਗਮ ਬਣੇਗੀ।ਇਸ ਨਾਲ ਨਾ ਸਿਰਫ਼ ਆਰਥਿਕ ਗਤੀਵਿਧੀਆਂ ਨੂੰ ਵਾਧਾ ਮਿਲੇਗਾ, ਸਗੋਂ ਕਿਸਾਨਾਂ ਨੂੰ ਆਪਣੀ ਫ਼ਸਲ ਮੰਡੀ ਤੱਕ ਲਿਜਾਣ ਵਿੱਚ ਵੀ ਆਸਾਨੀ ਹੋਵੇਗੀ।ਬਰਸਟ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਵੱਲੋਂ ਸੂਬੇ ਦੀਆਂ ਸੜਕਾਂ ਵੱਲ ਕੋਈ ਧਿਆਨ ਨਹੀਂ ਦਿੱਤਾ ਗਿਆ, ਜਿਸ ਕਾਰਨ ਲੋਕਾਂ ਨੂੰ ਖਰਾਬ ਸੜਕਾਂ ਕਾਰਨ ਬਹੁਤ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ, ਪਰ ਮੌਜੂਦਾ ਪੰਜਾਬ ਸਰਕਾਰ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ।

## ਆਂਗਣਵਾੜੀ ਵਰਕਰਾਂ ਵੱਲੋਂ ਸੀ ਡੀ ਪੀ ਓ ਦਫ਼ਤਰ ਵਿਖੇ ਰੋਸ ਧਰਨਾ



ਲੁਧਿਆਣਾ (ਸਤੀਸ਼ ਸਚਦੇਵਾ)-ਆਂਗਣਵਾੜੀ ਵਰਕਰਾਂ ਵੱਲੋਂ ਜ਼ਿਲ੍ਹਾ ਪ੍ਰਧਾਨ ਸੁਭਾਸ਼ ਰਾਣੀ ਦੀ ਅਗਵਾਈ ਹੇਠ ਸਥਾਨਕ ਸੀ ਡੀ ਪੀ ਓ ਦਫ਼ਤਰ ਵਿਖੇ ਲੰਮੇ ਸਮੇਂ ਤੋਂ ਪੈਂਡਿੰਗ ਪਈਆਂ ਮੰਗਾਂ ਨੂੰ ਲੈ ਕੇ ਦਿਨ ਭਰ ਦਾ ਰੋਸ ਧਰਨਾ ਦਿੱਤਾ ਗਿਆ।ਇਸ ਮੌਕੇ ਮੰਗ ਪੱਤਰ ਦਫ਼ਤਰ ਦੀ ਮਨਿੰਦਰ ਕੌਰ ਨੂੰ ਦਿੱਤਾ ਗਿਆ।ਉਨ੍ਹਾਂ 12 ਫ਼ਰਵਰੀ ਨੂੰ ਹੋਣ ਵਾਲੀ ਹੜਤਾਲ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਬਾਰੇ ਜਾਣਕਾਰੀ ਦਿੱਤੀ ਗਈ।ਮੁੱਖ ਮੰਗਾਂ ਸਾਲ 2022 ਵਿੱਚ ਸੁਪਰੀਮ ਕੋਰਟ ਦਾ ਫ਼ੈਸਲਾ ਆਉਣ ਦੇ ਬਾਵਜੂਦ ਗ੍ਰੈਚੁਟੀ ਲਾਗੂ ਨਹੀਂ ਕੀਤੀ ਗਈ।ਇਸ ਦੇ ਨਾਲ ਘੱਟੋ-ਘੱਟ ਤਨਖਾਹ ਵੀ ਲਾਗੂ ਨਹੀਂ ਕੀਤੀ ਗਈ, ਸਰਕਾਰ ਨੇ ਆਂਗਣਵਾੜੀ ਵਰਕਰਾਂ ਦਾ ਮਾਣਭੱਤਾ ਦੁੱਗਣਾ ਕਰਨ ਦੀ ਗੱਲ ਕੀਤੀ ਸੀ, ਪਰ ਅਜੇ ਤੱਕ ਇਸ 'ਤੇ ਕੋਈ ਵਿਚਾਰ ਨਹੀਂ ਕੀਤਾ ਗਿਆ।ਕਈ ਵਾਰ ਇਸ ਸਬੰਧੀ ਪੱਤਰ ਜਾਰੀ ਕੀਤੇ ਜਾ ਚੁੱਕੇ ਹਨ। 3-6 ਸਾਲ ਦੇ ਬੱਚਿਆਂ ਨੂੰ ਆਂਗਣਵਾੜੀ ਸੈਂਟਰਾਂ 'ਚ ਦੁਬਾਰਾ ਭੇਜਿਆ ਜਾਵੇ।

## ਸਲਾਈਟ ਵਿਖੇ ਰਾਸ਼ਟਰੀ ਮਤਦਾਤਾ ਦਿਵਸ ਮਨਾਇਆ



ਲੌਂਗੋਵਾਲ (ਪ੍ਰਦੀਪ ਸ ੱਪ ਲ )-ਸਲਾਈਟ ਲੌਂਗੋਵਾਲ ਵਿਖੇ ਕੰਪਿਊਟਰ ਇੰਜੀਨੀਅਰਿੰਗ ਵਿਭਾਗ ਦੇ ਮਿੰਨੀ ਆਡੀਟੋਰੀਅਮ ਵਿੱਚ ਰਾਸ਼ਟਰੀ ਮਤਦਾਤਾ ਦਿਵਸ ਮਨਾਇਆ ਗਿਆ।ਇਸ ਸਮਾਗਮ ਦਾ ਆਯੋਜਨ ਐੱਸਐੱਲਆਈਈਟੀ ਇਲੈਕਟੋਰਲ ਲਿਟਰੇਸੀ ਕਲੱਬ ਵੱਲੋਂ ਐਸਐਲਆਈਈਟੀ ਸਕਾਲਰਸ਼ਿਪ ਸੈੱਲ ਦੇ ਸਹਿਯੋਗ ਨਾਲ ਕੀਤਾ ਗਿਆ।ਸਮਾਗਮ ਦੀ ਸਹਿ-ਸੰਯੋਜਨਾ ਡਾ. ਸੁਬਿਤਾ ਭਗਤ ਤੇ ਡਾ. ਦਿਲਜਿੰਦਰ ਸਿੰਘ ਵੱਲੋਂ ਕੀਤੀ ਗਈ।ਇਹ ਸਮਾਰੋਹ ਡਾਇਰੈਕਟਰ ਪ੍ਰੋ. ਮਣੀਕਾਂਤ ਪਸਵਾਨ ਦੇ ਨਿਰਦੇਸ਼ ਤੇ ਮਾਰਗਦਰਸ਼ਨ ਹੇਠ ਸਫਲਤਾਪੂਰਵਕ ਕੀਤਾ ਗਿਆ, ਜਿਨ੍ਹਾਂ ਦੀ ਪਹਿਲ ਨਾਲ ਇਹ ਜਸ਼ਨ ਸੰਭਵ ਹੋ ਸਕਿਆ।ਇਸ ਸਮਾਗਮ ਦੇ ਮੁੱਖ ਮਹਿਮਾਨ ਪ੍ਰੋ. ਵੀ. ਕੇ. ਕੁਕਰੇਜਾ, ਡੀਨ ਸਟੂਡੈਂਟਸ ਵੈੱਲਫੇਅਰ ਰਹੇ।ਹੋਰ ਹਾਜ਼ਰ ਮਹਿਮਾਨਾਂ ਵਿੱਚ ਪ੍ਰੋ. ਇੰਦਰਾਜ ਸਿੰਘ, ਸੰਯੋਜਕ ਡਾ. ਸੁਬਿਤਾ ਭਗਤ ਤੇ ਡਾ. ਦਿਲਜਿੰਦਰ ਸਿੰਘ, ਫੈਕਲਟੀ ਮੈਂਬਰ, ਸਟਾਫ਼ ਤੇ ਵਿਦਿਆਰਥੀ ਸ਼ਾਮਲ ਸਨ।ਪ੍ਰੋਗਰਾਮ ਦੀ ਸ਼ੁਰੂਆਤ ਜਯੋਤੀ ਪ੍ਰਜਵਲਨ ਤੇ ਕੁਲਗੀਤ ਨਾਲ ਹੋਈ। ਸਵਾਗਤੀ ਭਾਸ਼ਣ ਡਾ. ਸੁਬਿਤਾ ਭਗਤ ਵੱਲੋਂ ਦਿੱਤਾ ਗਿਆ।ਪ੍ਰੋ. ਇੰਦਰਾਜ ਸਿੰਘ ਨੇ ਰਾਸ਼ਟਰੀ ਮਤਦਾਤਾ ਦਿਵਸ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ।ਆਪਣੇ ਸੰਬੋਧਨ ਵਿੱਚ ਪ੍ਰੋ. ਵੀ. ਕੇ. ਕੁਕਰੇਜਾ ਨੇ ਵਿਦਿਆਰਥੀਆਂ ਨੂੰ ਵੋਟ ਦੇ ਅਧਿਕਾਰ ਦੀ ਮਹੱਤਤਾ ਤੇ ਲੋਕਤੰਤਰ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਕੁਇਜ਼, ਪੋਸਟਰ ਮੇਕਿੰਗ ਤੇ ਰੰਗੋਲੀ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਪਹਿਲਾ, ਦੂਜਾ ਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਦਿੱਤੇ ਗਏ।ਆਯੋਜਕ ਕਮੇਟੀ ਦੇ ਮੈਂਬਰਾਂ ਨੂੰ ਸਰਟੀਫਿਕੇਟ ਤੇ ਮੈਡਲ ਵੀ ਪ੍ਰਦਾਨ ਕੀਤੇ ਗਏ।ਡਾ. ਸੁਬਿਤਾ ਭਗਤ ਨੇ ਮਤਦਾਤਾ ਸ਼ਪਥ ਦਿਵਾਈ। ਸਮਾਗਮ ਦਾ ਸਮਾਪਨ ਡਾ. ਦਿਲਜਿੰਦਰ ਸਿੰਘ ਦੇ ਧੰਨਵਾਦ ਭਾਸ਼ਣ ਤੇ ਰਾਸ਼ਟਰੀ ਗੀਤ ਨਾਲ ਹੋਇਆ।

## ਮਾਤਾ ਗੁਜਰੀ ਕਾਲਜ ਵਿਖੇ ਮੈਗਾ ਜੌਬ ਫੈਸਟ



ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਮਾਤਾ ਗੁਜਰੀ ਕਾਲਜ ਦੇ ਟ੍ਰੇਨਿੰਗ ਤੇ ਪਲੇਸਮੈਂਟ ਸੈੱਲ ਵੱਲੋਂ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਫ਼ਤਹਿਗੜ੍ਹ ਸਾਹਿਬ ਦੇ ਸਹਿਯੋਗ ਨਾਲ ਮਾਤਾ ਗੁਜਰੀ ਕਾਲਜ ਤੇ ਹੋਰ ਬਾਹਰਲੇ ਵਿੱਦਿਅਕ ਅਦਾਰਿਆਂ ਦੇ ਵਿਦਿਆਰਥੀਆਂ ਲਈ ਸੰਯੁਕਤ ਕੈਂਪਸ ਪਲੇਸਮੈਂਟ ਡਰਾਈਵ ਮੈਗਾ ਜੌਬ ਫੈਸਟ 'ਕੈਰੀਅਰ ਮੌਕੇ 2026' ਦਾ ਵਿਸ਼ੇਸ਼ ਆਯੋਜਨ ਕੀਤਾ ਗਿਆ।ਇਸ ਰੁਜ਼ਗਾਰ ਮੇਲੇ ਵਿੱਚ ਵੱਖ-ਵੱਖ ਖੇਤਰਾਂ ਦੀਆਂ ਕੁੱਲ 17 ਨਾਮਵਰ ਕੰਪਨੀਆਂ ਨੇ ਹਿੱਸਾ ਲਿਆ, ਜਿਨ੍ਹਾਂ ਵੱਲੋਂ ਕਾਲਜ ਦੇ ਗ੍ਰੈਜੂਏਟ ਤੇ ਪੋਸਟ-ਗ੍ਰੈਜੂਏਟ ਆਖਰੀ ਸਾਲ ਦੇ ਵਿਦਿਆਰਥੀਆਂ ਨੂੰ ਰੁਜ਼ਗਾਰ ਦੇ ਸੁਨਹਿਰੀ ਮੌਕੇ ਪ੍ਰਦਾਨ ਕੀਤੇ ਗਏ, ਜਿਨ੍ਹਾਂ ਨੂੰ ਚੋਣ ਪਿੱਛੋਂ 2.40 ਲੱਖ ਤੋਂ ਲੈ ਕੇ 12 ਲੱਖ ਸਾਲਾਨਾ ਤਨਖਾਹ ਦਾ ਪ੍ਰਭਾਵਸ਼ਾਲੀ ਪੈਕੇਜ ਪ੍ਰਦਾਨ ਕੀਤਾ ਜਾਵੇਗਾ।ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਕਾਲਜ ਦੇ ਟ੍ਰੇਨਿੰਗ ਤੇ ਪਲੇਸਮੈਂਟ ਸੈੱਲ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਕਾਲਜ ਵੱਲੋਂ ਸਮੇਂ-ਸਮੇਂ 'ਤੇ ਰੁਜ਼ਗਾਰ ਮੇਲੇ ਵਿਦਿਆਰਥੀਆਂ ਨੂੰ ਉਦਯੋਗ ਦੀਆਂ ਪ੍ਰਮੁੱਖ ਕੰਪਨੀਆਂ ਨਾਲ ਜੁੜਨ ਦੇ ਨਾਲ-ਨਾਲ ਕਾਰਪੋਰੇਟ ਸੈਕਟਰਾਂ ਵਿੱਚ ਸਿਖਲਾਈ ਹਾਸਲ ਕਰਨ ਦਾ ਸੁਨਹਿਰੀ ਮੌਕਾ ਪ੍ਰਦਾਨ ਕਰਦੇ ਹਨ।ਕਾਲਜ ਦੇ ਵਾਈਸ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਵਿਦਿਆਰਥੀ ਜੀਵਨ ਦੌਰਾਨ ਹੀ ਆਪਣੇ ਸੁਨਹਿਰੀ ਭਵਿੱਖ ਲਈ ਰੁਜ਼ਗਾਰ ਦੇ ਸੰਭਾਵਿਤ ਮੌਕੇ ਤਲਾਸ਼ ਕਰਨੇ ਚਾਹੀਦੇ ਹਨ ਤੇ ਇਸ ਉਦੇਸ਼ ਲਈ ਕਾਲਜ ਹਮੇਸ਼ਾ ਹੀ ਯਤਨਸ਼ੀਲ ਰਹਿੰਦਾ ਹੈ। ਕਾਲਜ ਦੇ ਡੀਨ ਪਲੇਸਮੈਂਟ ਡਾ. ਕਮਲਪ੍ਰੀਤ ਕੌਰ ਨੇ ਕਿਹਾ ਕਿ ਕਾਲਜ ਦੇ ਟ੍ਰੇਨਿੰਗ ਤੇ ਪਲੇਸਮੈਂਟ ਸੈੱਲ ਵੱਲੋਂ ਸਮੇਂ-ਸਮੇਂ 'ਤੇ ਵਿਦਿਆਰਥੀਆਂ ਨੂੰ ਬਿਹਤਰ ਭਵਿੱਖ ਪ੍ਰਦਾਨ ਕਰਨ ਤੇ ਰੁਜ਼ਗਾਰ ਦੇ ਅਵਸਰ ਮੁਹੱਈਆ ਕਰਵਾਉਣ ਲਈ ਅਜਿਹੇ ਰੁਜ਼ਗਾਰ ਮੇਲੇ ਕੀਤੇ ਜਾਂਦੇ ਹਨ।ਕਾਲਜ ਦੇ ਪਲੇਸਮੈਂਟ ਅਫਸਰ ਡਾ. ਸੌਰਵ ਸ਼ਰਮਾ ਨੇ ਦੱਸਿਆ ਕਿ ਇਸ ਮੈਗਾ ਜੌਬ ਫੈਸਟ ਦੌਰਾਨ 336 ਵਿਦਿਆਰਥੀਆਂ ਨੇ ਰਜਿਸਟ੍ਰੇਸ਼ਨ ਕਰਵਾਈ, 199 ਵਿਦਿਆਰਥੀ ਇੰਟਰਵਿਊ ਲਈ ਹਾਜ਼ਰ ਹੋਏ, ਜਿਨ੍ਹਾਂ ਵਿੱਚੋਂ 72 ਵਿਦਿਆਰਥੀਆਂ ਨੂੰ ਅਗਲੀ ਪ੍ਰਕਿਰਿਆ ਲਈ ਚੁਣਿਆ ਤੇ ਸ਼ਾਰਟਲਿਸਟ ਕੀਤਾ ਗਿਆ।ਉਨ੍ਹਾਂ ਕਾਲਜ ਦੇ ਮੈਨੇਜਮੈਂਟ ਸਟੱਡੀਜ਼ ਵਿਭਾਗ ਦੇ ਡਾ. ਸ਼ਿਵਾਨੀ ਬੈਕਟਰ, ਡਾ. ਰਤਨੇਸ਼ਪਾਲ ਸਿੰਘ, ਡਾ. ਮਨਪ੍ਰੀਤ ਕੌਰ, ਡਾ. ਨੀਤਿਕਾ ਵਰਮਾ, ਪ੍ਰੋ. ਰਮਨਜੀਤ ਕੌਰ, ਪ੍ਰੋ. ਫ਼ਤਿਹਮਾਨ ਕੌਰ ਤੇ ਪ੍ਰੋ. ਸਤਿੰਦਰ ਕੌਰ ਦੇ ਵਡਮੁੱਲੇ ਯੋਗਦਾਨ ਲਈ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।

## ਦੜਾ-ਸੱਟਾ ਲਾਉਂਦੇ ਮੁਲਜ਼ਮ ਕਾਬੂ

ਅਜੀਤਵਾਲ (ਨਵਦੀਪ ਕੁਮਾਰ)-ਮੁੱਖ ਅਫ਼ਸਰ ਥਾਣਾ ਨਿਹਾਲ ਸਿੰਘ ਵਾਲਾ ਪੂਰਨ ਸਿੰਘ ਧਾਲੀਵਾਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਏ.ਐਸ.ਆਈ ਕ੍ਰਿਸ਼ਨ ਗੋਪਾਲ ਸਮੇਤ ਕਰਮਚਾਰੀਆਂ ਵੱਲੋਂ ਦੋਸ਼ੀਆਂ ਨੂੰ ਕਾਬੂ ਕੀਤਾ ਗਿਆ। ਪੁਲਸ ਪਾਰਟੀ ਖਾਲਸਾ ਚੌਕ ਵਿੱਚ ਗਸ਼ਤ ਕਰਦੀ ਪੁੱਜੀ ਤਾਂ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਮਦਨ ਲਾਲ ਪੁੱਤਰ ਬਿਹਾਰੀ ਲਾਲ ਵਾਸੀ ਵਾਰਡ ਨੰਬਰ 13 ਨਿਹਾਲ ਸਿੰਘ ਵਾਲਾ, ਮਨਜੀਤ ਸਿੰਘ ਪੁੱਤਰ ਮਲਕੀਤ ਸਿੰਘ ਵਾਸੀ ਵਾਰਡ ਨੰਬਰ ਇੱਕ ਨਿਹਾਲ ਸਿੰਘ ਵਾਲਾ, ਰਾਜ ਕੁਮਾਰ ਪੁੱਤਰ ਪਰਿਮਲ ਸਿੰਘ, ਸੋਮਾ ਸਿੰਘ ਪੁੱਤਰ ਚਰਨ ਸਿੰਘ ਵਾਸੀ ਵਾਰਡ ਨੰਬਰ 9, ਜਸਵਿੰਦਰ ਸਿੰਘ ਪੁੱਤਰ ਅਵਤਾਰ ਸਿੰਘ ਵਾਸੀ ਰਣਸੀਂਹ ਖੁਰਦ, ਲਲਿਤ ਕੁਮਾਰ ਪੁੱਤਰ ਚੰਦਰ ਪ੍ਰਕਾਸ਼ ਵਾਸੀ ਗਲੀ ਨੰਬਰ 5 ਸ਼ਿਮਲਾਪੁਰੀ ਹਾਲ ਆਬਾਦ ਮੋਗੇ, ਇਕਬਾਲ ਸਿੰਘ ਪੁੱਤਰ ਸ਼ੀਤਲ ਸਿੰਘ ਵਾਸੀ ਦੋਧਰ, ਅਰਸ਼ਦੀਪ ਸਿੰਘ ਪੁੱਤਰ ਮਿੱਠੂ ਸਿੰਘ ਵਾਸੀ ਖੋਟੇ, ਜੋ ਇਸ ਸਮੇਂ ਦਾਣਾ ਮੰਡੀ ਨਿਹਾਲ ਸਿੰਘ ਵਾਲਾ 'ਚ ਸ਼ਰੇਆਮ ਦੜਾ ਸੱਟਾ ਲਾ ਰਹੇ ਹਨ ਤੇ ਕਹਿ ਰਹੇ ਹਨ ਸਾਡੇ ਪਾਸ ਆਉ ਤੇ ਦੜੇ ਸੱਟੇ ਦੀ ਪਰਚੀ ਲਾਉਣ 'ਤੇ ਜੋ ਆਦਮੀ ਸਾਡੇ ਪਾਸ ਦੜਾ ਸੱਟਾ ਲਾਵੇਗਾ, ਉਸਦਾ ਨੰਬਰ ਆਉਣ 'ਤੇ ਉਸ ਆਦਮੀ ਨੂੰ ਇੱਕ ਰੁਪਏ ਬਦਲੇ 10 ਰੁਪਏ ਦਿੱਤੇ ਜਾਣਗੇ। ਜੇਕਰ ਉਸ ਵੱਲੋਂ ਲਾਈ ਰਕਮ ਉੱਪਰ ਨੰਬਰ ਨਹੀਂ ਆਉਂਦਾ, ਉਸ ਦੀ ਰਕਮ ਨਹੀਂ ਦਿੱਤੀ ਜਾਵੇਗੀ ਮੁਖਬਰ ਨੇ ਇਹ ਵੀ ਦੱਸਿਆ ਕਿ ਉਕਤ ਵਿਅਕਤੀ ਸਰਕਾਰ ਦੀ ਮਨਜ਼ੂਰੀ ਤੋਂ ਬਗੈਰ ਲਾਟਰੀਆਂ ਦੀਆਂ ਟਿਕਟਾਂ ਵੇਚਦੇ ਸਨ।ਇਸ ਤਰ੍ਹਾਂ ਉਹ ਲੋਕਾਂ ਤੋਂ ਪੈਸੇ ਹਾਸਲ ਕਰਕੇ ਉਨ੍ਹਾਂ ਨੂੰ ਇਹ ਕਹਿ ਦਿੰਦੇ ਕੇ ਤੁਹਾਡਾ ਨੰਬਰ ਨਹੀਂ ਆਇਆ ਤੇ ਲੋਕਾਂ ਨਾਲ ਠੱਗੀਆਂ ਮਾਰਦੇ ਸਨ ਅਤੇ ਭੋਲੇ ਭਾਲੇ ਲੋਕਾਂ ਨੂੰ ਗੁੰਮਰਾਹ ਕਰਕੇ ਦੜਾ ਸੱਟਾ ਅਤੇ ਲਾਟਰੀਆਂ ਵੇਚਦੇ ਸਨ ਉਕਤ ਵਿਅਕਤੀਆਂ ਖ਼ਿਲਾਫ਼ ਜੁਰਮ ਐਕਟ ਤਹਿਤ 1867 ,318 ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ।

## ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਸ਼ੁਰੂ, ਹਰ ਪਰਵਾਰ ਨੂੰ ਮਿਲੇਗਾ 10 ਲੱਖ ਦਾ ਮੁਫ਼ਤ ਇਲਾਜ : ਸਵਨਾ

ਫਾਜ਼ਿਲਕਾ (ਨਿਸ਼ਾ ਸ਼ਰਮਾ)-ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕਾਂ ਨੂੰ ਸਿਹਤ ਪੱਖੋਂ ਮਿਆਰੀ ਸਹੂਲਤਾਂ ਦੇਣ ਦੀ ਵਚਨਬੱਧਤਾ ਨੂੰ ਪੂਰਾ ਕਰਦਿਆਂ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਸ਼ੁਰੂ ਕੀਤੀ ਗਈ ਹੈ, ਜਿਸ ਵਿੱਚ 10 ਲੱਖ ਤੱਕ ਦਾ ਮੁਫਤ ਇਲਾਜ ਹਰ ਪਰਵਾਰ ਨੂੰ ਮਿਲੇਗਾ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਫਾਜ਼ਿਲਕਾ ਦੇ ਵਿਧਾਇਕ ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਨੇ ਪਿੰਡ-ਪਿੰਡ/ਵਾਰਡ-ਵਾਰਡ ਜਾ ਕੇ ਲੋਕਾਂ ਦੇ ਬਣਾਏ ਜਾ ਰਹੇ 10 ਲੱਖ ਤੱਕ ਦੇ ਮੁਫਤ ਕਾਰਡਾਂ ਦਾ ਜਾਇਜ਼ਾ ਲੈਣ ਮੌਕੇ ਕੀਤਾ।ਵਿਧਾਇਕ ਸ੍ਰੀ ਸਵਨਾ ਨੇ ਕਿਹਾ ਕਿ ਇਹ ਯੋਜਨਾ ਹਰ ਘਰ ਤੱਕ ਪਹੁੰਚਾਈ ਜਾ ਰਹੀ ਹੈ, ਕਿਸੇ ਵੀ ਪਰਵਾਰ ਨੂੰ ਇਸ ਯੋਜਨਾ ਦਾ ਲਾਭ ਲੈਣ ਤੋਂ ਵਾਂਝਾ ਨਹੀਂ ਰਹਿਣ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਲੋਕਾਂ ਦੇ ਬਿਨਾਂ ਕਿਸੇ ਭੇਦਭਾਵ ਦੇ ਕਾਰਡ ਬਣਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਹਰ ਪਿੰਡ ਹਰ ਵਾਰਡ ਵਿੱਚ ਕੈਂਪ ਲਗਾ ਕੇ ਨਾਗਰਿਕਾਂ ਨੂੰ ਇਸ ਯੋਜਨਾ ਅਧੀਨ ਕਵਰ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਕਾਰਡ ਬਣਾਉਣ ਲਈ ਆਧਾਰ ਕਾਰਡ ਤੇ ਵੋਟਰ ਕਾਰਡ ਦਸਤਾਵੇਜ਼ ਲਾਜ਼ਮੀ ਹਨ।ਸ੍ਰੀ ਸਵਨਾ ਨੇ ਕਿਹਾ ਕਿ ਉਹ ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਦੀ ਦੂਰ ਅੰਦੇਸ਼ੀ ਸੋਚ ਦਾ ਧੰਨਵਾਦ ਕਰਦੇ ਹਨ, ਜਿਨ੍ਹਾਂ ਸਦਕਾ ਲੋਕਾਂ ਨੂੰ ਮੁਫਤ ਸਿਹਤ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ।

## 10 ਲੱਖ ਦਾ ਮੁਫ਼ਤ ਇਲਾਜ ਪੰਜਾਬ ਸਰਕਾਰ ਦਾ ਇਤਿਹਾਸਕ ਫੈਸਲਾ : ਅਨਵਰ ਭਸੌੜ

ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)-ਧੂਰੀ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪੰਜਾਬ ਵਕਫ਼ ਬੋਰਡ ਦੇ ਮੈਂਬਰ ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਡਾ. ਅਨਵਰ ਭਸੌੜ ਨੇ ਮਾਨ ਸਰਕਾਰ ਦੇ ਇੱਕ ਅਹਿਮ ਫੈਸਲੇ ਦੀ ਜਾਣਕਾਰੀ ਦਿੱਤੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਸੂਬਾ ਵਾਸੀਆਂ ਦੀ ਸਿਹਤ ਨੂੰ ਮੁੱਖ ਰੱਖਦਿਆਂ ਇੱਕ ਬੇਮਿਸਾਲ ਪਹਿਲਕਦਮੀ ਕੀਤੀ ਹੈ। ਆਜ਼ਾਦੀ ਦੇ ਲੰਮੇ ਅਰਸੇ ਬਾਅਦ ਪੂਰੇ ਭਾਰਤ ਵਿੱਚ ਪੰਜਾਬ ਅਜਿਹਾ ਪਹਿਲਾ ਸੂਬਾ ਬਣਿਆ ਹੈ, ਜਿੱਥੇ ਹਰ ਵਰਗ ਦੇ ਨਾਗਰਿਕ ਨੂੰ ਸਿਹਤ ਬੀਮੇ ਦੇ ਘੇਰੇ ਵਿੱਚ ਲਿਆਂਦਾ ਗਿਆ ਹੈ।ਡਾ. ਭਸੌੜ ਨੇ ਵਿਸ਼ੇਸ਼ ਤੌਰ 'ਤੇ ਜ਼ਿਕਰ ਕੀਤਾ ਕਿ 'ਮੁੱਖ ਮੰਤਰੀ ਸਿਹਤ ਯੋਜਨਾ' ਦੇ ਲਾਗੂ ਹੋਣ ਨਾਲ ਹੁਣ ਪੰਜਾਬ ਦੇ ਹਰ ਪਰਵਾਰ ਨੂੰ ਸਾਲਾਨਾ 10 ਲੱਖ ਤੱਕ ਦਾ ਮੁਫ਼ਤ ਇਲਾਜ ਕਰਵਾਉਣ ਦੀ ਸਹੂਲਤ ਮਿਲੇਗੀ।ਉਨ੍ਹਾਂ ਕਿਹਾ ਕਿ ਇਹ ਯੋਜਨਾ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਸੋਚ ਦਾ ਨਤੀਜਾ ਹੈ।ਇਸ ਉਪਰਾਲੇ ਸਦਕਾ ਹੁਣ ਸੂਬੇ ਦੇ ਲੋਕਾਂ ਨੂੰ ਗੰਭੀਰ ਬਿਮਾਰੀਆਂ ਦੇ ਇਲਾਜ ਲਈ ਆਪਣੀ ਜਮ੍ਹਾਂ ਪੂੰਜੀ ਖ਼ਰਚਣ ਜਾਂ ਕਰਜ਼ਾ ਲੈਣ ਦੀ ਲੋੜ ਨਹੀਂ ਪਵੇਗੀ।ਡਾ. ਭਸੌੜ ਅਨੁਸਾਰ, ਅਜਿਹੇ ਲੋਕ-ਪੱਖੀ ਫੈਸਲੇ ਪੰਜਾਬ ਨੂੰ ਮੁੜ ਖ਼ੁਸ਼ਹਾਲ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਣਗੇ ਤੇ ਆਮ ਜਨਤਾ ਦੇ ਜੀਵਨ ਪੱਧਰ ਵਿੱਚ ਸੁਧਾਰ ਲਿਆਉਣਗੇ।

## ਗੁਰਲਾਲ ਸਿੰਘ ਵੱਲੋਂ ਸੀ ਐੱਸ ਸੀ ਸੈਂਟਰਾਂ ਦਾ ਦੌਰਾ



ਰਾਜਪੁਰਾ (ਰਮੇਸ਼ ਕਟਾਰੀਆ)-ਮਾਨ ਸਰਕਾਰ ਦੀ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਅੱਜ ਹਲਕਾ ਘਨੌਰ ਦੇ ਐੱਮ ਐੱਲ ਏ ਗੁਰਲਾਲ ਸਿੰਘ ਨੇ ਸੀ ਐੱਸ ਸੀ ਸੈਂਟਰਾਂ ਦਾ ਦੌਰਾ ਕੀਤਾ ਅਤੇ ਹਲਕਾ ਘਨੌਰ ਵਾਸੀਆਂ ਨੂੰ 10 ਲੱਖ ਵਾਲਾ ਕਾਰਡ ਬਣਵਾਉਣ ਲਈ ਐੱਮ ਐੱਲ ਏ ਗੁਰਲਾਲ ਸਿੰਘ ਵੱਲੋਂ ਪ੍ਰੇਰਿਤ ਕੀਤਾ ਗਿਆ। ਇਸ ਮੁਹਿੰਮ ਤਹਿਤ ਪੰਜਾਬ ਦੇ ਹਰ ਪਰਿਵਾਰ ਨੂੰ 10 ਲੱਖ ਰੁਪਏ ਦਾ ਮੁਫ਼ਤ ਤੇ ਕੈਸ਼ਲੈੱਸ ਇਲਾਜ ਮਿਲੇਗਾ।

## ਪੋਨਾ-ਅਲੀਗੜ੍ਹ ਸੜਕ ਦਾ ਮਾਣੂੰਕੇ ਵੱਲੋਂ ਉਦਘਾਟਨ



ਜਗਰਾਉਂ (ਸੰਜੀਵ ਅਰੋੜਾ)-ਹਲਕਾ ਵਿਧਾਇਕਾ ਬੀਬੀ ਸਰਬਜੀਤ ਕੌਰ ਮਾਣੂੰਕੇ ਨੇ ਹਲਕੇ ਦੇ ਅਧੀਨ ਪਿੰਡ ਪੋਨਾ ਵਿਖੇ 18 ਫੁੱਟੀ ਸੜਕ, ਜੋ ਬਾਬਾ ਦੀ ਦਰਗਾਹ ਤੋਂ ਪਿੰਡ ਅਲੀਗੜ੍ਹ ਤੱਕ ਜਾਂਦੀ ਸੜਕ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਸਰਪੰਚ ਹਰਦੀਪ ਸਿੰਘ ਰਾਜੂ, ਸਾਬਕਾ ਸਰਪੰਚ ਗੁਰਵਿੰਦਰ ਸਿੰਘ ਤੇ ਬਾਬਾ ਹਰਨੇਕ ਸਿੰਘ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਪੋਨਾ ਵਿਖੇ ਰੋਸ਼ਨੀ ਦਾ ਮੇਲਾ ਲੱਗਦਾ ਹੈ, ਉਥੇ ਦੂਰ ਦੁਰਾਡੇ ਤੋਂ ਸੰਗਤਾਂ ਆਉਂਦੀਆਂ ਹਨ, ਇਸ ਸੜਕ ਦੀ ਹਾਲਤ ਤਰਸਯੋਗ ਸੀ, ਜਿਸ ਨੂੰ ਮੌਜੂਦਾ ਵਿਧਾਇਕਾ ਨੂੰ ਬੇਨਤੀ ਕੀਤੀ। ਉਨ੍ਹਾਂ ਨੇ ਇਸ ਸੜਕ ਨੂੰ ਜਲਦੀ ਬਣਾਉਣ ਦਾ ਯਕੀਨ ਦਿਵਾਇਆ ਸੀ ਤੇ ਅੱਜ ਇਸ ਸੜਕ ਦਾ ਉਦਘਾਟਨ ਵਿਧਾਇਕਾ ਵੱਲੋਂ ਕੀਤਾ ਗਿਆ। ਅਖੀਰ ਵਿੱਚ ਸਮੂਹ ਨਗਰ ਨਿਵਾਸੀਆਂ ਵੱਲੋਂ ਵਿਧਾਇਕਾ ਅਤੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਤੇ ਪਰਮਿੰਦਰ ਸਿੰਘ ਢੋਲਣ ਜੇ.ਈ. ਮੰਡੀ ਬੋਰਡ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਪੰਚ ਗੁਰਪ੍ਰੀਤ ਸਿੰਘ, ਪੰਚ ਗਗਨ ਪੋਨਾ, ਪੰਚ ਬਹਾਦਰਵੀਰ ਸਿੰਘ, ਪੰਚ ਲੱਕੀ ਪੰਡਿਤ, ਪੰਚ ਜਗਮੇਲ ਸਿੰਘ, ਪੰਚ ਹਰਦੀਪ ਸਿੰਘ, ਪੰਚ ਸਤਨਾਮ ਸਿੰਘ, ਜੱਗੀ ਬਾਬਾ, ਨੰਬਰਦਾਰ ਰਾਜਵਿੰਦਰ ਸਿੰਘ, ਨੰਬਰਦਾਰ ਪੂਰਨ ਸਿੰਘ, ਨੰਬਰਦਾਰ ਜਤਿੰਦਰ ਸਿੰਘ ਤੇ ਤੇਜਿੰਦਰ ਸਿੰਘ ਪੋਨਾ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਪਿੰਡ ਦੇ ਮੋਹਤਵਰ ਵਿਅਕਤੀ ਹਾਜ਼ਰ ਸਨ।

## ਸੰਧਵਾਂ ਨੇ 46 ਕਰੋੜ ਦੇ ਸੜਕੀ ਪ੍ਰੋਜੈਕਟਾਂ ਦਾ ਰੱਖੇ ਨੀਂਹ ਪੱਥਰ



ਫ਼ਰੀਦਕੋਟ/ਕੋਟਕਪੂਰਾ (ਐਲਿਗਜੈਂਡਰ ਡਿਸੂਜ਼ਾ/ਰਛਪਾਲ ਭੁੱਲਰ)-ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਕੋਟਕਪੂਰਾ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ 46 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੀਆਂ ਸੜਕਾਂ ਦੇ ਨੀਂਹ ਪੱਥਰ ਰੱਖੇ।ਇਨ੍ਹਾਂ ਪ੍ਰੋਜੈਕਟਾਂ ਅਧੀਨ ਸੰਧਵਾਂ ਤੋਂ ਸਿੱਖਾਂਵਾਲਾ, ਮੁਕਤਸਰ ਰੋਡ ਤੋਂ ਮਚਾਕੀ ਮੱਲ ਸਿੰਘ ਤੇ ਕੋਟਕਪੂਰਾ ਤੋਂ ਢੀਮਾਂਵਾਲੀ ਵਰਗੇ ਅਹਿਮ ਲਿੰਕ ਰੋਡਾਂ ਦਾ ਨਵੀਨੀਕਰਨ ਤੇ ਨਿਰਮਾਣ ਕੀਤਾ ਜਾਵੇਗਾ।ਸਪੀਕਰ ਸੰਧਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਪੇਂਡੂ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਹੈ।ਇਨ੍ਹਾਂ ਸੜਕਾਂ ਨਾਲ ਜਿੱਥੇ ਆਮ ਲੋਕਾਂ ਦੀ ਆਵਾਜਾਈ ਸੁਖਾਲੀ ਹੋਵੇਗੀ, ਉੱਥੇ ਹੀ ਕਿਸਾਨਾਂ ਨੂੰ ਮੰਡੀਆਂ ਤੱਕ ਫ਼ਸਲ ਪਹੁੰਚਾਉਣ ਵਿੱਚ ਵੀ ਮਦਦ ਮਿਲੇਗੀ।ਉਨ੍ਹਾਂ ਅਧਿਕਾਰੀਆਂ ਨੂੰ ਕੰਮ ਦੀ ਉੱਚ ਗੁਣਵੱਤਾ ਯਕੀਨੀ ਬਣਾਉਣ ਤੇ ਇਸ ਨੂੰ ਮਿੱਥੇ ਸਮੇਂ ਵਿੱਚ ਪੂਰਾ ਕਰਨ ਦੇ ਨਿਰਦੇਸ਼ ਦਿੱਤੇ।ਇਸ ਮੌਕੇ ਮਾਰਕੀਟ ਕਮੇਟੀ ਦੇ ਚੇਅਰਮੈਨ ਗੁਰਮੀਤ ਸਿੰਘ ਆਰੇਵਾਲਾ ਸਮੇਤ ਵੱਡੀ ਗਿਣਤੀ ਵਿੱਚ ਪਤਵੰਤੇ ਸੱਜਣ ਹਾਜ਼ਰ ਸਨ।

## ਰਾਜਪਾਲ ਨੂੰ ਮਿਲੇ ਹੀਰਾ ਸੋਢੀ, ਬਾਰਡਰ ਏਰੀਆ ਦੇ ਵਿਕਾਸ ਦੀ ਕੀਤੀ ਮੰਗ



ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਯੂਥ ਭਾਜਪਾ ਆਗੂ ਅਨੁਮੀਤ ਸਿੰਘ ਹੀਰਾ ਸੋਢੀ ਨੇ ਗਣਤੰਤਰ ਦਿਵਸ ਦੀ ਸ਼ਾਮ ਫਾਜ਼ਿਲਕਾ ਇਕ ਪ੍ਰੋਗਰਾਮ ਵਿੱਚ ਸ਼ਾਮਲ ਹੋਣ ਆਏ ਸੂਬੇ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਦੇ ਨਾਲ ਮਿਲ ਕੇ ਬਾਰਡਰ ਏਰੀਆ ਦੇ ਵਿਕਾਸ ਦੀ ਮੰਗ ਰੱਖੀ। ਹੀਰਾ ਸੋਢੀ ਨੇ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਕਿ ਪਿਛਲੇ ਸਾਲ ਆਏ ਹੜ੍ਹਾਂ ਕਾਰਨ ਜਿੱਥੇ ਬੀ.ਐੱਸ.ਐੱਫ. ਦੀਆਂ ਚੌਕੀਆਂ ਦਾ ਕਾਫੀ ਨੁਕਸਾਨ ਹੋਇਆ ਸੀ, ਉਥੇ ਬਾਰਡਰ ਪੱਟੀ ਵਿੱਚ ਰਹਿਣ ਵਾਲੇ ਲੋਕਾਂ ਨੂੰ ਵੀ ਕਾਫੀ ਆਰਥਕ ਨੁਕਸਾਨ ਸਹਿਣਾ ਪਿਆ ਸੀ। ਸੋਢੀ ਨੇ ਰਾਜਪਾਲ ਦੇ ਸਾਹਮਣੇ ਮੰਗ ਰੱਖੀ ਕਿ ਕੇਂਦਰ ਸਰਕਾਰ ਵੱਲੋਂ ਹੜ੍ਹ ਪ੍ਰਭਾਵਿਤ ਲੋਕਾਂ ਤੇ ਕਿਸਾਨਾਂ ਦੇ ਲਈ ਵਿਸ਼ੇਸ਼ ਆਰਥਕ ਪੈਕੇਜ ਦਾ ਐਲਾਨ ਕਰਵਾਇਆ ਜਾਵੇ ਤਾਂ ਕਿ ਬਾਰਡਰ ਪੱਟੀ ਦੇ ਲੋਕ ਮੁੜ ਤੋਂ ਸਥਿਰ ਹੋ ਸਕਣ। ਸੋਢੀ ਦੇ ਅਨੁਸਾਰ ਰਾਜਪਾਲ ਨੇ ਭਰੋਸਾ ਦਿੱਤਾ ਕਿ ਉਹ ਇਸ ਮੰਗ ਨੂੰ ਕੇਂਦਰ ਸਰਕਾਰ ਦੇ ਸਾਹਮਣੇ ਮਜ਼ਬੂਤ ਢੰਗ ਨਾਲ ਰੱਖ ਕੇ ਆਗਾਮੀ ਬਜਟ ਵਿੱਚ ਪੰਜਾਬ ਦੇ ਬਾਰਡਰ ਏਰੀਆ ਲਈ ਵਿਸ਼ੇਸ਼ ਗ੍ਰਾਂਟ ਰਖਵਾਉਣ ਦੀ ਕੋਸ਼ਿਸ਼ ਕਰਨਗੇ।

## ਲਾਇਨਜ਼ ਕਲੱਬ ਸਮਾਣਾ ਗੋਲਡ ਨੇ ਹੈਲਮਟ ਵੰਡੇ



ਸਮਾਣਾ (ਇਕਬਾਲ ਸਿੰਘ ਬੱਲ)-ਰਾਸ਼ਟਰੀ ਸੜਕ ਸੁਰੱਖਿਆ ਮਹੀਨੇ ਤਹਿਤ ਲਾਇਨਜ਼ ਕਲੱਬ ਸਮਾਣਾ ਗੋਲਡ ਨੇ ਪੰਜਾਬ ਪੁਲਸ ਦੇ ਸਹਿਯੋਗ ਨਾਲ ਵਾਹਨ ਚਾਲਕਾਂ ਨੂੰ ਮੁਫ਼ਤ ਹੈਲਮੇਟ ਵੰਡੇ।ਇਹ ਪ੍ਰੋਗਰਾਮ ਕਲੱਬ ਦੇ ਪ੍ਰਧਾਨ ਅਨੂਪ ਗੋਇਲ, ਪ੍ਰੋਜੈਕਟ ਚੇਅਰਮੈਨ ਐੱਮ.ਜੇ.ਐੱਫ. ਲਾਇਨਜ਼ ਜੇ. ਪੀ. ਗਰਗ, ਸਕੱਤਰ ਲਾਇਨਜ਼ ਮਨੀਸ਼ ਸਿੰਗਲਾ, ਕੈਸ਼ੀਅਰ ਲਵ ਮਿੱਤਲ, ਪੀ.ਆਰ.ਓ. ਵਿਨੀਤ ਗਰਗ ਦੀ ਅਗਵਾਈ ਹੇਠ ਕਰਵਾਇਆ ਗਿਆ।ਇਸ ਮੌਕੇ ਸ਼ਹਿਰ ਵਿੱਚ ਇੱਕ ਹੈਲਮੇਟ ਬੈਂਕ ਸਥਾਪਤ ਕਰਨ ਦਾ ਫੈਸਲਾ ਕੀਤਾ ਗਿਆ।ਯਾਤਰਾ ਪੂਰੀ ਹੋਣ ਤੋਂ ਬਾਅਦ ਹੈਲਮੇਟ ਜਮ੍ਹਾਂ ਕਰਵਾਉਣਾ ਲਾਜ਼ਮੀ ਹੋਵੇਗਾ।ਇਹ ਸੇਵਾ ਪੂਰੀ ਤਰ੍ਹਾਂ ਮੁਫ਼ਤ ਹੋਵੇਗੀ।ਇਸ ਦੌਰਾਨ ਬਿਨਾਂ ਹੈਲਮੇਟ ਦੇ ਸਵਾਰ ਦੋਪਹੀਆ ਵਾਹਨ ਚਾਲਕਾਂ ਨੂੰ ਮੁਫ਼ਤ ਹੈਲਮੇਟ ਦਿੱਤੇ ਜਾਣਗੇ। ਮੌਕੇ 'ਤੇ ਹੀ 100 ਹੈਲਮੇਟ ਦਾਨ ਕੀਤੇ ਗਏ।ਕਲੱਬ ਦੇ ਮੈਂਬਰ ਮਾਨਵ ਬਾਂਸਲ ਤੇ ਗੌਰਵ ਅਗਰਵਾਲ, ਯੋਗਿੰਦਰ ਗੋਇਲ, ਜੌਲੀ ਬਾਂਸਲ, ਸਿਟੀ ਪੁਲਸ ਸਟੇਸ਼ਨ ਇੰਚਾਰਜ ਬਲਜੀਤ ਸਿੰਘ, ਟ੍ਰੈਫਿਕ ਪੁਲਸ ਇੰਚਾਰਜ ਝਿਰਮਲ ਸਿੰਘ, ਏਐੱਸਆਈ ਸੁਖਵਿੰਦਰ ਸਿੰਘ, ਜਸਪਾਲ ਸਿੰਘ ਤੇ ਹੋਰ ਮੈਂਬਰ ਮੌਜੂਦ ਸਨ।

## ਗਣਤੰਤਰਤਾ ਦਿਵਸ ਮੌਕੇ ਹੋਣਹਾਰ ਖਿਡਾਰੀ ਸਨਮਾਨਤ



ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਮਾਛੀਵਾੜਾ ਦੇ ਹੋਣਹਾਰ ਖਿਡਾਰੀ ਜਸਕਰਨ ਸਿੰਘ ਗਰੇਵਾਲ ਨੂੰ ਗਣਤੰਤਰਤਾ ਦਿਵਸ ਮੌਕੇ ਤਹਿਸੀਲ ਪੱਧਰੀ ਸਮਾਗਮ ਦੌਰਾਨ ਪ੍ਰਸ਼ਾਸਨ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ ਮਾਛੀਵਾੜਾ ਵਿਖੇ ਮਸਲ ਮੇਨੀਆ ਜਿੰਮ ਦੇ ਮਾਲਕ ਹਰਪ੍ਰੀਤ ਸਿੰਘ ਗਰੇਵਾਲ ਦੇ ਸਪੁੱਤਰ ਹੋਣਹਾਰ ਖਿਡਾਰੀ ਜਸਕਰਨ ਸਿੰਘ ਗਰੇਵਾਲ ਨੇ ਅਗਸਤ-2025 ਵਿੱਚ ਅੰਡਰ-17 ਵਰਗ ਦੇ ਜ਼ਿਲ੍ਹਾ ਪੱਧਰ ਦੇ ਵੇਟ ਲਿਫਟਿੰਗ ਮੁਕਾਬਲਿਆਂ ਵਿੱਚ ਗੋਲਡ ਮੈਡਲ ਪ੍ਰਾਪਤ ਕਰ ਇਲਾਕੇ ਦਾ ਨਾਮ ਰੌਸ਼ਨ ਕੀਤਾ। ਸਮਾਗਮ ਦੌਰਾਨ ਐੱਸ.ਡੀ.ਐੱਮ. ਰਜਨੀਸ਼ ਅਰੋੜਾ ਤੇ ਡੀ.ਐੱਸ.ਪੀ. ਤਰਲੋਚਨ ਸਿੰਘ ਵੱਲੋਂ ਖਿਡਾਰੀ ਜਸਕਰਨ ਸਿੰਘ ਨੂੰ ਸਨਮਾਨਤ ਕਰਦਿਆਂ ਉਸ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਅੱਗੇ ਤੋਂ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

## ਸੰਤ ਨਿਰੰਜਨ ਦਾਸ ਨੂੰ 'ਪਦਮਸ਼੍ਰੀ' ਮਿਲਣਾ ਮਾਨਵਤਾ ਲਈ ਮਾਣ ਵਾਲੀ ਗੱਲ : ਢੋਸੀਵਾਲ



ਫ਼ਰੀਦਕੋਟ/ਸ੍ਰੀ ਮੁਕਤਸਰ ਸਾਹਿਬ (ਐਲਿਗਜੈਂਡਰ ਡਿਸੂਜ਼ਾ)-ਵਿਸ਼ਵ ਪ੍ਰਸਿੱਧ ਅਧਿਆਤਮਕ ਕੇਂਦਰ ਡੇਰਾ ਸੱਚ ਖੰਡ ਬੱਲਾਂ (ਜਲੰਧਰ) ਦੇ ਗੱਦੀ ਨਸ਼ੀਨ ਸੰਤ ਨਿਰੰਜਨ ਦਾਸ ਜੀ ਮਹਾਰਾਜ ਨੂੰ ਭਾਰਤ ਸਰਕਾਰ ਵੱਲੋਂ 'ਪਦਮਸ਼੍ਰੀ' ਐਵਾਰਡ ਨਾਲ ਨਿਵਾਜੇ ਜਾਣ ਦੀ ਖ਼ੁਸ਼ੀ ਵਿੱਚ ਲਾਰਡ ਬੁੱਧਾ ਚੈਰੀਟੇਬਲ ਟਰੱਸਟ (ਐਲ.ਬੀ.ਸੀ.ਟੀ.) ਵੱਲੋਂ ਸਥਾਨਕ ਜੈਸਮੀਨ ਹੋਟਲ ਵਿਖੇ ਇੱਕ ਮੀਟਿੰਗ ਕੀਤੀ ਗਈ।ਇਹ ਮੀਟਿੰਗ ਸੰਸਥਾ ਦੇ ਬਾਨੀ ਚੇਅਰਮੈਨ ਜਗਦੀਸ਼ ਰਾਏ ਢੋਸੀਵਾਲ ਤੇ ਜ਼ਿਲ੍ਹਾ ਪ੍ਰਧਾਨ ਜਗਦੀਸ਼ ਰਾਜ ਭਾਰਤੀ ਦੀ ਸਾਂਝੀ ਅਗਵਾਈ ਹੇਠ ਸੰਪੰਨ ਹੋਈ।ਸਮਾਜ ਸੇਵਾ ਤੇ ਅਧਿਆਤਮ ਦਾ ਸੰਗਮ ਮੀਟਿੰਗ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਢੋਸੀਵਾਲ ਨੇ ਕਿਹਾ ਕਿ ਸੰਤ ਨਿਰੰਜਨ ਦਾਸ ਜੀ ਮਹਾਰਾਜ ਨੇ ਆਪਣਾ ਪੂਰਾ ਜੀਵਨ ਸਤਿਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਦੇ ਪ੍ਰਚਾਰ ਤੇ ਮਾਨਵਤਾ ਦੀ ਸੇਵਾ ਲਈ ਅਰਪਿਤ ਕਰ ਦਿੱਤਾ ਹੈ।ਉਨ੍ਹਾਂ ਕਿਹਾ ਕਿ ਡੇਰਾ ਸੱਚ ਖੰਡ ਬੱਲਾਂ ਵੱਲੋਂ ਚਲਾਏ ਜਾ ਰਹੇ ਹਸਪਤਾਲ ਤੇ ਸਕੂਲ ਸਮਾਜ ਦੇ ਕਮਜ਼ੋਰ ਵਰਗਾਂ ਲਈ ਵਰਦਾਨ ਸਾਬਿਤ ਹੋ ਰਹੇ ਹਨ।ਸੰਤ ਜੀ ਮਾਨਵਤਾ, ਆਪਸੀ ਭਾਈਚਾਰੇ ਤੇ ਸਮਾਜਿਕ ਬਰਾਬਰੀ ਦੇ ਅਲੰਬਰਦਾਰ ਹਨ ਅਤੇ ਉਹ ਸਾਡੇ ਸਾਰਿਆਂ ਦੇ ਆਦਰਸ਼ ਹਨ।ਜ਼ਿਲ੍ਹਾ ਪ੍ਰਧਾਨ ਜਗਦੀਸ਼ ਰਾਜ ਭਾਰਤੀ ਨੇ ਕਿਹਾ ਕਿ ਇਹ ਐਵਾਰਡ ਮਿਲਣਾ ਸਮੁੱਚੇ ਸਮਾਜ ਲਈ ਬੇਹੱਦ ਮਾਣ ਵਾਲੀ ਗੱਲ ਹੈ।

## ਮਿਡ-ਡੇ-ਮੀਲ ਵਰਕਰਾਂ ਵੱਲੋਂ ਜ਼ਿਲ੍ਹਾ ਸਿੱਖਿਆ ਅਫਸਰ ਦੇ ਦਫ਼ਤਰ ਦਾ ਘਿਰਾਓ



**ਛੇਹਰਟਾ, (ਮਨੋਜ ਕੁਮਾਰ)**

ਮਿਡ-ਡੇ-ਮੀਲ ਵਰਕਰ ਯੂਨੀਅਨ ਪੰਜਾਬ (ਸੀਟੂ) ਜ਼ਿਲ੍ਹਾ ਅੰਮ੍ਰਿਤਸਰ ਵੱਲੋਂ ਜ਼ਿਲ੍ਹਾ ਸਿੱਖਿਆ ਅਫਸਰ ਅੰਮ੍ਰਿਤਸਰ ਦੇ ਦਫ਼ਤਰ ਸਾਹਮਣੇ ਸੁਮਨ ਰਾਣੀ, ਜਨਰਲ ਸਕੱਤਰ, ਮਿਡ ਡੇ ਮੀਲ ਵਰਕਰ ਯੂਨੀਅਨ ਪੰਜਾਬ (ਸੀਟੂ) ਦੀ ਅਗਵਾਈ ਵਿਚ ਰੋਸ ਰੈਲੀ ਕੀਤੀ ਗਈ। ਰੈਲੀ ਨੂੰ ਸੰਬੋਧਨ ਕਰਦਿਆਂ ਸੀਟੂ ਦੇ ਸੂਬਾਈ ਮੀਤ ਪ੍ਰਧਾਨ ਕਾਮਰੇਡ ਸੁੱਚਾ ਸਿੰਘ ਅਜਨਾਲਾ ਨੇ ਦੱਸਿਆ ਕਿ ਮੁੱਖ ਅਧਿਆਪਕਾ ਸਰਕਾਰੀ ਹਾਈ ਸਕੂਲ ਜਾਫਰ ਕੋਟ (ਅਜਨਾਲਾ) ਵੱਲੋਂ ਕਥਿਤ ਤੌਰ 'ਤੇ ਬੱਚਿਆਂ ਨੂੰ ਸਰਕਾਰੀ ਹਿਦਾਇਤਾਂ ਅਨੁਸਾਰ ਰਾਸ਼ਨ ਨਹੀਂ ਦਿੱਤਾ ਜਾ ਰਿਹਾ। ਜੇਕਰ ਵਰਕਰਾਂ ਵੱਲੋਂ ਮੰਗ ਕੀਤੀ ਜਾਂਦੀ ਹੈ ਤਾਂ ਮੁੱਖ ਅਧਿਆਪਕਾ ਵੱਲੋਂ ਕਿਹਾ ਜਾਂਦਾ ਹੈ ਕਿ ਇਸਦੇ ਜ਼ਿੰਮੇਵਾਰ ਉਹ (ਮੁੱਖ ਅਧਿਆਪਕਾ) ਹਨ। ਮੁੱਖ ਅਧਿਆਪਕਾ ਦੀ ਪਿੰਡ ਵੱਲੋਂ ਵੀ ਸ਼ਿਕਾਇਤਾਂ ਕੀਤੀਆਂ ਗਈਆਂ ਹਨ ਕਿ ਉਨ੍ਹਾਂ ਨੇ ਬਿਨਾਂ ਮਨਜ਼ੂਰੀ ਤੋਂ ਸਕੂਲ ਵਿਚੋਂ ਕਥਿਤ ਤੌਰ 'ਤੇ ਦਰੱਖਤ ਕੱਟ ਕੇ ਵੇਚ ਦਿੱਤੇ ਹਨ। ਉਨ੍ਹਾਂ ਦੋਸ਼ ਲਗਾਇਆ ਕਿ ਫੰਡਾਂ ਵਿਚ ਵੀ ਕਥਿਤ ਤੌਰ 'ਤੇ ਭਾਰੀ ਘਪਲੇਬਾਜ਼ੀ ਹੈ। ਇਸ ਦੀ ਪੜਤਾਲ ਕਰਵਾਉਣ ਦੀ ਜ਼ਿਲ੍ਹਾ ਸਿੱਖਿਆ ਅਫਸਰ ਤੋਂ ਮੰਗ ਕੀਤੀ ਗਈ ਹੈ ਪਰ ਸਾਲ ਹੋ ਗਿਆ ਹੈ। ਇਸ ਦੀ ਕੋਈ ਵੀ ਪੜਤਾਲ ਨਹੀਂ ਕੀਤੀ ਗਈ। ਪਰ ਜ਼ਿਲ੍ਹਾ ਸਿੱਖਿਆ ਅਫਸਰ ਵੱਲੋਂ ਮੁੱਖ ਅਧਿਆਪਕਾ ਦਾ ਪੱਖ ਪੂਰਿਆ ਜਾ ਰਿਹਾ ਹੈ। ਕਾਮਰੇਡ ਅਜਨਾਲਾ ਨੇ ਕਿਹਾ ਹੈ ਕਿ ਇਨਸਾਫ਼ ਲੈਣ ਤਕ ਲੜਾਈ ਜਾਰੀ ਰਹੇਗੀ। ਇਸ ਮੌਕੇ ਕਾਮਰੇਡ ਕਵਲਜੀਤ ਕੌਰ ਐਡਵੋਕੇਟ, ਚਰਨਜੀਤ ਮਜੀਠਾ, ਜਸਬੀਰ ਝਬਾਲ, ਗੁਰਦੀਪ ਝਬਾਲ, ਤਰਸੇਮ ਟਪਿਆਲਾ, ਵਾਸੁਦੇਵ, ਪ੍ਰਤਾਪ ਸਿਘ, ਤਰਸੇਮ ਦਿਓਲ, ਸ਼ਿਭੂ, ਬਲਜਿੰਦਰ ਕੌਰ ਰਮਦਾਸ, ਭੁਪਿੰਦਰ ਜੀਤ ਛੀਨਾ ਤੇ ਕਿਰਪਾ ਰਾਮ ਨੇ ਸੰਬੋਧਨ ਕੀਤਾ। ਸਾਰੇ ਬੁਲਾਰਿਆਂ ਨੇ 12 ਫਰਵਰੀ ਨੂੰ ਦੇਸ਼ ਵਿਆਪੀ ਹੜਤਾਲ ਵਿਚ ਸ਼ਾਮਲ ਹੋਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਚਾਰ ਲੇਬਰ ਕੋਡ ਲਾਗੂ ਕਰ ਕੇ ਤੇ ਮਨਰੇਗਾ ਸਕੀਮ ਨੂੰ ਜੀ ਰਾਮ ਜੀ ਵਿਚ ਬਦਲ ਕੇ ਮਜ਼ਦੂਰ ਜਮਾਤ ਦੀ ਰੋਟੀ ਖੋਹ ਲਈ ਗਈ ਹੈ। ਬਿਜਲੀ ਬਿਲ 2025 ਤੇ ਬੀਜ ਬਿਲ 2025 ਲਿਆਉਣਾ ਕਿਸਾਨਾਂ-ਮਜ਼ਦੂਰਾਂ ਦਾ ਲੱਕ ਤੋੜਨ ਵਾਲਾ ਕਦਮ ਹੈ। ਅੰਤ ਵਿਚ ਜ਼ਿਲ੍ਹਾ ਸਿੱਖਿਆ ਅਫਸਰ ਦੇ ਚੰਡੀਗੜ੍ਹ ਜਾਣ ਕਰ ਕੇ ਦਫ਼ਤਰ ਦੇ ਸੁਪਰੀਡੈਂਟ ਮਲਕੀਤ ਸਿੰਘ ਨੇ ਮੰਗ ਪੱਤਰ ਪ੍ਰਾਪਤ ਕਰਕੇ ਸਰਕਾਰ ਨੂੰ ਭੇਜਣ ਦਾ ਯਕੀਨ ਦਵਾਇਆ ਹੈ। ਰੋਸ ਧਰਨਾ ਸੁਮਨ ਰਾਨੀ ਦੇ ਧੰਨਵਾਦ 'ਤੇ ਕੀਤਾ ਗਿਆ ਤੇ ਨਾਲ ਹੀ ਵਾਰਨਿੰਗ ਦਿੱਤੀ ਕਿ ਜੇਕਰ ਉਨ੍ਹਾਂ ਦੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਦਿੱਤਾ ਗਿਆ ਤਾਂ 12 ਫਰਵਰੀ ਦੀ ਹੜਤਾਲ ਤੋਂ ਬਾਅਦ ਫਿਰ ਰੋਸ ਧਰਨਾ ਦਿੱਤਾ ਜਾਏਗਾ।

## ਖੇਡਾਂ ਸੰਬੰਧੀ ਚੇਅਰਮੈਨ ਭਾਟੀਆ ਵੱਲੋਂ ਕੰਵਰ ਮਨਦੀਪ ਸਿੰਘ ਢਿੱਲੋਂ ਨਾਲ ਵਿਚਾਰ-ਵਟਾਂਦਰਾ

**ਫ਼ਤਿਹਗੜ੍ਹ ਚੂੜੀਆਂ, (ਜਸਦੇਵ ਮਾਨ)**- ਇਲਾਕੇ ਪ੍ਰਸਿੱਧ ਵਿੱਦਿਅਕ ਅਦਾਰੇ ਹੈਵਨ ਵਰਲਡ ਸਕੂਲ ਪਿੰਡ ਬੱਲ ਬਾਬਾ ਦੇ ਚੇਅਰਮੈਨ ਭਾਟੀਆ ਵੱਲੋਂ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਸਪੋਰਟਸ ਡਾਇਰੈਕਟਰ ਕੰਵਰ ਮਨਦੀਪ ਸਿੰਘ ਢਿੱਲੋਂ ਲੋਪੀਨੰਗਲ ਨਾਲ ਵਿਸ਼ੇਸ਼ ਮੁਲਾਕਾਤ ਕੀਤੀ ਗਈ ਅਤੇ ਇਸ ਦੌਰਾਨ ਉਨ੍ਹਾਂ ਨੇ ਡਾਇਰੈਕਟਰ ਢਿੱਲੋਂ ਨੂੰ ਜਿਥੇ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਨਿੱਘਾ ਸਵਾਗਤ ਕੀਤਾ, ਉਥੇ ਨਾਲ ਹੀ ਸਕੂਲੀ ਵਿਦਿਆਰਥੀਆਂ ਅੰਦਰ ਖੇਡਾਂ ਨੂੰ ਹੋਰ ਜ਼ਿਆਦਾ ਪ੍ਰਫੁੱਲਿਤ ਕਰਨ ਦੇ ਮੰਤਵ



ਮੰਤਵਾਂ ਤਹਿਤ ਵੱਖ-ਵੱਖ ਖੇਡਾਂ ਨਾਲ ਜੋੜਨ ਸਬੰਧੀ ਵਿਚਾਰ ਵਟਾਂਦਰਾ ਕੀਤਾ।ਇਸ ਮੌਕੇ ਢਿੱਲੋਂ ਵੱਲੋਂ ਇੰਦਰਜੀਤ ਸਿੰਘ ਭਾਟੀਆ ਨੂੰ ਕਈਆਂ ਪ੍ਰਕਾਰ ਦੀਆਂ ਗੇਮਾਂ ਸਬੰਧੀ ਜਾਣਕਾਰੀ ਦਿੱਤੀ ਅਤੇ ਦੱਸਿਆ ਕਿ ਸਪੋਰਟਸ ਕੋਟੇ 'ਚ ਜੋ ਸਕੂਲੀ ਬੱਚੇ ਵਧੀਆ ਪ੍ਰਦਰਸ਼ਨ ਕਰਦੇ ਹੋਏ ਮੈਰਿਟ ਪ੍ਰਸ਼ੰਸਿਤ ਹਾਸਲ ਕਰਦੇ ਹਨ, ਉਹ ਜ਼ਿੰਦਗੀ ਵਿਚ ਚੰਗੇ ਮੁਕਾਮ 'ਤੇ ਪਹੁੰਚਦੇ ਹਨ, ਜਿਸ ਨਾਲ ਉਨ੍ਹਾਂ ਬੱਚਿਆਂ ਦਾ ਭਵਿੱਖ ਹੋਰ ਉੱਜਵਲ ਬਣਦਾ ਹੈ। ਡਾਇਰੈਕਟਰ ਢਿੱਲੋਂ ਨੇ ਹੋਰ ਜਾਣਕਾਰੀ ਦਿੱਤੀ ਕਿ ਇਸ ਲਈ ਉਨ੍ਹਾਂ ਦਾ ਮੁਖ ਉਦੇਸ਼ ਹੈ ਕਿ ਉਨ੍ਹਾਂ ਦੇ ਇਲਾਕੇ ਦੇ ਸਕੂਲਾਂ ਵਿਚ ਪੜ੍ਹਨ ਵਾਲੇ ਬੱਚੇ ਵੱਧ ਤੋਂ ਵੱਧ ਗੇਮਾਂ ਨੂੰ ਆਪਣੀ ਜ਼ਿੰਦਗੀ ਦਾ ਹਿੱਸਾ ਬਣਾਉਣ ਅਤੇ ਸਪੋਰਟਸ ਕੋਟੇ ਵਿਚ ਮੱਲਾਂ ਮਾਰਨ ਤਾਂ ਜੋ ਵਿਦਿਆਰਥੀ ਮੈਰਿਟ ਹਾਸਲ ਕਰਕੇ ਸਰਕਾਰੀ ਸਹੂਲਤਾਂ ਦਾ ਸਰਕਾਰ ਪਾਸੋਂ ਲਾਭ ਪ੍ਰਾਪਤ ਕਰ ਸਕਣ ਤੇ ਇਸ ਲਈ ਉਹ ਪੂਰੀ ਤਰ੍ਹਾਂ ਵਚਨਬੱਧ ਹਨ।ਇਸ ਮੌਕੇ ਚੇਅਰਮੈਨ ਭਾਟੀਆ ਨੇ ਡਾਇਰੈਕਟਰ ਢਿੱਲੋਂ ਨੂੰ ਇਸ ਗੱਲ ਤੋਂ ਵੀ ਜਾਣੂ ਕਰਵਾਇਆ ਕਿ ਉਨ੍ਹਾਂ ਦੀ ਦਿਲੀ ਖੁਆਇਸ਼ ਸੀ ਕਿ ਬੱਚਿਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵੱਲ ਰੁਚਿਤ ਕੀਤਾ ਜਾਵੇ ਤਾਂ ਜੋ ਮਾਪਿਆਂ ਦੀ ਵੀ ਇੱਛਾ ਪੂਰੀ ਹੋ ਸਕੇ। ਇਸ ਉਪਰੰਤ ਡਾਇਰੈਕਟਰ ਢਿੱਲੋਂ ਨੇ ਇੰਦਰਜੀਤ ਭਾਟੀਆ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਸਕੂਲੀ ਬੱਚਿਆਂ ਦੇ ਸੁਨਹਿਰੇ ਭਵਿੱਖ ਲਈ ਹਮੇਸ਼ਾ ਸਕੂਲ ਸਮੇਂ-ਸਮੇਂ 'ਤੇ ਗੇਮਾਂ ਪ੍ਰਤੀ ਚੰਗੇ ਸੁਝਾਅ ਦਿੰਦੇ ਰਹਿਣਗੇ, ਜਿਸ 'ਤੇ ਭਾਟੀਆ ਵਲੋਂ ਸਪੋਰਟਸ ਡਾਇਰੈਕਟਰ ਕੰਵਰ ਮਨਦੀਪ ਸਿੰਘ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਉਨ੍ਹਾਂ ਨਾਲ ਪੱਤਰਕਾਰ ਪਲਵਿੰਦਰ ਸਿੰਘ ਸਾਰੰਗਲ ਵੀ ਮੌਜੂਦ ਸਨ।

## ਸੱਤਿਆ ਭਾਰਤੀ ਸਕੂਲ ਉਮਰਪੁਰਾ 'ਚ ਤਿਰੰਗਾ ਲਹਿਰਾਇਆ

**ਮਜੀਠਾ (ਸੋਇਮ ਆਨੰਦ)**

ਸੱਤਿਆ ਭਾਰਤੀ ਸਕੂਲ ਪਿੰਡ ਉਮਰਪੁਰਾ ਵਿਖੇ 77ਵਾਂ ਗਣਤੰਤਰ ਦਿਵਸ ਸਕੂਲ ਦੀ ਮੁੱਖ ਅਧਿਆਪਕਾ ਪਰਵਿੰਦਰ ਕੌਰ ਦੀ ਅਗਵਾਈ ਹੇਠ ਮਨਾਇਆ ਗਿਆ ਜਿਸ ਵਿੱਚ ਮੁੱਖ ਮਹਿਮਾਨ ਵਜੋਂ ਆਲ ਇੰਡੀਆ ਹਿਊਮਨ ਰਾਈਟਸ ਕੌਂਸਲ ਦੇ ਯੂਥ ਪ੍ਰਧਾਨ ਮਨਵੀਰ ਸਿੰਘ ਵਡਾਲਾ ਅਤੇ ਹਰਪ੍ਰੀਤ ਸਿੰਘ ਉਮਰਪੁਰਾ ਪਹੁੰਚੇ ਅਤੇ ਉਨ੍ਹਾਂ ਵੱਲੋਂ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਗਈ।ਇਸ ਮੌਕੇ ਪੰਚਾਇਤ ਮੈਂਬਰਾਂ ਪਿੰਡ ਵਾਸੀਆਂ ਅਤੇ ਸਕੂਲ ਕਮੇਟੀ ਦੇ ਮੈਂਬਰਾਂ ਨੇ ਵੀ ਹਾਜ਼ਰੀ ਭਰੀ ਸਕੂਲ ਦੀ ਪ੍ਰਿੰਸੀਪਲ ਪਰਵਿੰਦਰ ਕੌਰ ਅਤੇ ਸਾਰੇ ਸਟਾਫ ਮੈਂਬਰਾਂ ਵੱਲੋਂ ਮਹਿਮਾਨਾਂ ਦਾ ਭਰਪੂਰ ਸਵਾਗਤ ਕੀਤਾ ਗਿਆ।ਉਪਰੰਤ ਰਾਸ਼ਟਰੀ ਗੀਤ ਗਾਇਆ ਗਿਆ। ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਗੀਤ, ਭੰਗੜਾ, ਗਿੱਧਾ ਅਤੇ ਕਵਿਤਾ ਪਾਠ ਵਰਗੀਆਂ ਸੁੰਦਰ ਸੱਭਿਆਚਾਰਕ ਪ੍ਰਸਤੁਤੀਆਂ ਪੇਸ਼ ਕੀਤੀਆਂ ਗਈਆਂ, ਜਿਨ੍ਹਾਂ ਨੇ ਦਰਸ਼ਕਾਂ ਦਾ ਮਨ ਮੋਹ ਲਿਆ।ਇਸ ਮੌਕੇ ਖੇਡ ਅਤੇ ਪੜ੍ਹਾਈ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮਾਂ ਨਾਲ ਸਨਮਾਨਿਤ ਕੀਤਾ ਗਿਆ।ਇਸ ਮੌਕੇ ਆਲ ਇੰਡੀਆ ਹਿਊਮਨ ਰਾਈਟਸ ਕੌਂਸਲ ਦੇ ਯੂਥ ਪ੍ਰਧਾਨ ਮਨਵੀਰ ਸਿੰਘ ਵਡਾਲਾ ਨੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਦੇਸ਼ ਦੇ ਸੰਵਿਧਾਨ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਉਨ੍ਹਾਂ ਨੂੰ



ਇਮਾਨਦਾਰੀ, ਅਨੁਸ਼ਾਸਨ ਅਤੇ ਮਿਹਨਤ ਨਾਲ ਦੇਸ਼ ਤਰੱਕੀ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ ਗਿਆ।ਇਸ ਮੌਕੇ ਹਰਪ੍ਰੀਤ ਸਿੰਘ ਉਮਰਪੁਰਾ, ਗੁਲਜ਼ਾਰ ਸਿੰਘ, ਕਿਰਪਾਲ ਸਿੰਘ ਮਨਜੀਤ ਕੌਰ, ਰਾਜਵਿੰਦਰ ਸਿੰਘ, ਗੁਰਪ੍ਰੀਤ ਸਿੰਘ ਵਡਾਲਾ ਆਦਿ ਪਿੰਡ ਵਾਸੀ ਅਤੇ ਸਕੂਲ ਸਟਾਫ ਹਾਜ਼ਰ ਸੀ।

## ਸਪਰਿੰਗ ਬਰਡਜ਼ ਸਕੂਲ ਸੈਦੋ ਲੇਹਲ ਖੁਜਾਲਾ ਦੇ ਬੱਚਿਆਂ ਦਾ ਸਨਮਾਨ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**

ਪ੍ਰਿੰ. ਮੈਡਮ ਗੁਰਪ੍ਰੀਤ ਕੌਰ ਅਤੇ ਐਮਡੀ ਪਰਮਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਪਰਿੰਗ ਬਰਡਜ਼ ਸੀਨੀਅਰ ਸੈਕੰਡਰੀ ਸਕੂਲ ਅੱਡਾ ਸੈਦੋਲੇਹਲ ਖੁਜਾਲਾ ਮਹਿਤਾ ਰੋਡ ਸ੍ਰੀ ਅੰਮ੍ਰਿਤਸਰ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਧਰਮ ਪ੍ਰਚਾਰ ਕਮੇਟੀ) ਸ੍ਰੀ ਅੰਮ੍ਰਿਤਸਰ ਵੱਲੋਂ 2024 ਵਿੱਚ ਲਈ ਗਈ ਹਾਰਮਿਕ ਪ੍ਰੀਖਿਆ ਵਿੱਚ ਸਕੂਲ ਦੇ 105 ਬੱਚਿਆ ਨੇ ਭਾਗ ਲਿਆ, ਜਿਸ ਵਿੱਚੋਂ ਪਹਿਲੇ ਦਰਜੇ ਦੇ 11 ਬੱਚਿਆਂ ਅਤੇ ਦੂਜੇ ਦਰਜੇ ਦੇ 7 ਬੱਚਿਆਂ ਨੇ ਕ੍ਰਮਵਾਰ 1100 ਤੇ 2100 ਦੇ ਵਜ਼ੀਫੇ ਪ੍ਰਾਪਤ ਕੀਤੇ ਅਤੇ 23 ਬੱਚਿਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ ।ਸਕੂਲ ਦੇ ਐਮਡੀ ਪਰਮਿੰਦਰ ਸਿੰਘ ਨੇ ਬੱਚਿਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਦੂਜੀ ਪੜ੍ਹਾਈ ਦੇ ਨਾਲ ਨਾਲ ਸਾਨੂੰ ਧਾਰਮਿਕ ਪ੍ਰੀਖਿਆ ਵੱਲ ਵੀ ਵੱਧ ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ ਤਾਂ ਜੋ ਸਿੱਖ ਇਤਿਹਾਸ ਦੇ ਨਾਲ ਸਾਨੂੰ ਵੱਧ ਤੋਂ ਵੱਧ ਜਾਣਕਾਰੀ ਮਿਲ ਸਕੇ। ਉਨ੍ਹਾਂ ਬੱਚਿਆਂ ਨੂੰ ਸ਼ਾਬਾਸ਼ ਦਿੰਦਿਆਂ ਕਿਹਾ ਕਿ ਸਕੂਲ ਵੱਲੋਂ ਬੱਚਿਆਂ ਦਾ ਹਰ ਪੱਖ ਤੋਂ ਸਹਿਯੋਗ ਕੀਤਾ ਜਾਵੇਗਾ ਤਾਂ ਜੋ ਅੱਗੇ ਤੋ ਹੋਰ ਬੱਚੇ ਵੀ ਇਸ ਪ੍ਰੀਖਿਆ ਵੱਲ ਧਿਆਨ ਦੇ ਸਕਣ।

## ਡਾ. ਚਰਨਜੀਤ ਸਿੰਘ ਵੱਲੋਂ ਐਡਵਾਂਸਡ ਗੈਸਟਰੋ-ਸਾਇੰਸਿਜ਼ ਵਿਭਾਗ ਦਾ ਉਦਘਾਟਨ

**ਮੋਹਾਲੀ**-ਅੱਜ ਦੀ ਤੇਜ਼ ਰਫ਼ਤਾਰ ਜ਼ਿੰਦਗੀ, ਅਣਨਿਯਮਿਤ ਖਾਣ-ਪੀਣ ਅਤੇ ਵਧਦੇ ਤਣਾਅ ਕਾਰਨ ਹਾਜ਼ਮੇ, ਜਿਗਰ ਅਤੇ ਪੇਟ ਨਾਲ ਸੰਬੰਧਿਤ ਬਿਮਾਰੀਆਂ ਦੇ ਮਾਮਲੇ ਲਗਾਤਾਰ ਵਧ ਰਹੇ ਹਨ।ਸਿਹਤ ਮਾਹਿਰਾਂ ਅਨੁਸਾਰ ਗੈਸ, ਐਸਿਡਿਟੀ, ਪੇਟ ਦਰਦ, ਜਿਗਰ ਦੀਆਂ ਬਿਮਾਰੀਆਂ ਅਤੇ ਅੰਤੜੀਆਂ ਨਾਲ ਜੁੜੀਆਂ ਸਮੱਸਿਆਵਾਂ ਨੂੰ ਨਜ਼ਰਅੰਦਾਜ਼ ਕਰਨਾ ਗੰਭੀਰ ਸਮੱਸਿਆਵਾਂ ਦਾ ਕਾਰਨ ਬਣ ਸਕਦਾ ਹੈ।ਇਨ੍ਹਾਂ ਬਿਮਾਰੀਆਂ ਦੀ ਸਮੇਂ ਸਿਰ ਪਛਾਣ ਅਤੇ ਉੱਚ ਪੱਧਰੀ ਇਲਾਜ ਨੂੰ ਆਸਾਨ ਬਣਾਉਣ ਦੇ ਉਦੇਸ਼ ਨਾਲ ਸ਼ੈਲਬੀ ਮਲਟੀਸਪੈਸ਼ਲਟੀ ਹਸਪਤਾਲ, ਮੋਹਾਲੀ ਵੱਲੋਂ ਐਡਵਾਂਸਡ ਗੈਸਟਰੋ-ਸਾਇੰਸਿਜ਼ ਵਿਭਾਗ ਦੀ ਸ਼ੁਰੂਆਤ ਕੀਤੀ ਗਈ ਹੈ।ਇਸ ਆਧੁਨਿਕ ਵਿਭਾਗ ਦਾ ਉਦਘਾਟਨ ਵੀਰਵਾਰ ਨੂੰ ਚਮਕੌਰ ਸਾਹਿਬ ਵਿਧਾਇਕ ਡਾ. ਚਰਨਜੀਤ ਸਿੰਘ ਵੱਲੋਂ ਕੀਤਾ ਗਿਆ।ਇਸ ਵਿਭਾਗ ਨੂੰ ਤਜਰਬੇਕਾਰ ਮਾਹਿਰ ਡਾਕਟਰਾਂ ਦੀ ਟੀਮ ਸੰਭਾਲ ਰਹੀ ਹੈ, ਜਿਸ ਵਿੱਚ ਡਾ. ਰਾਹੁਲ ਗੁਪਤਾ (ਡਾਇਰੈਕਟਰ-ਗੈਸਟਰੋਐਂਟਰੋਲੋਜੀ, ਹੈਪਾਟੋਲੋਜੀ ਅਤੇ ਐਂਡੋਸਕੋਪੀ), ਡਾ. ਜੀ. ਆਰ. ਵਰਮਾ (ਸੀਨੀਅਰ ਕਨਸਲਟੈਂਟ-ਜੀ ਆਈ ਅਤੇ ਲੈਪ੍ਰੋਸਕੋਪਿਕ ਸਰਜਰੀ), ਡਾ. ਪੰਕਜ ਭੱਲਾ (ਕਨਸਲਟੈਂਟ-ਸਰਜੀਕਲ ਗੈਸਟਰੋਐਂਟਰੋਲੋਜੀ) ਅਤੇ ਡਾ. ਰਵਿੰਦਰ ਗੋਇਲ (ਕਨਸਲਟੈਂਟ-ਗੈਸਟਰੋ ਸਾਇੰਸਿਜ਼) ਸ਼ਾਮਲ ਹਨ।

## 7ਵੀਂ ਰਾਸ਼ਟਰੀ ਸਿੱਖ ਖੇਡ ਯੋਗਾ ਚੈਂਪੀਅਨਸ਼ਿਪ 'ਚ ਸੋਨੇ ਦੇ ਛੇ ਤਮਗੇ ਜਿੱਤੇ

**ਬਟਾਲਾ (ਡਾ. ਮਲਵਿੰਦਰ ਸਿੰਘ)**

ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ 7ਵੀਂ ਰਾਸ਼ਟਰੀ ਸਿੱਖ ਖੇਡ ਯੋਗਾ ਚੈਂਪੀਅਨਸ਼ਿਪ ਪਵਿੱਤਰ ਸ਼ਹਿਰ ਅੰਮ੍ਰਿਤਸਰ ਵਿੱਚ ਆਯੋਜਿਤ ਕੀਤੀ ਗਈ।ਦੇਸ਼ ਭਰ ਦੇ 205 ਐਥਲੀਟਾਂ ਨੇ ਇਸ ਰਾਸ਼ਟਰੀ ਪੱਧਰ ਦੇ ਮੁਕਾਬਲੇ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ।ਆਰ. ਡੀ. ਖੋਸਲਾ ਡੀਏਵੀ ਮਾਡਲ ਸੀਨੀਅਰ ਸੈਕੰਡਰੀ ਸਕੂਲ, ਬਟਾਲਾ ਦੇ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਨੇ ਸ਼ਾਨਦਾਰ ਅਨੁਸ਼ਾਸਨ, ਸੰਤੁਲਨ ਅਤੇ ਯੋਗਾ ਹੁਨਰ ਦਾ ਪ੍ਰਦਰਸ਼ਨ ਕਰਦੇ ਹੋਏ ਛੇ ਸੋਨ ਤਮਗੇ ਜਿੱਤ ਕੇ ਰਾਸ਼ਟਰੀ ਮੰਚ 'ਤੇ ਸਕੂਲ ਦਾ ਨਾਮ ਰੌਸ਼ਨ ਕੀਤਾ।ਵਿਦਿਆਰਥੀਆਂ ਨੇ ਵੱਖ-ਵੱਖ ਯੋਗ ਆਸਣਾਂ ਵਿੱਚ ਆਪਣੇ ਸ਼ਾਨਦਾਰ ਤਾਲਮੇਲ, ਸਰੀਰਕ ਚੁਸਤੀ ਅਤੇ ਮਾਨਸਿਕ ਇਕਾਗਰਤਾ ਨਾਲ ਜੱਜਾਂ ਨੂੰ ਪ੍ਰਭਾਵਿਤ ਕੀਤਾ।ਅਰਸ਼ਦੀਪ ਸਿੰਘ ਨੇ ਲੜਕਿਆਂ ਦੇ ਅੰਡਰ-10 ਵਰਗ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ, ਜਦੋਂ ਕਿ ਦਮਨਪ੍ਰੀਤ ਸਿੰਘ ਅਤੇ ਏਕਮਜੋਤ ਸਿੰਘ ਨੇ ਅੰਡਰ-14 ਵਰਗ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। ਕੁੜੀਆਂ ਦੇ ਅੰਡਰ-12 ਵਰਗ ਵਿੱਚ, ਮਨਗੀਤ ਕੌਰ ਨੇ ਵਿਅਕਤੀਗਤ ਤੌਰ ਤੇ ਪਹਿਲਾ ਸਥਾਨ ਪ੍ਰਾਪਤ ਕੀਤਾ, ਉਸ ਤੋਂ ਬਾਅਦ ਅਰਸ਼ਦੀਪ ਸਿੰਘ ਅਤੇ ਕੁੜੀਆਂ ਦੇ ਅੰਡਰ-12 ਵਰਗ ਵਿੱਚ, ਮਨਪ੍ਰੀਤ ਕੌਰ ਅਤੇ ਜਸਲੀਨ ਕੌਰ ਨੇ ਦੂਜਾ ਸਥਾਨ ਪ੍ਰਾਪਤ ਕੀਤਾ ਅਤੇ ਏਕਮਜੋਤ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਅੰਡਰ-10 ਵਰਗ ਵਿੱਚ ਸਿਮਰਨ, ਰੋਜ਼ਲ, ਗੁਰਨੂਰ, ਹਰਸ਼ਿਤ ਅਤੇ ਨਿਮਰਤ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ ਪ੍ਰਧਾਨ ਅਜੈ ਖੋਸਲਾ ਅਤੇ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਜੇਤੂ ਵਿਦਿਆਰਥੀਆਂ, ਉਨ੍ਹਾਂ ਦੇ



ਮਾਪਿਆਂ ਅਤੇ ਕੋਚ ਊਸ਼ਾ ਕਿਰਨ ਅਤੇ ਵਿਨੈ ਪੁਸ਼ਕਰਨਾ ਨੂੰ ਇਸ ਸ਼ਾਨਦਾਰ ਪ੍ਰਾਪਤੀ ਤੇ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।ਉਨ੍ਹਾਂ ਕਿਹਾ ਕਿ ਯੋਗਾ ਨਾ ਸਿਰਫ਼ ਸਰੀਰਕ ਸਿਹਤ ਨੂੰ ਉਤਸ਼ਾਹਿਤ ਕਰਦਾ ਹੈ ਬਲਕਿ ਅਨੁਸ਼ਾਸਨ, ਸਵੈ-ਨਿਯੰਤਰਣ ਅਤੇ ਸਕਾਰਾਤਮਕ ਸੋਚ ਨੂੰ ਵੀ ਉਤਸ਼ਾਹਿਤ ਕਰਦਾ ਹੈ।ਇਹ ਸਫਲਤਾ ਵਿਦਿਆਰਥੀਆ ਦੀ ਕਰੜੀ ਮਿਹਨਤ ਅਤੇ ਅਧਿਆਪਕਾਂ ਦੇ ਯੋਗ ਮਾਰਗਦਰਸ਼ਨ ਦਾ ਨਤੀਜਾ ਹੈ।

## ਬੱਸ ਦੀ ਟੱਕਰ ਵੱਜਣ 'ਤੇ ਮੋਟਰਸਾਈਕਲ ਸਵਾਰ ਔਰਤ ਦੀ ਮੌਤ, ਮਾਮਲਾ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**-ਥਾਣਾ ਬਹਿਰਾਮਪੁਰ ਪੁਲਸ ਨੇ ਮੋਟਰਸਾਈਕਲ ਨੂੰ ਟੱਕਰ ਮਾਰਨ ਵਾਲੇ ਨਾ-ਮਾਲੂਮ ਬੱਸ ਚਾਲਕ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਸੁਰੇਸ਼ ਕੁਮਾਰ ਪੁੱਤਰ ਕਿਸ਼ਨ ਚੰਦ ਵਾਸੀ ਮਰਾੜਾ ਨੇ ਦੱਸਿਆ ਕਿ 22 ਜਨਵਰੀ ਨੂੰ ਮੈਂ ਆਪਣੀ ਪਤਨੀ ਸੁਦੇਸ਼ ਕੁਮਾਰੀ ਉਮਰ 44 ਅਤੇ ਲੜਕੀ ਸੁਦੀਕਸ਼ਾ ਉਮਰ 18 ਸਾਲ ਆਪਣੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਮਰਾੜਾ ਤੋਂ ਦੀਨਾਨਗਰ ਨੂੰ ਜਾ ਰਹੇ ਸੀ। ਜਦ ਉਹ ਅੱਡਾ ਬਹਿਰਾਮਪੁਰ ਤੋਂ ਥੌੜਾ ਅੱਗੇ ਰੰਗੜ ਪਿੰਡੀ ਮੋੜ ਤੋਂ ਥੋੜਾ ਪਿੱਛੇ ਸੀ ਤਾਂ ਇੱਕ ਮਿੰਨੀ ਬੱਸ ਤੇਜ਼ ਰਫਤਾਰ ਨਾਲ ਆਈ ਜਿਸ ਨੂੰ ਨਾ-ਮਾਲੂਮ ਡਰਾਈਵਰ ਚਲਾ ਰਿਹਾ ਸੀ, ਉਸ ਨੇ ਬੱਸ ਨੂੰ ਗਲਤ ਸਾਈਡ ਤੋਂ ਲਾਪ੍ਰਵਾਹੀ ਨਾਲ ਲਿਆ ਕੇ ਮੋਟਰਸਾਈਕਲ ਦੇ ਪਿਛਲੇ ਪਾਸੇ ਮਾਰ ਦਿੱਤੀ ਜਿਸ ਨਾਲ ਉਹ ਸੜਕ 'ਤੇ ਡਿੱਗ ਪਏ ਅਤੇ ਉਸਦੀ ਪਤਨੀ ਸੁਦੇਸ਼ ਕੁਮਾਰੀ ਦੇ ਕਾਫੀ ਗੰਭੀਰ ਸੱਟਾਂ ਲੱਗ ਗਈਆਂ ਜਿਸ ਨੂੰ ਇਲਾਜ ਲਈ ਹਸਪਤਾਲ ਪਠਾਨਕੋਟ ਦਾਖਲ ਕਰਵਾਇਆ ਗਿਆ ਜਿਥੇ ਉਸ ਦੀ ਮੌਤ ਹੋ ਗਈ ਹੈ। ਬੱਸ ਦਾ ਨੰਬਰ ਬਾਅਦ ਵਿੱਚ ਪਤਾ ਲੱਗਾ ਹੈ। ਪੁਲਸ ਨੇ ਬੱਸ ਚਾਲਕ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

## 'ਬੀਬਾ ਬਲਵੰਤ-ਸ਼ਖ਼ਸੀਅਤ ਤੇ ਕਾਵਿ ਚਿੰਤਨ' ਰਿਲੀਜ਼



**ਗੁਰਦਾਸਪੁਰ, (ਦਿਨੇਸ਼ ਕੁਮਾਰ)**

ਪ੍ਰਸਿੱਧ ਕਵੀ, ਚਿੱਤਰਕਾਰ, ਫ਼ੋਟੋਗਰਾਫ਼ਰ, ਨਾਟਕਕਾਰ ਬੀਬਾ ਬਲਵੰਤ ਦੇ ਜੀਵਨ ਅਤੇ ਸਾਹਿਤਕ ਦੇਣ ਸਬੰਧੀ 52 ਵੱਖ-ਵੱਖ ਉੱਘੇ ਸਾਹਿਤਕਾਰਾਂ ਵੱਲੋਂ ਲਿਖੇ ਲੇਖਾਂ ਦੀ ਪੁਸਤਕ ਬੀਬਾ ਬਲਵੰਤ-ਸ਼ਖ਼ਸੀਅਤ ਤੇ ਕਾਵਿ ਚਿੰਤਨ ਨੂੰ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਰਮਨ ਬਹਿਲ ਵੱਲੋਂ ਆਪਣੇ ਗ੍ਰਹਿ ਵਿਖੇ ਰਿਲੀਜ਼ ਕੀਤਾ ਗਿਆ ।ਇਸ ਪੁਸਤਕ ਦਾ ਸੰਪਾਦਨ ਸਾਹਿਤਕਾਰ ਪ੍ਰੋ (ਡਾ.) ਪਰਮਜੀਤ ਸਿੰਘ ਢੀਂਗਰਾ ਵੱਲੋਂ ਕੀਤਾ ਗਿਆ ਹੈ ।ਇਸ ਮੌਕੇ ਆਪਣੇ ਸੰਬੋਧਨ ਵਿੱਚ ਰਮਨ ਬਹਿਲ ਨੇ ਕਿਹਾ ਕਿ ਗੁਰਦਾਸਪੁਰ ਲਈ ਬੜੇ ਮਾਣ ਵਾਲੀ ਗੱਲ ਹੈ ਕਿ 52 ਸਾਹਿਤਕਾਰਾਂ ਨੇ ਇਸ ਕਲਾਕਾਰ ਬਾਰੇ ਆਪੋ ਆਪਣੇ ਵਿਚਾਰ ਦਿੱਤੇ ਹਨ ।ਬੀਬਾ ਬਲਵੰਤ ਦੀ ਸਾਹਿਤ ਅਤੇ ਕਲਾ ਦੇ ਖੇਤਰ ਵਿੱਚ ਦੇਣ ਅਮੁੱਲ ਹੈ।ਪ੍ਰਿੰਸੀਪਲ ਅਵਤਾਰ ਸਿੰਘ ਨੇ ਬੀਬਾ ਬਲਵੰਤ ਨਾਲ ਗੁਜ਼ਾਰੇ ਸਾਲਾਂ ਦੇ ਸਾਥ ਵਿਚਲੇ ਸਾਹਿਤਕ ਪਲਾਂ ਨੂੰ ਸਾਂਝਾ ਕੀਤਾ।ਆਪਣੇ ਸੰਬੋਧਨ ਵਿੱਚ ਬੀਬਾ ਬਲਵੰਤ ਨੇ ਨੌਜਵਾਨ ਪੀੜ੍ਹੀ ਨੂੰ ਸੰਦੇਸ਼ ਦਿੰਦਿਆਂ ਕਿਹਾ ਕਿ ਕੁਦਰਤ ਅਤੇ ਕਿਤਾਬਾਂ ਨਾਲ ਦੋਸਤੀ ਕਾਇਮ ਕਰ ਕੇ ਠਰ੍ਹੰਮੇ ਨਾਲ ਮਿਹਨਤ ਦੇ ਰਸਤੇ 'ਤੇ ਚੱਲ ਕੇ ਹਰ ਮੰਜ਼ਿਲ ਸਰ ਕੀਤੀ ਜਾ ਸਕਦੀ ਹੈ।ਇਸ ਮੌਕੇ ਵਿਕਾਸ ਸ਼ਿੰਗਾਰੀ, ਹਨੀ ਬਹਿਲ, ਬਾਵਾ ਬਹਿਲ ਅਤੇ ਹੋਰ ਸਾਹਿਤ ਪ੍ਰੇਮੀ ਮੌਜੂਦ ਸਨ।

## ਕਾਮਰੇਡ ਉਜਾਗਰ ਸਿੰਘ ਯਾਦਗਾਰੀ ਅੰਤਰਰਾਸ਼ਟਰੀ ਸੱਭਿਆਚਾਰਕ ਮੇਲਾ 19 ਨੂੰ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**

ਇਨਕਲਾਬੀ ਲਹਿਰਾਂ ਦੇ ਮੋਢੀ ਉੱਘੇ ਦੇਸ਼ ਭਗਤ ਕਾਮਰੇਡ ਸੋਹਨ ਸਿੰਘ ਜੋਸ਼ ਦੇ ਸਾਥੀ ਅਤੇ ਅੰਮ੍ਰਿਤਸਰ ਦੀ ਅਜਨਾਲਾ ਤਹਿਸੀਲ ਦੇ ਪਿੰਡ ਖਤਰਾਏ ਕਲਾਂ ਦੇ ਜੰਮਪਲ ਮਹਾਨ ਆਜ਼ਾਦੀ ਘੁਲਾਟੀਏ ਕਾਮਰੇਡ ਉਜਾਗਰ ਸਿੰਘ ਖਤਰਾਏ ਕਲਾਂ ਯਾਦਗਾਰੀ ਅੰਤਰਰਾਸ਼ਟਰੀ ਸੱਭਿਆਚਾਰਕ ਮੇਲਾ ਇਸ ਵਾਰ 19 ਫਰਵਰੀ ਨੂੰ ਦਾਣਾ ਮੰਡੀ ਖਤਰਾਏ ਕਲਾਂ ਵਿਖੇ ਹੋਵੇਗਾ।ਮੇਲੇ ਦੀ ਰੂਪ ਰੇਖਾ ਉਲੀਕਣ ਅਤੇ ਪ੍ਰਬੰਧਾਂ ਸਬੰਧੀ ਇੱਕ ਤਿਆਰੀ ਮੀਟਿੰਗ ਦਿਲਬਾਗ ਸਿੰਘ ਖਤਰਾਏ ਕਲਾਂ ਦੀ ਪ੍ਰਧਾਨਗੀ ਹੇਠ ਕੀਤੀ ਗਈ, ਜਿਸ ਸਮੇਂ ਮੇਲਾ ਪ੍ਰਬੰਧਕ ਕਮੇਟੀ ਦੇ ਅਹੁਦੇਦਾਰਾਂ ਤੋਂ ਇਲਾਵਾ ਨੇੜਲੇ ਪਿੰਡਾਂ ਦੇ ਪਤਵੰਤੇ ਵੀ ਸ਼ਾਮਲ ਹੋਏ।ਮੀਟਿੰਗ ਉਪਰੰਤ ਇਸ ਸਬੰਧੀ ਜਾਣਕਾਰੀ ਦਿੰਦਿਆਂ ਉਨ੍ਹਾਂ ਦੇ ਪੋਤਰੇ ਅਤੇ ਸਮਾਜ ਸੇਵੀ ਦਿਲਬਾਗ ਸਿੰਘ ਖਤਰਾਏ ਕਲਾਂ ਨੇ ਦੱਸਿਆ ਕਿ ਇਸ ਸਮੇਂ ਕਰਵਾਏ ਜਾਣ ਵਾਲੇ ਇੱਕ ਸੱਭਿਆਚਾਰਕ ਪ੍ਰੋਗਰਾਮ ਸਮੇਂ ਪੰਜਾਬ ਦੇ ਨਾਮਵਰ ਕਲਾਕਾਰ ਬਲਕਾਰ ਅਣਖੀਲਾ ਬੀਬਾ-ਮਨਜਿੰਦਰ ਗੁਲਸ਼ਨ, ਗੁਰਵਿੰਦਰ ਗਿੱਲ, ਐਂਜਲਾ ਬ੍ਰਦਰਸ, ਜੀ. ਐੱਸ. ਪੀਟਰ, ਯੁਵਰਾਜ-ਬਲਰਾਜ ਅਤੇ ਐੱਸ. ਪੀ. ਪ੍ਰਿੰਸੀਪਲ ਦੀ ਭੰਗੜਾ ਟੀਮ ਦਰਸ਼ਕਾਂ ਦਾ ਭਰਪੂਰ ਮਨੋਰੰਜਨ ਕਰੇਗੀ।ਵੱਖ-ਵੱਖ ਖੇਤਰਾਂ ਵਿੱਚ ਵਿਸ਼ੇਸ਼ ਯੋਗਦਾਨ ਪਾਉਣ ਵਾਲੀਆਂ ਪੰਜ ਸ਼ਖਸੀਅਤਾਂ ਨੂੰ ਸਨਮਾਨਿਤ ਵੀ ਕੀਤਾ ਜਾਵੇਗਾ।ਮੀਟਿੰਗ ਸਮੇਂ ਸੁਖਚੈਨ ਸਿੰਘ ਝੰਡੇਰ, ਸਰਪੰਚ ਹਰਦੇਵ ਸਿੰਘ ਜੰਗਾ ਭੋਏਵਾਲੀ, ਮਾਸਟਰ ਅਵਤਾਰ ਸਿੰਘ, ਡਾ: ਗੁਰਭੇਜ



ਸਿੰਘ, ਡਾ: ਸੰਦੀਪ ਸਿੰਘ ਲਸ਼ਕਰੀ ਨੰਗਲ, ਸਰਪੰਚ ਬੱਬੂ ਸਲੋਦੀਨ, ਰਣਜੋਧ ਸਿੰਘ, ਕਵਲਜੀਤ ਭੱਟੀ, ਤਰਸੇਮ ਸਿੰਘ ਦੋਧੀ, ਕਾ: ਧਨਵੰਤ ਸਿੰਘ ਅਮਨਦੀਪ ਸਿੰਘ ਖਤਰਾਏ ਕਲਾਂ, ਪੱਤਰਕਾਰ ਨਿਰਵੈਲ ਸਿੰਘ, ਪੱਤਰਕਾਰ ਸੁਖਦੇਵ ਸਿੰਘ ਸੰਤੂ ਨੰਗਲ, ਮੈਂਬਰ ਰਤਨ ਸਿੰਘ, ਕਰਮ ਸਿੰਘ, ਜਗਤਾਰ ਸਿੰਘ ਫੌਜੀ, ਬਾਬਾ ਜਗਤਾਰ ਸਿੰਘ, ਬਲਰਾਜ ਸਿੰਘ, ਸਾਬਕਾ ਸਰਪੰਚ ਬੂਟਾ ਸਿੰਘ, ਸਰਪੰਚ ਸਤਨਾਮ ਸਿੰਘ, ਰਣਜੀਤ ਸਿੰਘ, ਇਕਬਾਲ ਸਿੰਘ ਬਾਊ, ਤਾਜ ਸਿੰਘ, ਬਿੱਟੂ ਸਿੰਘ, ਲਾਲੀ ਸਿੰਘ, ਰਘਬੀਰ ਸਿੰਘ, ਸੁਰਜੀਤ ਸਿੰਘ, ਗੁਲਸ਼ਨ ਸਿੰਘ, ਕਰਮ ਸਿੰਘ ਮੈਂਬਰ ਰਜਿੰਦਰ ਸਿੰਘ ਆਦਿ ਹਾਜ਼ਰ ਸਨ।

## ਪ੍ਰੀਖਿਆਵਾਂ 'ਚ ਚੜ੍ਹਦੀ ਕਲਾ ਲਈ ਅਖੰਡ ਪਾਠ ਕਰਵਾਇਆ

**ਪਠਾਨਕੋਟ (ਦਵਿੰਦਰ ਸਿੰਘ)**-ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਪਠਾਨਕੋਟ ਵਿਖੇ ਬੱਚਿਆਂ ਦੇ ਸਾਲਾਨਾ ਪ੍ਰੀਖਿਆਵਾਂ ਦੇ ਸੰਦਰਭ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੇ ਅਖੰਡ ਪਾਠ 28 ਜਨਵਰੀ ਨੂੰ ਸ਼ੁਰੂ ਕਰਵਾਏ ਗਏ ਸਨ ਜਿਨ੍ਹਾਂ ਦੇ ਭੋਗ ਪਾਏ ਗਏ।ਸਕੂਲ ਦੇ ਪ੍ਰਿੰਸੀਪਲ ਰਚਨਾ ਆਹੂਜਾ ਦੀ ਅਗਵਾਈ ਵਿੱਚ ਬੱਚਿਆਂ ਨੇ ਰਸਭਿੰਨਾ ਕੀਰਤਨ ਕੀਤਾ।ਐੱਲਕੇਜੀ ਤੋਂ ਲੈ ਕੇ ਬਾਰ੍ਹਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਮਿਊਜ਼ਿਕ ਅਧਿਆਪਕ ਪਰਮਜੀਤ ਸਿੰਘ ਗੁਰਾਇਆ ਦੀ ਰਹਿਨੁਮਾਈ ਹੇਠ ਕੀਰਤਨ ਰਾਹੀਂ ਗੁਰੂ ਮਹਾਰਾਜ ਜੀ ਦੀ ਵਡਿਆਈ ਕੀਤੀ।ਇਸ ਮੌਕੇ ਬੋਲਦਿਆਂ ਪ੍ਰਿੰਸੀਪਲ ਰਚਨਾ ਆਹੂਜਾ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਮਿਹਨਤ ਕਰਨੀ ਚਾਹੀਦੀ ਹੈ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈ ਕੇ ਪ੍ਰੀਖਿਆਵਾਂ ਵਿੱਚ ਵਧੀਆ ਨਤੀਜੇ ਲਿਆਉਣੇ ਚਾਹੀਦੇ ਹਨ।ਇਸ ਮੌਕੇ ਸਕੂਲ ਦੀ ਪ੍ਰਬੰਧਕੀ ਕਮੇਟੀ ਦੇ ਮੈਂਬਰ ਜਥੇਦਾਰ ਗੁਰਦੀਪ ਸਿੰਘ ਗੁਲਾਟੀ ਅਤੇ ਮਿੰਟੂ ਜੀ ਨੇ ਵੀ ਵਿਦਿਆਰਥੀਆਂ ਦੇ ਸੁਨਹਿਰੇ ਭਵਿੱਖ ਲਈ ਗੁਰੂ ਮਹਾਰਾਜ ਅੱਗੇ ਅਰਦਾਸ ਕੀਤੀ।ਪੰਜਾਬੀ ਅਧਿਆਪਕ ਰਮਨ ਕਾਲੀਆ ਨੇ ਵੀ ਵਿਦਿਆਰਥੀਆਂ ਨੂੰ ਮਿਹਨਤ ਕਰਨ ਲਈ ਪ੍ਰੇਰਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਰਜਿੰਦਰ ਜੋਸ਼ੀ, ਵਰਿੰਦਰ ਭਨੋਟ, ਜਗਦੀਪ ਸਿੰਘ, ਵਿਨੇ ਸੈਣੀ, ਮੋਹਿਤ, ਵਿਕਾਸ ਗੁਪਤਾ, ਦੀਪਕ, ਸ਼ਰਨਜੀਤ, ਵੰਦਨਾ ਥਾਪਰ, ਸ਼ਾਲੂ ਸੈਣੀ, ਹਰਪ੍ਰੀਤ ਕੌਰ, ਰਚਨਾ, ਨੇਹਾ, ਚਿਤਰਾ ਪੁਰੀ, ਚਰਨਜੀਤ ਕੌਰ, ਵਿਭਾ ਰਾਜਪਾਲ, ਸਰਬਜੀਤ ਕੌਰ, ਜਸਪ੍ਰੀਤ ਕੌਰ ਆਦਿ ਹਾਜ਼ਰ ਸਨ।

## ਜਗਰੂਪ ਸਿੰਘ ਬੁੱਟਰ ਦਾ ਯੂ-ਟਿਊਬ ਚੈਨਲ 'ਜੀਵੇ ਪੰਜਾਬੀ'

**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**

ਆਸਟ੍ਰੇਲੀਆ ਰਹਿ ਰਹੇ ਜਗਰੂਪ ਸਿੰਘ ਬੁੱਟਰ ਜਾਣੇ ਪਛਾਣੇ ਮੰਚ ਸੰਚਾਲਕ ਹਨ।ਉਹ ਹੁਣ ਤੱਕ ਅਨੇਕਾਂ ਗਾਇਕਾਂ ਕਲਾਕਾਰਾਂ ਨੂੰ ਵੱਡੀਆਂ ਵੱਡੀਆਂ ਸਟੇਜਾਂ ਤੋਂ ਦਰਸ਼ਕਾਂ ਦੇ ਰੂਬਰੂ ਕਰਵਾ ਚੁੱਕੇ ਹਨ ਤੇ ਇਸ ਸਭ ਦੇ ਨਾਲ ਹੀ ਉਹ ਆਪਣੀ ਮਾਂ ਬੋਲੀ ਪੰਜਾਬੀ ਦੇ ਪ੍ਰਚਾਰ ਪਾਸਾਰ ਲਈ ਹਮੇਸ਼ਾ ਯਤਨਸ਼ੀਲ ਰਹਿੰਦੇ ਹਨ।ਇਸੇ ਯਤਨ ਵਜੋਂ ਉਹ ਇਕ ਯੂਟਿਊਬ ਚੈਨਲ 'ਜੀਵੇ ਪੰਜਾਬੀ' ਵੀ ਚਲਾ ਰਹੇ ਹਨ ਜਿਸ ਵਿੱਚ ਉਹ ਪੰਜਾਬੀ ਗਾਇਕਾਂ, ਗੀਤਕਾਰਾਂ, ਲੋਕਧਾਰਾ ਦੇ ਮਾਹਿਰਾਂ, ਰਾਗੀ ਢਾਡੀਆਂ ਨਾਲ ਇੰਟਰਵਿਊ ਕਰਦੇ ਹਨ।ਉਹ ਪੰਜਾਬੀ ਮਾਂ ਬੋਲੀ ਤੋਂ ਮੂੰਹ ਮੋੜ ਰਹੀ ਨੌਜਵਾਨੀ ਦੇ ਰਵੱਈਏ ਤੋਂ ਬੜੇ ਦੁਖੀ ਹਨ।ਉਨ੍ਹਾਂ 'ਨਵਾਂ ਜ਼ਮਾਨਾ' ਨਾਲ ਗੱਲ ਕਰਦਿਆਂ ਕਿਹਾ ਕਿ ਬੜੇ ਦੁੱਖ ਦੀ ਗੱਲ ਹੈ ਕਿ ਪੰਜਾਬੀ ਸਭਿਆਚਾਰਕ ਪ੍ਰੋਗਰਾਮਾਂ ਵਿਚ ਵੀ ਅਸੀਂ ਅੰਗਰੇਜ਼ੀ ਨੂੰ ਆਪਣੇ ਆਪ 'ਤੇ ਹਾਵੀ ਕਰੀ ਰੱਖਦੇ ਹਾਂ।ਉਨ੍ਹਾਂ ਦੱਸਿਆ ਕਿ ਇਕ ਸੱਭਿਆਚਾਰਕ ਮੇਲੇ ਦੌਰਾਨ ਮਾਈਕ 'ਤੇ ਬੋਲ ਰਹੀ ਇਕ ਬੀਬੀ ਖੂੰਡਿਆਂ ਨੂੰ ਸਟਿੱਕਾਂ ਕਹੀ ਜਾਵੇ ਤਾਂ ਮੈਨੂੰ ਦੁਖੀ ਹੋ ਕੇ ਕਹਿਣਾ ਪਿਆ ਕਿ ਭਾਈ ਬੀਬਾ ਇਹ ਸਟਿੱਕਾਂ ਨਹੀਂ ਸਗੋਂ ਸਾਡੇ ਦਾਦਿਆਂ ਬਾਬਿਆਂ ਤੇ ਸਾਡੇ ਪੰਜਾਬੀ ਸੱਭਿਆਚਾਰ ਦੀ ਸ਼ਾਨ ਖੂੰਡੇ ਹਨ।ਇੰਝ ਹੀ ਉਨ੍ਹਾਂ ਦੱਸਿਆ ਕਿ ਇਕ ਹੋਰ ਪ੍ਰੋਗਰਾਮ ਦੌਰਾਨ ਸਟੇਜ ਸੰਚਾਲਕ ਬੀਬੀ ਤਾਬੜਤੋੜ ਅੰਗਰੇਜ਼ੀ ਬੋਲੀ ਜਾਵੇ ਤਾਂ ਉਥੇ ਪੇਸ਼ਕਾਰੀ ਦੇਣ ਵਾਲਾ ਇਕ ਪ੍ਰਸਿੱਧ ਪੰਜਾਬੀ ਗਾਇਕ ਬੜੇ ਦੁਖੀ ਤੇ ਭਰੇ ਮਨ ਨਾਲ ਹੱਥ ਜੋੜਦਿਆਂ ਕੂਕ ਉੱਠਿਆ ਕਿ ਭੈਣ ਜੀ ਪੰਜਾਬੀ, ਪੰਜਾਬੀ, ਪੰਜਾਬੀ ਕ੍ਰਿਪਾ ਕਰਕੇ ਪੰਜਾਬੀ ਹੀ ਬੋਲੋ।ਉਨ੍ਹਾਂ ਸਮੂਹ ਪੰਜਾਬੀ ਪਿਆਰਿਆਂ ਨੂੰ ਅਪੀਲ ਕੀਤੀ ਕਿ ਸਾਨੂੰ ਆਪਣੇ ਘਰਾਂ, ਦੁਕਾਨਾਂ, ਕਾਰੋਬਾਰਾਂ ਅਤੇ ਨੌਕਰੀ ਪੇਸ਼ੇ ਵਾਲੀਆਂ ਥਾਵਾਂ 'ਤੇ ਆਪਣੀ ਮਾਂ ਬੋਲੀ ਪੰਜਾਬੀ ਨੂੰ ਪਹਿਲ ਦੇਣੀ ਚਾਹੀਦੀ ਹੈ।



## ਸਿੱਖ ਨੈਸ਼ਨਲ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਕਾਦੀਆਂ 'ਚ ਕਰਵਾਇਆ ਇਨਾਮ ਵੰਡ ਸਮਾਗਮ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**

ਸਿੱਖ ਐਜੂਕੇਸ਼ਨਲ ਸੁਸਾਇਟੀ ਚੰਡੀਗੜ੍ਹ ਦੇ ਪ੍ਰਬੰਧ ਅਧੀਨ ਚੱਲ ਰਹੇ ਸਿੱਖ ਨੈਸ਼ਨਲ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਕਾਦੀਆਂ ਦਾ 22ਵਾਂ ਸਾਲਾਨਾ ਇਨਾਮ ਵੰਡ ਸਮਾਗਮ ਸਕੂਲ ਪ੍ਰਿੰਸੀਪਲ ਡਾ. ਹਰਪ੍ਰੀਤ ਸਿੰਘ ਹੁੰਦਲ ਦੀ ਅਗਵਾਈ ਹੇਠ ਸਕੂਲ ਆਡੀਟੋਰੀਅਮ ਵਿਚ ਪੂਰੇ ਉਤਸ਼ਾਹ ਨਾਲ ਅਯੋਜਿਤ ਕੀਤਾ ਗਿਆ।ਇਸ ਇਨਾਮ ਵੰਡ ਸਮਾਗਮ ਦੇ ਮੁੱਖ ਮਹਿਮਾਨ ਵਜੋਂ ਪੰਜਾਬੀ ਸਾਹਿਤ ਦੀ ਪ੍ਰਸਿੱਧ ਕਹਾਣੀਕਾਰ ਡਾ. ਸਰਘੀ ਪ੍ਰੋਫ਼ੈਸਰ ਅਤੇ ਮੁਖੀ ਪੰਜਾਬੀ ਵਿਭਾਗ ਸਰਕਾਰੀ ਸਰੂਪ ਰਾਣੀ ਕਾਲਜ, ਅੰਮ੍ਰਿਤਸਰ ਸਨ। ਉਨ੍ਹਾਂ ਨਾਲ ਇਸ ਸਮਾਗਮ ਦੀ ਪ੍ਰਧਾਨਗੀ ਕਰਨ ਲਈ ਵਿਸ਼ੇਸ਼ ਤੌਰ ਤੇ ਸਕੂਲ ਸਥਾਨਕ ਪ੍ਰਬੰਧਕ ਕਮੇਟੀ ਨੇ ਸਕੱਤਰ ਕਸ਼ਮੀਰ ਸਿੰਘ ਬੋਪਾਰਾਏ ਸ਼ਾਮਿਲ ਹੋਏ।ਉਨ੍ਹਾਂ ਨਾਲ ਸਥਾਨਕ ਕਮੇਟੀ ਮੈਂਬਰਾਂ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਕਾਰਜਕਾਰਨੀ ਦੇ ਮੈਂਬਰ ਜਥੇਦਾਰ ਸੁਰਜੀਤ ਸਿੰਘ ਤੁਗਲਵਾਲ ,ਸਾਬਕਾ ਚੇਅਰਮੈਨ ਪੰਜਾਬ ਐਗਰੋ ਤਿਰਲੋਕ ਸਿੰਘ ਬਾਠ, ਸੇਵਾ ਮੁਕਤ ਐੱਸਈ ਪੀਐੱਸਪੀਸੀਐੱਲ ਸਤਨਾਮ ਸਿੰਘ ਬੁੱਟਰ, ਐਡਵੋਕੇਟ ਬਲਜਿੰਦਰ ਸਿੰਘ ਰਿਆੜ, ਸੇਵਾਮੁਕਤ ਪ੍ਰੋਫ਼ੈਸਰ ਕੁਲਵਿੰਦਰ ਸਿੰਘ ਸਮੇਤ ਪਤਵੰਤੇ ਹਾਜ਼ਰ ਸਨ।ਸਕੂਲ ਕੈਂਪਸ ਅੰਦਰ ਪੁੱਜਣ ਤੇ ਮੁੱਖ ਮਹਿਮਾਨ ਪ੍ਰਸਿੱਧ ਕਹਾਣੀਕਾਰਾ ਡਾ. ਸਰਘੀ ਦਾ ਪ੍ਰਿੰਸੀਪਲ ਡਾ. ਹਰਪ੍ਰੀਤ ਸਿੰਘ ਹੁੰਦਲ ਸਕੂਲ ਇੰਚਾਰਜ ਲੈਕਚਰਾਰ ਰਮਨਜੀਤ ਕੌਰ ਅਤੇ ਸਮੂਹ ਸਟਾਫ਼ ਨੇ ਫ਼ੁੱਲਾਂ ਦੇ ਗੁਲਦਸਤੇ ਦੇ ਕੇ ਨਿੱਘਾ ਸਵਾਗਤ ਕੀਤਾ।ਉਨ੍ਹਾਂ ਨਾਲ ਸਕੱਤਰ ਕਸ਼ਮੀਰ ਸਿੰਘ ਬੋਪਾਰਾਏ ਨੂੰ ਫ਼ੁੱਲਾਂ ਦਾ ਗੁਲਦਸਤਾ ਭੇਟ ਕਰਕੇ ਆਇਆਂ ਆਖਿਆ ਗਿਆ।ਇਨਾਮ ਵੰਡ ਸਮਾਗਮ ਦੀ ਸ਼ੁਰੂਆਤ ਸਕੂਲ ਦੀਆਂ ਵਿਦਿਆਰਥਣਾਂ ਪਵਨੀਤ ਕੌਰ, ਨਵਜੋਤ ਕੌਰ, ਲਵਪ੍ਰੀਤ ਕੌਰ, ਕੋਮਲਪ੍ਰੀਤ ਕੌਰ ਵੱਲੋਂ ਸ਼ਬਦ ਗਾਇਨ ਕਰਕੇ ਕੀਤੀ ਗਈ।ਸਕੂਲ ਇੰਚਾਰਜ ਲੈਕਚਰਾਰ ਰਮਨਜੀਤ ਕੌਰ ਵੱਲੋਂ ਸਕੂਲ ਦੀ ਸਾਲਾਨਾ ਰਿਪੋਰਟ ਪੜ੍ਹੀ ਗਈ ਅਤੇ ਪਿਛਲੇ ਸਮੇਂ ਵਿੱਚ ਸਕੂਲ ਦੀਆਂ ਅਕਾਦਮਿਕ, ਸੱਭਿਆਚਾਰਕ, ਧਾਰਮਿਕ, ਖੇਡਾਂ ਆਦਿ ਗਤੀਵਿਧੀਆਂ ਵਿੱਚ ਵਿਦਿਆਰਥੀਆਂ ਵੱਲੋਂ ਕੀਤੀਆਂ ਪ੍ਰਾਪਤੀਆਂ ਦਾ ਜ਼ਿਕਰ ਕੀਤਾ ।ਸਕੂਲ ਦੇ ਲਗਭਗ 100 ਤੋਂ ਵੱਧ ਵਿਦਿਆਰਥੀਆਂ ਨੂੰ ਵੱਖ-ਵੱਖ ਖੇਤਰਾਂ ਵਿੱਚ ਕੀਤੀਆਂ ਪ੍ਰਾਪਤੀਆਂ ਲਈ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਮੁੱਖ ਮਹਿਮਾਨ ਕਹਾਣੀਕਾਰ ਡਾ. ਸਰਘੀ ਨੇ ਇਨਾਮ ਪ੍ਰਾਪਤ ਕਰਨ ਵਾਲੇ ਬੱਚਿਆਂ ਨੂੰ ਮੁਬਾਰਕਬਾਦ ਭੇਟ ਕਰਦਿਆਂ ਖੁਸ਼ੀ ਦਾ



ਪ੍ਰਗਟਾਵਾ ਕੀਤਾ ਅਤੇ ਕਿਹਾ ਕਿ ਸਿੱਖ ਨੈਸ਼ਨਲ ਕਾਲਜੀਏਟ ਸਕੂਲ ਅੰਦਰ ਪੁੱਜ ਕੇ ਉਨ੍ਹਾਂ ਨੂੰ ਮਾਣ ਮਹਿਸੂਸ ਹੋਇਆ ਹੈ ਕਿਉਂਕਿ ਇਸ ਸਕੂਲ ਨੇ ਪੱਛੜੇ ਹੋਏ ਇਲਾਕੇ ਵਿੱਚ ਆਪਣੀ ਵਿਰਾਸਤ ਨੂੰ ਜਿੱਥੇ ਸੰਭਾਲਿਆ ਹੋਇਆ ਹੈ, ਉਸ ਦੇ ਨਾਲ-ਨਾਲ ਵਿਦਿਆਰਥੀ ਵਰਗ ਨੂੰ ਅਜੋਕੇ ਸਮੇਂ ਦੀ ਪੜ੍ਹਾਈ ਦੇ ਮੌਕੇ ਵੀ ਪ੍ਰਦਾਨ ਕੀਤੇ ਜਾ ਰਹੇ ਹਨ।ਉਨ੍ਹਾਂ ਸਮੂਹ ਬੱਚਿਆਂ ਨੂੰ ਆਪਣੀ ਸਵੈ-ਪੜਚੋਲ ਕਰਦਿਆਂ ਜ਼ਿੰਦਗੀ ਵਿੱਚ ਆਪਣੇ ਟੀਚੇ ਨੂੰ ਹਾਸਲ ਕਰਨ ਲਈ ਸਖ਼ਤ ਮਿਹਨਤ ਕਰਨ ਅਤੇ ਅਧਿਆਪਕਾਂ ,ਮਾਪਿਆਂ ਦਾ ਸਤਿਕਾਰ ਕਰਨ ਦੀ ਪ੍ਰੇਰਨਾ ਦਿੱਤੀ।ਸਥਾਨਕ ਸਕੱਤਰ ਕਸ਼ਮੀਰ ਸਿੰਘ ਬੋਪਾਰਾਏ ਨੇ ਆਏ ਮਹਿਮਾਨਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਸਾਡੀ ਸੰਸਥਾ ਇੱਕ ਵਿਰਾਸਤੀ ਸੰਸਥਾ ਹੈ, ਜੋ ਕਿ ਸਮੇਂ ਦੀ ਟੈਕਨੋਲੋਜੀ ਨਾਲ ਜੁੜ ਕੇ ਵਿਦਿਆਰਥੀ ਵਰਗ ਨੂੰ ਜਿੱਥੇ ਪੜ੍ਹਾਈ ਕਰਾ ਰਹੀ ਹੈ, ਉਸ ਦੇ ਨਾਲ-ਨਾਲ ਉਨ੍ਹਾਂ ਦੀ ਸ਼ਖ਼ਸ਼ੀਅਤ ਉਸਾਰੀ ਦੇ ਮੌਕੇ ਵੀ ਪ੍ਰਦਾਨ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਇਹ ਸੰਸਥਾ ਅਕਾਦਮਿਕ ਖੇਤਰ ਦੇ ਨਾਲ ਨਾਲ ਬਾਕੀ ਖ਼ੇਤਰਾਂ ਵਿੱਚ ਵੀ ਸ਼ਲਾਘਾਯੋਗ ਪ੍ਰਾਪਤੀਆਂ ਕਰ ਰਹੀ ਹੈ। ਵਿਦਿਆਰਥੀ ਵਰਗ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।ਪ੍ਰਿੰਸੀਪਲ ਡਾ. ਹਰਪ੍ਰੀਤ ਸਿੰਘ ਹੁੰਦਲ ਨੇ ਆਏ ਮੁੱਖ ਮਹਿਮਾਨ ਅਤੇ ਸਥਾਨਕ ਪ੍ਰਬੰਧਕ ਕਮੇਟੀ ਸਕੱਤਰ, ਅਤੇ ਕਮੇਟੀ ਮੈਂਬਰਾਂ, ਆਈਆਂ ਸ਼ਖ਼ਸੀਅਤਾਂ ਧੰਨਵਾਦ ਕਰਦਿਆਂ ਕਿਹਾ ਕਿ ਸਕੂਲ ਨੇ ਥੋੜ੍ਹੇ ਸਮੇਂ ਵਿੱਚ ਵੀ ਬਹੁਤ ਵੱਡੀਆਂ ਪ੍ਰਾਪਤੀਆਂ ਆਪਣੇ ਮਿਹਨਤੀ ਸਟਾਫ਼ ਅਤੇ ਸਿੱਖ ਐਜੂਕੇਸ਼ਨ ਸੁਸਾਇਟੀ ਦੀ ਯੋਗ ਅਗਵਾਈ ਹੇਠ ਕੀਤੀਆਂ ਹਨ।ਵਿਦਿਆਰਥੀ ਵਰਗ ਨੂੰ ਸਹਿ-ਗਤੀਵਿਧੀਆਂ ਵਿੱਚ ਵੀ ਵੱਧ ਤੋਂ ਵੱਧ ਹਿੱਸਾ ਲੈਣ ਦੀ ਅਪੀਲ ਕੀਤੀ।ਮੁੱਖ ਮਹਿਮਾਨ ਨੂੰ ਯਾਦਗਾਰੀ ਚਿੰਨ੍ਹ ਤੇ ਦੁਸ਼ਾਲਾ ਭੇਟ ਕਰਕੇ ਸਨਮਾਨਿਤ ਵੀ ਕੀਤਾ ਗਿਆ।ਸਕੂਲ ਦੇ ਵਿਦਿਆਰਥੀਆਂ ਵੱਲੋਂ ਸੱਭਿਆਚਾਰਿਕ ਰੰਗਾਂ-ਰੰਗ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ ਜਿਸ ਵਿੱਚ ਲੋਕ-ਗੀਤ, ਗਰੁੱਪ ਗੀਤ ਨਵਜੋਤ ਕੌਰ ਅਤੇ ਸਾਥਣਾਂ ਵੱਲੋਂ ਪੇਸ਼ ਕੀਤਾ ਗਿਆ। ਹੋਰ ਵੀ ਸੱਭਿਆਚਾਰਕ ਵੰਨਗੀਆਂ ਵੀ ਮੰਚ ਤੇ ਪੇਸ਼ ਕੀਤੀਆਂ ਗਈਆਂ।ਸਮਾਗਮ ਦੇ ਅੰਤ ਤੇ ਲੋਕ ਨਾਚ ਗਿੱਧਾ ਸਕੂਲ ਦੀਆਂ ਵਿਦਿਆਰਥਣਾਂ ਵੱਲੋਂ ਪੇਸ਼ ਕੀਤਾ ਗਿਆ।ਸਮਾਗਮ ਵਿੱਚ ਹੋਰਨਾਂ ਮੁੱਖ ਸ਼ਖ਼ਸੀਅਤਾਂ ਵਿੱਚ ਸਾਬਕਾ ਜ਼ਿਲ੍ਹਾ ਸਿੱਖਿਆ ਅਫ਼ਸਰ (ਸ . ਸਿੱ.) ਸ. ਅਮਰਜੀਤ ਸਿੰਘ ਭਾਟੀਆ, ਚੀਫ਼ ਇੰਜੀਨੀਅਰ ਨਰਿੰਦਰ ਸਿੰਘ ਸਿੱਧੂ, ਡਾ. ਅਮਰਜੀਤ ਸਿੰਘ, ਸਾਬਕਾ ਪ੍ਰੋਫ਼ੈਸਰ ਸੁਖਵਿੰਦਰ ਕੌਰ ਪੱਡਾ, ਸਾਬਕਾ ਪ੍ਰੋਫ਼ੈਸਰ ਵੀ. ਕੇ. ਗੁਪਤਾ, ਸਾਬਕਾ ਸਰਪੰਚ ਅਪਾਰਜੀਤ ਸਿੰਘ ਘੁੰਮਣ, ਚੌਧਰੀ ਅਕਰਮ ਗੁਜਰਾਤੀ, ਅੰਮ੍ਰਿਤ ਰਿਆੜ, ਪਰਮਿੰਦਰ ਸਿੰਘ ਪੱਡਾ, ਜਗਪ੍ਰੀਤ ਬਾਠ, ਮੁੱਖ ਅਧਿਆਪਕ ਜਸਪਾਲ ਸਿੰਘ ਕਾਹਲਵਾਂ, ਮੈਡਮ ਜਸਬੀਰ ਕੌਰ, ਲੁਕਮਾਨ ਦੋਹਲਵੀ, ਸਮੇਤ ਸਕੂਲ ਦੇ ਬੱਚਿਆਂ ਦੇ ਮਾਤਾ-ਪਿਤਾ ਅਤੇ ਸਕੂਲ ਦਾ ਟੀਚਿੰਗ, ਨਾਨ-ਟੀਚਿੰਗ ਸਟਾਫ਼ ਹਾਜ਼ਰ ਸੀ।ਇਸ ਇਨਾਮ ਵੰਡ ਸਮਾਗਮ ਦਾ ਮੰਚ ਸੰਚਾਲਨ ਲੈਕਚਰਾਰ ਅਨਾਮਿਕਾ ਵੱਲੋਂ ਕੀਤਾ ਗਿਆ।

## 'ਯੁੱਧ ਨਸ਼ਿਆਂ ਵਿਰੁੱਧ' ਦੂਜੇ ਪੜਾਅ ਦੀ ਮੁਹਿੰਮ ਪਹਿਲੇ ਪੜਾਅ ਨਾਲੋਂ ਵੀ ਵੱਧ ਸਫਲ ਹੋਵੇਗੀ : ਮਾਨਿਕ ਮਹਿਤਾ

**ਬਟਾਲਾ, (ਡਾ. ਮਲਵਿੰਦਰ ਸਿੰਘ)**-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਵਿੱਚ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪਿੰਡਾਂ ਤੇ ਸ਼ਹਿਰਾਂ ਵਿੱਚ ਲੋਕਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਲਈ ਪੈਦਲ ਯਾਤਰਾਵਾਂ ਕੱਢੀਆਂ ਜਾ ਰਹੀਆਂ ਹਨ ਅਤੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਪਹਿਲੇ ਪੜਾਅ ਨਾਲੋਂ ਵੀ ਦੂਜਾ ਪੜਾਅ ਵੱਧ ਸਫਲ ਹੋਵੇਗਾ। ਇਹ ਪ੍ਰਗਟਾਵਾ ਚੇਅਰਮੈਨ ਮਾਨਿਕ ਮਹਿਤਾ, ਜ਼ਿਲ੍ਹਾ ਕੋਆਰਡੀਨੇਟਰ ਨਸ਼ਾ ਮੁਕਤੀ ਮੋਰਚਾ ਗੁਰਦਾਸਪੁਰ ਨੇ ਕੀਤਾ।ਉਨ੍ਹਾਂ ਦੱਸਿਆ ਕਿ ਬਟਾਲਾ ਦੀਆਂ ਵੱਖ-ਵੱਖ ਵਾਰਡਾਂ ਵਿੱਚ ਨਸ਼ਿਆਂ ਵਿਰੁੱਧ ਪੈਦਲ ਮਾਰਚ ਕੱਢ ਕੇ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ ਉਨ੍ਹਾਂ ਦੇ ਪਿਤਾ ਸੁਭਾਸ਼ ਮਹਿਤਾ ਵਲੋਂ ਸਮੁੱਚੀ ਟੀਮ ਨਾਲ ਆਪਣੀ ਵਾਰਡ ਵਿੱਚ ਲੋਕਾਂ ਨੂੰ ਨਸ਼ਿਆਂ ਵਿਰੁੱਧ ਲਾਮਬੰਦ ਕੀਤਾ ਗਿਆ।ਚੇਅਰਮੈਨ ਮਾਨਿਕ ਮਹਿਤਾ ਨੇ ਦੱਸਿਆ ਕਿ ਇਨ੍ਹਾਂ ਯਾਤਰਾਵਾਂ ਰਾਹੀਂ ਲੋਕਾਂ ਨੂੰ ਨਸ਼ਿਆਂ ਦੇ ਭਿਆਨਕ ਪ੍ਰਭਾਵਾਂ ਬਾਰੇ ਜਾਣੂ ਕਰਵਾਇਆ ਗਿਆ ਅਤੇ ਨਸ਼ਾ ਛੱਡਣ ਲਈ ਪ੍ਰੇਰਿਤ ਕੀਤਾ ਗਿਆ।ਉਨ੍ਹਾਂ ਨੇ ਦੱਸਿਆ ਕਿ ਇਸ ਦੂਜੇ ਪੜਾਅ ਵਿੱਚ ਵਿਲੇਜ ਅਤੇ ਵਾਰਡ ਡਿਫੈਂਸ ਕਮੇਟੀਆਂ ਨਸ਼ਾ ਵਿਰੋਧੀ ਲਹਿਰ ਵਿੱਚ ਅਹਿਮ ਭੂਮਿਕਾ ਨਿਭਾ ਰਹੀਆਂ ਹਨ। ਇਨ੍ਹਾਂ ਕਮੇਟੀਆਂ ਦੀ ਸਰਗਰਮ ਭਾਗੀਦਾਰੀ ਕਾਰਨ ਹਰ ਪਿੰਡ ਤੇ ਵਾਰਡ ਵਿੱਚ ਜਾਗਰੂਕਤਾ ਦੀ ਲਹਿਰ ਮਜ਼ਬੂਤ ਹੋ ਰਹੀ ਹੈ।ਉਨ੍ਹਾਂ ਕਿਹਾ ਕਿ ਸਰਕਾਰ ਅਤੇ ਆਮ ਲੋਕਾਂ ਦੀ ਸਾਂਝੀ ਕੋਸ਼ਿਸ਼ ਨਾਲ ਨਸ਼ਿਆਂ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕੀਤਾ ਜਾਵੇਗਾ।ਉਨ੍ਹਾਂ ਅਪੀਲ ਕੀਤੀ ਕਿ ਹਰ ਪਰਿਵਾਰ, ਹਰ ਨੌਜਵਾਨ ਅਤੇ ਹਰ ਪਿੰਡ ਇਸ ਮੁਹਿੰਮ ਨਾਲ ਜੁੜ ਕੇ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਵਿੱਚ ਆਪਣਾ ਯੋਗਦਾਨ ਪਾਏ।



## ਸ਼ੁੱਭਕਾਮਨਾਵਾਂ ਪਾਰਟੀ ਤੇ ਵਿਦਾਇਗੀ ਸਮਾਰੋਹ ਦਾ ਆਯੋਜਨ

**ਗੁਰਦਾਸਪੁਰ (ਦਿਨੇਸ਼ ਕੁਮਾਰ)**

ਟੀਸੀ ਇੰਟਰਨੈਸ਼ਨਲ ਸਕੂਲ ਨੇ 10ਵੀਂ ਜਮਾਤ ਵਿਦਿਆਰਥੀਆਂ ਲਈ ਇੱਕ ਸ਼ੁਭਕਾਮਨਾਵਾਂ ਪਾਰਟੀ ਅਤੇ 12ਵੀਂ ਜਮਾਤ ਦੇ ਵਿਦਿਆਰਥੀਆਂ ਲਈ ਇੱਕ ਵਿਦਾਇਗੀ ਪਾਰਟੀ ਦੀ ਆਯੋਜਨ ਕੀਤਾ ਗਿਆ ।ਵਿਦਿਆਰਥੀਆਂ, ਅਧਿਆਪਕਾਂ ਅਤੇ ਸਕੂਲ ਪ੍ਰਬੰਧਨ ਦੀ ਉਤਸ਼ਾਹੀ ਹਾਜ਼ਰੀ ਨੇ ਮਾਹੌਲ ਨੂੰ ਖੁਸ਼ਨੁਮਾ ਬਣਾ ਦਿੱਤਾ।ਇਸ ਮੌਕੇ 10ਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਆਉਣ ਵਾਲੀਆਂ ਬੋਰਡ ਪ੍ਰੀਖਿਆਵਾਂ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।ਸਮਾਰੋਹ ਦੌਰਾਨ ਜੈਦਿਤਿਆ ਸ਼ਰਮਾ ਅਤੇ ਜੈਸਮੀਨ ਕੌਰ ਨੂੰ ਉਨ੍ਹਾਂ ਦੇ ਆਤਮਵਿਸ਼ਵਾਸ, ਸ਼ਖਸੀਅਤ ਅਤੇ ਸ਼ਾਨਦਾਰ ਪ੍ਰਦਰਸ਼ਨ ਲਈ ਮਿਸਟਰ ਟੀਸੀਆਈ ਅਤੇ ਮਿਸ ਟੀਸੀਆਈ ਦੇ ਖਿਤਾਬਾਂ ਨਾਲ ਸਨਮਾਨਿਤ ਕੀਤਾ ਗਿਆ।12ਵੀਂ ਜਮਾਤ ਦੀ ਵਿਦਾਇਗੀ ਪਾਰਟੀ ਵਿੱਚ ਵਿਦਿਆਰਥੀਆਂ ਨੇ ਆਪਣੇ ਸਕੂਲ ਦੇ ਦਿਨਾਂ ਦੀਆਂ ਯਾਦਾਂ ਸਾਂਝੀਆਂ ਕੀਤੀਆਂ।ਹਰਮਨਪ੍ਰੀਤ ਅਤੇ ਖੁਸ਼ਮੀਨ ਨੂੰ ਉਨ੍ਹਾਂ ਦੇ ਪ੍ਰਭਾਵਸ਼ਾਲੀ ਸ਼ਖਸੀਅਤਾਂ ਅਤੇ ਮੰਚ ਸੰਚਾਲਨ ਲਈ ਮਿਸਟਰ ਫੇਅਰਵੈੱਲ ਅਤੇ ਮਿਸ ਫੇਅਰਵੈੱਲ ਚੁਣਿਆ ਗਿਆ।ਸਕੂਲ ਦੇ ਮਾਣਯੋਗ ਚੇਅਰਮੈਨ ਰਵਿੰਦਰ ਸ਼ਰਮਾ ਨੇ ਸਾਰੇ ਜੇਤੂਆਂ ਨੂੰ ਆਸ਼ੀਰਵਾਦ ਦਿੱਤਾ ਅਤੇ ਉਨ੍ਹਾਂ ਦੇ ਉਜਵਲ ਭਵਿੱਖ ਦੀ ਕਾਮਨਾ ਕੀਤੀ।ਆਪਣੇ ਪ੍ਰੇਰਨਾਦਾਇਕ ਸੰਦੇਸ਼ ਵਿੱਚ ਉਨ੍ਹਾਂ ਵਿਦਿਆਰਥੀਆਂ ਨੂੰ ਜ਼ਿੰਦਗੀ ਵਿੱਚ ਟੀਚੇ ਨਿਰਧਾਰਤ ਕਰਨ ਅਤੇ ਸਖ਼ਤ ਮਿਹਨਤ ਅਤੇ ਅਨੁਸ਼ਾਸਨ ਨਾਲ ਅੱਗੇ ਵਧਣ ਲਈ ਉਤਸ਼ਾਹਿਤ ਕੀਤਾ।ਪ੍ਰੋਗਰਾਮ ਵਿੱਚ ਰੰਗੀਨ ਸੱਭਿਆਚਾਰਕ, ਮਨੋਰੰਜਕ ਗਤੀਵਿਧੀਆਂ ਅਤੇ ਭਾਵਨਾਤਮਕ ਵਿਦਾਇਗੀ ਪਲ ਸ਼ਾਮਲ ਸਨ, ਜਿਸ ਨਾਲ ਇਸ ਸ਼ੁਭਕਾਮਨਾਵਾਂ ਪਾਰਟੀ ਅਤੇ ਵਿਦਾਇਗੀ ਸਮਾਰੋਹ ਨੂੰ ਯਾਦਗਾਰੀ ਬਣਾਇਆ ਗਿਆ।ਸਕੂਲ ਪਰਿਵਾਰ ਨੇ 12ਵੀਂ ਜਮਾਤ ਦੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ ਅਤੇ 10ਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਲਈ ਉਤਸ਼ਾਹਿਤ ਕੀਤਾ।ਇਹ ਸਮਾਗਮ ਵਿਦਿਆਰਥੀਆਂ ਲਈ ਇੱਕ ਅਭੁੱਲ ਯਾਦ ਬਣ ਗਿਆ।




## ਬਾਬਾ ਦੀਪ ਸਿੰਘ ਦੇ ਜਨਮ ਦਿਹਾੜੇ ਨੂੰ ਸਮਰਪਿਤ ਧਾਰਮਿਕ ਸਮਾਗਮ



**ਮਜੀਠਾ (ਸੋਇਮ ਆਨੰਦ)**

ਗੁਰਦੁਆਰਾ ਸਿੰਘ ਸਭਾ ਲਹਿੰਦੀ ਪੱਤੀ ਹਰੀਆਂ ਵਿਖੇ ਗੁਰਦੁਆਰਾ ਕਮੇਟੀ ਵੱਲੋਂ ਪ੍ਰਭ ਮਿਲਣੇ ਕਾ ਚਾਓ ਅਤੇ ਸੰਗਤਾਂ ਦੇ ਸਹਿਯੋਗ ਨਾਲ ਕਥਾ ਕੀਰਤਨ ਸਮਾਗਮ ਕਰਾਇਆ ਗਿਆ।ਇਸ ਮੌਕੇ ਸ਼ਾਮ ਸ੍ਰੀ ਰਹਿਰਾਸ ਸਾਹਿਬ ਦੇ ਪਾਠ ਦੇ ਭੋਗ ਤੋਂ ਉਪਰੰਤ ਕਥਾ ਕੀਰਤਨ ਸਮਾਗਮ ਸ਼ੁਰੂ ਹੋਇਆ ਜਿਸ ਵਿਚ ਪੰਥ ਪ੍ਰਸਿੱਧ ਕਥਾਵਾਚਕ ਭਾਈ ਕਰਨੈਲ ਸਿੰਘ ਵੱਲੋਂ ਕਥਾ ਰਾਹੀਂ ਸੰਗਤਾਂ ਨੂੰ ਬਾਬਾ ਦੀਪ ਸਿੰਘ ਜੀ ਦੀ ਜੀਵਨੀ 'ਤੇ ਚਾਨਣਾ ਪਾਇਆ ਗਿਆ ਅਤੇ ਪੰਥ ਦੇ ਮਹਾਨ ਕਵੀਸ਼ਰੀ ਜਥੇ ਭਾਈ ਹਰਪ੍ਰੀਤ ਸਿੰਘ ਭੋਮਾ ਨੇ ਬਾਬਾ ਦੀਪ ਸਿੰਘ ਜੀ ਦੀ ਜੀਵਨੀ ਦਾ ਪ੍ਰਸੰਗ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ।ਇਸ ਮੌਕੇ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਭਾਈ ਰਣਜੀਤ ਸਿੰਘ ਪੰਨੂੰ ਨੇ ਸਰਬੱਤ ਦੇ ਭਲੇ ਦੀ ਅਰਦਾਸ ਕੀਤ।ਸੰਗਤਾਂ ਵੱਲੋਂ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਦੀ ਖੁਸ਼ੀ ਵਿਚ ਆਤਿਸ਼ਬਾਜ਼ੀ ਵੀ ਚਲਾਈ ਗਈ।ਪ੍ਰਬੰਧਕਾਂ ਨੇ ਆਏ ਜਥਿਆਂ ਨੂੰ ਸਨਮਾਨਿਤ ਕੀਤਾ ਅਤੇ ਸੰਗਤਾਂ ਲਈ ਚਾਹ ਪਕੌੜਿਆਂ ਦਾ ਲੰਗਰ ਲਗਾਇਆ ਗਿਆ।ਸਮਾਗਮ ਵਿੱਚ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

## ਸਿਹਤ ਬੀਮਾ ਕੈਂਪਾਂ ਸੰਬੰਧੀ ਲੋਕਾਂ 'ਚ ਭਾਰੀ ਉਤਸ਼ਾਹ : ਤਲਬੀਰ ਸਿੰਘ ਗਿੱਲ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**

ਸਰਕਾਰ ਵੱਲੋਂ ਚਲਾਈ ਜਾ ਰਹੀ ਮੁੱਖ ਮੰਤਰੀ ਸਿਹਤ ਬੀਮਾ ਸਕੀਮ ਨੂੰ ਜ਼ਮੀਨੀ ਪੱਧਰ ਤੇ ਸਫ਼ਲ ਬਣਾਉਣ ਲਈ ਆਮ ਆਦਮੀ ਪਾਰਟੀ ਦੇ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਵਲੋ ਵੱਖ-ਵੱਖ ਪਿੰਡਾਂ ਵਿੱਚ ਲਗ ਰਹੇ ਸਿਹਤ ਬੀਮਾ ਕੈਂਪਾਂ ਦਾ ਲਗਾਤਾਰ ਦੌਰਾ ਕੀਤਾ ਜਾ ਰਿਹਾ ਹੈ।ਪਿੰਡ ਸਾਧਪੁਰ ਦੇ ਮਿਲਖਾ ਸਿੰਘ ਦੇ ਸਪੁੱਤਰ ਗੁਰਕੀਰਤ ਸਿੰਘ ਦੇ ਸ਼ਗਨ ਸਮਾਗਮ ਵਿੱਚ ਸ਼ਾਮਲ ਹੋਣ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਇਹ ਲੋਕ-ਹਿਤੈਸ਼ੀ ਸਕੀਮ ਆਮ ਲੋਕਾਂ ਲਈ ਵੱਡੀ ਰਾਹਤ ਸਾਬਤ ਹੋ ਰਹੀ ਹੈ, ਜਿਸ ਤਹਿਤ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਕੈਸ਼ਲੈੱਸ ਸਿਹਤ ਬੀਮਾ ਕਵਰ ਮੁਹੱਈਆ ਕਰਵਾਇਆ ਜਾ ਰਿਹਾ ਹੈ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਅਤੇ ਆਪਣੇ ਪਰਿਵਾਰ ਦੇ ਮੈਂਬਰਾਂ ਨੂੰ ਇਸ ਸਕੀਮ ਅਧੀਨ ਰਜਿਸਟਰਡ ਕਰਵਾਉਣ ਲਈ ਨੇੜਲੇ ਸੀਐੱਸਸੀ ਕੇਂਦਰ ਤੇ ਲਗਾਏ ਜਾ ਰਹੇ ਸਿਹਤ ਕੈਂਪ ਵਿੱਚ ਜਾ ਕੇ ਤੁਰੰਤ ਰਜਿਸਟ੍ਰੇਸ਼ਨ ਕਰਵਾਉਣ।ਇਸ ਦੌਰੇ ਦੌਰਾਨ ਸਿਹਤ ਕੈਂਪਾਂ ਵਿੱਚ ਵੱਡੀ ਗਿਣਤੀ ਵਿੱਚ ਲੋਕ ਪਹੁੰਚੇ ਅਤੇ ਸਰਕਾਰ ਦੀ ਇਸ ਯੋਜਨਾ ਪ੍ਰਤੀ ਲੋਕਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।ਲੋਕਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਸਕੀਮ ਗਰੀਬ ਅਤੇ ਮੱਧ ਵਰਗ ਪਰਿਵਾਰਾਂ ਲਈ ਵਰਦਾਨ ਸਾਬਤ ਹੋ ਰਹੀ ਹੈ।ਇਸ ਮੌਕੇ ਮਿਲਖਾ ਸਿੰਘ ਸਾਧਪੁਰ, ਆਮ ਆਦਮੀ ਪਾਰਟੀ ਕਿਸਾਨ ਵਿੰਗ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਦੇ ਪ੍ਰਧਾਨ ਬਲਬੀਰ ਸਿੰਘ ਬੋਪਾਰਾਏ, ਸਰਪੰਚ ਸਰਬਜੀਤ ਸਿੰਘ ਸਾਧਪੁਰ, ਤਰਵਿੰਦਰ ਸਿੰਘ ਸਾਧਪੁਰ, ਸਰਮੁੱਖ ਸਿੰਘ ਸਾਧਪੁਰ, ਬਲਜਿੰਦਰ ਸਿੰਘ ਛੀਨਾ, ਸ਼ਿਵਰਾਜ ਸਿੰਘ ਭੀਲੋਵਾਲ, ਜੋਗਾ ਸਿੰਘ ਸਾਧਪੁਰ, ਸੁਬੇਗ ਸਿੰਘ ਸਾਧਪੁਰ, ਕਿਰਪਾਲ ਸਿੰਘ ਸੰਗਠਨ ਇੰਚਾਰਜ, ਨਿਸ਼ਾਨ ਸਿੰਘ ਅਰਜਨ ਮਾਂਗਾ ਮੀਡੀਆ ਕੋਆਰਡੀਨੇਟਰ ਆਦਿ ਵੀ ਹਾਜ਼ਰ ਸਨ।



# ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਗੁਰਪੁਰਬ 'ਤੇ ਜਲੰਧਰ ਵਿਸ਼ੇਸ਼ ਸਪਲੀਮੈਂਟ




ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਗੁਰਪੁਰਬ ਮੌਕੇ ਜਲੰਧਰ ਤੋਂ ਕਮਲਜੀਤ ਪਵਾਰ ਵੱਲੋਂ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ
ਲੱਖ-ਲੱਖ ਮੁਬਾਰਕਾਂ
ਪਰਮੋਦ ਕੁਮਾਰ ਮਹਿੰਦੀਰੱਤਾ
ਆਸਟਰੀਆ ਵਾਲੇ (ਸਮਾਜ ਸੇਵਕ)



ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਗੁਰਪੁਰਬ ਮੌਕੇ ਜਲੰਧਰ ਤੋਂ ਕਮਲਜੀਤ ਪਵਾਰ ਵੱਲੋਂ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ
ਲੱਖ-ਲੱਖ ਮੁਬਾਰਕਾਂ
ਮਨਸਾ ਰਾਮ ਨੰਬਰਦਾਰ
ਪਿੰਡ ਨਾਹਲ, ਮੋਬਾ. 95016-75125

ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਗੁਰਪੁਰਬ ਮੌਕੇ ਜਲੰਧਰ ਤੋਂ ਕਮਲਜੀਤ ਪਵਾਰ ਵੱਲੋਂ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ
ਲੱਖ-ਲੱਖ ਮੁਬਾਰਕਾਂ



ਭਗਵੰਤ ਸਿੰਘ ਮਾਨ
ਮੁੱਖ ਮੰਤਰੀ, ਪੰਜਾਬ



ਡਾ. ਮਨੀਸ਼ ਕੁਮਾਰ ਕਰਲੁਪ੍ਰਿਆ
ਕੌਂਸਲਰ ਵਾਰਡ ਨੰ.58
ਮੋਬਾ. 88470-88342

ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਗੁਰਪੁਰਬ ਮੌਕੇ ਜਲੰਧਰ ਤੋਂ ਕਮਲਜੀਤ ਪਵਾਰ ਵੱਲੋਂ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ
ਲੱਖ-ਲੱਖ ਮੁਬਾਰਕਾਂ



ਚਰਨਜੀਤ ਸਿੰਘ ਚੰਨੀ
ਸਾਬਕਾ ਮੁੱਖ ਮੰਤਰੀ



ਅਸ਼ਵਨੀ ਜੰਗਰਾਲ
ਕਾਂਗਰਸੀ ਆਗੂ
ਮੋਬਾ. 82848-51421

ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਗੁਰਪੁਰਬ ਮੌਕੇ ਜਲੰਧਰ ਤੋਂ ਕਮਲਜੀਤ ਪਵਾਰ ਵੱਲੋਂ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਮੁਬਾਰਕਾਂ






ਬੌਬੀ



ਆਸ਼ੂ

ਧੰਨਵਾਦ



ਮੈਂ ਉਨ੍ਹਾਂ ਸੱਜਣਾਂ-ਮਿੱਤਰਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕਰਦੇ ਹਾਂ, ਜਿਨ੍ਹਾਂ ਮੈਨੂੰ ਸਪਲੀਮੈਂਟ ਦੇ ਕੇ ਸਾਥ ਦਿੱਤਾ ਹੈ ਤੇ ਭਰਵਾਂ ਸਹਿਯੋਗ ਦਿੱਤਾ। ਅੱਗੇ ਤੋਂ ਵੀ ਆਸ ਕਰਦਾ ਹਾਂ ਕਿ ਉਹ ਇਸੇ ਤਰ੍ਹਾਂ ਮੈਨੂੰ ਸਹਿਯੋਗ ਜ਼ਰੂਰ ਦੇਣਗੇ।
ਕਮਲਜੀਤ ਪਵਾਰ ਪੱਤਰਕਾਰ, ਜਲੰਧਰ
ਮੋਬਾ. 98154-71045



ਕਮਲਜੀਤ ਪਵਾਰ

ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਗੁਰਪੁਰਬ ਮੌਕੇ ਜਲੰਧਰ ਤੋਂ ਕਮਲਜੀਤ ਪਵਾਰ ਵੱਲੋਂ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ
ਲੱਖ-ਲੱਖ ਮੁਬਾਰਕਾਂ
ਕਮਲਜੀਤ ਪਵਾਰ
ਪਿੰਡ ਨਾਹਲ ਪੰਚ

ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਗੁਰਪੁਰਬ ਮੌਕੇ ਜਲੰਧਰ ਤੋਂ ਕਮਲਜੀਤ ਪਵਾਰ ਵੱਲੋਂ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ
ਲੱਖ-ਲੱਖ ਮੁਬਾਰਕਾਂ
ਸ਼ੈਲੀ ਲੈਮੀਨੇਸ਼ਨ
ਮੋਬਾ : 98888-87886





ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਗੁਰਪੁਰਬ ਮੌਕੇ ਜਲੰਧਰ ਤੋਂ ਕਮਲਜੀਤ ਪਵਾਰ ਵੱਲੋਂ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਮੁਬਾਰਕਾਂ
ਵੱਲੋਂ :
ਕਰਤਾਰ ਚੰਦ ਠੇਕੇਦਾਰ,
ਸਵਰਗੀ ਸਮਿੱਤਰਾ ਦੇਵੀ



ਜੋਤੀ


## 55 ਨਸ਼ੀਲੀਆਂ ਗੋਲੀਆਂ ਸਮੇਤ ਨੌਜਵਾਨ ਕਾਬੂ



**ਮਾਹਿਲਪੁਰ (ਸਫ਼ਰੀ)**- ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਮਾੜੇ ਅਨਸਰਾਂ ਤੇ ਨਸ਼ੇ ਦੇ ਤਸਕਰਾਂ ਨੂੰ ਕਾਬੂ ਕਰਨ ਲਈ ਵਿਸ਼ੇਸ਼ ਮੁਹਿੰਮ ਚਾਲੂ ਕੀਤੀ ਗਈ ਹੈ ਜਿਸ ਅਧੀਨ ਸੰਦੀਪ ਕੁਮਾਰ ਮਲਿਕ ਸੀਨੀਅਰ ਪੁਲਸ ਕਪਤਾਨ ਹੁਸ਼ਿਆਰਪੁਰ ਦਿਸ਼ਾ ਨਿਰਦੇਸ਼ਾਂ ਹੇਠ ਦਲਜੀਤ ਸਿੰਘ ਖੱਖ ਡੀ ਐਸ ਪੀ ਗੜ੍ਹਸ਼ੰਕਰ ਦੀਆਂ ਹਦਾਇਤਾਂ ਅਨੁਸਾਰ ਸੱਬ ਇੰਸਪੈਕਟਰ ਮਦਨ ਸਿੰਘ ਮੁੱਖ ਅਫਸਰ ਥਾਣਾ ਮਾਹਿਲਪੁਰ ਦੇ ਅਣਥੱਕ ਯਤਨਾ ਸਦਕਾ ਤੇ ਦੇਖਰੇਖ ਹੇਠ ਐਸ ਆਈ ਰਮਨਦੀਪ ਕੌਰ ਟੂਟੋਮਜਾਰ ਬੰਦ ਹੋਏ ਪੈਟਰੋਲ ਕੋਲ ਪਹੁੰਚੇ ਤਾਂ ਜਿਥੇ ਇੱਕ ਨੌਜਵਾਨ ਖੜਾ ਦਿਖਾਈ ਦਿੱਤਾ ਜੋ ਸਾਹਮਣੇ ਤੋਂ ਆ ਰਹੀ ਪੁਲਸ ਪਾਰਟੀ ਵੇਖ ਕੇ ਇਕਦਮ ਘਬਰਾ ਕੇ ਬੰਦ ਪਏ ਪੈਟਰੋਲ ਪੰਪ ਵੱਲ ਨੂੰ ਦੌੜਨ ਲੱਗਾ ਹੀ ਸੀ ਤੇ ਸ਼ੱਕ ਦੀ ਬਿਨਾ 'ਤੇ ਸਾਥੀਆਂ ਕਰਮਚਾਰੀਆਂ ਸਮੇਤ ਵਿਅਕਤੀ ਨੂੰ ਕਾਬੂ ਕਰ ਲਿਆ। ਤਲਾਸ਼ੀ ਲੈਣ ਤੇ ਉਸ ਦੀ ਜੇਬ ਵਿਚੋਂ 55 ਨਸ਼ੀਲੀਆਂ ਗੋਲੀਆਂ ਮਿਲੀਆਂ। ਪੁੱਛਣ ਤੇ ਉਸਨੇ ਆਪਣਾ ਨਾਂ ਨਵਜੋਤ ਸਿੰਘ ਉਰਫ ਕਰਨ ਪੁਤਰ ਜਸਵਿੰਦਰ ਸਿੰਘ ਵਾਸੀ ਹਿਆਤਪੁਰ ਥਾਣਾ ਮਾਹਿਲਪੁਰ ਤਹਿਸੀਲ ਗੜ੍ਹਸ਼ੰਕਰ ਜ਼ਿਲ੍ਹਾ ਹੁਸ਼ਿਆਰਪੁਰ ਦੱਸਿਆ। ਥਾਣਾ ਮਾਹਿਲਪੁਰ ਦੀ ਪੁਲਿਸ ਨੇ ਆਰੋਪੀ ਨੂੰ ਗਿਰਫ਼ਤਾਰ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਪੈਟਰੋਲ ਨਾਲ ਭਰਿਆ ਟੈਂਕਰ ਪਲਟਿਆ

**ਕਪੂਰਥਲਾ (ਬਲਵਿੰਦਰ ਸਿੰਘ ਧਾਲੀਵਾਲ)**- ਕਪੂਰਥਲਾ ਵਿੱਚ ਉਸ ਸਮੇਂ ਹੜਕੰਪ ਮਚ ਗਿਆ ਜਦੋਂ ਸੁਲਤਾਨਪੁਰ ਲੋਧੀ ਵੱਲੋਂ ਆ ਰਿਹਾ ਪੈਟਰੋਲ ਨਾਲ ਭਰਿਆ ਇੱਕ ਟੈਂਕਰ ਤੇਜ਼ ਰਫ਼ਤਾਰ ਕਾਰਨ ਬੇਕਾਬੂ ਹੋ ਕੇ ਲਾਨਾ ਮੰਡੀ ਖੇਤਰ ਵਿੱਚ ਪਲਟ ਗਿਆ। ਟੈਂਕਰ ਦੇ ਪਲਟਦੇ ਹੀ ਉਸ ਵਿੱਚ ਭਰਿਆ ਪੈਟਰੋਲ ਸੜਕ ਅਤੇ ਆਸ-ਪਾਸ ਦੀ ਜ਼ਮੀਨ 'ਤੇ ਤੇਜ਼ੀ ਨਾਲ ਫੈਲ ਗਿਆ, ਜਿਸ ਕਾਰਨ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ। ਘਟਨਾ ਦੀ ਸੂਚਨਾ ਮਿਲਦਿਆਂ ਹੀ ਪੁਲਸ ਅਤੇ ਸਿਵਲ ਪ੍ਰਸ਼ਾਸਨ ਤੁਰੰਤ ਐਕਸ਼ਨ ਮੋਡ ਵਿੱਚ ਆ ਗਿਆ। ਹਾਲਾਤਾਂ ਦੀ ਗੰਭੀਰਤਾ ਨੂੰ ਦੇਖਦਿਆਂ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਮੌਕੇ 'ਤੇ ਬੁਲਾਈਆਂ ਗਈਆਂ ਤੇ ਪੂਰੇ ਇਲਾਕੇ ਨੂੰ ਘੇਰਾਬੰਦੀ ਕਰਕੇ ਸੀਲ ਕਰ ਦਿੱਤਾ ਗਿਆ, ਤਾਂ ਜੋ ਕਿਸੇ ਵੀ ਤਰ੍ਹਾਂ ਦੀ ਅੱਗ ਲੱਗਣ ਜਾਂ ਵੱਡੇ ਹਾਦਸੇ ਤੋਂ ਬਚਿਆ ਜਾ ਸਕੇ। ਪੈਟਰੋਲ ਦੇ ਵੱਡੀ ਮਾਤਰਾ ਵਿੱਚ ਫੈਲਣ ਕਾਰਨ ਪੈਦਾ ਹੋਏ ਖ਼ਤਰੇ ਨੂੰ ਦੇਖਦਿਆਂ ਪੁਲਸ ਨੇ ਆਸ-ਪਾਸ ਦੇ ਰਹਿਣ ਵਾਲੇ ਲੋਕਾਂ ਨੂੰ ਤੁਰੰਤ ਸੁਰੱਖਿਅਤ ਥਾਵਾਂ 'ਤੇ ਭੇਜਿਆ। ਪ੍ਰਸ਼ਾਸਨ ਵੱਲੋਂ ਲੋਕਾਂ ਨੂੰ ਸਖ਼ਤ ਹਦਾਇਤਾਂ ਦਿੱਤੀਆਂ ਗਈਆਂ ਕਿ ਉਹ ਘਟਨਾ ਸਥਲ ਦੇ ਨੇੜੇ ਨਾ ਆਉਣ ਅਤੇ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਤੋਂ ਬਚਣ। ਪੈਟਰੋਲ ਜ਼ਮੀਨ 'ਤੇ ਫੈਲਦੇ ਹੀ ਕੁਝ ਸਥਾਨਕ ਲੋਕ ਬਾਲਟੀਆਂ ਅਤੇ ਡੱਬਿਆਂ ਵਿੱਚ ਪੈਟਰੋਲ ਭਰ ਕੇ ਲਿਜਾਂਦੇ ਨਜ਼ਰ ਆਏ। ਹੈਰਾਨੀ ਦੀ ਗੱਲ ਇਹ ਰਹੀ ਕਿ ਰੈਸਕਿਊ ਓਪਰੇਸ਼ਨ ਦੌਰਾਨ ਵੀ ਕੁਝ ਲੋਕਾਂ ਵੱਲੋਂ ਪੁਲਸ ਕੋਲੋਂ ਸਿਰਫ਼ ਦੋ ਲੀਟਰ ਪੈਟਰੋਲ ਭਰਨ ਦੀ ਇਜਾਜ਼ਤ ਮੰਗੀ ਗਈ।ਹਾਲਾਤ ਦੀ ਨਾਜ਼ੁਕਤਾ ਨੂੰ ਸਮਝਦੇ ਹੋਏ ਪੁਲਸ ਨੇ ਸਖ਼ਤ ਰੁਖ ਅਪਣਾਇਆ ਅਤੇ ਪੈਟਰੋਲ ਭਰ ਰਹੇ ਲੋਕਾਂ ਨੂੰ ਮੌਕੇ ਤੋਂ ਖਦੇੜ ਦਿੱਤਾ। ਪੁਲਸ ਅਧਿਕਾਰੀਆਂ ਨੇ ਸਾਫ਼ ਕੀਤਾ ਕਿ ਇਸ ਤਰ੍ਹਾਂ ਦੀ ਲਾਪਰਵਾਹੀ ਕਿਸੇ ਵੱਡੇ ਹਾਦਸੇ ਦਾ ਕਾਰਨ ਬਣ ਸਕਦੀ ਸੀ, ਜਿਸ ਨਾਲ ਜਾਨ-ਮਾਲ ਦਾ ਭਾਰੀ ਨੁਕਸਾਨ ਹੋ ਸਕਦਾ ਸੀ।

## ਸਤਿਗੁਰੂ ਰਵਿਦਾਸ ਜੀ ਦੇ ਗੁਰਪੁਰਬ ਮੌਕੇ ਸ਼ਰਧਾਲੂਆਂ ਨੂੰ ਲੈ ਕੇ ਰੇਲ ਗੱਡੀ ਵਾਰਾਨਸੀ ਲਈ ਰਵਾਨਾ

**ਜਲੰਧਰ (ਰਾਜੇਸ਼ ਥਾਪਾ)**- ਸਤਿਗੁਰੂ ਰਵਿਦਾਸ ਜੀ ਮਹਾਰਾਜ ਦੇ ਪਵਿੱਤਰ ਗੁਰਪੁਰਬ ਦੇ ਮੌਕੇ 'ਤੇ ਸ਼ਰਧਾ, ਸਮਰਪਣ ਅਤੇ ਸਮਾਜਿਕ ਸਦਭਾਵਨਾ ਦਾ ਇੱਕ ਸ਼ਾਨਦਾਰ ਨਜ਼ਾਰਾ ਦੇਖਣ ਨੂੰ ਮਿਲਿਆ ਜਦੋਂ ਸ਼ਰਧਾਲੂਆਂ ਨੂੰ ਲੈ ਕੇ ਇੱਕ ਵਿਸ਼ੇਸ਼ ਰੇਲਗੱਡੀ ਜਲੰਧਰ ਰੇਲਵੇ ਸਟੇਸ਼ਨ ਤੋਂ ਵਾਰਾਨਸੀ ਲਈ ਰਵਾਨਾ ਹੋਈ। ਡੇਰਾ ਸੱਚਖੰਡ ਬੱਲਾਂ ਦੇ ਗੱਦੀਧਾਰੀ ਸੰਤ ਨਿਰੰਜਣ ਦਾਸ ਜੀ ਮਹਾਰਾਜ ਦੇ ਆਸ਼ੀਰਵਾਦ ਨਾਲ, ਇਹ ਰੇਲਗੱਡੀ ਸ਼ਰਧਾਲੂਆਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੇ ਜਨਮ ਸਥਾਨ ਕਾਂਸੀ ਬਨਾਰਸ ਲਿਜਾਣ ਲਈ ਰਵਾਨਾ ਹੋਈ। ਇਸ ਮੌਕੇ ਸੀਨੀਅਰ ਭਾਜਪਾ ਨੇਤਾ ਤੇ ਸਾਬਕਾ ਕੇਂਦਰੀ ਮੰਤਰੀਸਾਬਕਾ ਕੇਂਦਰੀ ਮੰਤਰੀ ਵਿਜੇ ਸਾਂਪਲਾ ਵਿਸ਼ੇਸ਼ ਤੌਰ 'ਤੇ ਮੌਜੂਦ ਸਨ ਅਤੇ ਸੰਤ ਨਿਰੰਜਣ ਦਾਸ ਜੀ ਮਹਾਰਾਜ ਤੋਂ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਵਿਜੇ ਸਾਂਪਲਾ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦਾ ਜੀਵਨ ਅਤੇ ਸਿੱਖਿਆਵਾਂ ਸਮਾਜ ਲਈ ਅਨਮੋਲ ਹਨ। ਉਨ੍ਹਾਂ ਡੇਰਾ ਸੱਚਖੰਡ ਬੱਲਾਂ ਵੱਲੋਂ ਕੀਤੇ ਗਏ ਪ੍ਰਬੰਧਾਂ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਅਜਿਹੇ ਸਮਾਗਮ ਸਮਾਜ ਵਿੱਚ ਏਕਤਾ ਅਤੇ ਸਦਭਾਵਨਾ ਨੂੰ ਮਜ਼ਬੂਤ ? ?ਕਰਦੇ ਹਨ। ਇਸ ਮੌਕੇ 'ਤੇ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਗੁਰੂ ਰਵਿਦਾਸ ਜੀ ਮਹਾਰਾਜ ਪਾਠ ਵਿੱਚ ਹਿੱਸਾ ਲਿਆ। ਗੁਰੂ ਰਵਿਦਾਸ ਜੀ ਮਹਾਰਾਜ ਕੀ ਜੈ ਦੇ ਜੈਕਾਰਿਆਂ ਨਾਲ ਰੇਲ ਗੱਡੀ ਨੂੰ ਰਵਾਨਾ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਭਾਜਪਾ ਪ੍ਰਧਾਨ ਸੁਸ਼ੀਲ ਸ਼ਰਮਾ, ਸਾਬਕਾ ਵਿਧਾਇਕ ਸ਼ੀਤਲ ਅੰਗੁਰਾਲ, ਭਾਜਪਾ ਪੰਜਾਬ ਦੇ ਸੀਨੀਅਰ ਆਗੂ ਮਨਜੀਤ ਬਾਲੀ ਤੱਲ੍ਹਣ, ਸਾਬਕਾ ਵਿਧਾਇਕ ਜਗਬੀਰ ਬਰਾੜ, ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਮਨੋਰੰਜਨ ਕਾਲੀਆ, ਸਾਬਕਾ ਵਿਧਾਇਕ ਕੇ.ਡੀ. ਭੰਡਾਰੀ ਸਮੇਤ ਹੋਰ ਭਾਜਪਾ ਆਗੂ ਤੇ ਵਰਕਰ ਵੱਡੀ ਗਿਣਤੀ ਵਿੱਚ ਮੌਜੂਦ ਸਨ।



## ਚਾਈਨਾ ਡੋਰ ਨਾਲ ਗੰਭੀਰ ਜ਼ਖਮੀ ਨੌਜਵਾਨ ਦੀ ਜਾਨ ਬਚਾਈ



**ਬੰਗਾ (ਅਵਤਾਰ ਕਲੇਰ)**- ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਖਤਰਨਾਕ ਚਾਈਨਾ ਡੋਰ ਕਰਕੇ ਗੰਭੀਰ ਜ਼ਖਮੀ ਨੌਜਵਾਨ ਲਖਵੀਰ ਸਿੰਘ ਪਿੰਡ ਬਹਾਦਰਪੁਰ ਬਾਹੀਆ ਦਾ ਇਲਾਜ ਕਰਕੇ ਨਿਊਰੋਸਰਜਨ ਡਾ ਜਸਦੀਪ ਸਿੰਘ ਸੈਣੀ ਵੱਲੋਂ ਜਾਨ ਬਚਾਏ ਜਾਣ ਦਾ ਸਮਾਚਾਰ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਇਹ ਨੌਜਵਾਨ ਆਪਣੇ ਨਾਨਕਾ ਪਿੰਡ ਤੋਂ ਮੋਟਰਸਾਈਕਲ ਤੇ ਆ ਰਿਹਾ ਸੀ ਕਿ ਚਾਈਨਾ ਡੋਰ ਦੀ ਲਪੇਟ ਵਿੱਚ ਆ ਗਿਆ। ਜੋ ਇੰਨੀ ਤਿੱਖੀ ਸੀ ਕਿ ਨੌਜਵਾਨ ਦੇ ਮੱਥੇ ਤੋਂ ਲੈ ਕੇ ਕੰਨਾਂ ਤੱਕ, ਹੱਥ- ਮੂੰਹ ਅਤੇ ਗਲਾ ਉਸ ਦੀ ਚਪੇਟ ਵਿਚ ਆ ਜਾਣ ਕਾਰਨ ਗੰਭੀਰ ਜ਼ਖਮੀ ਹੋ ਗਿਆ ਅਤੇ ਉਸ ਦੇ ਡਿੱਗ ਜਾਣ ਕਰਕੇ ਸਿਰ ਤੇ ਵੀ ਸੱਟ ਲੱਗੀ। ਨੌਜਵਾਨ ਨੂੰ ਤੁਰੰਤ ਹਸਪਤਾਲ ਢਾਹਾਂ ਕਲੇਰਾਂ ਵਿਖੇ ਐਮਰਜੈਂਸੀ ਵਿਭਾਗ ਵਿਚ ਇਲਾਜ ਲਈ ਲਿਆਂਦਾ ਗਿਆ। ਜਿੱਥੇ ਡਾ. ਜਸਦੀਪ ਸਿੰਘ ਸੈਣੀ ਦੀ ਅਗਵਾਈ ਹੇਠ ਨਾਜ਼ੁਕ ਹਾਲਤ ਵਾਲੇ ਇਸ ਮਰੀਜ਼ ਦੇ 15 ਤੋਂ ਵੱਧ ਟਾਂਕੇ ਲਗਾਏ ਗਏ ਅਤੇ ਜ਼ਿਆਦਾ ਖ਼ੂਨ ਵਗਣ ਕਰਕੇ ਮਰੀਜ਼ ਦਾ ਬੀ ਪੀ ਰਿਕਾਰਡ ਵਿਚ ਨਹੀ ਆ ਰਿਹਾ ਸੀ ਤੇ ਇਸ ਮੌਕੇ ਉਸ ਨੂੰ ਦੋ ਯੂਨਿਟ ਖ਼ੂਨ ਵੀ ਚਾੜ੍ਹਿਆ ਗਿਆ। ਡਾ. ਸੈਣੀ ਵੱਲੋਂ ਮਰੀਜ਼ ਨੂੰ ਆਈ.ਸੀ.ਯੂ. ਵਿਚ ਤਿੰਨ ਦਿਨ ਵੈਂਟੀਲੇਟਰ ਦੀ ਮਦਦ ਨਾਲ ਕੀਤੇ ਮਿਆਰੀ ਇਲਾਜ ਉਪਰੰਤ ਲਖਵੀਰ ਸਿੰਘ ਹੋਸ਼ ਵਿਚ ਆਇਆ। ਹੁਣ ਮਰੀਜ਼ ਤੰਦਰੁਸਤ ਹੈ ਅਤੇ ਹਸਪਤਾਲ ਤੋਂ ਛੁੱਟੀ ਮਿਲ ਗਈ ਹੈ। ਪਰਵਾਰ ਦੇ ਮੈਂਬਰਾਂ ਵਲੋਂ ਹਸਪਤਾਲ ਪ੍ਰਬੰਧਕਾਂ ਅਤੇ ਡਾਕਟਰਾਂ ਦਾ ਧੰਨਵਾਦ ਕੀਤਾ।

## ਕਮਲਾ ਨਹਿਰੂ ਕਾਲਜ ਵਿਖੇ ਸਾਲਾਨਾ ਉਤਸਵ ਮਨਾਇਆ

**ਫਗਵਾੜਾ (ਡਾ ਰਮਨ)**- ਪ੍ਰਿੰਸੀਪਲ ਡਾ. ਸਵਿੰਦਰ ਪਾਲ ਦੀ ਯੋਗ ਅਗਵਾਈ ਹੇਠ, ਕਮਲਾ ਨਹਿਰੂ ਕਾਲਜ ਫਾਰ ਵੂਮੈਨ, ਫਗਵਾੜਾ ਦੇ ਕਾਸਮੈਟੋਲੋਜੀ ਤੇ ਸਾਇੰਸ ਵਿਭਾਗਾਂ ਨੇ ਕਾਲਜ ਕੈਂਪਸ ਵਿੱਚ 52ਵੇਂ ਸਾਲਾਨਾ ਉਤਸਵ 2026 ਦਾ ਆਯੋਜਨ ਬਹੁਤ ਧੂਮਧਾਮ ਅਤੇ ਉਤਸ਼ਾਹ ਨਾਲ ਕੀਤਾ। ਇਸ ਉਤਸਵ ਨੇ ਕਾਲਜ ਦੇ 60 ਸਾਲਾਂ ਦੇ ਸ਼ਾਨਦਾਰ ਸਫ਼ਰ ਦੇ ਜਸ਼ਨ ਨੂੰ ਵੀ ਦਰਸਾਇਆ, ਜੋ ਇਸਦੀ ਅਮੀਰ ਸੱਭਿਆਚਾਰਕ ਵਿਰਾਸਤ ਅਤੇ ਵਿਭਿੰਨਤਾ ਨੂੰ ਦਰਸਾਉਂਦਾ ਹੈ। ਇਸ ਸਮਾਗਮ ਦਾ ਉਦਘਾਟਨ ਡਾ. ਅਮਰਜੀਤ ਸਿੰਘ, ਕਾਲਜ ਪ੍ਰਿੰਸੀਪਲ ਡਾ. ਸਵਿੰਦਰ ਪਾਲ ਅਤੇ ਪ੍ਰਬੰਧਕਾਂ ਨੇ ਹਵਾ ਵਿੱਚ ਬੈਲੂਨ ਲਹਿਰਾ ਕੇ ਕੀਤਾ। ਸ਼ਾਨਦਾਰ ਅਤੇ ਆਕਰਸ਼ਕ ਪਹਿਰਾਵੇ ਵਿੱਚ ਸਜੇ ਵਿਦਿਆਰਥੀਆਂ ਨੇ ਇਸ ਮੌਕੇ ਵਿੱਚ ਰੰਗ ਅਤੇ ਜੀਵੰਤਤਾ ਸ਼ਾਮਲ ਕੀਤੀ। 750 ਤੋਂ ਵੱਧ ਲੋਕਾਂ ਨੇ ਉਤਸਵ ਵਿੱਚ ਸ਼ਿਰਕਤ ਕੀਤੀ, ਜਿਸ ਵਿੱਚ ਖਾਣ-ਪੀਣ ਦੀਆਂ ਚੀਜ਼ਾਂ, ਖੇਡਾਂ ਅਤੇ ਸੱਭਿਆਚਾਰਕ ਪ੍ਰਦਰਸ਼ਨੀਆਂ ਪੇਸ਼ ਕਰਨ ਵਾਲੇ ਕਈ ਤਰ੍ਹਾਂ ਦੇ ਸਟਾਲ ਸਨ। ਸਾਰਾ ਮਾਹੌਲ ਜੀਵੰਤ ਸੰਗੀਤ ਨਾਲ ਗੂੰਜ ਰਿਹਾ ਸੀ ਤੇ ਵਿਦਿਆਰਥੀ ਆਪਣੇ ਦੋਸਤਾਂ ਨਾਲ ਡਾਂਸ ਫਲੋਰ 'ਤੇ ਉਤਸ਼ਾਹ ਨਾਲ ਨੱਚਦੇ ਦੇਖੇ ਗਏ। ਇੱਕ ਸੱਭਿਆਚਾਰਕ ਪ੍ਰੋਗਰਾਮ ਵੀ ਆਯੋਜਿਤ ਕੀਤਾ ਗਿਆ ਤੇ ਦਰਸ਼ਕਾਂ ਨੂੰ ਸ਼ਾਨਦਾਰ ਪ੍ਰਦਰਸ਼ਨਾਂ ਨਾਲ ਮੰਤਰਮੁਗਧ ਕੀਤਾ। ਇਹ ਪ੍ਰੋਗਰਾਮ ਇੱਕ ਲੱਕੀ ਡਰਾਅ ਨਾਲ ਸਮਾਪਤ ਹੋਇਆ, ਜਿਸ ਵਿੱਚ ਕਈ ਆਕਰਸ਼ਕ ਇਨਾਮ ਮੌਕੇ 'ਤੇ ਹੀ ਵੰਡੇ ਗਏ, ਜਿਨ੍ਹਾਂ ਵਿੱਚ ਇੱਕ ਵਾਸ਼ਿੰਗ ਮਸ਼ੀਨ, ਟੀ ਵੀ, ਏਅਰ ਫ੍ਰਾਈਅਰ, ਮਾਈਕ੍ਰੋਵੇਵ, ਸਾਈਕਲ, ਹੇਅਰ ਸਟ੍ਰੇਟਨਰ, ਡਿਨਰ ਸੈੱਟ, ਗ੍ਰਿਲਰ, ਰੂਮ ਹੀਟਰ, ਡਬਲ ਬੈੱਡ ਕੰਬਲ ਅਤੇ ਹੇਅਰ ਡ੍ਰਾਇਅਰ ਸ਼ਾਮਲ ਸਨ ਇਸ ਸਮਾਰੋਹ ਦੀ ਲਾਈਵ ਕੁਮੈਂਟਰੀ ਪ੍ਰੋ. ਹਰਜਿੰਦਰ ਸਿੰਘ ਅਤੇ ਸ਼੍ਰੀ ਕਮਲ ਕੌਸ਼ਲ ਨੇ ਕੁਸ਼ਲਤਾ ਨਾਲ ਸੰਭਾਲੀ, ਜਦੋਂ ਕਿ ਆਡੀਟੋਰੀਅਮ ਵਿੱਚ ਸਟੇਜ ਪ੍ਰਬੰਧਨ ਮੈਡਮ ਜੋਤੀ ਬਜਾਜ ਅਤੇ ਮੈਡਮ ਪ੍ਰੀਤੀ ਮਾਰਕੰਡਾ ਦੁਆਰਾ ਸੁਚਾਰੂ ਢੰਗ ਨਾਲ ਕੀਤਾ ਗਿਆ।



## ਸਾਲਾਨਾ ਮੇਲਾ ਸ਼ਾਨੋ-ਸ਼ੌਕਤ ਨਾਲ ਸਮਾਪਤ

**ਬੰਗਾ (ਅਵਤਾਰ ਕਲੇਰ)**- ਡੇਰਾ ਪੀਰ ਸੁਲਤਾਨ ਲੱਖ ਦਾਤਾ ਜੀ ਕਟਾਰੀਆਂ ਵਿਖੇ 40ਵਾਂ ਸਾਲਾਨਾ ਮੇਲਾ ਗੱਦੀ ਨਸ਼ੀਨ ਸਾਈਂ ਲਖਵੀਰ ਸ਼ਾਹ ਕਾਦਰੀ ਜੀ ਦੀ ਰਹਿਨੁਮਾਈ, ਨਗਰ ਨਿਵਾਸੀਆਂ, ਐਨ ਆਰ ਆਈ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਵੱਖ ਵੱਖ ਦਰਬਾਰਾਂ ਤੋਂ ਸਾਈਂ ਪੱਪਲ ਸ਼ਾਹ ਭਰੋਮਜਾਰਾ ਪ੍ਰਧਾਨ ਸੂਫ਼ੀਆਨਾ ਦਰਗਾਹ ਪ੍ਰਬੰਧਕ ਕਮੇਟੀ ਪੰਜਾਬ, ਬਾਬਾ ਸਾਧੂ ਸ਼ਾਹ ਚਿਸ਼ਤੀ, ਸਾਈਂ ਮਨਜੀਤ ਸਾਬਰੀ ਲਿੱਧੜਾਂ, ਸਾਈਂ ਅਵਿਨਾਸ਼ ਸ਼ਾਹ ਕਾਦਰੀ ਕੋਟ ਫਤੂਹੀ, ਬਾਬਾ ਜਸਵੀਰ ਦਾਸ ਸਾਬਰੀ ਖਾਨਖਾਨਾ, ਬਾਬਾ ਜੀਤ ਭਾਮ, ਬਾਬਾ ਬਿੱਲਾ ਕਰੀਹਾ, ਬਾਬਾ ਬਿੱਲੇ ਸ਼ਾਹ ਸਪਰੋੜ, ਬਾਬਾ ਮੁਖਤਿਆਰ ਸਿੰਘ ਕਟਾਰੀਆਂ, ਬਾਬਾ ਕੁਲਰਾਜ ਮੁਹੰਮਦ ਆਦਿ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਇਸ ਦੋ ਦਿਨਾ ਮੇਲੇ ਦੌਰਾਨ ਦਰਬਾਰ ਦੀਆਂ ਧਾਰਮਿਕ ਰਸਮਾਂ ਤੋਂ ਬਾਅਦ ਸਟੇਜ ਸਜਾਈ ਗਈ ਜਿਸ ਵਿੱਚ ਨਾਮਵਰ ਕਲਾਕਾਰਾਂ ਕਮਲ ਖ਼ਾਨ, ਗੌਤਮ ਜਲੰਧਰੀ, ਦੁਰਗਾ ਰੰਗੀਲਾ, ਪ੍ਰਵੇਜ਼ ਆਲਮ, ਰਾਂਝਣ ਅਲੀ, ਸੱਤੀ ਖੋਖੇਵਾਲੀਆ, ਜੀ ਸਿੱਧੂ, ਵਨੀਤ ਖਾਨ , ਰਾਜਬ ਸ਼ਰੀਫ਼ ਸ਼ਕੀਲ ਸਾਬਰੀ, ਰਾਮੇਸ਼ ਰੰਗੀਲਾ, ਪ੍ਰੇਮ ਕਵਾਲ, ਬੰਟੀ ਕਵਾਲ, ਸਲਾਮਤ ਅਲੀ, ਸੋਨੂੰ-ਮੋਨੂੰ ਨਕਾਲ ਪਾਰਟੀ, ਰੌਬਿਨ ਰਾਜ,ਰੈਕੀ ਸਿੰਘ, ਧਰਮਵੀਰ ਪ੍ਰਦੇਸੀ ਆਦਿ ਕਲਾਕਾਰਾਂ, ਕਵਾਲ ਅਤੇ ਨਕਾਲ ਪਾਰਟੀਆਂ ਨੇ ਹਾਜ਼ਰੀਆਂ ਭਰੀਆਂ। ਗੱਦੀ ਨਸ਼ੀਨ ਸਾਈਂ ਲਖਵੀਰ ਸ਼ਾਹ ਕਾਦਰੀ ਵਲੋਂ ਪਹੁੰਚੇ ਹੋਏ ਸੰਤ ਮਹਾਂਪੁਰਸ਼ਾਂ, ਕਲਾਕਾਰਾਂ ਅਤੇ ਸੇਵਾਦਾਰਾਂ ਨੂੰ ਸਨਮਾਨਤ ਕੀਤਾ ਅਤੇ ਸਾਰਿਆਂ ਦਾ ਧੰਨਵਾਦ ਕੀਤਾ। ਸਟੇਜ ਸਕੱਤਰ ਦੀ ਭੂਮਿਕਾ ਮੱਖਣ ਸ਼ੇਰਪੁਰੀ ਵਲੋਂ ਬਾਖ਼ੂਬੀ ਨਿਭਾਈ ਗਈ। ਇਸ ਮੌਕੇ ਸਾਈਂ ਲਖਵੀਰ ਸ਼ਾਹ ਕਾਦਰੀ, ਪ੍ਰਧਾਨ ਰਾਮ ਲਾਲ ਬਬਲੀ, ਗੁਲਸ਼ਨ ਕੁਮਾਰ, ਰਾਮ ਸਰੂਪ, ਗੁਰਪ੍ਰੀਤ ਗੋਪੀ, ਰੋਸ਼ਨ ਲਾਲ, ਬੀਬੀ ਸ਼ਾਂਤੀ ਦੇਵੀ, ਕਸ਼ਮੀਰ ਚੰਦ ਚੋਪੜਾ, ਕਰਮਜੀਤ ਚੋਪੜਾ, ਦਵਿੰਦਰ ਸਿੰਘ ,ਰਾਣਾ ਸੰਸੋਲੀ, ਰੋਸ਼ੀ ਮੋਟਰ ਗੇਰੇਜ,ਮਿੰਟੂ ਲੁਧਿਆਣਾ,ਬਿੰਦਾ ਜੰਡੋਲੀ, ਬਲਵੀਰ ਫੌਜੀ ਜੰਡੋਲੀ,ਪਾਲ ਭਗਾਣਾ, ਭਜਨ ਲਾਦੀਆਂ, ਪਰਮਜੀਤ ਪੰਮੀ,ਨਿਰਮਲ ਕੁਲਥਮ, ਮਦਨ ਲਾਲ ਆਦਿ ਹਾਜ਼ਰ ਸਨ।



## ਮੁਫਤ ਆਯੂਸ਼ ਮੈਡੀਕਲ ਕੈਂਪ ਲਗਾਇਆ



**ਅੱਡਾ ਸਰਾਂ (ਜਸਵੀਰ ਕਾਜਲ)**- ਮਾਨਯੋਗ ਡਾਇਰੈਕਟਰ ਆਯੁਰਵੇਦਾ ਪੰਜਾਬ ਡਾ ਰਮਨ ਖੰਨਾ ਦੇ ਹੁਕਮਾਂ 'ਤੇ ਜ਼ਿਲ੍ਹਾ ਆਯੁਰਵੈਦਿਕ ਅਤੇ ਯੂਨਾਨੀ ਅਫਸਰ ਹੁਸ਼ਿਆਰਪੁਰ ਡਾ. ਸੁਰਿੰਦਰ ਪਾਲ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਰਕਾਰੀ ਆਯੁਰਵੈਦਿਕ ਡਿਸਪੈਂਸਰੀ ਪਿੰਡ ਕੰਧਾਲਾ ਜੱਟਾਂ ਵਿਖੇ ਮਿਤੀ 30 ਜਨਵਰੀ ਨੂੰ ਆਯੂਸ਼ ਕੈਂਪ ਡਾ ਹਰੀਸ਼ ਭਾਟੀਆ ਇੰਚਾਰਜ ਜੀ ਏ ਡੀ ਕੰਧਾਲਾ ਜੱਟਾਂ ਵਲੋਂ ਆਯੋਜਿਤ ਕੀਤਾ ਗਿਆ । ਇਸ ਕੈਂਪ ਦਾ ਉਦਘਾਟਨ ਜ਼ਿਲ੍ਹਾ ਆਯੁਰਵੈਦਿਕ ਅਤੇ ਯੂਨਾਨੀ ਅਫਸਰ ਹੁਸ਼ਿਆਰਪੁਰ ਡਾ. ਸੁਰਿੰਦਰ ਪਾਲ ਕੌਰ ਨੇ ਕੀਤਾ । ਕੈਂਪ ਵਿੱਚ ਆਯੁਰਵੈਦਿਕ ਵਿਭਾਗ ਦੇ ਡਾ. ਰੁਪਿੰਦਰਪ੍ਰੀਤ ਸਿੰਘ, ਡਾ. ਸ਼ਿਵਦੀਪ ਸਿੰਘ, ਡਾ. ਹਰਦੀਪ ਸਿੰਘ ਡਾ ਸੀਮਾ ਬੱਗਾ, ਹੋਮਿਓਪੈਥੀ ਵਿਭਾਗ ਦੇ ਡਾ ਮੀਨਾਕਸ਼ੀ ਸੈਣੀ, ਡਾ. ਮਨਜੀਤ ਕੌਰ ਨੇ ਕੁੱਲ 687 ਮਰੀਜ਼ਾਂ ਦਾ ਚੈੱਕਅੱਪ ਕੀਤਾ । ਜਾਂਚ ਉਪਰੰਤ ਉਪਵੈਦ ਮਨੂੰ ਬਾਂਸਲ , ਜਸਵੀਰ ਠਾਕੁਰ, ਹੋਮਿਓਪੈਥੀ ਡਿਸਪੈਂਸਰ ਪਵਨ ਕੁਮਾਰ ,ਪ੍ਰਵੀਨ ਕੁਮਾਰੀ, ਵਲੋਂ ਆਯੁਰਵੈਦਿਕ ਅਤੇ ਹੋਮਿਓਪੈਥੀ ਦਵਾਈਆਂ ਮਰੀਜ਼ਾਂ ਨੂੰ ਦਿੱਤੀਆਂ ਗਈਆਂ ।ਟਰੇਂਡ ਦਾਈ ਵੀਨਾ ਰਾਣੀ, ਅਮਰਜੀਤ ਕੌਰ, ਦਰਜਾ 4 ਕਰਮਚਾਰੀ ਸਸ਼ੀ ਕੁਮਾਰ, ਅਜੇ ਕੁਮਾਰ, ਕੁਲਵੀਰ ਸਿੰਘ, ਅਮਰੀਕ ਸਿੰਘ ਤੇ ਕੁਲਵੰਤ ਕੌਰ ਵੱਲੋਂ ਕੈਂਪ ਵਿੱਚ ਸੇਵਾਵਾਂ ਦਿੱਤੀਆਂ ਗਈਆਂ। ਕੈਂਪ ਵਿੱਚ 140 ਮਰੀਜ਼ਾਂ ਦੀ ਫਰੀ ਸ਼ੂਗਰ ਚੈੱਕ ਕੀਤੀ ਗਈ। ਇਸ ਕੈਂਪ ਵਿੱਚ ਸਰਪੰਚ ਹਰਪ੍ਰੀਤ ਕੌਰ, ਭੁਪਿੰਦਰ ਸਿੰਘ, ਰਾਜ ਰਾਣੀ, ਬਲਦੇਵ ਸਿੰਘ ਨੇ ਸ਼ਮੂਲੀਅਤ ਕੀਤੀ।

## ਨਗਰ ਕੌਂਸਲ ਪ੍ਰਧਾਨ ਨੇ ਅਲਾਵਲਪੁਰ 'ਚ ਤਿਰੰਗਾ ਲਹਿਰਾਇਆ

**ਅਲਾਵਲਪੁਰ, (ਮਦਨ ਬੰਗੜ)**- ਨਗਰ ਕੌਂਸਲ ਅਲਾਵਲਪੁਰ ਵਿੱਚ 77ਵਾਂ ਗਣਤੰਤਰ ਦਿਵਸ ਧੂਮ ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਮੁੱਖ ਮਹਿਮਾਨ ਪ੍ਰਧਾਨ ਨੀਲਮ ਰਾਣੀ ਨੇ ਤਿਰੰਗਾ ਲਹਿਰਾਇਆ ਤੇ ਚੌਕੀ ਇੰਚਾਰਜ ਏ ਐਸ ਆਈ ਪਰਮਜੀਤ ਸਿੰਘ ਦੀ ਅਗਵਾਈ ਵਿੱਚ ਪੰਜਾਬ ਪੁਲਸ ਦੇ ਜਵਾਨਾਂ ਨੇ ਸਲਾਮੀ ਦਿੱਤੀ। ਸਕੂਲੀ ਬੱਚਿਆਂ ਨੇ ਰਾਸ਼ਟਰੀ ਗੀਤ ਪੇਸ਼ ਕੀਤਾ। ਇਸ ਮੌਕੇ ਈ ਓ ਰਾਮ ਜੀਤ, ਕੌਂਸਲਰ ਮੁਕੱਦਰ ਲਾਲ, ਨਰੇਸ਼ ਕੁਮਾਰ, ਰਚਨਾ, ਰਮੇਸ਼ ਕੁਮਾਰ, ਕੈਪਟਨ ਜਗਦੀਸ਼ ਖੋਸਲਾ, ਕੈਪਟਨ ਜਤਿੰਦਰ ਕੁਮਾਰ, ਸੂਬੇਦਾਰ ਗੁਰਦੇਵ ਚੰਦ, ਸੁਪਰਵਾਈਜ਼ਰ ਅਜੈ ਪਾਲ ਆਦਿ ਤੋਂ ਇਲਾਵਾ ਸ਼ਹਿਰ ਵਾਸੀ ਹਾਜ਼ਰ ਸਨ।



## ਜਬਰ ਜ਼ੁਲਮ ਦੇ ਖਿਲਾਫ ਲੜਦੇ ਰਹੇ ਸਤਿਗੁਰ ਰਵਿਦਾਸ ਮਹਾਰਾਜ : ਮਲਕੀਤ ਚੁੰਬਰ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** ਨਵਾਂ ਪਿੰਡ ਸ਼ੌਕੀਆ ਦੇ ਸਾਬਕਾ ਸਰਪੰਚ ਮਲਕੀਤ ਚੁੰਬਰ ਨੇ ਸਤਿਗੁਰ ਰਵਿਦਾਸ ਮਹਾਰਾਜ ਜੀ ਦੇ 649 ਵੇ ਜਨਮ ਦਿਹਾੜੇ ਦੀਆਂ ਸਮੂੰਹ ਸੰਗਤਾਂ ਨੂੰ ਲੱਖ ਲੱਖ ਮੁਬਾਰਕਾਂ ਦਿੰਦੇ ਹੋਏ ਕਿਹਾ ਕਿ ਸਤਿਗੁਰੂ ਰਵਿਦਾਸ ਮਹਾਰਾਜ ਜੀ ਨੇ ਜ਼ਬਰ ਜ਼ੁਲਮ ਦੇ ਖਿਲਾਫ ਲੜਦੇ ਰਹੇ। ਉਹਨਾਂ ਨੇ ਸਭ ਨੂੰ ਬਰਾਬਰਤਾ ਦੇ ਅਧਿਕਾਰ ਦੀ ਗੱਲ ਕੀਤੀ। ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਬਾਣੀ ਵਿੱਚ ਉਹਨਾਂ ਦੇ ਸ਼ਲੋਕ ਇਸ ਦੀ ਗਵਾਹੀ ਭਰਦੇ ਹਨ। ਮਲਕੀਤ ਚੁੰਬਰ ਨੇ ਕਿਹਾ ਕਿ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਜਨਮ ਦਿਹਾੜੇ ਮਨਾਉਣ ਦੇ ਨਾਲ ਨਾਲ ਉਹਨਾਂ ਦੇ ਦਿਖਾਏ ਮਾਰਗ ਤੇ ਚੱਲਣ ਦੀ ਲੋੜ ਹੈ ਤਾ ਕਿ ਉਹਨਾਂ ਦਾ ਬੇਗਮਪੁਰੇ ਦਾ ਸੁਪਨਾ ਪੂਰਾ ਹੋ ਸਕੇ।

## ਵਿਦਿਆਰਥੀਆਂ ਦੇ ਸਕਿਲ-ਇਨ-ਟੀਚਿੰਗ ਤੇ ਬੈਸਟ ਟੀਚਿੰਗ ਏਡ ਦੇ ਮੁਕਾਬਲੇ ਕਰਵਾਏ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਵਿਖੇ ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਦਾ ਰਹਿਨੁਮਾਈ ਤੇ ਐਜੂਕੇਸ਼ਨ ਵਿਭਾਗ ਦੇ ਮੁਖੀ ਡਾ. ਸੰਘਾ ਗੁਰਬਖਸ਼ ਕੌਰ ਦੀ ਦੇਖ-ਰੇਖ ਹੇਠ ਐਜੂਕੇਸ਼ਨ ਵਿਭਾਗ ਵਲੋਂ ਬੀ ਏ ਬੀ ਐੱਡ ਤੇ ਬੀ ਐੱਸ ਸੀ ਚਾਰ ਸਾਲਾ ਇੰਟਗ੍ਰੇਟਿਡ ਕੋਰਸ ਦੇ ਵਿਦਿਆਰਥੀਆਂ ਦੇ ਸਕਿਲ-ਇਨ-ਟੀਚਿੰਗ ਤੇ ਬੈਸਟ ਟੀਚਿੰਗ ਏਡ ਦੇ ਮੁਕਾਬਲੇ ਕਰਵਾਏ ਗਏ। ਮੁਕਾਬਲਿਆਂ ਵਿਚ ਵਿਭਾਗ ਦੇ 33 ਵਿਦਿਆਰਥੀਆਂ ਨੇ ਵੱਖ-ਵੱਖ ਵਿਸ਼ਿਆਂ ਦੇ ਮੁਕਾਬਲਿਆਂ ਵਿਚ ਹਿੱਸਾ ਲਿਆ। ਸਕਿਲ-ਇਨ-ਟੀਚਿੰਗ 'ਚ ਟੀਚਿੰਗ ਆਫ਼ ਇੰਗਲਿਸ਼ ਦੇ ਮੁਕਾਬਲੇ ਵਿਚ ਕਾਮਨਾ ਦੇਵੀ ਨੇ ਪਹਿਲਾ, ਚਾਹਤ ਭਾਟੀਆ ਨੇ ਦੂਜਾ ਤੇ ਪ੍ਰੀਆ ਨੇ ਤੀਜਾ ਸਥਾਨ ਹਾਸਿਲ ਕੀਤਾ। ਟੀਚਿੰਗ ਆਫ਼ ਪੰਜਾਬੀ ਦੇ ਮੁਕਾਬਲੇ ਵਿਚ ਜਸਪਿੰਦਰ ਕੌਰ ਨੇ ਪਹਿਲਾ ਸਥਾਨ, ਖੁਸ਼ਹਾਲੀ ਨੇ ਦੂਜਾ ਤੇ ਆਂਚਲ ਦੇਵੀ ਨੇ ਤੀਜਾ ਸਥਾਨ ਹਾਸਿਲ ਕੀਤਾ। ਟੀਚਿੰਗ ਆਫ਼ ਸੋਸ਼ਲ ਸਟੱਡੀਜ਼ ਵਿਚ ਲਵਪ੍ਰੀਤ ਕੌਰ ਨੇ ਪਹਿਲਾ ਸਥਾਨ, ਕਾਮਨਾ ਦੇਵੀ ਨੇ ਦੂਜਾ ਤੇ ਚਾਹਤ ਭਾਟੀਆ ਨੇ ਤੀਜਾ ਸਥਾਨ ਹਾਸਿਲ ਕੀਤਾ। ਟੀਚਿੰਗ ਆਫ਼ ਮੈਥੇਮੈਟਿਕਸ ਵਿਚ ਸਿਮਰਨ ਕੌਰ ਨੇ ਪਹਿਲਾ, ਦਿਲਜੀਤ ਨੇ ਦੂਜਾ ਤੇ ਅਵੀਨੰਦਨੀ ਨੇ ਤੀਜਾ ਸਥਾਨ, ਟੀਚਿੰਗ ਆਫ਼ ਸਾਇੰਸ ਵਿਚ ਸਿਮਰਨ ਕੌਰ ਨੇ ਪਹਿਲਾ, ਮਨੀਸ਼ਾ ਨੇ ਦੂਜਾ ਤੇ ਸਨੇਹਾ ਨੇ ਤੀਜਾ ਸਥਾਨ ਹਾਸਿਲ ਕੀਤਾ। ਬੈਸਟ ਟੀਚਿੰਗ ਏਡ ਦੇ ਇੰਗਲਿਸ਼ ਵਿਸ਼ੇ ਵਿਚ ਪੂਨਮ ਨੇ ਪਹਿਲਾ, ਪ੍ਰੀਆ ਨੇ ਦੂਜਾ ਤੇ ਕਲਸ਼ ਨੇ ਤੀਜਾ ਸਥਾਨ, ਪੰਜਾਬੀ ਵਿਸ਼ੇ ਵਿਚ ਕੋਮਲ ਕੁਮਾਰੀ ਨੇ ਪਹਿਲਾ, ਮਾਨਸੀ ਨੇ ਦੂਜਾ ਤੇ ਖੁਸ਼ਹਾਲੀ ਨੇ ਤੀਜਾ, ਸੋਸ਼ਲ ਸਟੱਡੀਜ਼ ਵਿਚ ਪੂਨਮ ਨੇ ਪਹਿਲਾ, ਪ੍ਰੀਆ ਨੇ ਦੂਜਾ ਤੇ ਮਾਨਸੀ ਨੇ ਤੀਜਾ ਸਥਾਨ ਹਾਸਿਲ ਕੀਤਾ। ਮੈਥੇਮੈਟਿਕਸ ਵਿਚ ਹਰਲੀਨ ਕੌਰ ਨੇ ਪਹਿਲਾ, ਸਨੇਹਾ ਨੇ ਦੂਜਾ ਤੇ ਮਨੀਸ਼ਾ ਨੇ ਤੀਜਾ ਸਥਾਨ ਹਾਸਿਲ ਕੀਤਾ। ਬੈਸਟ ਟੀਚਿੰਗ ਏਡ ਦੇ ਸਾਇੰਸ ਵਿਸ਼ੇ ਵਿਚ ਅਵੀਨੰਦਨੀ ਨੇ ਪਹਿਲਾ, ਸਿਮਰਨ ਕੌਰ ਨੇ ਦੂਜਾ ਤੇ ਹਰਲੀਨ ਕੌਰ ਨੇ ਤੀਜਾ ਸਥਾਨ ਹਾਸਿਲ ਕੀਤਾ। ਮੁਕਾਬਲੇ ਦੀ ਸਮਾਪਤੀ 'ਤੇ ਕਾਲਜ ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਮੁਕਾਬਲੇ 'ਚ ਅਵੱਲ ਰਹੇ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕੀਤੇ।



## ਸੀ ਪੀ ਆਈ ਐੱਮ ਦੀ ਜਨਰਲ ਬਾਡੀ ਮੀਟਿੰਗ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸੀ ਪੀ ਆਈ ਐਮ ਜ਼ਿਲ੍ਹਾ ਹੁਸ਼ਿਆਰਪੁਰ ਦੀ ਜਨਰਲ ਬਾਡੀ ਮੀਟਿੰਗ ਦਰਸ਼ਨ ਸਿੰਘ ਮੱਟੂ ਦੀ ਪ੍ਰਧਾਨਗੀ ਹੇਠ ਚੰਨਣ ਸਿੰਘ ਧੂਤ ਹਾਲ ਵਿਖੇ ਹੋਈ। ਸੋਗ ਮਤੇ ਵਿੱਚ ਰੇਸ਼ਮ ਸਿੰਘ ਤੇ ਮੁਹੰਮਦ ਸਾਦਿਕ ਦੀ ਮੌਤ ਤੇ ਸ਼ੋਕ ਪ੍ਰਗਟ ਕੀਤਾ ਗਿਆ। ਮੀਟਿੰਗ ਨੂੰ ਜ਼ਿਲ੍ਹਾ ਸਕੱਤਰ ਗੁਰਨੇਕ ਸਿੰਘ ਭੱਜਲ ਵੱਲੋਂ ਪਿਛਲੇ ਕੰਮਾਂ ਦੀ ਰਿਪੋਰਟ ਪੜਕੇ ਸੁਣਾਈ ਗਈ ਚਰਚਾ ਕਰਨ ਤੋਂ ਬਾਅਦ ਤਸੱਲੀ ਪ੍ਰਗਟ ਕੀਤੀ ਗਈ। 12 ਫ਼ਰਵਰੀ ਦੀ ਦੇਸ਼ ਵਿਆਪੀ ਹੜਤਾਲ ਨੂੰ ਸਫ਼ਲ ਬਣਾਉਣ ਲਈ ਪਿੰਡਾਂ ਵਿੱਚ ਮੀਟਿੰਗਾਂ ਕਰਨ ਦਾ ਅਹਿਦ ਲਿਆ ਗਿਆ ਲੋਕਾਂ ਨੂੰ ਲਾਮਬੰਦ ਕਰਨ ਲਈ ਪਿੰਡਾ ਵਿੱਚ ਮੀਟਿੰਗਾਂ ਦੀ ਮੁਹਿੰਮ ਚਲਾਉਣ ਲਈ ਕਿਹਾ ਗਿਆ ਮੈਂਬਰਸ਼ਿਪ ਮੁਹਿੰਮ ਨੂੰ ਤੇਜ਼ ਤੇ ਮਕੁੰਮਲਕਰਨ ਦਾ ਫ਼ੈਸਲਾ ਕੀਤਾ ਗਿਆ। ਇਸ ਮੌਕੇ ਪਾਰਟੀ ਦੇ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਵਿਸ਼ੇਸ਼ ਤੌਰ ਹਾਜ਼ਰ ਹੋਏ।ਇਸ ਮੌਕੇ ਹਰਬੰਸ ਸਿੰਘ ਧੂਤ, ਮਹਿੰਦਰ ਕੁਮਾਰ ਬਡੋਆਣ, ਰਣਜੀਤ ਸਿੰਘ, ਚੈਚਲ ਸਿੰਘ, ਗੁਰਦਿਆਲ ਸਿੰਘ ਕੋਟਲੀ, ਸਮਸ਼ੇਰ ਸਿੰਘ, ਪੰਕਜ ਕੁਮਾਰ, ਸੁਰਿੰਦਰ ਕੌਰ, ਇਕਬਾਲ ਸਿੰਘ, ਤੇਲੂ ਘਣਸ਼ਾਮ, ਵਿਜੇ ਸਿੰਘ, ਕੁਲਵਿੰਦਰ ਸਿੰਘ, ਧੰਨਪਤ, ਸੁਰਿੰਦਰ ਸਿੰਘ, ਮਨਜੀਤ ਕੌਰ ਆਦਿ ਹਾਜ਼ਰ ਸਨ।


ਜਨਮ ਦਿਨ ਮੁਬਾਰਕ



ਇਮਾਨਵੀਰ ਸਿੰਘ
ਰੱਤਾ ਖੇੜਾ



ਰਿਸ਼ਵ ਕੁਮਾਰ, ਸ਼ੁਭਮ ਕੁਮਾਰ
ਸਮਾਣਾ